ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 104
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Thursday, 16 April, 2026) ਵੀਰਵਾਰ, 16 ਅਪ੍ਰੈਲ, 2026, 3 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


## ਕੇਜਰੀਵਾਲ ਨੇ ਸ਼ਰਾਬ ਘੁਟਾਲੇ ਮਾਮਲੇ ਦੀ ਸੁਣਵਾਈ ਕਰ ਰਹੇ ਜੱਜ ਨੂੰ ਫਿਰ ਤੋਂ ਹਟਾਉਣ ਦੀ ਕੀਤੀ ਮੰਗ

ਨਵੀਂ ਦਿੱਲੀ, 15 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਅਰਵਿੰਦ ਕੇਜਰੀਵਾਲ ਨੇ ਸ਼ਰਾਬ ਘੁਟਾਲੇ ਦੇ ਮਾਮਲੇ ਦੀ ਸੁਣਵਾਈ ਕਰ ਰਹੇ ਜਸਟਿਸ ਸਵਰਨ ਕਾਂਤਾ ਸ਼ਰਮਾ ਨੂੰ ਫਿਰ ਤੋਂ ਹਟਾਉਣ ਦੀ ਮੰਗ ਕੀਤੀ ਹੈ । ਕੇਜਰੀਵਾਲ ਨੇ ਬੁੱਧਵਾਰ ਨੂੰ ਜਸਟਿਸ ਕਾਂਤਾ ਦੀ ਅਦਾਲਤ ਵਿਚ ਇਕ ਹੋਰ ਹਲਫ਼ਨਾਮਾ ਦਾਇਰ ਕੀਤਾ। ਇਸ ਵਿਚ ਕੇਜਰੀਵਾਲ ਨੇ ਜੱਜ ਦੇ ਦੋ ਬੱਚਿਆਂ ਦੇ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨਾਲ ਕੰਮ ਕਰਨ ਦਾ ਮੁੱਦਾ ਉਠਾਇਆ। ਕੇਜਰੀਵਾਲ ਨੇ ਲਿਖਿਆ ਕਿ ਜੱਜ ਦੇ ਦੋਵੇਂ ਬੱਚੇ ਤੁਸ਼ਾਰ ਮਹਿਤਾ ਨਾਲ ਕੰਮ ਕਰਦੇ ਹਨ ।

(ਬਾਕੀ ਸਫ਼ਾ 2 'ਤੇ)

### ਪ੍ਰਧਾਨ ਮੰਤਰੀ ਵੱਲੋਂ. ਲੋਕਾਂ ਨੂੰ 9 ਪ੍ਰਣ ਲੈਣ ਦੀ ਅਪੀਲ

## ਪਾਣੀ ਬਚਾਓ, ਕੁਦਰਤੀ ਖੇਤੀ ਕਰੋ: ਮੋਦੀ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 15 ਅਪ੍ਰੈਲ :ਪ੍ਰਧਾਨ ਮੰਤਰੀ ਮੋਦੀ ਨੇ ਬੁੱਧਵਾਰ ਨੂੰ ਕਰਨਾਟਕ ਦੀ ਜਨਤਾ ਨੂੰ ਸੰਬੋਧਨ ਕਰਦਿਆਂ ਲੋਕਾਂ ਨੂੰ ਨੌਂ ਪ੍ਰਣ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਮੇਰੀ ਅਪੀਲ ਪਾਣੀ ਦੀ ਸੰਭਾਲ ਅਤੇ ਬਿਹਤਰ ਪਾਣੀ ਪ੍ਰਬੰਧਨ



ਲਈ ਹੈ,ਫਿਰ ਉਨ੍ਹਾਂ ਨੇ ਏਕ ਪੇੜ ਮਾਂ ਕੇ ਨਾਮ ਮੁਹਿੰਮ ਦੇ ਤਹਿਤ ਰੁੱਖ ਲਗਾਉਣ ਅਤੇ ਜਨਤਕ ਅਤੇ ਧਾਰਮਿਕ ਸਥਾਨਾਂ ਦੀ ਸਫਾਈ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਤੀਜੀ ਬੇਨਤੀ ਕਰਦਿਆਂ ਕਿਹਾ ਕਿ ਭਾਵੇਂ ਧਾਰਮਿਕ ਸਥਾਨ ਹੋਵੇ, ਜਨਤਕ ਸਥਾਨ ਹੋਵੇ, ਪਿੰਡ ਹੋਵੇ ਜਾਂ ਸ਼ਹਿਰ ਹਰ ਜਗ੍ਹਾ ਸਫਾਈ ਬਣਾਈ ਰੱਖਣਾ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ।

**ਚੌਥੀ ਬੇਨਤੀ:** 'ਵੋਕਲ ਫਾਰ ਲੋਕਲ' ਦੇ ਮੰਤਰ ਅਨੁਸਾਰ ਜੀਓ।

**ਪੰਜਵੀਂ ਬੇਨਤੀ:** ਆਪਣੇ ਦੇਸ਼ ਨੂੰ ਜਾਣੋ, ਦੇਸ਼ ਦੇ ਵੱਖ-ਵੱਖ ਕੋਨਿਆਂ ਦੀ ਯਾਤਰਾ ਕਰੋ, ਘਰੇਲੂ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰੋ।

**ਛੇਵੀਂ ਬੇਨਤੀ:** ਕੁਦਰਤੀ ਖੇਤੀ ਵੱਲ ਵਧੋ।

**ਸੱਤਵੀਂ ਬੇਨਤੀ:** ਬਾਜਰੇ ਨੂੰ ਆਪਣੀ ਖੁਰਾਕ ਵਿੱਚ ਸ਼ਾਮਲ ਕਰੋ। ਦੇਸ਼ ਵਿੱਚ ਮੋਟਾਪਾ ਇੱਕ ਵੱਡੀ ਚੁਣੌਤੀ ਬਣਦਾ ਜਾ ਰਿਹਾ ਹੈ। ਇਸ ਦਾ ਮੁਕਾਬਲਾ ਕਰਨ ਲਈ, ਆਪਣੇ ਭੋਜਨ ਵਿੱਚ ਤੇਲ ਦੀ ਮਾਤਰਾ ਨੂੰ 10 ਪ੍ਰਤੀਸ਼ਤ ਘਟਾਉਣ ਦੀ ਕੋਸ਼ਿਸ਼ ਕਰੋ।

**ਅੱਠਵੀਂ ਬੇਨਤੀ:** ਸਾਨੂੰ ਸਾਰਿਆਂ ਨੂੰ ਯੋਗਾ ਅਤੇ ਖੇਡਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ।

**ਨੌਂਵੀਂ ਬੇਨਤੀ:** ਲੋੜਵੰਦਾਂ ਦੀ ਸੇਵਾ ਕਰਨ ਨਾਲ ਸਮਾਜ ਮਜ਼ਬੂਤ ਹੁੰਦਾ ਹੈ। ਇਹ ਤੁਹਾਡੇ ਜੀਵਨ ਵਿੱਚ ਇੱਕ ਵੱਡਾ ਉਦੇਸ਼ ਜੋੜਦਾ ਹੈ।

ਪ੍ਰਧਾਨ ਮੰਤਰੀ ਨੇ ਮੰਦਰ ਦੇ ਉਦਘਾਟਨ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨੇ ਜਵਾਲਾ ਪੀਠਾ ਦਾ ਦੌਰਾ ਕੀਤਾ। ਪ੍ਰਧਾਨ ਮੰਤਰੀ ਨੇ ਮੰਦਰ ਕੰਪਲੈਕਸ ਦਾ ਦੌਰਾ ਕੀਤਾ ਅਤੇ ਜਾਣਕਾਰੀ ਇਕੱਠੀ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਮੰਦਰ ਵਿੱਚ ਇੱਕ ਘੰਟਾ ਬਿਤਾਇਆ, ਪੁਜਾਰੀਆਂ ਅਤੇ ਸੰਤਾਂ ਨਾਲ ਗੱਲਬਾਤ ਕੀਤੀ। ਪ੍ਰਧਾਨ ਮੰਤਰੀ ਨੇ ਸ਼੍ਰੀ ਗੁਰੂ ਭੈਰਵਇਕਯ ਮੰਦਰ ਦਾ ਉਦਘਾਟਨ ਕੀਤਾ। ਸ਼੍ਰੀ ਗੁਰੂ ਭੈਰਵੈਕਯ ਮੰਦਰ ਸਤਿਕਾਰਯੋਗ ਸੰਤ ਡਾ. ਬਾਲ ਗੰਗਾਧਰਨਾਥ ਮਹਾਸਵਾਮੀ ਜੀ ਦੀ ਯਾਦ ਵਿੱਚ ਬਣਾਇਆ ਗਿਆ ਸੀ, ਜੋ ਆਦਿਚੁੰਚਨਗਿਰੀ ਮਹਾਸਥਾਨ ਮੱਠ ਦੇ 71ਵੇਂ ਮੁਖੀ ਸਨ। ਇਹ ਮੰਦਰ ਰਵਾਇਤੀ ਦ੍ਰਾਵਿੜ ਸ਼ੈਲੀ ਵਿੱਚ ਬਣਾਇਆ ਗਿਆ ਹੈ ਅਤੇ ਉਨ੍ਹਾਂ ਦੇ ਜੀਵਨ ਅਤੇ ਵਿਰਾਸਤ ਦੀ ਯਾਦਗਾਰ ਵਜੋਂ ਬਣਾਇਆ ਗਿਆ ਹੈ।

## ਸੀ.ਬੀ.ਐਸ.ਈ. ਨੇ 10ਵੀਂ ਦਾ ਨਤੀਜਾ ਐਲਾਨਿਆ

ਨਵੀਂ ਦਿੱਲੀ, 15 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਸੈਂਟਰਲ ਬੋਰਡ ਆਫ਼ ਸੈਕੰਡਰੀ ਐਜੂਕੇਸ਼ਨ ਨੇ ਅੱਜ 10ਵੀਂ ਜਮਾਤ ਦੇ ਨਤੀਜਿਆਂ ਦਾ ਐਲਾਨ ਕਰ ਦਿੱਤਾ ਹੈ। ਇਸ ਦੇ ਨਾਲ ਹੀ ਪ੍ਰੀਖਿਆ ਦੇਣ ਵਾਲੇ 26 ਲੱਖ ਤੋਂ ਵੱਧ ਵਿਦਿਆਰਥੀਆਂ ਦਾ ਇੰਤਜ਼ਾਰ ਵੀ ਖ਼ਤਮ ਹੋ ਗਿਆ ਹੈ। ਇਸ ਸਾਲ 10ਵੀਂ ਦੇ ਨਤੀਜਿਆਂ ਵਿੱਚ 93.70 ਪ੍ਰਤੀਸ਼ਤ ਵਿਦਿਆਰਥੀ ਸਫਲ ਰਹੇ ਹਨ। ਤ੍ਰਿਵੇਂਦਰਮ ਖੇਤਰ ਦਾ ਨਤੀਜਾ ਸਭ ਤੋਂ ਵਧੀਆ ਰਿਹਾ ਹੈ। ਹਰ ਵਾਰ ਦੀ ਤਰ੍ਹਾਂ ਇਸ ਸਾਲ ਵੀ ਨਤੀਜਿਆਂ ਵਿੱਚ ਕੁੜੀਆਂ ਨੇ ਮੁੰਡਿਆਂ ਨੂੰ ਪਛਾੜਦਿਆਂ ਬਾਜ਼ੀ ਮਾਰੀ ਹੈ ਅਤੇ ਉਨ੍ਹਾਂ ਦੀ ਪਾਸ ਫੀਸਦੀ ਬਿਹਤਰ ਰਹੀ ਹੈ। ਵਿਦਿਆਰਥੀ ਆਪਣਾ ਸਕੋਰਕਾਰਡ ਬੋਰਡ ਦੀਆਂ ਅਧਿਕਾਰਤ ਵੈੱਬਸਾਈਟਾਂ results.cbse.nic.in ਅਤੇ cbse.gov.in 'ਤੇ ਜਾ ਕੇ ਦੇਖ ਸਕਦੇ ਹਨ। ਵੈੱਬਸਾਈਟ 'ਤੇ ਭਾਰੀ ਟ੍ਰੈਫਿਕ ਹੋਣ ਦੀ ਸੂਰਤ ਵਿੱਚ ਵਿਦਿਆਰਥੀ ਡਿਜੀਲੌਕਰ ਅਤੇ ਉਮੰਗ ਐਪ ਰਾਹੀਂ ਵੀ ਆਪਣੀ ਡਿਜੀਟਲ ਮਾਰਕਸ਼ੀਟ ਤੁਰੰਤ ਡਾਊਨਲੋਡ ਕਰ ਸਕਦੇ ਹਨ।

ਜਿਹੜੇ ਵਿਦਿਆਰਥੀ ਕਿਸੇ ਵਿਸ਼ੇ ਵਿੱਚ ਸਫਲ ਨਹੀਂ ਹੋ ਸਕੇ ਜਾਂ ਆਪਣੇ ਨੰਬਰਾਂ ਤੋਂ ਸੰਤੁਸ਼ਟ ਨਹੀਂ ਹਨ, ਉਨ੍ਹਾਂ ਨੂੰ ਨਿਰਾਸ਼ ਹੋਣ ਦੀ ਲੋੜ ਨਹੀਂ

(ਬਾਕੀ ਸਫ਼ਾ 2 'ਤੇ)

### ਮੁੱਖ ਮੰਤਰੀ ਵੱਲੋਂ ਐਲਾਨ: ਹੁਸ਼ਿਆਰਪੁਰ ਦੇ ਕੰਢੀ ਖੇਤਰ 'ਚ ਸ਼ਾਨਦਾਰ ਸੜਕਾਂ ਬਣਾਈਆਂ ਜਾਣਗੀਆਂ

## ਅਕਾਲੀ ਦਲ ਨੂੰ ਵੋਟ ਦੇਣਾ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਨਿਰਾਦਰ ਕਰਨ ਦੇ ਬਰਾਬਰ: ਮਾਨ

ਅਰਜੁਨ ਜੈਨ

ਟਾਂਡਾ ਉੜਮੁੜ, 15 ਅਪ੍ਰੈਲ: ਪੰਜਾਬ ਦੇ ਕੰਢੀ ਖੇਤਰ ਵਿੱਚ ਦਹਾਕਿਆਂ ਦੀ ਅਣਦੇਖੀ ਨੂੰ ਦੂਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਟਾਂਡਾ ਉੜਮੁੜ ਵਿੱਚ 150 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ। ਉਨ੍ਹਾਂ ਨੇ ਲਗਭਗ 70 ਸਾਲਾਂ ਤੋਂ ਸਹੂਲਤਾਂ ਪੱਖੋਂ ਵਾਂਝੇ ਪਿੰਡਾਂ ਲਈ ਆਧੁਨਿਕ ਸੜਕੀ ਬੁਨਿਆਦੀ ਢਾਂਚਾ, ਉੱਚ ਪੱਧਰੀ ਪੁਲ ਅਤੇ ਅਤਿ-ਆਧੁਨਿਕ ਸਿਹਤ ਸਹੂਲਤਾਂ ਦੇ ਵਿਆਪਕ ਨੈੱਟਵਰਕ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਇਹ ਪਹਿਲਕਦਮੀ ਪਿਛਲੀਆਂ ਸਰਕਾਰਾਂ ਦੇ ਸਿਆਸੀ ਵਿਤਕਰੇ ਨੂੰ ਦੂਰ ਕਰਕੇ ਫੈਸਲਾਕੁੰਨ ਬਦਲਾਅ ਲਿਆਏਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਲੰਬੇ ਸਮੇਂ ਤੋਂ ਅਣਗੌਲਿਆਂ ਕੀਤੇ ਇਸ ਖੇਤਰ ਨੂੰ ਬਿਹਤਰ ਬੁਨਿਆਦੀ ਢਾਂਚਾ ਅਤੇ ਮਾਣ-



ਸਨਮਾਨ ਪ੍ਰਦਾਨ ਕਰਨ ਲਈ ਵਚਨਬੱਧ ਹੈ।

ਮੁੱਖ ਮੰਤਰੀ ਨੇ ਅਕਾਲੀ ਦਲ ਨੂੰ ਜਨਤਾ ਦੇ ਭਰੋਸੇ ਨੂੰ ਤੋੜਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਨਿਰਾਦਰ ਕਰਨ ਲਈ ਵੀ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਅੱਜ ਦੀ ਇਸ ਪਹਿਲਕਦਮੀ ਨੂੰ ਵਿਕਾਸ ਵਿੱਚ ਵਾਧੇ ਅਤੇ ਸੂਬੇ ਦੀ ਸਿਆਸਤ ਲਈ ਨੈਤਿਕ ਮੁਲਾਂਕਣ ਵਜੋਂ ਦਰਸਾਇਆ।

ਸਮਾਗਮ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ ਹੈਂਡਲ 'ਤੇ ਲਿਖਿਆ: ਅੱਜ ਮੈਂ ਹੁਸ਼ਿਆਰਪੁਰ ਜ਼ਿਲ੍ਹੇ ਦੇ ਟਾਂਡਾ ਵਿੱਚ 150 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਸਬੰਧੀ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਵਿੱਚ ਹਿੱਸਾ ਲਿਆ। ਸਾਡੀ ਸਰਕਾਰ ਸੂਬੇ ਦੇ ਬੁਨਿਆਦੀ ਢਾਂਚੇ ਅਤੇ ਸਿਹਤ ਸਹੂਲਤਾਂ ਨੂੰ ਨਵੀਆਂ ਉਚਾਈਆਂ 'ਤੇ ਲੈ ਕੇ ਜਾ ਰਹੀ ਹੈ।

ਮੁੱਖ ਮੰਤਰੀ ਨੇ ਅੱਗੇ ਲਿਖਿਆ: ਖੇਤਰ ਦੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਲਈ 141.88 ਕਰੋੜ ਰੁਪਏ ਦੇ ਪ੍ਰਾਜੈਕਟ ਲੋਕਾਂ ਨੂੰ ਸਮਰਪਿਤ ਕੀਤੇ ਗਏ ਹਨ। ਇਸ ਦੇ ਨਾਲ ਹੀ ਗੁਰਦੁਆਰਾ ਰਾਮਪੁਰ ਖੇੜਾ ਸਾਹਿਬ ਜਾਣ ਵਾਲੀ ਸੰਗਤ ਦੀ ਸਹੂਲਤ ਲਈ 2.39 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਉੱਚ ਪੱਧਰੀ ਪੁਲ ਬਣਾਇਆ ਜਾਵੇਗਾ। ਸਿਹਤ ਸਹੂਲਤਾਂ ਦਾ ਵਿਸਥਾਰ ਕਰਦਿਆਂ 3.30 ਕਰੋੜ ਰੁਪਏ ਦੀ ਲਾਗਤ ਨਾਲ 6 ਪਿੰਡਾਂ ਵਿੱਚ ਹੈਲਥ ਐਂਡ ਵੈਲਨੈਸ ਸੈਂਟਰ ਸਥਾਪਤ ਕੀਤੇ ਜਾ ਰਹੇ ਹਨ ਅਤੇ 1.35 ਕਰੋੜ ਰੁਪਏ ਦੀ ਲਾਗਤ ਨਾਲ ਗੜ੍ਹਦੀਵਾਲਾ ਵਿੱਚ ਇੱਕ ਸ਼ਹਿਰੀ ਪ੍ਰਾਇਮਰੀ ਸਿਹਤ

(ਬਾਕੀ ਸਫ਼ਾ 2 'ਤੇ)

## 'ਆਪ' ਦੇ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ ਘਰ ਸਮੇਤ 9 ਟਿਕਾਣਿਆਂ 'ਤੇ ਈ.ਡੀ. ਵੱਲੋਂ ਛਾਪੇਮਾਰੀ

### ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਲਵਲੀ ਆਟੋਜ਼ ਅਤੇ ਲਵਲੀ ਸਵੀਟਸ ਸਮੇਤ ਕਈ ਥਾਵਾਂ 'ਤੇ ਕੀਤੀ ਜਾਂਚ

ਚੜ੍ਹਦੀਕਲਾ ਬਿਊਰੋ

ਜਲੰਧਰ, 15 ਅਪ੍ਰੈਲ: ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ 9 ਟਿਕਾਣਿਆਂ 'ਤੇ ਇਨਫੋਰਸਮੈਂਟ ਡਾਇਰੈਕਟੋਰੇਟ ਨੇ ਛਾਪੇ ਮਾਰੇ। ਅੱਜ ਸਵੇਰੇ ਈ.ਡੀ. ਦੀਆਂ ਟੀਮਾਂ ਜਲੰਧਰ ਵਿਚ ਉਨ੍ਹਾਂ ਦੇ ਘਰ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਸਮੇਤ ਹੋਰ ਥਾਵਾਂ ਤੇ ਪਹੁੰਚੀਆਂ ਜਿਨ੍ਹਾਂ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਘਰ ਦੇ ਬਾਹਰ ਪੁਲਿਸ ਤਾਇਨਾਤ ਕੀਤੀ ਗਈ ਹੈ ਅਤੇ ਅਸ਼ੋਕ ਮਿੱਤਲ ਇਸ ਵੇਲੇ ਆਪਣੇ ਜਲੰਧਰ ਵਾਲੇ ਘਰ ਵਿਚ ਮੌਜੂਦ ਹਨ।



ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਈ.ਡੀ. ਵੱਲੋਂ ਇਹ ਰੇਡ ਮਨੀ ਲਾਂਡਰਿੰਗ ਨਾਲ ਜੁੜੇ ਮਾਮਲੇ ਵਿਚ ਕੀਤੀ ਗਈ ਹੈ, ਜਿਸ ਨੂੰ ਅਸ਼ੋਕ ਮਿੱਤਲ ਅਤੇ ਉਨ੍ਹਾਂ ਦੇ ਬੇਟੇ ਨਾਲ ਜੋੜਿਆ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਲਗਭਗ 12 ਦਿਨ ਪਹਿਲਾਂ ਆਮ ਆਦਮੀ ਪਾਰਟੀ ਨੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੂੰ ਰਾਜ ਸਭਾ ਦੇ ਉਪ-ਨੇਤਾ ਦੇ ਅਹੁਦੇ ਤੋਂ ਹਟਾ ਦਿੱਤਾ

(ਬਾਕੀ ਸਫ਼ਾ 2 'ਤੇ)

### ਮਿੱਤਲ ਦੇ ਟਿਕਾਣਿਆਂ 'ਤੇ ਛਾਪਿਆਂ ਦੀ ਕੇਜਰੀਵਾਲ ਤੇ ਮਾਨ ਵੱਲੋਂ ਨਿੰਦਾ

ਨਵੀਂ ਦਿੱਲੀ, 15 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਆਮ ਆਦਮੀ ਪਾਰਟੀ ਨੇ ਪੰਜਾਬ ਤੋਂ ਰਾਜਸਭਾ ਸਾਂਸਦ ਅਸ਼ੋਕ ਮਿੱਤਲ ਦੇ ਘਰ ਅਤੇ ਯੂਨੀਵਰਸਿਟੀ ਵਿੱਚ ਈਡੀ ਦੀ ਰੇਡ ਨੂੰ ਲੈ ਕੇ ਭਾਜਪਾ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਤਿੱਖਾ ਹਮਲਾ ਬੋਲਿਆ ਹੈ। ਅਜੇ ਹਾਲ ਹੀ ਵਿੱਚ ਪਾਰਟੀ ਨੇ ਸਾਂਸਦ ਰਾਘਵ ਚੱਢਾ ਨੂੰ ਹਟਾ ਕੇ ਉਨ੍ਹਾਂ ਦੀ ਥਾਂ ਅਸ਼ੋਕ ਮਿੱਤਲ ਨੂੰ ਰਾਜਸਭਾ ਵਿੱਚ ਉਪ-ਨੇਤਾ

(ਬਾਕੀ ਸਫ਼ਾ 2 'ਤੇ)

## ਹਵਾਈ ਫ਼ੌਜ ਦੇ ਜੈਗੁਆਰ ਅਤੇ ਮਿਗ-29 ਹੁਣ ਹੋਣਗੇ ਨਵੀਂ ਪੀੜ੍ਹੀ ਦੀਆਂ ਮਿਜ਼ਾਈਲਾਂ ਨਾਲ ਲੈਸ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 15 ਅਪ੍ਰੈਲ : ਭਾਰਤੀ ਹਵਾਈ ਫੌਜ ਆਪਣੇ ਮਿਗ-29 ਅਤੇ ਜੈਗੁਆਰ ਲੜਾਕੂ ਜਹਾਜ਼ਾਂ ਦੀ ਮਾਰਕ ਸਮਰੱਥਾ ਨੂੰ ਵਧਾਉਣ ਲਈ ਇਨ੍ਹਾਂ ਵਿੱਚ ਵੱਡੀਆਂ ਤਬਦੀਲੀਆਂ ਕਰਨ ਜਾ ਰਹੀ ਹੈ। ਇਨ੍ਹਾਂ ਜਹਾਜ਼ਾਂ ਨੂੰ ਹੁਣ ਨਵੀਂ ਪੀੜ੍ਹੀ ਦੀਆਂ 'ਹੀਟ ਸੀਕਿੰਗ' (ਗਰਮੀ ਦੀ ਪਛਾਣ ਕਰਨ ਵਾਲੀਆਂ) ਮਿਜ਼ਾਈਲਾਂ ਨਾਲ ਲੈਸ ਕੀਤਾ ਜਾਵੇਗਾ, ਜਿਸ ਨਾਲ ਹਵਾ ਵਿੱਚ ਦੁਸ਼ਮਣ ਦੇ ਜਹਾਜ਼ਾਂ ਅਤੇ ਡਰੋਨਾਂ ਨੂੰ ਨਿਸ਼ਾਨਾ ਬਣਾਉਣ ਦੀ ਸਮਰੱਥਾ ਕਈ ਗੁਣਾ ਵੱਧ ਜਾਵੇਗੀ। ਰੱਖਿਆ ਮੰਤਰਾਲੇ ਨੇ ਹਾਲ ਹੀ ਵਿੱਚ ਭਾਰਤੀ ਉਦਯੋਗਾਂ ਤੋਂ ਇਸ ਪ੍ਰੋਜੈਕਟ ਲਈ ਬੋਲੀਆਂ ਮੰਗੀਆਂ ਹਨ। ਯੋਜਨਾ ਅਨੁਸਾਰ, 56 ਮਿਗ-29 ਜਹਾਜ਼ਾਂ ਨੂੰ ਯੂਰਪੀਅਨ ਕੰਪਨੀ ਐਮ.ਬੀ.ਡੀ.ਏ. ਤੋਂ ਖਰੀਦੀਆਂ ਗਈਆਂ 'ਐਡਵਾਂਸਡ ਸ਼ੋਰਟ ਰੇਂਜ



ਏਅਰ-ਟੂ-ਏਅਰ ਮਿਜ਼ਾਈਲਾਂ' ਲਗਾਉਣ ਲਈ ਸੋਧਿਆ ਜਾਵੇਗਾ। ਇਹ ਮਿਜ਼ਾਈਲ 25 ਕਿਲੋਮੀਟਰ ਦੀ ਰੇਂਜ ਤੱਕ ਮਾਰ ਕਰ ਸਕਦੀ ਹੈ ਅਤੇ ਮੌਜੂਦਾ ਰੂਸੀ ਆਰ-63 ਮਿਜ਼ਾਈਲਾਂ ਦੀ ਥਾਂ ਲਵੇਗੀ, ਜਿਨ੍ਹਾਂ ਦੀ ਰੇਂਜ ਸਿਰਫ਼ 15 ਕਿਲੋਮੀਟਰ ਹੈ। ਹਵਾਈ ਫੌਜ ਆਪਣੇ 74 ਜੈਗੁਆਰ ਜਹਾਜ਼ਾਂ ਨੂੰ ਵੀ 'ਨੈਕਸਟ ਜਨਰੇਸ਼ਨ ਕਲੋਜ਼ ਕੰਬੈਟ

(ਬਾਕੀ ਸਫ਼ਾ 2 'ਤੇ)

## 'ਇੰਡੀਆ' ਵੱਲੋਂ ਹੱਦਬੰਦੀ ਦਾ ਵਿਰੋਧ ਕਰਦਿਆਂ ਮੌਜੂਦਾ 543 ਲੋਕ ਸਭਾ ਸੀਟਾਂ ਦੇ ਅੰਦਰ ਹੀ ਮਹਿਲਾ ਕੋਟੇ ਦੀ ਮੰਗ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 15 ਅਪ੍ਰੈਲ : ਪਾਰਲੀਮੈਂਟ ਦੇ ਅਹਿਮ ਸੈਸ਼ਨ ਤੋਂ ਪਹਿਲਾਂ ਇਕਜੁੱਟ ਹੁੰਦਿਆਂ, ਇੰਡੀਆ ਗਠਜੋੜ ਨੇ ਬੁੱਧਵਾਰ ਨੂੰ ਇਹ ਸਾਫ਼ ਕਰ ਦਿੱਤਾ ਹੈ ਕਿ ਭਾਵੇਂ ਉਹ ਮਹਿਲਾ ਰਾਖਵੇਂਕਰਨ ਦਾ ਸਮਰਥਨ ਕਰਦਾ ਹੈ, ਪਰ ਉਹ ਚਾਹੁੰਦਾ ਹੈ ਕਿ ਇਹ ਕੋਟਾ ਲੋਕ ਸਭਾ ਦੀਆਂ ਮੌਜੂਦਾ 543 ਸੀਟਾਂ ਦੇ ਅੰਦਰ ਹੀ ਲਾਗੂ ਕੀਤਾ ਜਾਵੇ ਨਾ ਕਿ ਕੇਂਦਰ ਵੱਲੋਂ ਪ੍ਰਸਤਾਵਿਤ ਹੱਦਬੰਦੀ ਦੀ ਪ੍ਰਕਿਰਿਆ ਰਾਹੀਂ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਰਿਹਾਇਸ਼ 'ਤੇ ਬੁਲਾਈ ਗਈ ਰਣਨੀਤੀ ਮੀਟਿੰਗ ਵਿੱਚ ਵਿਰੋਧੀ ਧਿਰ ਦੇ ਆਗੂਆਂ ਨੇ ਕਿਸੇ ਵੀ ਅਜਿਹੇ ਕਦਮ ਦਾ ਵਿਰੋਧ ਕਰਨ ਤੇ ਸਹਿਮਤੀ ਜਤਾਈ ਜੋ ਮਹਿਲਾ ਰਾਖਵੇਂਕਰਨ ਐਕਟ ਨੂੰ 2011 ਦੀ ਮਰਦਮਸ਼ੁਮਾਰੀ ਅਤੇ ਉਸ ਤੋਂ ਬਾਅਦ ਹਲਕਿਆਂ ਦੀ ਮੁੜ-ਹੱਦਬੰਦੀ ਨਾਲ ਜੋੜਦਾ ਹੈ। ਇਹ ਮੀਟਿੰਗ 16 ਤੋਂ 18 ਅਪ੍ਰੈਲ ਤੱਕ ਹੋਣ ਵਾਲੀ ਪਾਰਲੀਮੈਂਟ ਦੀ ਵਿਸ਼ੇਸ਼ ਤਿੰਨ ਦਿਨਾਂ ਬੈਠਕ ਤੋਂ ਇੱਕ ਦਿਨ ਪਹਿਲਾਂ ਹੋਈ ਹੈ, ਜਿਸ ਦੌਰਾਨ ਸਰਕਾਰ ਵੱਲੋਂ ਨਾਰੀ ਸ਼ਕਤੀ ਵੰਦਨ ਅਧਿਨਿਯਮ ਨੂੰ ਲਾਗੂ ਕਰਨ ਲਈ ਸੋਧਾਂ ਲਿਆਉਣ ਦੀ ਉਮੀਦ ਹੈ। ਕੇਂਦਰ ਦੇ ਹੱਦਬੰਦੀ ਰਾਹੀਂ ਲੋਕ



ਸਭਾ ਸੀਟਾਂ ਦੀ ਗਿਣਤੀ ਵਧਾ ਕੇ ਲਗਭਗ 850 ਕਰਨ ਦੇ ਪ੍ਰਸਤਾਵ ਨੇ ਵਿਰੋਧੀ ਧਿਰ ਵਿੱਚ ਚਿੰਤਾ ਪੈਦਾ ਕਰ ਦਿੱਤੀ ਹੈ, ਜੋ ਇਸ ਨੂੰ ਸਿਆਸੀ ਹਿੱਤਾਂ ਤੋਂ ਪ੍ਰੇਰਿਤ ਅਤੇ ਦੱਖਣੀ ਤੇ

(ਬਾਕੀ ਸਫ਼ਾ 2 'ਤੇ)

## ਧੁੱਪ 'ਚ ਮਾਸੂਮ ਪੋਤੀ ਨੂੰ ਗੇਟ ਨਾਲ ਬੰਨ੍ਹਣ ਵਾਲੀ ਮਹਿਲਾ ਏ.ਐਸ.ਆਈ. ਮੁਅੱਤਲ

ਫ਼ਰੀਦਕੋਟ, 15 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਇੱਥੋਂ ਦੀ ਡੋਗਰ ਬਸਤੀ ਵਿੱਚ ਇੱਕ ਮਹਿਲਾ ਪੁਲਿਸ ਅਧਿਕਾਰੀ ਵੱਲੋਂ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਆਪਣੀ 5 ਸਾਲਾ ਪੋਤੀ ਨੂੰ ਕੜਕਦੀ ਧੁੱਪ ਵਿੱਚ ਘਰ ਦੇ ਗੇਟ ਨਾਲ ਬੰਨ੍ਹ ਕੇ ਰੱਖਣ ਦੇ ਦੋਸ਼ ਵਿੱਚ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈ.) ਸਰਬਜੀਤ ਕੌਰ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ ਹੈ। ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਤੋਂ ਬਾਅਦ ਇਲਾਕੇ ਵਿੱਚ ਭਾਰੀ ਰੋਸ ਹੈ। ਜਾਣਕਾਰੀ ਅਨੁਸਾਰ ਮੁਲਜ਼ਮ ਸਰਬਜੀਤ ਕੌਰ ਥਾਣਾ ਸਦਰ ਵਿਖੇ 'ਵਿਮੈਨ ਹੈਲਪ ਡੈਸਕ' ਵਜੋਂ ਤਾਇਨਾਤ ਸੀ।

(ਬਾਕੀ ਸਫ਼ਾ 2 'ਤੇ)

## ਸ਼ਰਧਾਲੂਆਂ ਦੀ ਬੱਸ ਬਿਜਲੀ ਦੇ ਖੰਭੇ ਨਾਲ ਟਕਰਾਈ, 11 ਮੌਤਾਂ

ਗੁਰਮੀਤ ਸਿੰਘ ਚੋਪੜਾ

ਮੋਰਿੰਡਾ 15 ਅਪ੍ਰੈਲ: ਪਿੰਡ ਮੈਣ ਮਾਜਰੀ ਤੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸਾਖੀ ਦੇ ਮੌਕੇ ਦਰਸ਼ਨਾਂ ਲਈ ਗਈ ਸ਼ਰਧਾਲੂਆਂ ਦੀ ਇੱਕ ਬਸ ਦਾ ਵਾਪਸੀ ਸਮੇਂ ਪਿੰਡ ਹਿੰਮਤਪੁਰਾ ਨੇੜੇ ਹਾਦਸਾ ਹੋ ਗਿਆ ਜਿਸ ਵਿੱਚ 2 ਦਰਜਨ ਤੋਂ ਵੱਧ



ਸਵਾਰੀਆਂ ਗੰਭੀਰ ਜ਼ਖ਼ਮੀ ਹੋ ਗਈਆਂ ਜਦ ਕਿ ਸਰਕਾਰੀ ਹਸਪਤਾਲ ਮੋਰਿੰਡਾ ਵਿਖੇ ਲਿਆਂਦੀਆਂ ਗਈਆਂ ਜ਼ਖਮੀ ਸਵਾਰੀਆਂ ਵਿੱਚੋਂ ਡਾਕਟਰਾਂ ਨੇ ਤਿੰਨ ਨੂੰ ਮ੍ਰਿਤਕ ਕਰਾਰ ਦੇ ਦਿੱਤਾ ਪਰੰਤੂ ਮੌਕੇ ਦੇ ਮੌਜੂਦ ਲੋਕਾਂ ਵੱਲੋਂ ਗਿਣਤੀ ਕਰੀਬ 11 ਦੱਸੀ ਜਾ ਰਹੀ ਹੈ ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਮੈਣ ਮਾਜਰੀ ਦੀ ਸੰਗਤ ਇੱਕ ਬੱਸ ਰਾਹੀਂ ਵਿਸਾਖੀ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਦਰਸ਼ਨਾ ਲਈ ਗਈ ਸੀ। ਬੱਸ ਵਿੱਚ ਕਰੀਬ ਤਿੰਨ ਦਰਜਨ ਸ਼ਰਧਾਲੂ ਸਵਾਰ ਸਨ। ਹਾਦਸੇ ਵਾਲੀ ਥਾਂ ਤੇ ਮੌਜੂਦ ਪਿੰਡ ਵਾਸੀਆਂ ਅਤੇ ਹੋਰਨਾਂ ਰਾਹਗੀਰਾਂ ਕੁਲਵਿੰਦਰ ਸਿੰਘ

(ਬਾਕੀ ਸਫ਼ਾ 2 'ਤੇ)

## ਬਿਹਾਰ ਦੇ 24ਵੇਂ ਮੁੱਖ ਮੰਤਰੀ ਬਣੇ ਸਮਰਾਟ ਚੌਧਰੀ

### ਜੇ.ਡੀ.ਯੂ. ਤੋਂ ਵਿਜੇ ਚੌਧਰੀ ਅਤੇ ਬਿਜੇਂਦਰ ਪ੍ਰਸਾਦ ਯਾਦਵ ਨੇ ਉਪ ਮੁੱਖ ਮੰਤਰੀ ਵਜੋਂ ਚੁੱਕੀ ਸਹੁੰ

ਚੜ੍ਹਦੀਕਲਾ ਬਿਊਰੋ

ਪਟਨਾ , 15 ਅਪ੍ਰੈਲ : ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਨੇਤਾ ਸਮਰਾਟ ਚੌਧਰੀ ਨੇ ਬੁੱਧਵਾਰ ਨੂੰ ਬਿਹਾਰ ਦੇ 24ਵੇਂ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਚੌਧਰੀ ਇਸ ਅਹੁਦੇ 'ਤੇ ਰਹਿਣ ਵਾਲੇ ਭਾਜਪਾ ਦੇ ਪਹਿਲੇ ਮੁੱਖ ਮੰਤਰੀ ਹਨ। ਰਾਜਪਾਲ ਲੈਫਟੀਨੈਂਟ ਜਨਰਲ (ਸੇਵਾਮੁਕਤ) ਸਈਦ ਅਤਾ ਹਸਨੈਨ ਨੇ ਚੌਧਰੀ ਨੂੰ ਅਹੁਦੇ ਅਤੇ ਗੁਪਤਤਾ ਦੀ ਸਹੁੰ ਚੁਕਾਈ। ਸਹੁੰ ਚੁੱਕ ਸਮਾਗਮ ਵਿਚ ਰਾਸ਼ਟਰੀ ਲੋਕਤੰਤਰੀ ਗੱਠਜੋੜ (ਐੱਨ.ਡੀ.ਏ.) ਦੇ ਚੋਟੀ ਦੇ ਨੇਤਾ ਵੀ ਸ਼ਾਮਲ ਹੋਏ। ਸੂਬੇ ਵਿਚ ਸੱਤਾਧਾਰੀ ਐੱਨ.ਡੀ.ਏ. ਵਿਚ ਭਾਜਪਾ, ਜਨਤਾ ਦਲ (ਯੂਨਾਈਟਿਡ) ਅਤੇ ਤਿੰਨ ਹੋਰ



ਪਾਰਟੀਆਂ ਸ਼ਾਮਲ ਹਨ। ਇਨ੍ਹਾਂ ਵਿਚੋਂ ਕੇਂਦਰੀ ਮੰਤਰੀ ਜੇ.ਪੀ. ਨੱਡਾ ਅਤੇ ਚਿਰਾਗ ਪਾਸਵਾਨ, ਨਿਤੀਸ਼ ਕੁਮਾਰ ਅਤੇ ਸਾਰੇ ਐੱਨ.ਡੀ.ਏ. ਦੇ ਵਿਧਾਇਕ ਸ਼ਾਮਲ ਸਨ। ਨਿਤੀਸ਼ ਕੁਮਾਰ ਹੁਣ ਰਾਜ ਸਭਾ ਦੇ ਮੈਂਬਰ

(ਬਾਕੀ ਸਫ਼ਾ 2 'ਤੇ)

### ਬਿਹਾਰ ਕੈਬਨਿਟ 'ਚ ਵਿਭਾਗਾਂ ਦੀ ਵੰਡ, ਚੌਧਰੀ ਸੰਭਾਲਣਗੇ 29 ਮੰਤਰਾਲੇ

ਪਟਨਾ , 15 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਬਿਹਾਰ ਦੀ ਰਾਜਨੀਤੀ 'ਚ ਵਿਭਾਗਾਂ ਦੀ ਵੰਡ ਨੂੰ ਲੈ ਕੇ ਨਵੇਂ ਸ਼ਕਤੀ ਸਮੀਕਰਨ ਉਭਰ ਕੇ ਸਾਹਮਣੇ ਆਏ ਹਨ। ਸੂਬੇ ਦੇ ਨਵੇਂ ਮੁੱਖ ਮੰਤਰੀ ਸਮਰਾਟ ਚੌਧਰੀ ਤੇ ਦੋਵਾਂ ਉਪ ਮੁੱਖ ਮੰਤਰੀਆਂ ਵਿਚਕਾਰ ਅਹਿਮ ਮੰਤਰਾਲਿਆਂ ਦੀ ਵੰਡ ਕਰ ਦਿੱਤੀ ਗਈ ਹੈ। ਇਸ ਨਵੀਂ ਵਿਵਸਥਾ ਵਿੱਚ ਮੁੱਖ ਮੰਤਰੀ ਨੇ ਆਪਣੇ ਕੋਲ ਸਭ ਤੋਂ ਵੱਧ ਤਾਕਤ ਰੱਖੀ ਹੈ। ਸਮਰਾਟ ਚੌਧਰੀ ਨੇ ਆਪਣੇ ਕੋਲ ਕੁੱਲ 29 ਮੰਤਰਾਲੇ ਰੱਖੇ ਹਨ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਬੇਹਦ ਅਹਿਮ ਗ੍ਰਹਿ ਵਿਭਾਗ ਵੀ ਉਨ੍ਹਾਂ ਦੇ ਕੋਲ

(ਬਾਕੀ ਸਫ਼ਾ 2 'ਤੇ)

## ਪੰਜਾਬ 'ਚ ਗਰਮੀ ਦਾ ਕਹਿਰ, 37 ਡਿਗਰੀ ਸੈਲਸੀਅਸ ਤੱਕ ਪੁੱਜਾ ਪਾਰਾ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ , 15 ਅਪ੍ਰੈਲ : ਪੰਜਾਬ ਅਤੇ ਚੰਡੀਗੜ੍ਹ ਵਿੱਚ ਹੁਣ ਦਿਨ ਵੇਲੇ ਗਰਮੀ ਵੱਧ ਰਹੀ ਹੈ। ਅੱਜ ਮੌਸਮ ਖੁਸ਼ਕ ਰਹੇਗਾ ਪਰ ਭਲਕੇ ਤੋਂ ਲਗਾਤਾਰ ਚਾਰ ਦਿਨਾਂ ਤੱਕ ਮੀਂਹ ਪੈਣ ਦੀ ਸੰਭਾਵਨਾ ਹੈ। ਪਿਛਲੇ 24 ਘੰਟਿਆਂ ਵਿੱਚ ਤਾਪਮਾਨ 1.7 ਡਿਗਰੀ ਵਧਿਆ ਹੈ, ਜੋ ਆਮ ਪੱਧਰ ਦੇ ਨੇੜੇ ਪਹੁੰਚ ਗਿਆ ਹੈ। ਪਟਿਆਲਾ ਵਿੱਚ ਸਭ ਤੋਂ ਵੱਧ ਤਾਪਮਾਨ 37.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਿਸ ਤੋਂ ਬਾਅਦ ਚੰਡੀਗੜ੍ਹ 35.4 ਡਿਗਰੀ ਸੈਲਸੀਅਸ ਰਿਹਾ।ਮੌਸਮ ਵਿਭਾਗ ਦੇ ਅਨੁਸਾਰ, ਅੱਜ ਸ਼ਾਮ ਤੋਂ ਮੌਸਮ ਬਦਲ ਜਾਵੇਗਾ। 16 ਅਪ੍ਰੈਲ ਨੂੰ ਸੂਬੇ ਵਿਚ ਕੁਝ ਥਾਵਾਂ 'ਤੇ ਮੀਂਹ ਪੈਣ ਦੀ ਸੰਭਾਵਨਾ ਹੈ, ਜਦੋਂ ਕਿ 17 ਅਤੇ 18 ਤਰੀਕ ਨੂੰ ਤੂਫਾਨ ਅਤੇ ਬਿਜਲੀ ਗਰਜ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਇਸ ਸਮੇਂ ਦੌਰਾਨ, 30 ਤੋਂ 40 ਕਿਲੋਮੀਟਰ ਦੀ ਰਫ਼ਤਾਰ ਨਾਲ ਹਵਾਵਾਂ ਚੱਲਣਗੀਆਂ। ਮੀਂਹ ਪੈਣ ਦੀ ਵੀ ਸੰਭਾਵਨਾ ਹੈ। 19 ਅਪ੍ਰੈਲ ਨੂੰ ਕੁਝ ਥਾਵਾਂ

**16 ਅਤੇ 19 ਤਰੀਕ ਦੇ ਵਿਚਕਾਰ ਬਾਰਿਸ਼ ਹੋਣ ਦੀ ਸੰਭਾਵਨਾ**

'ਤੇ ਮੀਂਹ ਪੈਣ ਦੀ ਵੀ ਉਮੀਦ ਹੈ।

ਉੱਤਰ-ਪੱਛਮੀ ਭਾਰਤ ਉੱਤੇ ਲਗਭਗ 12.6 ਕਿਲੋਮੀਟਰ ਦੀ ਉਚਾਈ 'ਤੇ ਇੱਕ ਬਹੁਤ ਤੇਜ਼ ਗਤੀ ਵਾਲਾ ਜੈੱਟ ਸਟ੍ਰੀਮ ਮੌਜੂਦ ਹੈ, ਜੋ ਲਗਭਗ 110 ਨਾਟ (200 ਕਿਲੋਮੀਟਰ ਪ੍ਰਤੀ ਘੰਟਾ) ਦੀ ਗਤੀ ਤੱਕ ਪਹੁੰਚਦਾ ਹੈ। ਜੰਮੂ ਅਤੇ ਕਸ਼ਮੀਰ, ਲੱਦਾਖ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਪੱਛਮੀ ਹਿਮਾਲੀਅਨ ਖੇਤਰਾਂ ਵਿੱਚ ਇੱਕ ਨਵੀਂ ਪਰ ਕਮਜ਼ੋਰ ਪੱਛਮੀ ਗੜਬੜੀ

(ਬਾਕੀ ਸਫ਼ਾ 2 'ਤੇ)

## ਈਰਾਨ-ਇਜ਼ਰਾਈਲ ਜੰਗ ਨਾਲ ਊਰਜਾ ਸੰਕਟ ਹੋਇਆ ਡੂੰਘਾ !

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 15 ਅਪ੍ਰੈਲ : ਅੰਤਰਰਾਸ਼ਟਰੀ ਊਰਜਾ ਏਜੰਸੀ (ਆਈ.ਈ.ਏ.) ਨੇ ਗਲੋਬਲ ਤੇਲ ਬਾਜ਼ਾਰ ਨੂੰ ਲੈ ਕੇ ਵੱਡਾ ਝਟਕਾ ਦਿੰਦੇ ਹੋਏ ਮੰਗ ਅਤੇ ਸਪਲਾਈ ਵਾਧੇ ਦੇ ਆਪਣੇ ਅੰਦਾਜ਼ੇ 'ਚ ਭਾਰੀ ਕਟੌਤੀ ਕਰ ਦਿੱਤੀ ਹੈ। ਏਜੰਸੀ ਮੁਤਾਬਕ ਮੱਧ-ਪੂਰਬ 'ਚ ਵਧਦੇ ਤਣਾਅ, ਖਾਸ ਕਰ ਕੇ ਈਰਾਨ ਅਤੇ ਅਮਰੀਕਾ-ਇਜ਼ਰਾਈਲ ਸੰਘਰਸ਼ ਕਾਰਨ ਤੇਲ ਪ੍ਰਵਾਹ ਪ੍ਰਭਾਵਿਤ ਹੋ ਰਿਹਾ ਹੈ, ਜਿਸ ਨਾਲ ਗਲੋਬਲ ਅਰਥਵਿਵਸਥਾ 'ਤੇ ਦਬਾਅ ਵਧ ਰਿਹਾ ਹੈ। ਆਈ.ਈ.ਏ. ਦੀ ਤਾਜ਼ਾ ਰਿਪੋਰਟ ਅਨੁਸਾਰ, ਇਸ ਸਾਲ ਗਲੋਬਲ ਤੇਲ ਮੰਗ 'ਚ ਜਿੱਥੇ ਪਹਿਲਾਂ 6.4 ਲੱਖ ਬੈਰਲ ਪ੍ਰਤੀ ਦਿਨ (ਬੀ.ਪੀ.ਡੀ.) ਦੇ ਵਾਧੇ ਦਾ ਅੰਦਾਜ਼ਾ ਸੀ, ਉੱਥੇ ਹੀ ਹੁਣ 80,000 ਬੀ.ਪੀ.ਡੀ. ਦੀ ਗਿਰਾਵਟ ਦੇਖੀ ਜਾ ਰਹੀ ਹੈ। ਏਜੰਸੀ ਨੇ ਚਿਤਾਵਨੀ ਦਿੱਤੀ ਹੈ ਕਿ ਉੱਚੀਆਂ ਕੀਮਤਾਂ ਅਤੇ ਸਪਲਾਈ ਸੰਕਟ 'ਮੰਗ 'ਚ ਕਮੀ' ਨੂੰ ਜਨਮ ਦੇਣਗੇ, ਜਿਸ ਨਾਲ ਖਪਤ 'ਚ ਲਗਾਤਾਰ ਗਿਰਾਵਟ ਆਵੇਗੀ।




(ਬਾਕੀ ਸਫ਼ਾ 2 'ਤੇ)

## ਜੇ ਅਮਰੀਕਾ ਦੀ ਨਾਕੇਬੰਦੀ ਜਾਰੀ ਰਹੀ ਤਾਂ ਫਾਰਸ ਦੀ ਖਾੜੀ ਬੰਦ ਕਰ ਦੇਵਾਂਗੇ: ਈਰਾਨ

ਚੜ੍ਹਦੀਕਲਾ ਬਿਊਰੋ

ਤਹਿਰਾਨ, 15 ਅਪ੍ਰੈਲ : ਈਰਾਨ ਦੀ ਸੰਯੁਕਤ ਸੈਨਿਕ ਕਮਾਨ ਦੇ ਕਮਾਂਡਰ ਅਲੀ ਅਬਦੁੱਲਾਹੀ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਅਮਰੀਕਾ ਨੇ ਈਰਾਨੀ ਬੰਦਰਗਾਹਾਂ ਤੋਂ ਆਪਣੀ ਨਾਕੇਬੰਦੀ ਨਾ ਹਟਾਈ ਤਾਂ ਈਰਾਨ ਫਾਰਸ ਦੀ ਖਾੜੀ, ਓਮਾਨ ਸਾਗਰ ਅਤੇ ਲਾਲ ਸਾਗਰ ਰਾਹੀਂ ਹੋਣ ਵਾਲੇ ਹਰ ਤਰ੍ਹਾਂ ਦੀ ਦਰਾਮਦ ਤੇ ਬਰਾਮਦ ਨੂੰ ਪੂਰੀ ਤਰ੍ਹਾਂ ਬੰਦ ਕਰ ਦੇਵੇਗਾ। ਈਰਾਨੀ ਮੀਡੀਆ ਅਨੁਸਾਰ ਕਮਾਂਡਰ ਨੇ ਸਪੱਸ਼ਟ ਕੀਤਾ ਹੈ ਕਿ ਉਹ ਆਪਣੀ ਰਾਸ਼ਟਰੀ ਪ੍ਰਭੂਸੱਤਾ ਅਤੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਦ੍ਰਿੜ੍ਹ ਹਨ। ਉਨ੍ਹਾਂ ਨੇ ਅਮਰੀਕਾ ਦੀ ਇਸ ਨਾਕੇਬੰਦੀ ਨੂੰ ਜੰਗਬੰਦੀ ਦੇ ਨਿਯਮਾਂ ਦੀ ਉਲੰਘਣਾ ਦੱਸਿਆ ਹੈ। ਈਰਾਨੀ ਬੰਦਰਗਾਹਾਂ ਦੀ ਨਾਕਾਬੰਦੀ ਵਿਚਾਲੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦੂਜੇ ਦੌਰ ਦੀ ਗੱਲਬਾਤ ਦੇ ਸੰਕੇਤ ਦਿੱਤੇ ਹਨ।



ਹਾਲਾਂਕਿ ਨਾਕਾਬੰਦੀ ਕਰਕੇ ਤਣਾਅ ਵਧਣ ਨਾਲ ਈਰਾਨ ਨੇ ਖੇਤਰ ਵਿੱਚ ਹਮਲੇ ਕਰਨ ਦੀ ਧਮਕੀ ਦਿੱਤੀ ਹੈ। ਉੱਥੇ ਹੀ ਅਮਰੀਕੀ ਉਪ-ਰਾਸ਼ਟਰਪਤੀ ਜੇ.ਡੀ. ਵੈਂਸ ਨੇ ਇਸਲਾਮਾਬਾਦ ਵਿੱਚ ਅਮਰੀਕਾ ਅਤੇ ਈਰਾਨ ਵਿਚਾਲੇ ਹੋਈ ਪਹਿਲੇ ਦੌਰ ਦੀ ਗੱਲਬਾਤ ਵਿੱਚ ਕੋਈ ਨਤੀਜਾ ਨਾ ਨਿਕਲਣ ਵੱਡਾ ਕਾਰਨ ਦੋਵਾਂ ਦੇਸ਼ਾਂ ਵਿਚਾਲੇ ਡੂੰਘੀ ਬੇਭਰੋਸਗੀ ਨੂੰ ਦੱਸਿਆ ਹੈ।

ਅਮਰੀਕਾ ਦੀ ਸੈਂਟਰਲ ਕਮਾਂਡ (ਸੈਂਟਕਾਮ) ਨੇ ਬੁੱਧਵਾਰ ਨੂੰ ਐਲਾਨ ਕੀਤਾ ਕਿ ਈਰਾਨ ਦੀਆਂ ਬੰਦਰਗਾਹਾਂ ਦੀ ਪੂਰੀ ਨਾਕਾਬੰਦੀ ਸਫਲਤਾਪੂਰਵਕ ਲਾਗੂ ਕਰ ਦਿੱਤੀ ਗਈ ਹੈ, ਜਿਸ ਵਿੱਚ ਅਮਰੀਕੀ ਫੌਜਾਂ ਨੇ ਖੇਤਰੀ ਜਲ ਮਾਰਗਾਂ, ਖਾਸ ਕਰਕੇ ਹੋਰਮੁਜ਼ ਜਲਮਾਰਗ ਵਿੱਚ ਆਪਣਾ ਸਮੁੰਦਰੀ ਦਬਦਬਾ ਕਾਇਮ ਕਰ ਲਿਆ ਹੈ। ਇੱਕ ਬਿਆਨ ਵਿੱਚ ਸੈਂਟਕਾਮ ਦੇ ਕਮਾਂਡਰ ਐਡਮਿਰਲ ਬਰੈਡ ਕੂਪਰ ਨੇ ਕਿਹਾ ਕਿ ਨਾਕਾਬੰਦੀ ਸ਼ੁਰੂ ਕਰਨ ਦੇ ਕੇਵਲ 36 ਘੰਟਿਆਂ ਦੇ ਅੰਦਰ, ਅਮਰੀਕੀ ਫੌਜਾਂ ਨੇ ਈਰਾਨ ਦੇ ਅੰਦਰ ਅਤੇ ਬਾਹਰ ਹੋਣ ਵਾਲੇ ਸਾਰੇ ਸਮੁੰਦਰੀ ਵਪਾਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕ ਦਿੱਤਾ ਹੈ। ਬਿਆਨ ਵਿੱਚ ਕਿਹਾ ਗਿਆ ਹੈ,ਈਰਾਨੀ ਬੰਦਰਗਾਹਾਂ ਦੀ ਨਾਕਾਬੰਦੀ ਪੂਰੀ ਤਰ੍ਹਾਂ ਲਾਗੂ ਕਰ ਦਿੱਤੀ ਗਈ ਹੈ ਕਿਉਂਕਿ ਅਮਰੀਕੀ ਫੌਜ ਨੇ ਮੱਧ ਪੂਰਬ ਦੇ ਸਮੁੰਦਰੀ ਇਲਾਕਿਆਂ ਵਿੱਚ ਆਪਣਾ ਪੂਰਾ ਦਬਦਬਾ ਬਣਾ ਲਿਆ ਹੈ। ਇੱਕ ਅੰਦਾਜ਼ੇ ਅਨੁਸਾਰ ਈਰਾਨ ਦੀ 90 ਫੀਸਦੀ ਆਰਥਿਕਤਾ ਸਮੁੰਦਰ ਰਾਹੀਂ ਹੋਣ ਵਾਲੇ ਕੌਮਾਂਤਰੀ ਵਪਾਰ 'ਤੇ ਨਿਰਭਰ ਹੈ। ਨਾਕਾਬੰਦੀ ਲਾਗੂ ਹੋਣ ਤੋਂ ਬਾਅਦ 36 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ, ਅਮਰੀਕੀ ਫੌਜ ਨੇ ਸਮੁੰਦਰ ਦੇ ਰਸਤੇ ਈਰਾਨ ਆਉਣ-ਜਾਣ ਵਾਲੇ ਸਾਰੇ ਆਰਥਿਕ ਵਪਾਰ ਨੂੰ ਮੁਕੰਮਲ ਤੌਰ ਤੇ ਠੱਪ ਕਰ ਦਿੱਤਾ ਹੈ। ਸੈਂਟਕਾਮ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਬਿਆਨ ਰਾਹੀਂ ਦੱਸਿਆ ਕਿ

(ਬਾਕੀ ਸਫ਼ਾ 2 'ਤੇ)

## ਅੰਡੇਮਾਨ ਸਾਗਰ ਵਿੱਚ ਰੋਹਿੰਗਿਆ ਤੇ ਬੰਗਲਾਦੇਸ਼ੀਆਂ ਸਮੇਤ 250 ਲੋਕਾਂ ਨੂੰ ਲੈ ਕੇ ਜਾ ਰਹੀ ਕਿਸ਼ਤੀ ਡੁੱਬੀ

ਚੜ੍ਹਦੀਕਲਾ ਬਿਊਰੋ

ਢਾਕਾ, 15 ਅਪ੍ਰੈਲ : ਸੰਯੁਕਤ ਰਾਸ਼ਟਰ ਦੀਆਂ ਸ਼ਰਨਾਰਥੀ ਅਤੇ ਪ੍ਰਵਾਸ ਏਜੰਸੀਆਂ ਅਨੁਸਾਰ, ਮਲੇਸ਼ੀਆ ਜਾ ਰਹੀ ਇੱਕ ਕਿਸ਼ਤੀ ਅੰਡੇਮਾਨ ਸਾਗਰ ਵਿੱਚ ਪਲਟ ਜਾਣ ਕਾਰਨ ਰੋਹਿੰਗਿਆ ਸ਼ਰਨਾਰਥੀਆਂ ਅਤੇ ਬੰਗਲਾਦੇਸ਼ੀ ਨਾਗਰਿਕਾਂ ਸਮੇਤ ਘੱਟੋ-ਘੱਟ 250 ਲੋਕ ਲਾਪਤਾ ਹਨ। ਬੰਗਲਾਦੇਸ਼ ਕੋਸਟ ਗਾਰਡ ਦੇ ਬੁਲਾਰੇ ਲੈਫਟੀਨੈਂਟ ਕਮਾਂਡਰ ਸਬੀਰ ਆਲਮ ਸੁਜ਼ਾਨ ਨੇ ਬੁੱਧਵਾਰ ਨੂੰ ਦੱਸਿਆ ਕਿ 9 ਅਪ੍ਰੈਲ ਨੂੰ ਤਿੰਨ ਰੋਹਿੰਗਿਆ ਅਤੇ ਛੇ ਬੰਗਲਾਦੇਸ਼ੀਆਂ ਸਮੇਤ ਨੌਂ ਲੋਕਾਂ ਨੂੰ ਬਚਾਇਆ ਗਿਆ ਸੀ। ਸੁਜ਼ਾਨ ਨੇ ਦੱਸਿਆ ਕਿ ਬੰਗਲਾਦੇਸ਼ੀ ਜਹਾਜ਼ ਐਮ.ਟੀ. ਮੇਘਨਾ ਪ੍ਰਾਈਡ ਨੇ ਇਨ੍ਹਾਂ ਨੌਂ ਲੋਕਾਂ ਨੂੰ ਉਸ ਸਮੇਂ ਬਚਾਇਆ ਜਦੋਂ ਅਮਲੇ ਨੇ ਉਨ੍ਹਾਂ ਨੂੰ ਕਿਸ਼ਤੀ ਪਲਟਣ ਤੋਂ ਬਾਅਦ ਸਮੁੰਦਰ ਵਿੱਚ ਤੈਰਦੇ ਪਾਇਆ। ਕਿਸ਼ਤੀ ਕਦੋਂ ਡੁੱਬੀ ਅਤੇ ਬੁੱਧਵਾਰ ਨੂੰ ਤਲਾਸ਼ੀ ਮੁਹਿੰਮ ਦੀ ਸਥਿਤੀ ਕੀ ਸੀ, ਇਸ ਬਾਰੇ ਅਜੇ ਸਪੱਸ਼ਟ ਨਹੀਂ ਹੈ। ਸੰਯੁਕਤ ਰਾਸ਼ਟਰ



ਸ਼ਰਨਾਰਥੀ ਹਾਈ ਕਮਿਸ਼ਨਰ ਅਤੇ ਅੰਤਰਰਾਸ਼ਟਰੀ ਪ੍ਰਵਾਸ ਸੰਗਠਨ ਨੇ ਮੰਗਲਵਾਰ ਨੂੰ ਇੱਕ ਸਾਂਝੇ ਬਿਆਨ ਵਿੱਚ ਕਿਹਾ ਕਿ ਇਹ ਟ੍ਰਾਲਰ ਦੱਖਣੀ ਬੰਗਲਾਦੇਸ਼ ਦੇ ਕਾਕਸ ਬਾਜ਼ਾਰ ਜ਼ਿਲ੍ਹੇ ਦੇ ਟੇਕਨਾਫ ਤੋਂ ਵੱਡੀ ਗਿਣਤੀ ਵਿੱਚ

(ਬਾਕੀ ਸਫ਼ਾ 2 'ਤੇ)

# ਸਿਹਤ ਪੈਸਿਆਂ ਨਾਲ ਨਹੀਂ ਖਰੀਦੀ ਜਾ ਸਕਦੀ ਪਰ ਸਿਹਤ ਕਾਰਡ ਰਾਹੀਂ ਇਸਨੂੰ ਸੁਰੱਖਿਅਤ ਜ਼ਰੂਰ ਕੀਤਾ ਜਾ ਸਕਦੈ : ਡਾ. ਬਲਬੀਰ ਸਿੰਘ

ਚੰਡੀਗੜ੍ਹ, 15 ਅਪ੍ਰੈਲ (ਚ.ਨ.ਸ.): ਭਗਵੰਤ ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ (ਐਮਐਮਐਸਵਾਈ) ਭਾਰਤ ਦੀ ਸਭ ਤੋਂ ਵਿਆਪਕ ਜਨਤਕ ਸਿਹਤ ਸੰਭਾਲ ਸੁਰੱਖਿਆ ਯੋਜਨਾਵਾਂ ਵਿੱਚੋਂ ਇੱਕ ਵਜੋਂ ਉਭਰੀ ਹੈ। ਇਸ ਯੋਜਨਾ ਤਹਿਤ ਪੰਜਾਬ ਭਰ ਵਿੱਚ ਪ੍ਰਤੀ ਪਰਿਵਾਰ ਸਲਾਨਾ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਮੈਡੀਕਲ ਕਵਰੇਜ ਪ੍ਰਦਾਨ ਕੀਤਾ ਜਾਂਦਾ ਹੈ। ਯੋਜਨਾ ਦੇ ਸ਼ੁਰੂ ਹੋਣ ਤੋਂ ਬਾਅਦ ਇਸਦਾ ਤੇਜ਼ੀ ਨਾਲ ਵਿਸਥਾਰ ਹੋਇਆ ਹੈ। ਹੁਣ ਤੱਕ ਲਗਭਗ 39 ਲੱਖ ਸਿਹਤ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕੈਂਪਾਂ, ਕਮਿਊਨਿਟੀ ਸਰਵਿਸ ਸੈਂਟਰਾਂ, ਸੁਵਿਧਾ ਕੇਂਦਰਾਂ ਅਤੇ ਹੋਰ ਸਰਕਾਰੀ ਸੰਸਥਾਵਾਂ ਰਾਹੀਂ ਰਜਿਸਟ੍ਰੇਸ਼ਨ ਜਾਰੀ ਹੈ। ਮੌਜੂਦਾ ਸਰਕਾਰੀ ਅਪਡੇਟਾਂ ਮੁਤਾਬਕ, ਇਸ ਯੋਜਨਾ ਦਾ ਮਕਸਦ ਲਗਭਗ 65 ਲੱਖ ਪਰਿਵਾਰਾਂ ਨੂੰ ਕਵਰ ਕਰਨਾ ਹੈ, ਜਿਸ ਨਾਲ ਕਰੀਬ 3 ਕਰੋੜ ਲੋਕਾਂ ਨੂੰ ਲਾਭ ਮਿਲੇਗਾ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "ਮੁੱਖ ਮੰਤਰੀ ਸਿਹਤ ਯੋਜਨਾ ਆਰਥਿਕ ਤੌਰ 'ਤੇ ਸੁਰੱਖਿਅਤ ਸਿਹਤ ਸੇਵਾਵਾਂ ਵੱਲ ਇੱਕ ਵੱਡਾ ਕਦਮ ਹੈ, ਜਿਸ ਨਾਲ ਪਰਿਵਾਰ ਬਿਨਾਂ ਕਿਸੇ ਭੁਗਤਾਨ ਦੇ ਜੀਵਨ-ਰੱਖਿਅਕ ਅਤੇ ਮਹੱਤਵਪੂਰਨ ਇਲਾਜ ਪ੍ਰਾਪਤ ਕਰ ਸਕਦੇ ਹਨ। ਸੂਬਾ ਵਾਸੀਆਂ ਨੂੰ ਸਮੇਂ ਸਿਰ ਰਜਿਸਟ੍ਰੇਸ਼ਨ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਲੋੜ ਪੈਣ 'ਤੇ ਨਕਦ ਰਹਿਤ ਸਿਹਤ ਸੇਵਾਵਾਂ ਦਾ ਲਾਭ ਬਿਨਾ ਰੁਕਾਵਟ ਮਿਲ ਸਕੇ।" ਉਨ੍ਹਾਂ ਅੱਗੇ ਕਿਹਾ, "ਇਸ



ਯੋਜਨਾ ਦਾ ਉਦੇਸ਼ ਪੰਜਾਬ ਨੂੰ ਇੱਕ ਅਜਿਹੀ ਨਕਦ ਰਹਿਤ ਅਤੇ ਡਿਜ਼ਿਟਲ ਏਕੀਕ੍ਰਿਤ ਸਿਹਤ ਪ੍ਰਣਾਲੀ ਵੱਲ ਲੈ ਜਾਣਾ ਹੈ, ਜਿੱਥੇ ਹਰ ਵਿਅਕਤੀ ਲਈ ਇਲਾਜ ਉਪਲੱਬਧ ਹੋਵੇ ਅਤੇ ਆਰਥਿਕ ਕਾਰਨਾਂ ਕਰਕੇ ਇਲਾਜ ਵਿੱਚ ਦੇਰੀ ਨਾ ਹੋਵੇ।"

ਇਸ ਯੋਜਨਾ ਤਹਿਤ 2,300 ਤੋਂ ਵੱਧ ਇਲਾਜ ਪ੍ਰਕਿਰਿਆਵਾਂ ਸ਼ਾਮਲ ਹਨ ਅਤੇ ਪੰਜਾਬ ਤੇ ਚੰਡੀਗੜ੍ਹ ਦੇ 850 ਤੋਂ ਵੱਧ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਇਲਾਜ ਦੀ ਸਹੂਲਤ ਉਪਲੱਬਧ ਹੈ, ਜਿਸ ਨਾਲ ਉੱਨਤ ਚਿਕਿਤਸਾ ਸੇਵਾਵਾਂ ਤੱਕ ਵਿਆਪਕ ਪਹੁੰਚ ਯਕੀਨੀ ਬਣਾਈ ਜਾਂਦੀ ਹੈ। ਇਸ ਵਿੱਚ ਦਿਲ ਦੀਆਂ ਬੀਮਾਰੀਆਂ ਦਾ ਇਲਾਜ, ਕੈਂਸਰ ਦੇਖਭਾਲ, ਡਾਇਲਿਸਿਸ, ਆਰਥੋਪੀਡਿਕ ਸਰਜਰੀਆਂ ਜਿਵੇਂ ਕਿ ਗੋਡੇ ਬਦਲਣ, ਨਵਜੰਮੇ ਬੱਚੇ ਦੀ ਦੇਖਭਾਲ ਅਤੇ ਲੰਬੇ ਸਮੇਂ ਦੀਆਂ ਬੀਮਾਰੀਆਂ ਦਾ ਪ੍ਰਬੰਧਨ ਸ਼ਾਮਲ ਹੈ, ਜੋ ਸਾਰੇ ਮਨਜ਼ੂਰਸ਼ੁਦਾ ਪੈਕੇਜ ਦਰਾਂ ਅਧੀਨ ਪੂਰੀ ਤਰ੍ਹਾਂ ਨਕਦ ਰਹਿਤ ਪ੍ਰਦਾਨ ਕੀਤੀਆਂ ਜਾਂਦੀਆਂ ਹਨ।

ਅਧਿਕਾਰਕ ਅੰਕੜਿਆਂ ਮੁਤਾਬਕ, ਸਾਲ 2026 ਪਾਲਿਸੀ ਵਰ੍ਹੇ ਵਿੱਚ ਹੁਣ ਤੱਕ 1.09 ਲੱਖ ਤੋਂ ਵੱਧ ਲਾਭਪਾਤਰੀ ਲਗਭਗ 340 ਕਰੋੜ ਰੁਪਏ ਦੇ ਇਲਾਜ ਦਾ ਲਾਭ ਲੈ ਚੁੱਕੇ ਹਨ, ਜੋ ਇਹ ਦਰਸਾਉਂਦਾ ਹੈ ਕਿ ਵੱਖ-ਵੱਖ ਜ਼ਿਲ੍ਹਿਆਂ ਵਿੱਚ ਯੋਜਨਾ ਨੂੰ ਸ਼ੁਰੂਆਤੀ ਪੜਾਅ ਵਿੱਚ ਹੀ ਵਿਆਪਕ ਤੌਰ 'ਤੇ ਅਪਣਾਇਆ ਅਤੇ ਸ਼ੁਰੂ ਕੀਤਾ ਜਾ ਰਿਹਾ ਹੈ।

ਸਿਹਤ ਕਾਰਡ ਦਾ ਲਾਭ ਪੰਜਾਬ ਦੇ ਹਰ ਪਰਿਵਾਰ ਨੂੰ ਜਾਤ, ਧਰਮ, ਲਿੰਗ ਜਾਂ ਆਮਦਨ ਨੂੰ ਨਜ਼ਰਅੰਦਾਜ ਕਰਕੇ ਦਿੱਤਾ ਜਾ ਰਿਹਾ ਹੈ। ਹਾਲਾਂਕਿ ਇਸ ਸੰਬੰਧੀ ਕੁਝ ਗ਼ਲਤਫ਼ਹਿਮੀਆਂ ਅਜੇ ਵੀ ਮੌਜੂਦ ਹਨ, ਜਿਨ੍ਹਾਂ ਨੂੰ ਸਪੱਸ਼ਟ ਕਰਨਾ ਲਾਜ਼ਮੀ ਹੈ।

ਗ਼ਲਤਫ਼ਹਿਮੀ 1: ਇਹ ਸਿਰਫ਼ ਪੁਰਾਣੀਆਂ ਯੋਜਨਾਵਾਂ ਦਾ ਵਿਸਥਾਰ ਹੈ।

ਤੱਥ: ਇਹ ਇੱਕ ਵਿਆਪਕ ਕਵਰੇਜ ਮਾਡਲ ਹੈ, ਜਿਸ ਵਿੱਚ ਲਾਭ 5 ਲੱਖ ਰੁਪਏ ਤੋਂ ਵਧਾ ਕੇ 10 ਲੱਖ ਰੁਪਏ ਪ੍ਰਤੀ ਪਰਿਵਾਰ ਪ੍ਰਤੀ ਵਰ੍ਹੇ ਕੀਤਾ ਗਿਆ ਹੈ ਅਤੇ ਯੋਗਤਾ ਦਾ ਦਾਇਰਾ ਵੀ ਵਧਾਇਆ ਗਿਆ ਹੈ।

ਗ਼ਲਤਫ਼ਹਿਮੀ 2: ਸਿਰਫ਼ ਗਰੀਬ ਪਰਿਵਾਰ ਹੀ ਯੋਗ ਹਨ।

ਤੱਥ: ਇਹ ਸਿਹਤ ਯੋਜਨਾ ਸਾਰੇ ਯੋਗ ਨਿਵਾਸੀਆਂ ਲਈ ਉਪਲੱਬਧ ਹੈ, ਜਿਸਦਾ ਲਾਭ ਹਰ ਕੋਈ ਲੈ ਸਕਦਾ ਹੈ।

ਗ਼ਲਤਫ਼ਹਿਮੀ 3 : ਕੈਸ਼ਲੈੱਸ ਇਲਾਜ ਵਿੱਚ ਛੁਪੇ ਖਰਚੇ ਹੁੰਦੇ ਹਨ।

ਤੱਥ: ਇਲਾਜ ਪੂਰੀ ਤਰ੍ਹਾਂ ਨਕਦ ਰਹਿਤ ਹੈ। ਮਨਜ਼ੂਰਸ਼ੁਦਾ ਸਰਕਾਰੀ ਪੈਕੇਜ ਦਰਾਂ ਅਧੀਨ ਸੂਚੀਬੱਧ ਹਸਪਤਾਲਾਂ ਵਿੱਚ ਸਰਜਰੀ, ਜਾਂਚ, ਦਾਖ਼ਲਾ, ਦਵਾਈਆਂ ਅਤੇ ਇਲਾਜ ਬਾਅਦ ਦੀ ਦੇਖਭਾਲ-ਸਭ ਕੁਝ ਪੂਰੀ ਤਰ੍ਹਾਂ ਨਕਦ ਰਹਿਤ ਹੈ।

ਗ਼ਲਤਫ਼ਹਿਮੀ 4: ਇਹ ਸਿਰਫ਼ ਸੀਮਿਤ ਹਸਪਤਾਲਾਂ ਵਿੱਚ ਲਾਗੂ ਹੈ।

ਤੱਥ: ਇਹ ਪੰਜਾਬ ਅਤੇ ਚੰਡੀਗੜ੍ਹ ਦੇ ਸੈਂਕੜੇ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਵੈਧ ਹੈ।

ਗ਼ਲਤਫ਼ਹਿਮੀ 5: ਕਵਰੇਜ ਸਿਰਫ਼ ਪ੍ਰਤੀਕਾਤਮਕ ਹੈ।

ਤੱਥ: ਇਹ ਯੋਜਨਾ 2,300 ਤੋਂ ਵੱਧ ਇਲਾਜ ਪੈਕੇਜਾਂ ਨਾਲ 10 ਲੱਖ ਰੁਪਏ ਤੱਕ ਦਾ ਸਾਲਾਨਾ ਕਵਰੇਜ ਪ੍ਰਦਾਨ ਕਰਦੀ ਹੈ।

ਗ਼ਲਤਫ਼ਹਿਮੀ 6: ਰਜਿਸਟ੍ਰੇਸ਼ਨ ਸਿਰਫ਼ ਐਮਰਜੈਂਸੀ ਲਈ ਹੈ।

ਤੱਥ: ਤਸਦੀਕ ਪ੍ਰਕਿਰਿਆ ਅਤੇ ਕਾਰਡ ਜਾਰੀ ਕਰਨ ਵਿੱਚ ਸਮਾਂ ਲੱਗਦਾ ਹੈ, ਇਸ ਲਈ ਭਗਵੰਤ ਮਾਨ ਸਰਕਾਰ ਸਮੇਂ ਸਿਰ ਰਜਿਸਟ੍ਰੇਸ਼ਨ 'ਤੇ ਜ਼ੋਰ ਦਿੰਦੀ ਹੈ, ਤਾਂ ਜੋ ਐਮਰਜੈਂਸੀ ਦੇ ਸਮੇਂ ਕਿਸੇ ਵੀ ਦੇਰੀ ਤੋਂ ਬਚਿਆ ਜਾ ਸਕੇ। ਪੰਜਾਬ ਦੇ ਸਾਰੇ ਪਰਿਵਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੀ ਯੋਗਤਾ ਦੀ ਪੁਸ਼ਟੀ ਕਰਨ ਅਤੇ ਜਲਦ ਤੋਂ ਜਲਦ ਰਜਿਸਟ੍ਰੇਸ਼ਨ ਪ੍ਰਕਿਰਿਆ ਮੁਕੰਮਲ ਕਰਨ।

# ਖੁੱਡੀਆਂ ਨੇ ਵੈਟਰਨਰੀ ਅਫ਼ਸਰਾਂ, ਇੰਸਪੈਕਟਰਾਂ ਤੇ ਡੇਅਰੀ ਵਿਕਾਸ ਇੰਸਪੈਕਟਰਾਂ ਨੂੰ ਨਿਯੁਕਤੀ ਪੱਤਰ ਸੌਂਪੇ

## 2022 ਤੋਂ ਪਸ਼ੂ ਪਾਲਣ ਵਿਭਾਗ 'ਚ 1257 ਆਸਾਮੀਆਂ ਭਰੀਆਂ : ਖੁੱਡੀਆਂ



ਚੰਡੀਗੜ੍ਹ, 15 ਅਪ੍ਰੈਲ (ਚ.ਨ.ਸ.): ਸੂਬੇ ਦੇ ਪਸ਼ੂ ਪਾਲਣ ਖੇਤਰ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਤਿੰਨ ਵੈਟਰਨਰੀ ਅਫ਼ਸਰਾਂ, ਇੱਕ ਵੈਟਰਨਰੀ ਇੰਸਪੈਕਟਰ ਤੇ 16 ਡੇਅਰੀ ਵਿਕਾਸ ਇੰਸਪੈਕਟਰਾਂ (ਗ੍ਰੇਡ 2) ਨੂੰ ਨਿਯੁਕਤੀ ਪੱਤਰ ਸੌਂਪੇ। ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਦੌਰਾਨ ਪਸ਼ੂ ਪਾਲਣ ਵਿਭਾਗ ਵਿੱਚ ਕੁੱਲ 1257 ਭਰਤੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ 2022 ਤੋਂ ਲੈ ਕੇ ਹੁਣ ਤੱਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਾਰਦਰਸ਼ੀ ਢੰਗ ਨਾਲ ਯੋਗਤਾ ਦੇ ਆਧਾਰ 'ਤੇ 619 ਵੈਟਰਨਰੀ ਅਫਸਰਾਂ ਅਤੇ 579 ਵੈਟਰਨਰੀ ਇੰਸਪੈਕਟਰਾਂ ਦੀ ਨਿਯੁਕਤੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ 16 ਕਲਰਕ (ਸਦਰ ਦਫ਼ਤਰ), 2 ਮਿਲਕ ਰਿਕਾਰਡਰ, 7 ਲੈਬ ਸਹਾਇਕ, 7 ਕੰਪਿਊਟਰ ਆਪਰੇਟਰ/ਗਣਨਾਕਾਰ/ਪੰਚਰਸ, 1 ਮਸ਼ੀਨ ਆਪਰੇਟਰ, 1 ਇਨਕਿਊਬੇਟਰ ਆਪਰੇਟਰ, 2 ਲੀਗਲ ਕਲਰਕ ਅਤੇ 8 ਸਟੈਨੋਟਾਈਪਿਸਟਾਂ ਦੀ ਵੀ ਭਰਤੀ ਕੀਤੀ ਗਈ ਹੈ।

ਪਸ਼ੂ ਪਾਲਣ ਮੰਤਰੀ ਨੇ ਕਿਹਾ ਕਿ ਕੁੱਲ 14 ਕਲਰਕਾਂ ਅਤੇ 1 ਲੈਬ ਸਹਾਇਕ ਨੂੰ ਤਰਸ ਦੇ ਆਧਾਰ 'ਤੇ ਨਿਯੁਕਤ ਕੀਤਾ ਗਿਆ ਹੈ। ਨਵ-ਨਿਯੁਕਤ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਉਨ੍ਹਾਂ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਤਾਂ ਜੋ ਸੂਬੇ ਭਰ ਦੇ ਪਸ਼ੂ ਪਾਲਕਾਂ ਅਤੇ ਡੇਅਰੀ ਮਾਲਕਾਂ ਨੂੰ ਸਮੇਂ ਸਿਰ ਅਤੇ ਮਿਆਰੀ ਵੈਟਰਨਰੀ ਸੇਵਾਵਾਂ ਦਾ ਲਾਭ ਮਿਲ ਸਕੇ। ਉਨ੍ਹਾਂ ਨੇ ਨਵ-ਨਿਯੁਕਤ ਅਧਿਕਾਰੀਆਂ ਨੂੰ ਕਿਸਾਨ ਭਾਈਚਾਰੇ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਰਹਿਣ ਅਤੇ ਜਨਤਕ ਸੇਵਾ ਦੇ ਉੱਚਤਮ ਮਿਆਰਾਂ ਨੂੰ ਬਰਕਰਾਰ ਰੱਖਣ ਲਈ ਉਤਸ਼ਾਹਿਤ ਕੀਤਾ।

ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਾ ਸਿਰਫ਼ ਇਨ੍ਹਾਂ ਖਾਲੀ ਅਸਾਮੀਆਂ ਨੂੰ ਭਰਿਆ ਹੈ ਬਲਕਿ ਇਸ ਦੌਰਾਨ ਪੂਰੀ ਪਾਰਦਰਸ਼ਤਾ ਨੂੰ ਯਕੀਨੀ ਬਣਾਇਆ ਹੈ। ਇਨ੍ਹਾਂ ਨਵੀਆਂ ਭਰਤੀਆਂ ਨਾਲ ਪੰਜਾਬ ਦੇ ਪੇਂਡੂ ਖੇਤਰਾਂ ਵਿੱਚ ਪਸ਼ੂ ਸਿਹਤ ਸੰਭਾਲ ਸੇਵਾਵਾਂ ਨੂੰ ਕਾਫ਼ੀ ਮਜ਼ਬੂਤੀ ਮਿਲੇਗੀ, ਡੇਅਰੀ ਉਤਪਾਦਕਤਾ ਨੂੰ ਹੁਲਾਰਾ ਮਿਲੇਗਾ ਅਤੇ ਬਿਮਾਰੀਆਂ ਦੀ ਰੋਕਥਾਮ ਤੇ ਕੰਟਰੋਲ ਵਿੱਚ ਵੱਡੀ ਮਦਦ ਮਿਲੇਗੀ।

# ਬਾਬਾ ਬਲਬੀਰ ਸਿੰਘ ਦੀ ਅਗਵਾਈ 'ਚ ਨਿਹੰਗ ਸਿੰਘਾਂ ਨੇ ਖ਼ਾਲਸਾਈ ਜਾਹੋ ਜਲਾਲ ਨਾਲ ਕੱਢਿਆ ਮਹੱਲਾ

ਦਮਦਮਾ ਸਾਹਿਬ/ਤਲਵੰਡੀ ਸਾਬੋ, 15 ਅਪ੍ਰੈਲ (ਜਗਸੀਰ ਭੁੱਲਰ): ਖ਼ਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਚੱਲ ਰਿਹਾ ਜੋੜ ਮੇਲਾ ਗੁਰੂ ਕੀਆਂ ਲਾਡਲੀਆਂ ਨਿਹੰਗ ਸਿੰਘ ਫੌਜਾਂ ਵਲੋਂ ਗੁਰੂ ਸਾਹਿਬਾਨ ਵੱਲੋਂ ਬਖਸ਼ਿਸ਼ ਨਿਸ਼ਾਨ ਨਿਗਾਰਿਆਂ ਦੀ ਛਤਰ ਛਾਇਆ ਹੇਠ ਅਤੇ ਬੁੱਢਾ ਦਲ ਦੇ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ 14ਵੇਂ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕ੍ਰਵਰਤੀ ਨਿਹੰਗ ਸਿੰਘਾਂ ਦੀ ਅਗਵਾਈ 'ਚ ਪੁਰਾਤਨ ਰਵਾਇਤ ਮੁਤਾਬਕ ਮਹੱਲਾ ਸਜਾਉਣ ਨਾਲ ਹੀ ਵਿਸਾਖੀ ਮੇਲਾ ਰਸਮੀ ਤੌਰ 'ਤੇ ਸਮਾਪਤ ਹੋ ਗਿਆ। ਸਭ ਤੋਂ ਪਹਿਲਾਂ ਬੁੱਢਾ ਦਲ ਦੇ ਮੁੱਖ ਅਸਥਾਨ ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾਤਸ਼ਾਹੀ 10ਵੀਂ ਛਾਉਣੀ ਨਿਹੰਗ ਸਿੰਘਾਂ ਵਿਖੇ ਸ੍ਰੀ ਦਸਮ ਗ੍ਰੰਥ ਅਤੇ ਅਖੰਡ ਪਾਠਾਂ ਦੇ ਭੋਗ ਪਾਏ ਗਏ ਉਪਰੰਤ ਗੁਰਬਾਣੀ ਦੇ ਮਨੋਹਰ ਕੀਰਤਨ ਹੋਏ। ਕਥਾਵਾਚਕਾਂ, ਗਿਆਨੀਆਂ, ਪ੍ਰਚਾਰਕਾਂ ਤੇ ਢਾਢੀ ਕਵੀਸਰਾਂ ਨੇ ਸਿੱਖ ਇਤਿਹਾਸ ਤੇ ਖਾਲਸੇ ਸਾਜਨਾ ਦਿਵਸ ਦੀ ਮਹਿਮਾ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ।ਅਖੰਡ ਪਾਠ ਦੇ ਭੋਗ ਮੌਕੇ ਪੁੱਜੀਆਂ ਧਾਰਮਿਕ ਸ਼ਖਸ਼ੀਅਤਾਂ ਦਾ ਸਨਮਾਨ ਕੀਤਾ ਗਿਆ।ਬੁੱਢਾ ਦਲ ਵੱਲੋਂ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿੱਚ 250 ਤੋਂ ਵੱਧ ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ।ਉਪਰੰਤ ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾਤਸ਼ਾਹੀ 10ਵੀਂ ਛਾਉਣੀ ਨਿਹੰਗ ਸਿੰਘਾਂ ਤੋਂ ਮਹੱਲੇ ਦੀ ਅਰੰਭਤਾ ਹੋਈ ਜਿਸ 'ਚ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੇ



ਨਾਲ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ, ਬਾਬਾ ਮੇਜਰ ਸਿੰਘ ਦਸ਼ਮੇਸ਼ ਤਰਨਾ ਦਲ, ਬਾਬਾ ਵੱਸਣ ਸਿੰਘ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਬਾਬਾ ਬਲਦੇਵ ਸਿੰਘ ਵੱਲਾ, ਬਾਬਾ ਇੰਦਰਬੀਰ ਸਿੰਘ ਗੁਰੂਸਰ ਸਤਲਾਣੀ ਵਾਲੇ ਆਦਿ ਤੋਂ ਇਲਾਵਾ ਹੋਰ ਵੱਡੀ ਗਿਣਤੀ ਵਿਚ ਗੁਰੂ ਕੀਆਂ ਲਾਡਲੀਆਂ ਫ਼ੌਜਾਂ ਨਿਹੰਗ ਸਿੰਘ ਆਪਣੇ-ਆਪਣੇ ਦਲਾਂ ਬਲਾਂ ਸਮੇਤ ਸ਼ਾਮਲ ਹੋਏ। ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾਤਸ਼ਾਹੀ 10ਵੀਂ ਤੋਂ ਆਰੰਭ ਹੋਇਆ ਮਹੱਲਾ ਤਖ਼ਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋ ਕੇ, ਫਿਰ ਗੁਰਦੁਆਰਾ ਜੰਡਸਰ, ਗੁਰਦੁਆਰਾ ਮਹੱਲਸਰ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਗੁਰੂ ਕਾਸ਼ੀ ਗੁਰਮਤਿ ਇੰਸਟੀਚਿਊਟ ਦੇ ਸਾਹਮਣੇ ਬੱਸ ਸਟੈਂਡ ਦੇ ਪਿਛੇ ਮੈਦਾਨ ਵਿੱਚ ਪੁੱਜਾ। ਸ਼੍ਰੋਮਣੀ ਸੇਵਾ ਰਤਨ ਨਿਹੰਗ ਮੁੱਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੇ ਨਾਲ ਨਿਹੰਗ ਸਿੰਘ ਦਲਪੰਥਾਂ ਦੇ ਮੁਖੀ ਤੇ ਅਨੇਕਾਂ ਹੀ ਤਰਨਾ ਦਲਾਂ ਦੇ ਨਿਹੰਗ ਸਿੰਘ ਦਲਪੰਥਾਂ ਦੇ ਨਿਹੰਗ ਸਿੰਘ ਰਵਾਇਤੀ ਬਾਣਿਆਂ, ਸ਼ਸਤਰਾਂ, ਘੋੜਿਆਂ, ਹਾਥੀਆਂ, ਊਠਾਂ 'ਤੇ ਸਵਾਰ ਹੋ ਕੇ ਪਹੁੰਚੇ ਤੇ ਜਿਥੇ ਉਨ੍ਹਾਂ ਨੇ ਸੰਗਤਾਂ ਦੇ ਲਾ ਮਿਸਾਲ ਇਕੱਠ ਨੂੰ ਘੋੜ ਸਵਾਰੀ, ਨੇਜੇਬਾਜ਼ੀ, ਗਤਕੇਬਾਜ਼ੀ ਤੇ ਪਹਿਲਵਾਨਾਂ ਨੇ ਮੱਲ ਅਖਾੜ੍ਹੇ ਵਿੱਚ ਜੋਰ ਅਜਮਾਈ ਦੇ ਜੌਹਰ ਦਿਖਾਏ।ਮਹੱਲੇ ਵਿੱਚ ਨਿਹੰਗ ਸਿੰਘ ਦਲਾਂ ਦੇ ਮੁਖੀ ਤੇ ਵੱਡੀ ਗਿਣਤੀ ਵਿੱਚ ਨਿਹੰਗ ਸਿੰਘ ਫੌਜਾਂ ਨੇ ਸੁੰਦਰ ਦੁਮਾਲਿਆਂ ਤੇ ਚੱਕ੍ਰ, ਖੰਡੇ, ਚੰਦ, ਗੁਰਜ, ਸ਼ਿੰਗਾਰ, ਬਾਗਨਖਾ ਸਜਾਈ, ਛੋਟੀਆਂ ਵੱਡੀਆਂ ਕਿਰਪਾਨਾਂ ਪਹਿਨੀ, ਤੇ ਲੱਕ ਪਿਛੇ ਢਾਲਾਂ ਸਜਾਏ ਹੱਥਾਂ ਵਿੱਚ ਨੇਜੇ, ਖੰਡੇ ਫੜੀ, ਨੀਲਿਆਂ ਕੇਸਰੀ ਬਾਣਿਆਂ ਵਿਚ ਤਿਆਰ ਬਰ ਤਿਆਰ ਸ਼ਸਤਰਧਾਰੀ ਹੋ ਕੇ ਜੰਗੀ ਮਾਹੌਲ ਦਾ ਦ੍ਰਿਸ਼ ਪੇਸ਼ ਕਰ ਰਹੇ ਸਨ। ਬੈਂਡ ਵਾਜਿਆਂ ਦੀਆਂ ਸੁੰਦਰ ਧੁੰਨਾਂ, ਢੋਲ ਨਗਾਰਿਆਂ ਦੀਆਂ ਚੋਟਾਂ ਤੇ ਨਰਸਿੰਙੇ ਵਜਾਉਂਦੇ ਨਿਹੰਗ ਸਿੰਘਾਂ ਨੂੰ ਦੇਖਣ ਲਈ ਹਜ਼ਾਰਾਂ ਦੀ ਗਿਣਤੀ 'ਚ ਲੋਕ ਹਾਜ਼ਰ ਹੋਏ। ਉਪਰੰਤ ਘੋੜ ਦੋੜਾਂ ਹੋਈਆਂ। ਨਿਹੰਗ ਸਿੰਘ ਇੱਕ ਤੋਂ ਦੋ, ਦੋ ਤੋਂ ਚਾਰ ਤੇ ਚਾਰ ਤੋਂ ਛੇ, ਛੇ ਘੋੜਿਆਂ ਤੇ ਖਲੋ ਕੇ ਨਿਹੰਗ ਸਿੰਘਾਂ ਨੇ ਘੋੜਿਆਂ ਨੂੰ ਦੌੜਾਇਆ ਤੇ ਵੱਧ ਤੋਂ ਵੱਧ ਕਿੱਲੇ ਪੁੱਟ ਕੇ ਇਨਾਮ ਪ੍ਰਾਪਤ ਕੀਤੇ।ਇਸ ਮੌਕੇ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ ਨੇ ਸਮੁੱਚੇ ਦਲਾਂ ਦੇ ਮੁਖੀਆਂ ਦਾ ਵਿਸ਼ੇਸ਼ ਤੌਰ 'ਤੇ ਮਹੱਲੇ ਵਿਚ ਸ਼ਾਮਲ ਹੋਣ ਲਈ ਸਮੁੱਚੀਆਂ ਨਿਹੰਗ ਸਿੰਘਾਂ ਫੌਜਾਂ ਦਾ ਧੰਨਵਾਦ ਕੀਤਾ ਤੇ ਵਿਸ਼ੇਸ਼ ਤੌਰ 'ਤੇ ਖਾਲਸੇ ਦੇ ਸਾਜਨਾ ਦਿਵਸ ਦੀ ਵਧਾਈ ਦਿੱਤੀ। ਉਨ੍ਹਾਂ ਸੰਬੋਧਨ ਕਰਦਿਆਂ ਹਰੇਕ ਪ੍ਰਾਣੀ ਨੂੰ ਅੰਮ੍ਰਿਤ ਛਕ ਕੇ ਸ਼ਸ਼ਤਰਧਾਰੀ ਹੋਣ ਦੀ ਅਪੀਲ ਕੀਤੀ।ਸਾਰੀਆਂ ਖਾਲਸਾਈ ਫੌਜਾਂ ਗੁਰੂ ਗੋਬਿੰਦ ਸਿੰਘ ਨੂੰ ਅੰਗਸੰਗ ਰੱਖ ਕੇ ਹੋਲਾ ਮਹੱਲਾ ਖੇਡਦੇ ਦਿਖਾਈ ਦੇ ਰਹੇ ਸਨ। ਦਮਦਮਾ ਸਾਹਿਬ ਦੀ ਸਮੁੱਚੀ ਧਰਤੀ ਖਾਲਸਾਈ ਰੰਗ ਵਿਚ ਰੰਗੀ ਦਿਖਾਈ ਦੇ ਰਹੀ ਸੀ।

ਇਸ ਸਮੇਂ ਜਥੇਦਾਰ ਬਾਬਾ ਅਵਤਾਰ ਸਿੰਘ ਮੁਖੀ ਤਰਨਾ ਦਲ ਸੰਪਰਦਾ ਬਾਬਾ ਬਿਧੀ ਚੰਦ ਸੁਰਸਿੰਘ, ਜਥੇਦਾਰ ਬਾਬਾ ਜੋਗਾ ਸਿੰਘ ਮੁਖੀ ਮਿਸਲ ਸ਼ਹੀਦ ਬਾਬਾ ਦੀਪ ਸਿੰਘ ਤਰਨਾ ਦਲ ਬਾਬਾ ਬਕਾਲਾ, ਬਾਬਾ ਕੁਲਦੀਪ ਸਿੰਘ ਮਾਣਕ ਝਾੜ ਸਾਹਿਬ ਵਾਲੇ, ਬਾਬਾ ਰਾਜਾ ਰਾਜ ਸਿੰਘ ਅਰਬਾ ਖਰਬਾ, ਬਾਬਾ ਜੋਗਾ ਸਿੰਘ ਕਰਨਾਲ ਵਾਲੇ, ਬਾਬਾ ਵੱਸਣ ਸਿੰਘ ਮੜੀਆਂ ਦਲ ਬਟਾਲੇ ਵਾਲੇ, ਬਾਬਾ ਗੁਰਪ੍ਰੀਤ ਸਿੰਘ, ਬਾਬਾ ਤਰਲੋਕ ਸਿੰਘ ਖਿਆਲਾ, ਬਾਬਾ ਬਲਦੇਵ ਸਿੰਘ ਮੁਸਤਰਾਬਾਦ, ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਰਘੁਬੀਰ ਸਿੰਘ ਖਿਆਲੇ ਵਾਲੇ, ਬਾਬਾ ਜਗਤਾਰ ਸਿੰਘ ਠੱਠੇ ਵਾਲੇ, ਬਾਬਾ ਢੂੰਡਾ ਸਿੰਘ ਮਿਸ਼ਲ ਭਾਈ ਬਚਿੱਤਰ ਸਿੰਘ, ਬਾਬਾ ਛਿੰਦਾ ਸਿੰਘ ਭਿੰਖੀਵਿੰਡ, ਸ. ਇੰਦਰਪਾਲ ਸਿੰਘ ਫੌਜੀ, ਬਾਬਾ ਜੱਸਾ ਸਿੰਘ ਤਲਵੰਡੀ ਸਾਬੋ, ਭਾਈ ਸੁਖਜੀਤ ਸਿੰਘ ਘਨੱਈਆ, ਬਾਬਾ ਮੱਘਰ ਸਿੰਘ, ਬਾਬਾ ਸੁਖਵਿੰਦਰ ਸਿੰਘ ਮੌਰ, ਬਾਬਾ ਸਰਵਣ ਸਿੰਘ ਮਝੈਲ, ਬਾਬਾ ਸੁਖਵਿੰਦਰ ਸਿੰਘ ਮੋਰ, ਬਾਬਾ ਵਿਸ਼ਵਪ੍ਰਤਾਪ ਸਿੰਘ ਸਮਾਣਾ, ਬਾਬਾ ਪਿਆਰਾ ਸਿੰਘ, ਬਾਬਾ ਗੁਰਮੁੱਖ ਸਿੰਘ, ਬਾਬਾ ਬਲਦੇਵ ਸਿੰਘ ਪਟਿਆਲਾ, ਬਾਬਾ ਚਰਨ ਸਿੰਘ ਫਤਹਿਗੜ੍ਹ ਸਾਹਿਬ, ਬਾਬਾ ਸਰਵਨ ਸਿੰਘ ਮਝੈਲ ਲੱਖੀ ਜੰਗਲ, ਬਾਬਾ ਭਗਤ ਸਿੰਘ ਬਹਾਦਰਗੜ੍ਹ, ਪਰਮਜੀਤ ਸਿੰਘ ਬਾਜਵਾ ਮੈਨੇਜਰ ਬੁੱਢਾ ਦਲ, ਬਾਬਾ ਸੁਖਦੇਵ ਸਿੰਘ ਸੁੱਖਾ, ਬਾਬਾ ਵਿਸ਼ਵਪ੍ਰਤਾਪ ਸਿੰਘ, ਬਾਬਾ ਦਲੇਰ ਸਿੰਘ, ਬਾਬਾ ਪਿਆਰਾ ਸਿੰਘ ਮੋਹਾਲੀ, ਬਾਬਾ ਹਰਪ੍ਰੀਤ ਸਿੰਘ ਹੈਪੀ, ਬਾਬਾ ਖੜਕ ਸਿੰਘ, ਬਾਬਾ ਲਖਵਿੰਦਰ ਸਿੰਘ, ਬਾਬਾ ਗਗਨਦੀਪ ਸਿੰਘ ਆਦਿ ਹਾਜ਼ਰ ਸਨ। ਖ਼ਾਲਸਾ ਪੰਥ ਦੇ ਜਾਹੋ-ਜਲਾਲ ਅਤੇ ਨਿਆਰੇਪਣ ਦਾ ਪ੍ਰਤੀਕ ਕੌਮੀ ਤਿਉਹਾਰ ਵਿਸਾਖੀ ਸ੍ਰੀ ਦਮਦਮਾ ਸਾਹਿਬ ਵਿਖੇ ਗੁਰੂ ਕੀਆਂ ਲਾਡਲੀਆਂ ਫ਼ੌਜਾਂ ਵਲੋਂ ਪੁਰਾਤਨ ਖਾਲਸਾਈ ਰਵਾਇਤ ਅਨੁਸਾਰ ਸਜਾਏ ਮਹੱਲੇ ਨਾਲ ਅਮਨ ਸ਼ਾਂਤੀ ਪੂਰਵਕ ਖਾਲਸੇ ਸਾਜਨਾ ਦਿਵਸ ਦਾ ਤਿਉਹਾਰ ਸਪੰਨ ਹੋ ਗਿਆ ਹੈ।

# ਗੈਂਗਸਟਰਾਂ 'ਤੇ ਵਾਰ ਦੇ 85ਵੇਂ ਦਿਨ 506 ਥਾਵਾਂ ਉੱਤੇ ਛਾਪੇਮਾਰੀ ਦੌਰਾਨ 254 ਕਾਬੂ

ਚੰਡੀਗੜ੍ਹ, 15 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 85ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 506 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

85ਵੇਂ ਦਿਨ, ਪੁਲਿਸ ਟੀਮਾਂ ਨੇ ਚਾਰ ਹਥਿਆਰਾਂ ਸਮੇਤ 254 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 21,408 ਹੋ ਗਈਆਂ। ਇਸ ਤੋਂ ਇਲਾਵਾ 92 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਿਨ੍ਹਾਂ ਕੋਲੋਂ ਛੇ ਹਥਿਆਰ ਵੀ ਬਰਾਮਦ ਹੋਏ ਹਨ, ਜਦੋਂ ਕਿ 121 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 4 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 410ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 76 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3.3 ਕਿਲੋਗ੍ਰਾਮ ਹੈਰੋਇਨ, 1.1 ਕਿਲੋਗ੍ਰਾਮ ਗਾਂਜਾ, 433 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 2.01 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸ ਨਾਲ, ਸਿਰਫ 410 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 58,945 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 14 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।


ਪੀ.ਐਸ.ਆਈ.ਈ.ਸੀ. ਨੇ ਉਦਯੋਗਿਕ ਪਲਾਟਾਂ ਲਈ ਮਾਲਕੀ ਹੱਕ ਖੋਲ੍ਹੇ

ਜ਼ੀਰੋ ਸਟੈਂਪ ਡਿਊਟੀ ਨਾਲ ਲੀਜ਼ਹੋਲਡ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਲਈ ਯਕਮੁਸ਼ਤ ਮੌਕਾ

ਲੀਜ਼ਹੋਲਡ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਦੇ ਮੁੱਖ ਫ਼ਾਇਦੇ:

1. 30.04.2026 ਤੱਕ ਪ੍ਰਾਪਤ ਹੋਈਆਂ ਅਰਜ਼ੀਆਂ ਲਈ ਲੀਜ਼ਹੋਲਡ ਉਦਯੋਗਿਕ ਸੰਪਤੀਆਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਸਮੇਂ ਕਨਵੇਐਂਸ ਡੀਡ ਰਜਿਸਟ੍ਰੇਸ਼ਨ 'ਤੇ ਸਟੈਂਪ ਡਿਊਟੀ ਤੋਂ ਯਕਮੁਸ਼ਤ ਮੁਕੰਮਲ ਛੋਟ।

2. ਫ੍ਰੀਹੋਲਡ ਪਲਾਟਾਂ ਲਈ ਪੋਸਟ-ਅਲਾਟਮੈਂਟ ਸੇਵਾਵਾਂ ਨੂੰ ਸਰਲ ਬਣਾ ਕੇ ਇਨ੍ਹਾਂ ਨੂੰ ਸਿਰਫ਼ ਦੋ ਹੈੱਡਾਂ ਵਿੱਚ ਵੰਡਿਆ ਗਿਆ ਹੈ- 5 ਲਾਜ਼ਮੀ ਅਤੇ 18 ਵਿਕਲਪਿਕ ਸੇਵਾਵਾਂ; ਅੱਗੇ ਇਸ ਨੂੰ ਤਿੰਨ ਯੂਨੀਫਾਈਡ ਕੈਟਾਗਿਰੀਜ਼ ਵਿੱਚ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਅਲਾਟੀਆਂ ਲਈ ਕਾਰੋਬਾਰ ਕਰਨ ਦੀ ਆਸਾਨੀ ਅਤੇ ਕੁਸ਼ਲਤਾ ਵਿੱਚ ਮਹੱਤਵਪੂਰਨ ਸੁਧਾਰ ਹੋਵੇਗਾ।

3. ਫ੍ਰੀਹੋਲਡ ਪਲਾਟਾਂ ਨਾਲ ਸਬੰਧਤ ਸਾਰੀਆਂ ਸੇਵਾਵਾਂ ਲਈ ਸਮਾਂ-ਸੀਮਾਵਾਂ ਨੂੰ ਤਰਕਸੰਗਤ ਬਣਾਇਆ ਅਤੇ ਘਟਾਇਆ ਗਿਆ ਹੈ। ਇਸ ਤੋਂ ਇਲਾਵਾ ਤੇਜ਼ੀ ਨਾਲ ਫ਼ੈਸਲਾ ਲੈਣ ਨੂੰ ਯਕੀਨੀ ਬਣਾਉਣ ਲਈ ਅਜਿਹੇ ਮਾਮਲਿਆਂ ਦੇ ਨਿਪਟਾਰੇ ਲਈ ਅਸਟੇਟ ਅਫਸਰ (ਈ.ਓ.) ਨੂੰ ਉੱਚ ਅਥਾਰਿਟੀ ਵਜੋਂ ਮਨੋਨੀਤ ਕੀਤਾ ਗਿਆ ਹੈ।

4. ਬੈਂਕਾਂ/ਐਨ.ਬੀ.ਐਫ.ਸੀਜ਼ ਕੋਲ ਗਿਰਵੀ ਪਈਆਂ ਲੀਜ਼ਹੋਲਡ ਸੰਪਤੀਆਂ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਦੇ ਯੋਗ ਹੋਣਗੀਆਂ, ਬਸ਼ਰਤੇ ਕਿ ਸਬੰਧਤ ਬੈਂਕ/ਐਨ.ਬੀ.ਐਫ.ਸੀ. ਤੋਂ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਜਮ੍ਹਾਂ ਕਰਵਾਇਆ ਜਾਵੇ।

5. ਫ੍ਰੀਹੋਲਡ ਪਲਾਟ ਧਾਰਕਾਂ ਨੂੰ ਹਲਫ਼ਨਾਮਿਆਂ ਦੀ ਥਾਂ ਸਵੈ-ਘੋਸ਼ਣਾ ਪੱਤਰ ਜਮ੍ਹਾਂ ਕਰਾਉਣ ਦੀ ਇਜਾਜ਼ਤ ਹੋਵੇਗੀ, ਜਿਸ ਨਾਲ ਪ੍ਰਕਿਰਿਆ ਸਬੰਧੀ ਵੱਖ-ਵੱਖ ਲੋੜਾਂ ਸਰਲ ਬਣਨਗੀਆਂ।

6. ਜਿਨ੍ਹਾਂ ਮਾਮਲਿਆਂ ਵਿੱਚ ਮੌਜੂਦਾ ਲੀਜ਼ਹੋਲਡ ਸਮਝੌਤੇ ਵਿੱਚ ਕੀਮਤ ਵਾਧੇ (ਅਨਅਰਨਡ ਇਨਕ੍ਰੀਜ਼) ਲਈ ਕੋਈ ਉਪਬੰਧ ਨਹੀਂ, ਉੱਥੇ ਫ੍ਰੀਹੋਲਡ ਵਿੱਚ ਤਬਾਦਲੇ ਸਮੇਂ ਇਹ ਲਾਗੂ ਨਹੀਂ ਹੋਵੇਗਾ।

7. ਪਰਿਵਾਰ ਅੰਦਰ ਕੀਤੇ ਜਾਣ ਵਾਲੇ ਤਬਾਦਲਿਆਂ, ਜਿਨ੍ਹਾਂ ਵਿੱਚ ਵਿਰਾਸਤ ਅਤੇ ਅਲਾਟੀ ਦੀ ਮੌਤ ਤੋਂ ਬਾਅਦ ਹੋਣ ਵਾਲੇ ਤਬਾਦਲੇ ਸ਼ਾਮਲ ਹਨ, ਦੇ ਮਾਮਲਿਆਂ ਵਿੱਚ, ਜਦੋਂ ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਤਬਾਦਲੇ ਦਾ ਵਿਕਲਪ ਵਰਤਿਆ ਜਾ ਰਿਹਾ ਹੋਵੇ ਤਾਂ ਕੋਈ ਕੀਮਤ ਵਾਧਾ (ਅਨਅਰਨਡ ਇਨਕ੍ਰੀਜ਼) ਚਾਰਜ ਨਹੀਂ ਲੱਗੇਗਾ।

8. ਜੇਕਰ ਅਰਜ਼ੀਆਂ 30.04.2026 ਨੂੰ ਜਾਂ ਇਸ ਤੋਂ ਪਹਿਲਾਂ ਜਮ੍ਹਾਂ ਕਰਵਾਈਆਂ ਜਾਂਦੀਆਂ ਹਨ ਤਾਂ ਅਲਾਟੀ ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਤਬਾਦਲੇ 'ਤੇ 1,800 ਪ੍ਰਤੀ ਵਰਗ ਗਜ਼ ਦੇ ਹਿਸਾਬ ਨਾਲ ਬੱਚਤ ਲਾਭ ਪ੍ਰਾਪਤ ਕਰ ਸਕਦੇ ਹਨ। ਅਸਲ ਬੱਚਤ ਲਾਭ ਜਗ੍ਹਾ ਅਤੇ ਲਾਗੂ ਕੁਲੈਕਟਰ ਦਰਾਂ ਦੇ ਆਧਾਰ 'ਤੇ ਵੱਖ-ਵੱਖ ਹੋ ਸਕਦੇ ਹਨ।



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਲਿਮਟਿਡ

## ਸੰਪਾਦਕੀ

# ਮਹਿੰਗਾਈ ਕਾਬੂ ਤੋਂ ਬਾਹਰ

ਇਹ ਅਜੀਬ ਹੈ ਕਿ ਜਦੋਂ ਸਰਕਾਰ ਮਹਿੰਗਾਈ ਨੂੰ ਕੰਟਰੋਲ ਕਰਨ ਦਾ ਦਾਅਵਾ ਕਰਦੀ ਹੈ, ਤਾਂ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਲਗਾਤਾਰ ਵੱਧ ਰਹੀਆਂ ਹਨ। ਇਹ ਆਮ ਆਦਮੀ ’ਤੇ ਜ਼ਰੂਰੀ ਖਰਚਿਆਂ ਵਿੱਚ ਕਟੌਤੀ ਅਤੇ ਵਿੱਤੀ ਤੰਗੀ ਦੇ ਰੂਪ ਵਿੱਚ ਸਿੱਧਾ ਪ੍ਰਭਾਵ ਪਾ ਰਿਹਾ ਹੈ। ਜਦੋਂ ਆਮਦਨ ਦੇ ਸਰੋਤ ਸੀਮਤ ਹੁੰਦੇ ਹਨ, ਤਾਂ ਆਮ ਆਦਮੀ ਉਮੀਦ ਕਰਦਾ ਹੈ ਕਿ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਕਿਫਾਇਤੀ ਹੋਣਗੀਆਂ, ਤਾਂ ਜੋ ਉਸਨੂੰ ਪਰਿਵਾਰਕ ਰੋਜ਼ੀ-ਰੋਟੀ ਦੇ ਸੰਕਟ ਦਾ ਸਾਹਮਣਾ ਨਾ ਕਰਨਾ ਪਵੇ। ਹਾਲਾਂਕਿ, ਹਾਲ ਹੀ ਦੇ ਸਾਲਾਂ ਵਿੱਚ, ਆਮਦਨੀ ਵਸਤੂਆਂ ਦੀਆਂ ਕੀਮਤਾਂ ਵਿੱਚ ਵਾਧੇ ਦੇ ਬਰਾਬਰ ਨਹੀਂ ਵਧੀ ਹੈ। ਸੋਮਵਾਰ ਨੂੰ ਜਾਰੀ ਕੀਤੇ ਗਏ ਸਰਕਾਰੀ ਅੰਕੜਿਆਂ ਅਨੁਸਾਰ, ਫਰਵਰੀ ਵਿੱਚ 3.2 ਪ੍ਰਤੀਸ਼ਤ ਦੇ ਮੁਕਾਬਲੇ ਮਾਰਚ ਵਿੱਚ ਪ੍ਰਚੂਨ ਮਹਿੰਗਾਈ 3.4 ਪ੍ਰਤੀਸ਼ਤ ਤੱਕ ਵੱਧ ਗਈ। ਰਿਪੋਰਟਾਂ ਦੱਸਦੀਆਂ ਹਨ ਕਿ ਪ੍ਰਚੂਨ ਮਹਿੰਗਾਈ ਵਿੱਚ ਵਾਧਾ ਪੱਛਮੀ ਏਸ਼ੀਆ ਵਿੱਚ ਟਕਰਾਅ ਤੋਂ ਪੈਦਾ ਹੋਏ ਸੰਕਟ ਕਾਰਨ ਹੈ। ਪਰ ਸਵਾਲ ਇਹ ਹੈ ਕਿ: ਜੇਕਰ ਸਰਕਾਰ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਨੂੰ ਕੰਟਰੋਲ ਕਰਨ ਜਾਂ ਸਥਿਰ ਕਰਨ ਲਈ ਢੁਕਵੇਂ ਕਦਮ ਚੁੱਕ ਰਹੀ ਹੈ, ਤਾਂ ਮਹਿੰਗਾਈ ਕਿਵੇਂ ਵੱਧ ਰਹੀ ਹੈ ? ਇਹ ਕੋਈ ਭੇਤ ਨਹੀਂ ਹੈ ਕਿ ਦੇਸ਼ ਵਿੱਚ ਸਮਾਜਿਕ ਅਤੇ ਆਰਥਿਕ ਅਸੰਤੁਲਨ ਇੱਕ ਵੱਡੀ ਚੁਣੌਤੀ ਵਜੋਂ ਉਭਰਿਆ ਹੈ। ਰੁਜ਼ਗਾਰ ਅਤੇ ਆਮਦਨ ਦੇ ਮਾਮਲੇ ਵਿੱਚ ਦੇਸ਼ ਦੀ ਆਬਾਦੀ ਦੇ ਇੱਕ ਵੱਡੇ ਹਿੱਸੇ ਲਈ ਸਥਿਤੀ ਅਸੰਤੁਸ਼ਟੀਜਨਕ ਬਣੀ ਹੋਈ ਹੈ। ਸਥਿਰ ਆਮਦਨ ਅਤੇ ਘਟਦੀ ਖਰੀਦ ਸ਼ਕਤੀ ਦੀ ਸਥਿਤੀ ਵਿੱਚ, ਆਮ ਲੋਕਾਂ ਦੇ ਜ਼ਰੂਰੀ ਵਸਤੂਆਂ ’ਤੇ ਖਰਚ ਵਿੱਚ ਥੋੜ੍ਹਾ ਜਿਹਾ ਵਾਧਾ ਵੀ ਸਮੱਸਿਆਵਾਂ ਪੈਦਾ ਕਰਨਾ ਲਾਜ਼ਮੀ ਹੈ। ਦਰਅਸਲ, ਮਾਰਚ ਵਿੱਚ ਮਹਿੰਗਾਈ ਦੇ ਅੰਕੜਿਆਂ ਵਿੱਚ ਵਾਧੇ ਦਾ ਮੁੱਖ ਕਾਰਨ ਭੋਜਨ ਦੀਆਂ ਕੀਮਤਾਂ ਵਿੱਚ ਵਾਧਾ ਸੀ। ਪ੍ਰਚੂਨ ਮਹਿੰਗਾਈ ਖਪਤਕਾਰਾਂ ਦੀ ਖਪਤ ਅਤੇ ਖਰਚ ਨੂੰ ਦਰਸਾਉਂਦੀ ਹੈ। ਇਹੀ ਕਾਰਨ ਹੈ ਕਿ ਭਾਰਤੀ ਰਿਜ਼ਰਵ ਬੈਂਕ (RBI) ਆਪਣੀ ਨੀਤੀ ਪ੍ਰਚੂਨ ਮਹਿੰਗਾਈ ’ਤੇ ਅਧਾਰਤ ਕਰਦਾ ਹੈ। ਸਰਕਾਰ ਦਾ ਦਾਅਵਾ ਹੈ ਕਿ ਪ੍ਰਚੂਨ ਮਹਿੰਗਾਈ ਇਸ ਸਮੇਂ ਰਿਜ਼ਰਵ ਬੈਂਕ ਦੇ ਔਸਤ ਅਨੁਮਾਨ ਚਾਰ ਪ੍ਰਤੀਸ਼ਤ ਤੋਂ ਘੱਟ ਹੈ। ਹਾਲਾਂਕਿ, ਇਹ ਵੀ ਧਿਆਨ ਦੇਣਾ ਮਹੱਤਵਪੂਰਨ ਹੈ ਕਿ ਜੇਕਰ ਮਹਿੰਗਾਈ ਚਾਰ ਪ੍ਰਤੀਸ਼ਤ ਤੋਂ ਉੱਪਰ ਵਧਦੀ ਹੈ, ਤਾਂ ਕਿਫਾਇਤੀ ਕਰਜ਼ਿਆਂ ਦੀ ਸੰਭਾਵਨਾ ਘੱਟ ਜਾਂਦੀ ਹੈ। ਆਰਥਿਕ ਮਾਹਿਰਾਂ ਦਾ ਕਹਿਣਾ ਹੈ ਕਿ ਫਰਵਰੀ ਦੇ ਮੁਕਾਬਲੇ ਮਾਰਚ ਵਿੱਚ ਮਹਿੰਗਾਈ ਵਿੱਚ ਵਾਧਾ ਪੱਛਮੀ ਏਸ਼ੀਆਈ ਸੰਕਟ ਦੇ ਸ਼ੁਰੂਆਤੀ ਪ੍ਰਭਾਵ ਨੂੰ ਦਰਸਾਉਂਦਾ ਹੈ। ਜੇਕਰ ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਕਾਰ ਜੰਗ ਦੁਬਾਰਾ ਖੁੱਲ੍ਹਦੀ ਹੈ ਅਤੇ ਇਹ ਸਥਿਤੀ ਲੰਬੇ ਸਮੇਂ ਤੱਕ ਬਣੀ ਰਹਿੰਦੀ ਹੈ, ਤਾਂ ਇਹ ਕਲਪਨਾ ਕਰਨਾ ਆਸਾਨ ਹੈ ਕਿ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਕਿੰਨੀ ਤੇਜ਼ੀ ਨਾਲ ਵਧਣਗੀਆਂ। ਸਰਕਾਰੀ ਅੰਕੜਿਆਂ ਦੇ ਅਨੁਸਾਰ, ਮਾਰਚ ਵਿੱਚ ਆਲੂ, ਪਿਆਜ਼ ਅਤੇ ਕੁਝ ਦਾਲਾਂ ਦੀ ਮਹਿੰਗਾਈ ਦਰ ਵਿੱਚ ਗਿਰਾਵਟ ਆਈ, ਪਰ ਸੋਨੇ ਅਤੇ ਚਾਂਦੀ ਦੇ ਗਹਿਣਿਆਂ, ਨਾਰੀਅਲ, ਟਮਾਟਰ ਅਤੇ ਫੁੱਲ ਗੋਭੀ ਦੀਆਂ ਕੀਮਤਾਂ ਵਿੱਚ ਕਾਫ਼ੀ ਵਾਧਾ ਹੋਇਆ। ਮਾਰਚ ਵਿੱਚ ਬਿਜਲੀ, ਗੈਸ ਅਤੇ ਹੋਰ ਬਾਲਣਾਂ ਲਈ ਪ੍ਰਚੂਨ ਮਹਿੰਗਾਈ 1.65 ਪ੍ਰਤੀਸ਼ਤ ਰਹੀ, ਜੋ ਫਰਵਰੀ ਵਿੱਚ 1.52 ਪ੍ਰਤੀਸ਼ਤ ਸੀ। ਇਸਦਾ ਅਰਥ ਹੈ ਆਮ ਆਦਮੀ ਲਈ ਘੱਟ ਰਾਹਤ ਅਤੇ ਵਧੇਰੇ ਮੁਸ਼ਕਲਾਂ। ਇਸ ਤੋਂ ਇਲਾਵਾ, ਪੇਂਡੂ ਖੇਤਰਾਂ ਵਿੱਚ ਮਹਿੰਗਾਈ, ਜਿੱਥੇ ਰੁਜ਼ਗਾਰ ਅਤੇ ਆਮਦਨ ਦੇ ਸਰੋਤ ਸੀਮਤ ਹਨ, ਸ਼ਹਿਰੀ ਖੇਤਰਾਂ ਵਿੱਚ 3.11 ਪ੍ਰਤੀਸ਼ਤ ਦੇ ਮੁਕਾਬਲੇ 3.63 ਪ੍ਰਤੀਸ਼ਤ ਸੀ। ਇਸ ਲਈ, ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਜੇਕਰ ਸਰਕਾਰ ਮਹਿੰਗਾਈ ਨੂੰ ਕੰਟਰੋਲ ਕਰਨ ਲਈ ਠੋਸ ਉਪਾਅ ਨਹੀਂ ਕਰਦੀ ਹੈ, ਤਾਂ ਆਉਣ ਵਾਲੇ ਦਿਨਾਂ ਵਿੱਚ ਇਹ ਸੰਕਟ ਹੋਰ ਡੂੰਘਾ ਹੋ ਜਾਵੇਗਾ। ਮਾਰਚ 2026 ਵਿੱਚ ਪ੍ਰਚੂਨ ਮਹਿੰਗਾਈ 3.4% ਤੱਕ ਵੱਧ ਗਈ, ਜੋ ਫਰਵਰੀ ਵਿੱਚ 3.21% ਸੀ। ਇਹ ਇੱਕ ਮਹੀਨੇ ਵਿੱਚ ਮਹਿੰਗਾਈ ਵਿੱਚ ਮਾਮੂਲੀ ਵਾਧਾ ਦਰਸਾਉਂਦਾ ਹੈ। ਨਿਊਜ਼ ਏਜੰਸੀ ਭਾਸ਼ਾ ਦੇ ਅਨੁਸਾਰ, ਇਹ ਜਾਣਕਾਰੀ ਸਰਕਾਰੀ ਅੰਕੜਿਆਂ ਤੋਂ ਪ੍ਰਾਪਤ ਕੀਤੀ ਗਈ ਹੈ। ਖਪਤਕਾਰ ਮੁੱਲ ਸੂਚਕਾਂਕ (CPI) ਦੇ ਅੰਕੜਿਆਂ ਦੇ ਆਧਾਰ ’ਤੇ ਮਾਰਚ ਵਿੱਚ ਭੋਜਨ ਦੀਆਂ ਕੀਮਤਾਂ ਵਿੱਚ 3.87% ਦਾ ਵਾਧਾ ਹੋਇਆ, ਜੋ ਪਿਛਲੇ ਮਹੀਨੇ ਵਿੱਚ 3.47% ਸੀ। ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਪ੍ਰਚੂਨ ਮਹਿੰਗਾਈ ਕ੍ਰਮਵਾਰ 3.63% ਅਤੇ 3.11% ਦਰਜ ਕੀਤੀ ਗਈ।

-ਜਗਜੀਤ ਸਿੰਘ ਦਰਦੀ

## ਯੂਟਿਊਬ ਤੇ ਸੋਸ਼ਲ ਮੀਡੀਆ ਦਾ ਡਿਜੀਟਲ ਨਸ਼ਾ ਇੱਕ ਖ਼ਤਰਨਾਕ ਸੁਨਾਮੀ

# ਭਾਰਤੀ ਲੋਕਾਂ ਵਿੱਚ ਵਾਇਰਲ ਕੰਟੈਂਟ ਦਾ ਜਨੂੰਨ, ਢਾਈ ਕਰੋੜ ਮੱਧ ਵਰਗ ਅਤੇ ਜਨਰੇਸ਼ਨ ਜ਼ੈਡ ’ਤੇ ਖ਼ਤਰਨਾਕ ਅਸਰ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਦੁਨੀਆਂ ਵਿੱਚ ਵੱਧਦੇ ਹੋਏ ਵਾਇਰਲ ਸੰਦੇਸ਼ਾਂ ਦੇ ਨਾਲ ਇਕ ਖ਼ਤਰਨਾਕ ਸੁਨਾਮੀ ਦਾ ਦੌਰ ਸ਼ੁਰੂ ਹੋ ਗਿਆ ਹੈ ਤੇ ਵਾਇਰਲ ਕੰਟੈਂਟ ਗਲਤ ਜਾਣਕਾਰੀ ਤੇ ਫੇਕ ਨਿਊਜ਼ ਦੇ ਨਾਲ ਨਵੀਂ ਪੀੜ੍ਹੀ ਨੂੰ ਪ੍ਰਾਪਤ ਅਤੇ ਮਸਨੂਈ ਬੁਧੀ ਨਾਲ ਉਸ ਨੂੰ ਹੋਰ ਵੀ ਖ਼ਤਰਨਾਕ ਟਰੈਂਡ ਵਿੱਚ ਦਾਖਲ ਕਰ ਰਿਹਾ ਹੈ। ਅੱਜ ਯੂਟਿਊਬ ’ਤੇ ਲੋਕਾਂ ਦਾ ਭਰੋਸਾ, ਗਲਤ ਸਲਾਹ ਦੇ ਕੇਸ, ਚੈਨਲਾਂ ਦੀ ਗਿਣਤੀ, ਪ੍ਰਾਈਵੇਸੀ ਖਤਰਾ ਆਦਿ ’ਤੇ ਅਧਾਰਤ ਇੱਕ ਵਿਸਥਾਰਤ, ਵਿਸ਼ਲੇਸ਼ਣਾਤਮਕ ਅਤੇ ਚੇਤਾਵਨੀ ਇਸ ਵਿਚ ਯੂਟਿਊਬਰਾਂ/ਸੋਸ਼ਲ ਮੀਡੀਆ ਦੇ ਖਤਰਨਾਕ ਕਾਰਨਾਮਿਆਂ, ਡਾਟਾ ਪ੍ਰਾਈਵੇਸੀ ਦੀਆਂ ਚਿੰਤਾਵਾਂ, ਭਾਰਤੀ ਲੋਕਾਂ (ਖਾਸ ਕਰ ਮੱਧ ਵਰਗ ਅਤੇ ਯੁਵਕਾਂ) ਵਿੱਚ ਵਾਇਰਲ/ਐਡਿਕਸ਼ਨ ਦਾ ਜਨੂਨ, ਭਵਿੱਖੀ ਖਤਰਿਆਂ ਅਤੇ ਕਾਰਪੋਰੇਟ ਲੁੱਟ ਬਾਰੇ ਗੱਲ ਕੀਤੀ ਗਈ ਹੈ।

ਅੱਜ ਸੋਸ਼ਲ ਮੀਡੀਆ ਦਾ ਅੰਨ੍ਹਾ ਭਰੋਸਾ ਅਤੇ ਡਿਜੀਟਲ ਨਸ਼ਾ ਭਾਰਤੀ ਯੁਵਕਾਂ ਅਤੇ ਮੱਧ ਵਰਗ ਲਈ ਇੱਕ ਖਤਰਨਾਕ ਯਾਤਰਾ ਭਾਰਤ ਵਿਚ ਯੂਟਿਊਬ ਹੁਣ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ ਰਿਹਾ। ਇਹ ਡਾਕਟਰ, ਵਕੀਲ, ਜਿੰਮ ਟ੍ਰੇਨਰ, ਵਿੱਤੀ ਸਲਾਹਕਾਰ ਅਤੇ ਇਸ ਤੋਂ ਵੀ ਅੱਗੇ ਬਣ ਗਿਆ ਹੈ। ਪਿਛਲੇ ਦਿਨੀਂ ਭਾਸਕਰ ਨਿਊਜ਼ ਦੀ ਰਿਪੋਰਟ ਅਨੁਸਾਰ, ਦੇਸ਼ ਵਿਚ ਹਰ 10 ਵਿੱਚੋਂ 7 ਲੋਕ ਯੂਟਿਊਬਰਾਂ ਦੀ ਸਲਾਹ ’ਤੇ ਭਰੋਸਾ ਕਰਦੇ ਹਨ ਅਤੇ ਉਨ੍ਹਾਂ ਵਿੱਚੋਂ 60% ਲੋਕ ਬਿਨਾਂ ਕਿਸੇ ਕ੍ਰਾਸ-ਚੈੱਕ ਕੀਤੇ ਉਸ ਨੂੰ ਸਹੀ ਮੰਨ ਲੈਂਦੇ ਹਨ।

ਇਸ ਰਿਪੋਰਟ ਅਨੁਸਾਰ ਇਸ ਦੇ ਨਾਲ ਹੀ ਭਾਰਤ ਵਿਚ ਯੂਟਿਊਬ ਦੇ ਲੱਗਭੱਗ 50 ਕਰੋੜ ਮਾਸਿਕ ਸਰਗਰਮ ਯੂਜ਼ਰ ਹਨ ਅਤੇ ਦੁਨੀਆਂ ਭਰ ਵਿਚ ਢਾਈ ਕਰੋੜ ਤੋਂ ਵੱਧ ਚੈਨਲ ਹਨ, ਜਿਨ੍ਹਾਂ ਵਿਚੋਂ ਭਾਰਤ ਵਿਚ ਸਿਰਫ਼ 30 ਲੱਖ ਪੇਸ਼ੇਵਰ ਹਨ। ਬਾਕੀ ਲੱਖਾਂ ਚੈਨਲ ਬਿਨਾਂ ਕਿਸੇ ਵਿਸ਼ੇਸ਼ ਯੋਗਤਾ ਤੋਂ ਗਲਤ ਜਾਣਕਾਰੀ ਫੈਲਾ ਰਹੇ ਹਨ। ਇਹ ਮਾਸੂਮ ਸਕੈਮ ਲੋਕਾਂ ਦੀ ਸਿਹਤ, ਬ ੱਚਤ ਅਤੇ ਜਾਨ ਤੱਕ ਖਤਰੇ ਵਿਚ ਪਾ ਰਿਹਾ ਹੈ।

ਅੱਜ ਇਸ ਡਾਟੇ ’ਤੇ ਅਧਾਰਤ ਯੂਟਿਊਬ ਅਤੇ ਸੋਸ਼ਲ ਮੀਡੀਆ ਦੇ ਖਤਰਨਾਕ ਪਹਿਲੂਆਂ — ਗਲਤ ਸਲਾਹ ਦੇ ਕਾਰਨਾਮੇ, ਡਾਟਾ ਪ੍ਰਾਈਵੇਸੀ ਦੀ ਲੁੱਟ, ਭਾਰਤੀ ਲੋਕਾਂ ਵਿਚ ਵਾਇਰਲ ਕੰਟੈਂਟ ਦਾ ਜਨੂਨ, ਮੱਧ ਵਰਗ ਅਤੇ ਜਨਰੇਸ਼ਨ ਜ਼ੈਡ ’ਤੇ ਪੈ ਰਿਹਾ ਬੇਹਦ ਖਤਰਨਾਕ ਅਸਰ ਅਤੇ ਭਵਿੱਖ ਵਿਚ ਤਕਨੀਕੀ ਯੁੱਗ ਵਿਚ ਇਸ ਟ੍ਰੈਂਡ ਦੀਆਂ ਖਤਰਨਾਕ ਸੰਭਾਵਨਾਵਾਂ — ਬਾਰੇ ਵਿਸਥਾਰ ਨਾਲ ਚਰਚਾ ਕਰਾਦਿਆਂ ਇਹ ਸਿਰਫ਼ ਇੱਕ ਰਿਪੋਰਟ ਨਹੀਂ, ਬਲਕਿ ਇੱਕ ਚੇਤਾਵਨੀ ਵੀ ਹੈ।

ਅੱਜ ਯੂਟਿਊਬਰਾਂ ਦੀ ਗਲਤ ਸਲਾਹ ਜਾਨ ਅਤੇ ਬਚਤ ਤੱਕ ਦਾ ਖਤਰਾ ਯੂਟਿਊਬ ’ਤੇ ਬਿਨਾਂ ਕਿਸੇ ਰੈਗੂਲੇਸ਼ਨ ਤੋਂ ਲੋਕ ਡਾਕਟਰੀ, ਵਿੱਤੀ ਅਤੇ ਲੀਗਲ ਸਲਾਹ ਦੇ ਰਹੇ ਹਨ। ਇਸ ਨਿਊਜ਼ ਨੇ ਤਿੰਨ ਖਤਰਨਾਕ ਕੇਸ ਰਿਪੋਰਟ ਕੀਤੇ ਹਨ, ਜਿਵੇਂ ਤਮਿਲਨਾਡੂ ਦੇ ਕੁਮਾਰਨ ਨੇ ਯੂਟਿਊਬ ’ਤੇ ਪ੍ਰਸਵ (ਜਣੇਪਾ) ਦਾ ਵੀਡੀਓ ਵੇਖ ਕੇ ਘਰ ’ਤੇ ਹੀ ਪ੍ਰਸਵ ਕਰਾਉਣ ਦੀ ਕੋਸ਼ਿਸ਼ ਕੀਤੀ। ਭਾਰੀ ਖੂਨ ਵਗਣ ਨਾਲ ਉਸ ਦੀ ਪਤਨੀ ਦੀ ਮੌਤ ਹੋ ਗਈ। ਇਹ ਮਾਮਲਾ ਮਾਰਚ 2026 ਵਿਚ ਬਹੁਤ ਚਰਚਾ ਵਿੱਚ ਰਿਹਾ।

‘ਬਾਪ ਆਫ ਚਾਰਟ’ ਚੈਨਲ ਨੇ ਆਪਸ਼ਨ ਟ੍ਰੇਡਿੰਗ ਵਿਚ ਲੱਖਾਂ ਕਮਾਉਣ ਦਾ ਲਾਲਚ ਦਿੱਤਾ। ਸੇਬੀ ਨੇ ਜਾਂਚ ਵਿਚ ਪਾਇਆ ਕਿ ਚੈਨਲ ਚਲਾਉਣ ਵਾਲਾ ਖੁਦ 2.89 ਕਰੋੜ ਰੁਪਏ ਦੇ ਘਾਟੇ ਵਿਚ ਸੀ। ਉਸ ਤੇ 17.2 ਕਰੋੜ ਦਾ ਜੁਰਮਾਨਾ ਲਗਾਇਆ ਗਿਆ ਅਤੇ ਟ੍ਰੇਡਿੰਗ ਤੋਂ ਬੈਨ ਕੀਤਾ ਗਿਆ। ਉੱਤਰ ਪ੍ਰਦੇਸ਼ ਦੇ ਇੱਕ ਨੌਜਵਾਨ ਨੇ ਵਜ਼ਨ ਘਟਾਉਣ ਦਾ ਨੁਸਖਾ ਵੇਖ ਕੇ ਚੂਰਨ ਖਾਧਾ। ਨਤੀਜਾ — ਕਿਡਨੀ ਅਤੇ ਲੀਵਰ ਵਿਚ ਗੰਭੀਰ ਇਨਫੈਕਸ਼ਨ।

ਅੱਜ ਇਹ ਕੇਸ ਇਕੱਲੇ ਨਹੀਂ ਹਨ। ਭਾਰਤ ਵਿਚ ਯੂਟਿਊਬ ’ਤੇ ਹਜ਼ਾਰਾਂ ਚੈਨਲ ਗਲਤ ਮੈਡੀਕਲ ਨੁਸਖੇ, ਫੇਕ ਇਨਵੈਸਟਮੈਂਟ ਟਿਪਸ ਅਤੇ ਬਿਨਾਂ ਯੋਗਤਾ ਤੋਂ ਲੀਗਲ ਸਲਾਹ ਦੇ ਰਹੇ ਹਨ। ਉਪਭੋਗਤਾ ਸੁਰੱਖਿਆ ਐਕਟ 2019 ਤਹਿਤ ਭਰਮਾਉਣ ਵਾਲੀਆਂ ਇਸ਼ਤਿਹਾਰਾਂ ਤੇ 10-50 ਲੱਖ ਜੁਰਮਾਨਾ ਹੋ ਸਕਦਾ ਹੈ, ਪਰ ਡਿਸਕਲੇਮਰ ਲਿਖ ਕੇ ਸਿਰਫ਼ ਸਿੱਖਿਆ ਉਦੇਸ਼ ਲਈ ਲਿਖ ਦੇਣ ਨਾਲ ਬਚਣਾ ਆਸਾਨ ਹੋ ਜਾਂਦਾ ਹੈ। ਆਈਟੀ ਐਕਟ ਅਤੇ ਬੀਐਨਐਸ ਤਹਿਤ ਕਾਰਵਾਈ ਹੋ ਸਕਦੀ ਹੈ, ਪਰ ਧੀਮੀ ਕਾਨੂੰਨੀ ਪ੍ਰਕਿਰਿਆ ਅਤੇ ਫਾਸਟ ਟ੍ਰੈਕ ਦੀ ਘਾਟ ਕਾਰਨ ਜ਼ਿਆਦਾਤਰ ਮਾਮਲੇ ਅਣਸੁਲਝੇ ਰਹਿੰਦੇ ਹਨ।

ਅੱਜ ਇਸ ਤੋਂ ਵੀ ਵੱਡੀ ਸਮੱਸਿਆ ਇਹ ਹੈ ਕਿ ਯੂਟਿਊਬ ਦਾ ਐਲਗੋਰਿਦਮ ਇਸ ਗਲਤ ਕੰਟੈਂਟ ਨੂੰ ਵਧਾਵਾ ਦਿੰਦਾ ਹੈ। ਵਿਊਜ਼ ਅਤੇ ਲਾਈਕਸ ਲਈ ਸੈਂਸੇਸ਼ਨਲ ਅਤੇ ਭਰਮਾਉਣ ਵਾਲਾ ਕੰਟੈਂਟ ਤੇਜ਼ੀ ਨਾਲ ਵਾਇਰਲ ਹੁੰਦਾ ਹੈ। ਨਤੀਜਾ — ਆਮ ਲੋਕ, ਖਾਸ ਕਰ ਗਰਾਮੀਣ ਅਤੇ ਅਰਧ-ਸਹਿਤੀ ਵਰਗ, ਆਪਣੀ ਜਾਨ ਅਤੇ ਬੱਚਤ ਗਵਾ ਰਹੇ ਹਨ।ਡਾਟਾ ਪ੍ਰਾਈਵੇਸੀ ਦੀ ਲੁੱਟ ਦਾ ਸਰਵੇਲੈਂਸ ਕੈਪੀਟਲਿਜ਼ਮ ਦਾ ਭਾਰਤੀ ਰੂਪਯੂਟਿਊਬ (ਗੂਗਲ) ਅਤੇ ਹੋਰ ਸੋਸ਼ਲ ਮੀਡੀਆ ਪਲੇਟਫਾਰਮ ਆਪਣੇ ਆਪ ਨੂੰ ਸਿਰਫ਼ ਇੰਟਰਮੀਡੀਏਰੀ ਦੱਸਦੇ ਹਨ ਅਤੇ ਕੰਟੈਂਟ ਦੀ ਜ਼ਿੰਮੇਵਾਰੀ ਤੋਂ ਪੱਲਾ ਝਾੜ ਲੈਂਦੇ ਹਨ ਪਰ ਅਸਲ ਵਿਚ ਉਹ ਤੁਹਾਡਾ ਹਰ ਵਿਹਾਰ — ਵੀਡੀਓ ਵੇਖਣ ਦਾ ਸਮਾਂ, ਖੋਜ, ਲਾਈਕ, ਕਮੈਂਟ, ਲੋਕੇਸ਼ਨ ਅਤੇ ਇੱਥੋਂ ਤੱਕ ਕਿ ਤੁਹਾਡੀਆਂ ਭਾਵਨਾਵਾਂ — ਟ੍ਰੈਕ ਕਰਦੇ ਹਨ। ਇਸ ਨੂੰ ਸਰਵੇਲੈਂਸ ਕੈਪੀਟਲਿਜ਼ਮ ਕਿਹਾ ਜਾਂਦਾ ਹੈ, ਜਿਸ ਵਿਚ ਤੁਹਾਡਾ ਡਾਟਾ ਇੱਕ ਉਤਪਾਦ ਬਣ ਜਾਂਦਾ ਹੈ ਅਤੇ ਟਾਰਗੇਟਿਡ ਐਡਵਰਟਾਈਜ਼ਿੰਗ ਰਾਹੀਂ ਲੱਖਾਂ-ਕਰੋੜਾਂ ਕਮਾਏ ਜਾਂਦੇ ਹਨ।

ਅੱਜ ਭਾਰਤ ਵਿਚ 50 ਕਰੋੜ ਯੂਟਿਊਬ ਯੂਜ਼ਰ ਹਨ। ਇਸ ਦਾ ਮਤਲਬ ਹੈ ਕਿ ਗੂਗਲ ਕੋਲ ਭਾਰਤੀਆਂ ਦਾ ਵੱਡਾ ਡਾਟਾ ਬੈਂਕ ਹੈ — ਉਮਰ, ਲਿੰਗ, ਰੁਚੀਆਂ, ਖਰੀਦਦਾਰੀ ਦੀਆਂ ਆਦਤਾਂ, ਰਾਜਨੀਤਿਕ ਵਿਚਾਰ ਅਤੇ ਇੱਥੋਂ ਤੱਕ ਕਿ ਸਿਹਤ ਸਬੰਧੀ ਚਿੰਤਾਵਾਂ। ਇਸ ਡਾਟੇ ਨੂੰ ਐਲਗੋਰਿਦਮ ਵਿਚ ਵਰਤ ਕੇ ਯੂਜ਼ਰ ਨੂੰ ਘੰਟਿਆਂ ਤੱਕ ਚਿਪਕਾਈ ਰੱਖਿਆ ਜਾਂਦਾ ਹੈ। ਇਨਫਾਈਨਾਈਟ ਸਕ੍ਰੋਲ, ਆਟੋ-ਪਲੇ ਅਤੇ ਪਰਸਨਲਾਈਜ਼ਡ ਰਿਕਮੈਂਡੇਸ਼ਨ ਯੂਜ਼ਰ ਨੂੰ ਨਸ਼ੇ ਵਾਂਗ ਵਰਤਣ ਲਈ ਮਜਬੂਰ ਕਰਦੇ ਹਨ।ਪ੍ਰਾਈਵੇਸੀ ਖਤਰਾ ਇਸ ਤਰ੍ਹਾਂ ਹੈ:ਤੁਹਾਡਾ ਡਾਟਾ ਤੀਜੀ ਧਿਰ ਨਾਲ ਸਾਂਝਾ ਕੀਤਾ ਜਾ ਸਕਦਾ ਹੈ (ਐਡਵਰਟਾਈਜ਼ਰਾਂ ਨਾਲ)। ਡਾਟਾ ਬ੍ਰੀਚ ਦੇ ਮਾਮਲੇ ਵਿਚ ਤੁਹਾਡੀ ਨਿੱਜੀ ਜਾਣਕਾਰੀ ਲੀਕ ਹੋ ਸਕਦੀ ਹੈ ਅਤੇ ਭਵਿੱਖ ਵਿਚ ਇਸ ਡਾਟੇ ਨੂੰ ਰਾਜਨੀਤਿਕ ਮੈਨੀਪੁਲੇਸ਼ਨ, ਲੋਨ ਐਪਰੂਵਲ ਜਾਂ ਨੌਕਰੀ ਲਈ ਵਰਤਿਆ ਜਾ ਸਕਦਾ ਹੈ।

ਅੱਜ ਭਾਰਤ ਵਿਚ ਡਿਜੀਟਲ ਪਰਸਨਲ ਡਾਟਾ ਪ੍ਰੋਟੈਕਸ਼ਨ ਐਕਟ (DPDPA) 2023 ਹੈ, ਜੋ ਯੂਜ਼ਰ ਨੂੰ ਕੰਸੈਂਟ, ਡਾਟਾ ਡਿਲੀਟ ਅਤੇ ਸੁਰੱਖਿਆ ਦੇ ਅਧਿਕਾਰ ਦਿੰਦਾ ਹੈ। ਪਰ ਇਸ ਦੀ ਲਾਗੂ ਕਰਨ ਵਿਚ ਘਾਟ ਹੈ ਅਤੇ ਬੜੀਆਂ ਟੈਕ ਕੰਪਨੀਆਂ ਲਾਬੀਂਗ ਰਾਹੀਂ ਆਪਣੇ ਹੱਕ ਵਿਚ ਨਿਯਮ ਬਣਵਾਉਂਦੀਆਂ ਹਨ।

ਕਾਰਪੋਰੇਟ ਲੁੱਟ ਇਸ ਤਰ੍ਹਾਂ ਹੈ ਕਿ ਤੁਸੀਂ ਮੁਫ਼ਤ ਵੀਡੀਓ ਵੇਖਦੇ ਹੋ, ਪਰ ਤੁਹਾਡਾ ਧਿਆਨ ਅਤੇ ਡਾਟਾ ਉਨ੍ਹਾਂ ਦੀ ਅਸਲ ਕਮਾਈ ਹੈ। ਯੂਟਿਊਬ ਨੇ 2025 ਵਿਚ 60 ਬਿਲੀਅਨ ਡਾਲਰ ਤੋਂ ਵੱਧ ਰੈਵੇਨਿਊ ਕਮਾਇਆ, ਜਿਸ ਵਿਚ ਭਾਰਤ ਵੱਡਾ ਯੋਗਦਾਨ ਹੈ। ਇਸ ਲੁੱਟ ਵਿਚ ਆਮ ਲੋਕ, ਖਾਸ ਕਰ ਮੱਧ ਵਰਗ, ਸਭ ਤੋਂ ਵੱਧ ਫਸਦਾ ਹੈ ਕਿਉਂਕਿ ਉਹ ਵਧੇਰੇ ਡਿਜੀਟਲ ਲੈਣ-ਦੇਣ ਕਰਦਾ ਹੈ ਅਤੇ ਆਪਣੀ ਪ੍ਰਾਈਵੇਸੀ ਬਾਰੇ ਘੱਟ ਜਾਗਰੂਕ ਹੈ।

ਅੱਜ ਭਾਰਤੀ ਲੋਕਾਂ ਵਿਚ ਸੋਸ਼ਲ ਮੀਡੀਆ ਦਾ ਜਨੂਨ ਇੱਕ ਵਾਇਰਲ ਨਸ਼ਾ ਅਤੇ ਐਡਿਕਸ਼ਨਭਾਰਤ ਵਿਚ ਯੁਵਕ ਅਤੇ ਜਨਰੇਸ਼ਨ ਜ਼ੈਡ ਸੋਸ਼ਲ ਮੀਡੀਆ ਨੂੰ ਨਸ਼ੇ ਵਾਂਗ ਵਰਤ ਰਹੇ ਹਨ। ਆਰਥਿਕ ਸਰਵੇਖਣ 2026 ਅਨੁਸਾਰ ਡਿਜੀਟਲ ਐਡਿਕਸ਼ਨ ਇੱਕ ਵੱਡੀ ਜਨਤਕ ਸਿਹਤ ਸਮੱਸਿਆ ਬਣ ਰਹੀ ਹੈ। ਯੁਵਕ ਰੋਜ਼ਾਨਾ 5-8 ਘੰਟੇ ਤੱਕ ਸਕ੍ਰੀਨ ਤੇ ਬਿਤਾਉਂਦੇ ਹਨ। ਸੋਸ਼ਲ ਮੀਡੀਆ ਐਡਿਕਸ਼ਨ ਐਂਗਜ਼ਾਇਟੀ, ਡਿਪ੍ਰੈਸ਼ਨ, ਘੱਟ ਆਤਮ-ਸਨਮਾਨ ਅਤੇ ਸਾਈਬਰ ਬੁਲਿੰਗ ਨਾਲ ਜੁੜੀ ਹੋਈ ਹੈ।ਇੱਕ ਅਧਿਐਨ ਅਨੁਸਾਰ ਭਾਰਤ ਵਿਚ Gen Z ਵਿਚੋਂ 59% ਲੋਕ ਲਗਾਤਾਰ ਐਂਗਜ਼ਾਇਟੀ ਜਾਂ ਸਟ੍ਰੈਸ ਮਹਿਸੂਸ ਕਰਦੇ ਹਨ। ਸੋਸ਼ਲ ਮੀਡੀਆ ਤੇ ਤੁਲਨਾ (ਸੋਸ਼ਲ ਕੰਪੈਰੀਜ਼ਨ) ਕਾਰਨ ਲੋਕ ਆਪਣੀ ਜ਼ਿੰਦਗੀ ਨੂੰ ਘੱਟ ਵੇਖਦੇ ਹਨ। ਵਾਇਰਲ ਵੀਡੀਓਜ਼, ਚੈਲੰਜ ਅਤੇ ਟ੍ਰੈਂਡਸ ਯੁਵਕਾਂ ਨੂੰ ਇਸ ਤਰ੍ਹਾਂ ਖਿੱਚਦੇ ਹਨ ਕਿ ਉਹ ਅਸਲ ਜੀਵਨ ਤੋਂ ਦੂਰ ਹੋ ਰਹੇ ਹਨ।

ਸਵਾਲ ਇਹ ਹੈ ਕਿ ਇਹ ਜਨੂਨ ਭਾਰਤੀਆਂ ਨੂੰ ਕਿੱਥੇ ਲੈ ਜਾਏਗਾ ? ਮਾਨਸਿਕ ਸਿਹਤ ਦਾ ਵਿਗਾੜ: ਵਧਦੀ ਡਿਪ੍ਰੈਸ਼ਨ ਅਤੇ ਆਤਮਹੱਤਿਆ ਦੀਆਂ ਘਟਨਾਵਾਂ ਤੇ ਸਿੱਖਿਆ ਅਤੇ ਉਤਪਾਦਕਤਾ ਤੇ ਅਸਰ: ਘੱਟ ਧਿਆਨ, ਘੱਟ ਅਕਾਦਮਿਕ ਪ੍ਰਦਰਸ਼ਨ ਅਤੇ ਭਵਿੱਖ ਵਿਚ ਘੱਟ ਉਤਪਾਦਕ ਯੁਵਕ ਵਰਗ। ਸਮਾਜਿਕ ਰਿਸ਼ਤੇ ਆਨਲਾਈਨ ਤੁਲਨਾ ਕਾਰਨ ਅਸਲ ਰਿਸ਼ਤਿਆਂ ਵਿਚ ਦੂਰੀ। ਆਰਥਿਕ ਨੁਕਸਾਨ ਵਿੱਚ ਫੇਕ ਇਨਵੈਸਟਮੈਂਟ ਸਕੀਮਾਂ ਵਿਚ ਫਸਣਾ ਅਤੇ ਬੱਚਤ ਗਵਾਉਣਾ ਹੈ।

ਅੱਜ ਮੱਧ ਵਰਗ ਭਾਰਤੀ ਸਮਾਜ ਤੇ ਇਸ ਦਾ ਬੇਹੱਦ ਖਤਰਨਾਕ ਅਸਰ ਹੈ, ਕਿਉਂਕਿ ਇਹ ਵਰਗ ਡਿਜੀਟਲ ਉਪਕਰਣਾਂ ਤੱਕ ਵਧੇਰੇ ਪਹੁੰਚ ਰੱਖਦਾ ਹੈ ਅਤੇ ਆਪਣੇ ਬੱਚਿਆਂ ਲਈ ਬਿਹਤਰ ਭਵਿੱਖ ਚਾਹੁੰਦਾ ਹੈ, ਪਰ ਐਡਿਕਸ਼ਨ ਉਸ ਭਵਿੱਖ ਨੂੰ ਖਤਰੇ ਵਿਚ ਪਾ ਰਿਹਾ ਹੈ।

ਅੱਜ ਭਵਿੱਖ ਵਿੱਚ ਖਤਰਾ ਵਿਸ਼ੇਸ਼ ਤੌਰ ’ਤੇ ਤਕਨੀਕੀ ਯੁੱਗ ਵਿਚ ਡਿਜੀਟਲ ਨਸ਼ਾ ਅਤੇ ਸਮਾਜਿਕ ਵਿਗਾੜ ਜਦੋਂ ਜਨਰੇਸ਼ਨ ਜ਼ੈਡ ਅਤੇ ਭਾਰਤ ਦੇ ਕਰੋੜਾਂ ਯੁਵਕ ਵਾਇਰਲ ਕੰਟੈਂਟ ਨੂੰ ਨਸ਼ੇ ਵਾਂਗ ਵਰਤਣ ਲੱਗੇ ਹਨ, ਤਾਂ ਇਹ ਭਵਿੱਖ ਵਿਚ ਤਕਨੀਕ ਦੇ ਯੁਗ ਲਈ ਬੇਹਦ ਖਤਰਨਾਕ ਟ੍ਰੈਂਡ ਹੈ। ਐਡਵਾਂਸਡ ਏਆਈ ਐਲਗੋਰਿਦਮ ਯੂਜ਼ਰ ਦੀਆਂ ਕਮਜ਼ੋਰੀਆਂ ਨੂੰ ਹੋਰ ਬਿਹਤਰ ਤਰੀਕੇ ਨਾਲ ਟਾਰਗੇਟ ਕਰਨਗੇ। ਅੱਜ ਡੀਪ ਫੇਕ ਵੀਡੀਓਜ਼, ਏਆਈ ਤੋਂ ਬਣੀਆਂ ਗਲਤ ਸਲਾਹਾਂ ਅਤੇ ਵਰਚੁਅਲ ਰਿਐਲਿਟੀ ਵਿਚ ਡੂੰਘੀ ਐਡਿਕਸ਼ਨ ਆਮ ਹੋ ਸਕਦੀ ਹੈ।ਪ੍ਰਾਈਵੇਸੀ ਖਤਰਾ ਹੋਰ ਵਧੇਗਾ। ਕਿਉਂਕਿ ਏਆਈ ਤੁਹਾਡੀਆਂ ਭਾਵਨਾਵਾਂ, ਵਿਚਾਰ ਅਤੇ ਭਵਿੱਖੀ ਵਿਵਹਾਰ ਦੀ ਭਵਿੱਖਬਾਣੀ ਕਰ ਸਕਦਾ ਹੈ। ਕਾਰਪੋਰੇਟ ਇਸ ਡਾਟੇ ਨੂੰ ਹੋਰ ਵਧੀਆ ਤਰੀਕੇ ਨਾਲ ਵਰਤ ਕੇ ਲੋਕਾਂ ਨੂੰ ਨਿਯੰਤਰਿਤ ਕਰ ਸਕਦੀਆਂ ਹਨ।

ਅੱਜ ਭਾਰਤ ਵਿਚ ਮੱਧ ਵਰਗ ਇਸ ਲਈ ਸਭ ਤੋਂ ਵੱਧ ਖਤਰੇ ਵਿਚ ਹੈ, ਕਿਉਂਕਿ ਉਹ ਆਰਥਿਕ ਤੌਰ ’ਤੇ ਮਜ਼ਬੂਤ ਹੋ ਰਿਹਾ ਹੈ ਪਰ ਮਾਨਸਿਕ ਤੌਰ ’ਤੇ ਕਮਜ਼ੋਰ ਹੋ ਰਿਹਾ ਹੈ।ਸਰਕਾਰ ਅਤੇ ਸਮਾਜ ਨੂੰ ਇਸ ਤੋਂ ਬਚਾਅ ਲਈ ਤੁਰੰਤ ਕਦਮ ਚੁੱਕਣੇ ਚਾਹੀਦੇ ਹਨ:ਯੂਟਿਊਬਰਾਂ ਲਈ ਰਜਿਸਟ੍ਰੇਸ਼ਨ ਅਤੇ ਯੋਗਤਾ ਦੀ ਲੋੜ।

ਐਲਗੋਰਿਦਮ ਵਿਚ ਸੁਧਾਰ ਤਾਕਿ ਗਲਤ ਕੰਟੈਂਟ ਨੂੰ ਘੱਟ ਪ੍ਰਮੋਟ ਕੀਤਾ ਜਾਵੇ। ਡਿਜੀਟਲ ਵੈਲਨੈਸ ਐਜੂਕੇਸ਼ਨ ਸਕੂਲਾਂ ਅਤੇ ਕਾਲਜਾਂ ਵਿਚ ਲਾਜ਼ਮੀ ਬਣਾਉਣਾ। DPDPA ਨੂੰ ਸਖ਼ਤੀ ਨਾਲ ਲਾਗੂ ਕਰਨਾ ਅਤੇ ਡਾਟਾ ਲੋਕਲਾਈਜ਼ੇਸ਼ਨ ਤੇ ਧਿਆਨ। ਉਮਰ-ਆਧਾਰਿਤ ਪਾਬੰਦੀਆਂ (ਜਿਵੇਂ ਆਰਥਿਕ ਸਰਵੇਖਣ 2026 ਵਿਚ ਸੁਝਾਇਆ ਗਿਆ)।

ਅੱਜ ਜਾਗਰੂਕਤਾ ਅਤੇ ਜਵਾਬਦੇਹੀ ਦੀ ਲੋੜ ਯੂਟਿਊਬ ਦੇ 50 ਕਰੋੜ ਯੂਜ਼ਰ ਅਤੇ ਢਾਈ ਕਰੋੜ ਚੈਨਲ ਇੱਕ ਵੱਡੀ ਤਾਕਤ ਹਨ, ਪਰ ਇਸ ਤਾਕਤ ਤੋਂ ਬਿਨਾਂ ਜਵਾਬਦੇਹੀ ਦੇ ਖਤਰਾ ਵੀ ਬਹੁਤ ਵੱਡਾ ਹੈ। ਭਾਰਤੀ ਲੋਕਾਂ, ਖਾਸ ਕਰ ਯੁਵਕਾਂ ਅਤੇ ਮੱਧ ਵਰਗ ਲਈ ਇਹ ਡਿਜੀਟਲ ਨਸ਼ਾ ਭਵਿੱਖ ਨੂੰ ਖਤਰੇ ਵਿਚ ਪਾ ਰਿਹਾ ਹੈ। ਡਾਟਾ ਪ੍ਰਾਈਵੇਸੀ ਦੀ ਲੁੱਟ ਅਤੇ ਗਲਤ ਸਲਾਹ ਦੇ ਕਾਰਨਾਮੇ ਲੋਕਾਂ ਨੂੰ ਆਪਣੀ ਆਜ਼ਾਦੀ ਅਤੇ ਸੁਰੱਖਿਆ ਤੋਂ ਵਾਂਝਾ ਕਰ ਰਹੇ ਹਨ।

ਅੱਜ ਸਮਾਂ ਆ ਗਿਆ ਹੈ ਕਿ ਅਸੀਂ ਆਪਣੀਆਂ ਆਦਤਾਂ ਬਦਲੀਏ, ਸਰਕਾਰ ਸਖ਼ਤ ਨਿਯਮ ਲਾਗੂ ਕਰੇ ਅਤੇ ਕਾਰਪੋਰੇਟਾਂ ਨੂੰ ਜਵਾਬਦੇਹ ਬਣਾਇਏ। ਨਹੀਂ ਤਾਂ ਇਹ ਵਾਇਰਲ ਜਨੂਨ ਭਾਰਤੀ ਸਮਾਜ ਨੂੰ ਇੱਕ ਅਜਿਹੀ ਥਾਂ ਲੈ ਜਾਵੇਗਾ ਜਿੱਥੇ ਅਸਲੀਅਤ ਤੋਂ ਵੱਧ ਡਿਜੀਟਲ ਭਰਮ ਹੀ ਰਾਜ ਕਰੇਗਾ। ਜਾਗੋ, ਚੈੱਕ ਕਰੋ ਅਤੇ ਸੁਰੱਖਿਅਤ ਰਹੋ — ਇਹ ਤੁਹਾਡੀ ਜਾਨ, ਬੱਚਤ ਅਤੇ ਭਵਿੱਖ ਦਾ ਸਵਾਲ ਹੈ।

# ਵਿਦਿਆਰਥੀਆਂ ਨੂੰ ਤਣਾਅ: ਕਿਵੇਂ ਘਟੇ ਚਿੰਤਾ ਅਤੇ ਖ਼ਤਮ ਹੋਵੇ ਸ਼ੋਸਲ ਮੀਡੀਆ ਦੀ ਆਦਤ



ਦਿਨੇਸ਼ ਕੁਮਾਰ
ਲੈਕਚਰਾਰ ਫ਼ਿਜ਼ਿਕਸ
ਸ. ਵਿਕਟੋਰੀਆ ਕੰਨਿਆ ਸੀਨੀ. ਸੈਕੰ. ਸਕੂਲ, ਪਟਿਆਲਾ



ਸਤਨਾਮ ਸਿੰਘ
ਸਰਕਾਰੀ ਪ੍ਰਾਇਮਰੀ ਸਕੂਲ ਜਾਤੀਵਾਲ,
ਬਲਾਕ ਭਾਦਸੋਂ 2
ਪਟਿਆਲਾ

ਅਜੋਕਾ ਸਮਾਜ ਇੱਕ ਦੌੜ ਦਾ ਹਿੱਸਾ ਬਣ ਰਿਹਾ ਹੈ.ਇਹ ਦੌੜ ਹੈ ਇੱਕ ਦੂਜੇ ਤੋਂ ਅੱਗੇ ਲੰਘਣ ਦੀ, ਵੱਧ ਤੋਂ ਵੱਧ ਪਦਾਰਥ ਇੱਕਠੇ ਕਰਨ ਦੀ, ਵੱਧ ਤੋਂ ਵੱਧ ਸਹੂਲਤਾਂ ਇੱਕਠੀਆਂ ਕਰਨ ਦੀ, ਵੱਧ ਤੋਂ ਵੱਧ ਧਨ ਕਮਾਉਣ ਦੀ. ਮਾਪੇ ਚਾਹੁੰਦੇ ਹਨ ਕਿ ਜੋ ਤੰਗੀ ਉਹਨਾਂ ਨੇ ਆਪਣੇ ਜੀਵਨ ਵਿੱਚ ਕੱਟੀ ਹੈ, ਉਹਨਾਂ ਦੇ ਬੱਚੇ ਉਹ ਨਾ ਦੇਖਣ. ਇਸ ਲਈ ਉਹ ਆਪਣੇ ਬੱਚੇ ਨੂੰ ਵਧੀਆ ਤੋਂ ਵਧੀਆ ਸਕੂਲਾਂ ਵਿੱਚ ਦਾਖਲ ਕਰਵਾ ਕੇ, ਮੋਟੀਆਂ ਫੀਸਾਂ ਦੇ ਕੇ, ਚੰਗੇ ਕੋਚਿੰਗ ਸੈਂਟਰਾਂ ਵਿੱਚ ਪੜ੍ਹਾ ਕੇ,ਇੱਕ ਚੰਗਾ ਕੋਰਸ ਕਰਵਾ ਕੇ ਉਹਨਾਂ ਨੂੰ ਉੱਚੀਆਂ ਪਦਵੀਆਂ ਉੱਤੇ ਦੇਖਣਾ ਚਾਹੁੰਦੇ ਹਨ. ਇਹ ਸਭ ਕੁੱਝ ਹਾਸਿਲ ਕਰਨ ਲਈ ਜਿੱਥੇ ਉਹ ਆਪ ਦਿਨ ਰਾਤ ਮਿਹਨਤ ਕਰਕੇ ਪੈਸਾ ਕਮਾਉਣ ਲਈ ਲੱਗੇ ਹਨ, ਉੱਥੇ ਆਪਣੇ ਬੱਚਿਆਂ ਉਪਰ ਵੀ ਵੱਧ ਤੋਂ ਵੱਧ ਅੰਕ ਲੈ ਕੇ ਪਾਸ ਹੋਣ ਦਾ ਦਬਾਅ ਪਾ ਰਹੇ ਹਨ. ਹਰ ਬੱਚੇ ਦਾ ਜ਼੍ਹ, ਵੱਖਰਾ ਹੈ. ਉਸਦੇ ਸਿੱਖਣ ਦੀ ਸਮਰੱਥਾ ਅਤੇ ਗਤੀ ਅੱਲਗ ਹੈ. ਸਾਰੇ ਬੱਚੇ ਇੱਕੋ ਜਿਹੇ ਨਹੀਂ ਹੁੰਦੇ. ਉਹਨਾਂ ਦੇ ਵਿਚਾਰ, ਰੁਚੀਆਂ ਵੱਖਰੀਆਂ ਵੱਖਰੀਆਂ ਹੁੰਦੀਆਂ ਹਨ. ਕਈ ਬੱਚੇ ਚੰਗੇ ਕਵੀ, ਪੇਂਟਰ, ਅਦਾਕਾਰ, ਗੀਤਕਾਰ, ਗਾਇਕ, ਖਿਡਾਰੀ, ਸਾਇੰਸਦਾਨ, ਲੇਖਕ ਆਦਿ ਬਣ ਸਕਦੇ ਹਨ. ਬੱਚੇ ਨੂੰ ਉਸਦੀਆਂ ਰੂਚੀਆਂ ਅਨੁਸਾਰ ਅੱਗੇ ਵੱਧਣ ਦੇ ਮੌਕੇ ਦਿੱਤੇ ਜਾਣ ਤਾਂ ਉਹ ਜਿਆਦਾ ਤਰੱਕੀ ਕਰ ਸਕਦਾ ਹੈ ਪਰੰਤੂ ਅੱਜ ਕੱਲ ਇਸਤੋਂ ਉੱਲਟ ਹੋ ਰਿਹਾ ਹੈ.ਹਰ ਬੱਚੇ ਨੂੰ ਵੱਧ ਤੋਂ ਵੱਧ ਅੰਕ ਪ੍ਰਾਪਤ ਕਰਨ ਲਈ ਦਬਾਅ ਪਾਇਆ ਜਾ ਰਿਹਾ ਹੈ. ਉਸ ਦੀਆਂ ਰੂਚੀਆਂ ਵਿਚਾਰਾਂ ਦੀ ਕਦਰ ਨਹੀ ਕੀਤੀ ਜਾਂ ਰਹੀ. ਕਈ ਵਾਰ ਤਾਂ ਬੱਚੇ ਇੰਨਾ ਦਬਾਅ ਮਹਿਸੂਸ ਕਰਦੇ ਹਨ ਕਿ ਉਹ ਆਤਮ ਹੱਤਿਆ ਵੀ ਕਰ ਜਾਂਦੇ ਹਨ.ਅਸੀਂ ਅਖਬਾਰਾਂ ਵਿੱਚ ਪੜ੍ਹਦੇ ਹਾਂ ਕਿ ਕਿਸੇ ਵਿਦਿਆਰਥੀ ਨੇ ਇਸ ਕਰਕੇ ਆਤਮ ਹੱਤਿਆ ਕਰ ਲਈ ਕਿ ਉਹ ਕਿਸੇ ਮੁਕਾਬਲੇ ਦੇ ਇਮਤਿਹਾਨ ਵਿੱਚ ਪਾਸ ਨਹੀਂ ਹੋ ਸਕਿਆ. ਇਹ ਬਹੁਤ ਮਾੜੀ ਪ੍ਰਵਿਰਤੀ ਹੈ.

ਅਧਿਆਪਕਾਂ ਅਤੇ ਮਾਪਿਆਂ ਦਾ ਫਰਜ਼ ਹੈ ਕਿ ਉਹ ਸਭ ਤੋਂ ਪਹਿਲਾਂ ਵਿਦਿਆਰਥੀਆਂ ਦੀਆਂ ਭਾਵਨਾਵਾਂ ਅਤੇ ਉਹਨਾਂ ਦੀ ਰੂਚੀਆਂ ਦਾ ਸਤਿਕਾਰ ਕਰੇ. ਵਿਦਿਆਰਥੀਆਂ ਨੂੰ ਜਮਾਤ ਦੇ ਕਮਰੇ ਵਿੱਚ ਪੂਰਨ ਅਜ਼ਾਦੀ ਦਿੱਤੀ ਜਾਵੇ ਤਾਂ ਜੋ ਆਪਣੀ ਗੱਲ ਸੁੰਤਤਰਤਾ ਪੂਰਵਕ ਰੱਖ ਸਕੇ. ਉਸਦੇ ਮਨ ਦੇ ਸੰਦੇਹ ਦੂਰ ਹੋ ਸਕਣ ਉਹ ਸਕੂਲ ਆਉਣ ਤੋਂ ਨਾ ਡਰੇ ਅਤੇ ਨਾ ਹੀ ਪੜ੍ਹਾਈ ਨੂੰ ਬੋਝ ਸਮਝੇ. ਮਾਤਾ ਪਿਤਾ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚੇ ਨੂੰ ਉਤਸਾਹਿਤ ਵੀ ਕਰਨ ਅਤੇ ਉਸ ਨਾਲ ਹਮਦਰਦੀ ਭਰੇ ਸ਼ਬਦ ਬੋਲਣ. ਉਸਨੂੰ ਵੱਧ ਤੋਂ ਵੱਧ ਅੰਕ ਪ੍ਰਾਪਤ ਕਰਨ ਦੀ ਦਬਾਅ ਨਾ ਪਾਉਣ ਸਗੋਂ ਉਸ ਨੂੰ ਇਹ ਅਹਿਸਾਸ ਕਰਵਾਉਣ ਕਿ ਉਹ ਜੋ ਕਰ ਰਿਹਾ ਹੈ ਵਧੀਆ ਕਰ ਰਿਹਾ ਹੈ. ਉਹ ਹੋਰ ਵਧੀਆ ਕਰ ਸਕਦਾ ਹੈ ਉਸ ਵਿੱਚ ਬਹੁਤ ਹੁਨਰ ਹੈ.ਉਸਨੂੰ ਦੁਰਕਾਰਨ ਦੀ ਬਜਾਏ ਪ੍ਰਸ਼ੰਸਾ ਭਰੇ ਸ਼ਬਦ ਬੋਲੇ ਜਾਣ ਤਾਂ ਜੋ ਬੱਚਾ ਘਰ ਵਿੱਚ ਘੁਟਣ ਮਹਿਸੂਸ ਨਾ ਕਰੇ. ਜਦੋਂ ਬੱਚੇ ਨੂੰ ਮਾਪੇ ਅਤੇ ਅਧਿਆਪਕ ਉਤਸਾਹਿਤ ਕਰਦੇ ਹਨ ਤਾਂ ਉਹ ਦੁੱਗਣੀ ਤਾਕਤ ਨਾਲ ਕੰਮ ਕਰਦਾ ਹੈ. ਕਿਸੇ ਵਿਦਵਾਨ ਨੇ ਬਹੁਤ ਵਧੀਆ ਕਿਹਾ ਹੈ ਕਿ ਵਿਦਿਆਰਥੀ ਉਸ ਸਮੇ ਸਭ ਤੋਂ ਵਧੀਆ ਸਿੱਖਦਾ ਹੈ, ਜਦੋਂ ਵਿਦਿਆਰਥੀ ਨੂੰ ਇਹ ਅਹਿਸਾਸ ਹੋਵੇ ਕਿ ਅਧਿਆਪਕ ਮੈਨੂੰ ਪੰਸਦ ਕਰਦਾ ਹੈ ਅਤੇ ਮੇਰੇ ਕੰਮ ਤੋਂ ਖੁਸ਼ ਹੈ ਵਿਦਿਆਰਥੀਆਂ ਦਾ ਤਣਾਅ ਘਟਾਅ ਕੇ ਅਸੀਂ ਉਸਦੀਆਂ ਪ੍ਰਾਪਤੀਆਂ ਨੂੰ ਨਿਖਾਰ ਸਕਦੇ ਹਾਂ.

ਵਿਦਿਆਰਥੀਆਂ ਦੀ ਚਿੰਤਾ ਦੂਰ ਦਰਨ ਲਈ ਮਾਪੇ ਅਤੇ ਅਧਿਆਪਕ ਉਹਨਾਂ ਨਾਲ ਸਮੇਂ ਸਮੇਂ ਤੇ ਗੱਲਬਾਤ ਰਾਹੀਂ, ਵਿਚਾਰਾਂ ਦੇ ਆਦਾਨ ਪ੍ਰਦਾਨ ਰਾਹੀਂ ਗੱਰੁਪ ਬਣਾ ਕੇ, ਵਧੀਆ ਵਿਦਵਾਨਾਂ ਦੇ ਭਾਸ਼ਣਾਂ ਰਾਹੀਂ ਯਤਨ ਕਰ ਸਕਦੇ ਹਨ. ਵਿਦਿਆਰਥੀਆਂ ਨੂੰ ਇਹ ਅਹਿਸਾਸ ਦਿਲਾਇਆ ਜਾਵੇ ਕਿ ਜੀਵਨ ਵਿੱਚ ਕੋਈ ਵੀ ਟੀਚਾ ਅੰਤਿਮ ਨਹੀਂ ਹੈ. ਸਾਰੀ ਉਮਰ ਕੋਸ਼ਿਸ ਚਲਦੀ ਰਹਿੰਦੀ ਹੈ. ਇੱਕ ਵਾਰ ਅਸਫਲ ਹੋਇਆ ਵਿਅਕਤੀ ਹਮੇਸ਼ਾ ਅਸਫਲ ਨਹੀਂ ਹੁੰਦਾ. ਸਫਲਤਾ ਅਤੇ ਅਸਫਲਤਾ ਜੀਵਨ ਦੇ ਦੋ ਪਹਿਲੂ ਹਨ. ਇਹ ਜੀਵਨ ਭਰ ਚਲਦੀ ਰਹਿੰਦੀ ਹੈ. ਵਿਦਿਆਰਥੀਆਂ ਨੂੰ ਮਹਾਨ ਵਿਗਿਆਨੀਆਂ ਦੀਆਂ ਜੀਵਨੀਆਂ ਸੁਣਾ ਕੇ ਦੱਸਿਆ ਜਾ ਸਕਦਾ ਹੈ ਕਿ ਉਹ ਵੀ ਜੀਵਨ ਵਿੱਚ ਕਈ ਵਾਰ ਅਸਫਲਤਾਵਾਂ ਤੋਂ ਬਾਅਦ ਸਫਲ ਹੋਏ ਸਨ. ਦੁਨੀਆਂ ਉਹਨਾਂ ਨੂੰ ਵੀ ਤਾਹਨੇ ਮਾਰਦੀ ਸੀ ਪਰ ਬਾਅਦ ਵਿੱਚ ਸਾਰੀ ਦੁਨੀਆਂ ਉਹਨਾਂ ਨੂੰ ਮੰਨਣ ਲੱਗ ਪਈ ਮਨੁੱਖ ਨੂੰ ਹਮੇਸ਼ਾ ਆਪਣੇ ਆਪ ਤੇ ਭਰੋਸਾ ਰੱਖਣਾ ਚਾਹੀਦਾ ਹੈ.ਸਫਲਤਾ ਹਮੇਸ਼ਾ ਉਹਨਾਂ ਨੂੰ ਮਿਲਦੀ ਹੈ ਜੋ ਕਦੇ ਹਾਰ ਨਹੀਂ ਮੰਨਦੇ.

ਬੱਚਿਆਂ ਨੂੰ ਅੱਜ ਕਲ ਸੋਸ਼ਲ ਮੀਡੀਆ ਨੇ ਆਪਣੇ ਪੰਜੇ ਵਿੱਚ ਜਕੜ ਰੱਖਿਆ ਹੈ. ਜਿਹੜੇ ਘਰਾਂ ਵਿੱਚ ਮਾਤਾ ਪਿਤਾ ਬੱਚਿਆਂ ਦੇ ਸਾਹਮਣੇ ਮੋਬਾਇਲ ਉਪਰ ਸਮਾਂ ਬਿਤਾਉਂਦੇ ਹਨ. ਉਹਨਾਂ ਘਰਾਂ ਵਿੱਚ ਬੱਚੇ ਵੀ ਮੋਬਾਇਲ ਦੇਖਣ ਦੇ ਆਦੀ ਹੋ ਜਾਂਦੇ ਹਨ. ਜਦੋਂ ਬੱਚੇ ਛੋਟੇ ਹੁੰਦੇ ਹਨ ਤਾਂ ਮਾਵਾਂ ਕੰਮ ਕਰਨ ਸਮੇਂ ਬੱਚੇ ਨੂੰ ਮੋਬਾਇਲ ਫੋਨ ਉਤੇ ਕਾਰਟੂਨ ਲਗਾ ਕੇ ਫੜਾ ਦਿੰਦੀਆਂ ਹਨ ਤਾਂ ਜੋ ਬੱਚਾ ਮੋਬਾਇਲ ਵਿੱਚ ਰੁਝਿਆ ਰਹੇ ਅਤੇ ਉਸਨੂੰ ਕੰਮ ਕਰਨ ਵੇਲੇ ਤੰਗ ਨਾ ਕਰੇ. ਇਸਤਰਾਂ ਹੌਲੀ ਹੌਲੀ ਬੱਚਾ ਮੋਬਾਇਲ ਦਾ ਆਦੀ ਹੋ ਜਾਂਦਾ ਹੈ. ਜਿਹੜੇ ਘਰਾਂ ਵਿੱਚ ਮਾਤਾ ਪਿਤਾ ਦੋਵੇ ਨੌਕਰੀ ਪੇਸ਼ਾ ਹਨ ਉੱਥੇ ਉਹ ਬੱਚਿਆਂ ਨੂੰ ਸਮਾਂ ਨਹੀਂ ਦੇ ਪਾਉਂਦੇ. ਬੱਚਿਆ ਨਾਲ ਗੱਲਬਾਤ ਘੱਟ ਕਰਦੇ ਹਨ ਅਤੇ ਇੱਕਠੇ ਘੱਟ ਬੈਠਦੇ ਹਨ.

ਉਹਨਾਂ ਘਰਾਂ ਵਿੱਚ ਜਿੱਥੇ ਹਰ ਮੈਂਬਰ ਦਾ ਆਪਣਾ ਕਮਰਾ ਹੈ, ਉੱਥੇ ਆਪਸੀ ਗੱਲਬਾਤ ਘੱਟ ਹੁੰਦੀ ਹੈ. ਬੱਚੇ ਆਪਣੇ ਕਮਰੇ ਵਿੱਚ ਬੈਠੇ ਰਹਿੰਦੇ ਹਨ. ਕਈ ਵਾਰ ਤਾਂ ਰੋਟੀ ਵੀ ਅਪਣੇ ਆਪਣੇ ਕਮਰੇ ਵਿੱਚ ਹੀ ਖਾਧੀ ਜਾਂਦੀ ਹੈ ਅਜਿਹੇ ਮਾਹੌਲ ਵਿੱਚ ਬੱਚਾ ਆਪਣੇ ਮਨ ਦੇ ਭਾਵ ਪ੍ਰਗਟ ਨਹੀਂ ਕਰ ਪਾਉਂਦਾ. ਉਸਦੀ ਗੱਲ ਕੋਈ ਨਹੀਂ ਸੁਣਦਾ. ਇਥੋਂ ਖੁੱਲਦਾ ਹੈ ਬੱਚੇ ਦੇ ਜੀਵਨ ਵਿੱਚ ਸੋਸ਼ਲ ਮੀਡੀਆ ਦਾ ਦਰਵਾਜ਼ਾ. ਇਸ ਦਰਵਾਜ਼ੇ ਵਿੱਚ ਜਦੋਂ ਬੱਚਾ ਦਾਖਲ ਹੁੰਦਾ ਹੈ ਤਾਂ ਉਹ ਫਿਰ ਮੁੜ ਕੇ ਵਾਪਿਸ ਨਹੀਂ ਜਾ ਸਕਦਾ. ਸ਼ੋਸਲ ਮੀਡੀਆ ਜਿਵੇਂ ਫੇਸ ਬੁੱਕ, ਟੱਵੀਟਰ, ਐਕਸ, ਇੰਸਟਾਗ੍ਰਾਮ ਆਦਿ ਇਹ ਝੂਠ ਅਤੇ ਫਰੇਬ ਦੀ ਦੁਨੀਆ ਆਪਣੀ ਪਛਾਣ ਵੀ ਗੁਆ ਲੈਂਦਾ ਹੈ. ਭਰਮ ਦੀ ਦੁਨੀਆ ਵਿੱਚ ਬੱਚਾ ਝੂਠੇ ਰਿਸ਼ਤਿਆ ਦੀ ਦਲਦਲ ਵਿੱਚ ਧੱਸਦਾ ਜਾਂਦਾ ਹੈ. ਉਹ ਆਪਣੇ ਅਸਲੀ ਰਿਸ਼ਤਿਆ ਜਿਵੇਂ ਮਾਤਾ ਪਿਤਾ, ਭੈਣ ਭਰਾ, ਦਾਦਾ ਦਾਦੀ ਆਦਿ ਤੋਂ ਦੂਰ ਹੁੰਦਾ ਜਾਂਦਾ ਹੈ. ਸੋਸ਼ਲ ਮੀਡੀਆ ਉਪਰ ਕਈ ਤਰ੍ਹਾਂ ਦੇ ਧੋਖੇ ਵੀ ਹੁੰਦੇ ਹਨ. ਜਿਸ ਕਾਰਨ ਬੱਚੇ ਕਈ ਵਾਰ ਮੁਸੀਬਤ ਵਿੱਚ ਵੀ ਫਸ ਜਾਂਦੇ ਹਨ.

ਸ਼ੋਸਲ ਮੀਡੀਆ ਦੇ ਪ੍ਰਭਾਵ ਤੋਂ ਬਚਣ ਲਈ ਮਾਪੇ ਅਤੇ ਅਧਿਆਪਕਾਂ ਨੂੰ ਚਾਹੀਦਾ ਹੈ ਕਿ ਬੱਚਿਆਂ ਨੂੰ ਸਰੀਰਕ ਕਸਰਤ, ਯੋਗਾ, ਖੇਡਾਂ ਵਿੱਚ ਰੂਚੀ ਜਾਗਰਿਤ ਕਰਨ. ਬੱਚਿਆਂ ਨੂੰ ਸਵੇਰ ਦੀ ਸੈਰ, ਸ਼ਾਮ ਦੀ ਸੈਰ ਖੇਡਾਂ ਜਿਵੇਂ ਬੈਡਮਿੰਟਨ, ਵਾਲੀਵਾਲ, ਫੁੱਟਬਾਲ, ਕ੍ਰਿਕਟ ਆਦਿ ਵਿੱਚ ਰੂਚੀ ਪੈਦਾ ਕੀਤੀ ਜਾਵੇ ਤਾਂ ਜੋ ਉਹ ਆਪਣਾ ਵਿਹਲਾ ਸਮਾਂ ਮੋਬਾਇਲ ਉੱਪਰ ਬਤੀਤ ਕਰਨ ਦੀ ਬਜਾਏ ਖੇਡਾਂ ਖੇਡਣ ਵਿੱਚ ਬਤੀਤ ਕਰਨ. ਵਿਦਿਆਰਥੀਆਂ ਨੂੰ ਜਿੰਮ ਜਾਣ ਲਈ ਵੀ ਪ੍ਰੇਰਿਤ ਕੀਤਾ ਜਾ ਸਕਦਾ ਹੈ ਬੱਚਿਆਂ ਵਿੱਚ ਰੂਚੀ ਪੈਦਾ ਕਰਨ ਲਈ ਅਧਿਆਪਕ ਅਤੇ ਮਾਪੇ ਆਪ ਵੀ ਕਸਰਤ ਕਰਨ ਅਤੇ ਖੇਡਾਂ ਵਿੱਚ ਭਾਗ ਲੈ ਸਕਦੇ ਹਨ.

ਅੰਤ ਵਿੱਚ ਅਸੀਂ ਕਹਿ ਸਕਦੇ ਹਾਂ ਕਿ ਵਿਦਿਆਰਥੀਆਂ ਦੀ ਚਿੰਤਾ, ਬੇਚੈਨੀ ਦੂਰ ਕਰਨਾ ਅਧਿਆਪਕਾਂ ਅਤੇ ਮਾਪਿਆ ਦਾ ਪਹਿਲਾ ਫਰਜ਼ ਹੈ.ਵਿਦਿਆਰਥੀਆਂ ਨੂੰ ਉਹਨਾਂ ਦੀ ਰੂਚੀਆ ਅਤੇ ਯੋਗਤਾਵਾਂ ਅਨੁਸਾਰ ਅੱਗੇ ਵੱਧਣ ਲਈ ਉਤਸਾਹਿਤ ਕਰਨ ਉਹਨਾਂ ਉੱਪਰ ਵੱਧ ਤੋਂ ਵੱਧ ਅੰਕ ਪ੍ਰਾਪਤ ਕਰਨ ਲਈ ਵਾਧੂ ਬੋਝ ਨਾ ਪਾਇਆ ਜਾਵੇ. ਕਿਉਂਕਿ ਹਰੇਕ ਵਿਦਿਆਰਥੀ ਦੀਆਂ ਵੱਖਰੀਆਂ-ਵੱਖਰੀਆਂ ਰੁਚੀਆਂ, ਜ਼੍ਹ. ਅਤੇ ਯੋਗਤਾਵਾਂ ਹੁੰਦੀਆ ਹਨ. ਹਰੇਕ ਬੱਚੇ ਨੇ ਆਪਣੀ ਗਤੀ ਨਾਲ ਚਲਣਾ ਹੁੰਦਾ ਹੈ ਅਤੇ ਆਪਣੀਆਂ ਰੂਚੀਆ ਅਨੁਸਾਰ ਹੀ ਵੱਧ ਤੋਂ ਵੱਧ ਤਰੱਕੀ ਕਰ ਸਕਦਾ ਹੈ.ਇਸੇ ਤਰ੍ਹਾ ਸੋਸ਼ਲ ਮੀਡੀਆ ਦੇ ਚੁੰਗਲ ਵਿੱਚੋ ਬੱਚਿਆਂ ਨੂੰ ਕੱਢਣ ਲਈ ਖੇਡਾਂ ਬਹੁਤ ਵਧੀਆ ਸਾਧਨ ਸਿੱਧ ਹੋ ਸਕਦੀਆਂ ਹਨ. ਖੇਡਾਂ ਨਾਲ ਜਿੱਥੇ ਬੱਚੇ ਸਰੀਰਕ ਤੌਰ ਤੇ ਮਜ਼ਬੂਤ ਹੋਣਗੇ ਉੱਥੇ ਸ਼ੋਸਲ ਮੀਡੀਆ ਦੇ ਮਾੜੇ ਪ੍ਰਭਾਵਾਂ ਤੋਂ ਵੀ ਬਚੇ ਰਹਿਣਗੇ. ਇਸ ਲਈ ਮਾਪੇ ਅਤੇ ਅਧਿਆਪਕ ਮਿਲ ਕੇ ਬੱਚਿਆਂ ਨੂੰ ਚਿੰਤਾ ਤਣਾਅ ਤੋਂ ਮੁਕਤ ਕਰਕੇ ਇੱਕ ਚੰਗਾ ਨਾਗਰਿਕ ਬਣਾ ਸਕਦੇ ਹਨ.

ਇਸੇ ਤਰ੍ਹਾਂ ਸ਼ੋਸਲ ਮੀਡੀਆ ਦੇ ਮਾੜੇ ਪ੍ਰਭਾਵ ਤੋਂ ਬਚਾਅ ਕੇ ਖੇਡਾ ਵੱਚ ਰੂਚੀ ਪੈਦਾ ਕਰਕੇ ਬੱਚਿਆਂ ਨੂੰ ਸਰੀਰਕ ਤੌਰ ਤੇ ਮਜ਼ਬੂਤ ਕੀਤਾ ਜਾ ਸਕਦਾ ਹੈ.

# ਨਕਸਲਵਾਦ ’ਤੇ ਨਿਰਣਾਇਕ ਹਮਲਾ: ਆਤਮ-ਸਮਰਪਣ, ਗ੍ਰਿਫ਼ਤਾਰੀਆਂ ਅਤੇ ਵਿਕਾਸ ਨਾਲ ਬਦਲੀ ਤਸਵੀਰ



ਸ਼ਸ਼ੀਕਾਂਤ ਉਪਾਧਿਆਏ

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਦੀ ਰਣਨੀਤਕ ਅਗਵਾਈ, ਸਪੱਸ਼ਟ ਨੀਤੀ ਅਤੇ ਬਹੁ-ਪੱਧਰੀ ਪਹੁੰਚ ਸਦਕਾ ਦੇਸ਼ ਵਿੱਚ ਨਕਸਲਵਾਦ ਦਾ ਖਾਤਮਾ ਹੋ ਗਿਆ ਹੈ। ਉਨ੍ਹਾਂ ਨੇ 31 ਮਾਰਚ, 2026 ਦੀ ਤਾਰੀਖ ਤੈਅ ਕੀਤੀ ਸੀ ਅਤੇ 30 ਮਾਰਚ ਨੂੰ ਹੀ ਸੰਸਦ ਵਿੱਚ ਆਪਣੇ ਬਿਆਨ ਰਾਹੀਂ ਪੂਰੇ ਦੇਸ਼ ਨੂੰ ਸੁਖਦ ਸੂਚਨਾ ਦਿੱਤੀ ਕਿ ਦੇਸ਼ ਹੁਣ ਨਕਸਲਵਾਦ ਦੇ ਦੰਸ਼ ਤੋਂ ਮੁਕਤ ਹੋ ਗਿਆ ਹੈ।

ਕੇਂਦਰ ਸਰਕਾਰ ਅਤੇ ਛੱਤੀਸਗੜ੍ਹ ਸਰਕਾਰ ਦੀਆਂ ਨੀਤੀਆਂ ਅਤੇ ਆਪਸੀ ਤਾਲਮੇਲ ਨਾਲ ਸੁਰੱਖਿਆ, ਵਿਕਾਸ ਅਤੇ ਮੁੜ-ਵਸੇਬੇ ਨੂੰ ਨਾਲ ਲੈ ਕੇ ਚੱਲਣ ਦੀ ਉਨ੍ਹਾਂ ਦੀ ਰਣਨੀਤੀ ਨੇ ਜ਼ਮੀਨੀ ਪੱਧਰ ’ਤੇ ਠੋਸ ਨਤੀਜੇ ਦਿੱਤੇ ਹਨ। ਕਰਮਵਾਰ ਤਰੀਕੇ ਨਾਲ ਹਿੰਸਾ ਵਿੱਚ ਇਤਿਹਾਸਕ ਗਿਰਾਵਟ ਆਈ ਹੈ, ਜਦਕਿ ਆਤਮ-ਸਮਰਪਣ ਅਤੇ ਗ੍ਰਿਫਤਾਰੀਆਂ ਦੇ ਅੰਕੜਿਆਂ ਵਿੱਚ ਭਾਰੀ ਵਾਧਾ ਦਰਜ ਕੀਤਾ ਗਿਆ ਹੈ। ਅੰਕੜਿਆਂ ਅਨੁਸਾਰ, ਸਾਲ 2010 ਦੇ ਉੱਚ ਪੱਧਰ ਦੀ ਤੁਲਨਾ ਵਿੱਚ 2024 ਤੱਕ ਨਕਸਲੀ ਘਟਨਾਵਾਂ ਵਿੱਚ ਲਗਭਗ *80 ਫੀਸਦੀ* ਅਤੇ ਮੌਤਾਂ ਵਿੱਚ ਕਰੀਬ 85 ਫੀਸਦੀ ਦੀ ਕਮੀ ਆਈ ਹੈ। ਨਕਸਲ ਪ੍ਰਭਾਵਿਤ ਜ਼ਿਲ੍ਹਿਆਂ ਦੀ ਗਿਣਤੀ ਵੀ 126 ਤੋਂ ਘਟ ਕੇ ਸਿਰਫ਼ 38 ਰਹਿ ਗਈ ਹੈ। ਇਹ ਤਬਦੀਲੀ ਕਿਸੇ ਇੱਕ ਪਹਿਲ ਦਾ ਨਤੀਜਾ ਨਹੀਂ, ਸਗੋਂ ਇੱਕ ਸੋਚੀ-ਸਮਝੀ ਅਤੇ ਲਗਾਤਾਰ ਲਾਗੂ ਕੀਤੀ ਗਈ ਰਣਨੀਤੀ ਦਾ ਸਿੱਟਾ ਹੈ।

ਹਾਲ ਹੀ ਦੇ ਸਾਲਾਂ ਵਿੱਚ ਇਹ ਸੁਧਾਰ ਹੋਰ ਤੇਜ਼ ਹੋਇਆ ਹੈ। ਸਾਲ 2019 ਤੋਂ 2024 ਦਰਮਿਆਨ ਹਿੰਸਕ ਘਟਨਾਵਾਂ 501 ਤੋਂ ਘਟ ਕੇ 374 ਹੋ ਗਈਆਂ, ਜੋ ਲਗਭਗ 25 ਫੀਸਦੀ ਦੀ ਗਿਰਾਵਟ ਨੂੰ ਦਰਸਾਉਂਦੀਆਂ ਹਨ। ਇਸੇ ਸਮੇਂ ਦੌਰਾਨ ਨਾਗਰਿਕਾਂ ਅਤੇ ਸੁਰੱਖਿਆ ਬਲਾਂ ਦੀਆਂ ਮੌਤਾਂ ਸਾਲਾਨਾ 202 ਤੋਂ ਘਟ ਕੇ 150 ਰਹਿ ਗਈਆਂ। ਇਹ ਸੰਕੇਤ ਹੈ ਕਿ ਨਾ ਸਿਰਫ਼ ਘਟਨਾਵਾਂ ਘਟੀਆਂ ਹਨ, ਸਗੋਂ ਉਨ੍ਹਾਂ ਦੀ ਤੀਬਰਤਾ ਅਤੇ ਪ੍ਰਭਾਵ ਵੀ ਘਟਿਆ ਹੈ।

ਸਭ ਤੋਂ ਮਹੱਤਵਪੂਰਨ ਬਦਲਾਅ ਨਕਸਲੀਆਂ ਦੇ ਵਿਵਹਾਰ ਵਿੱਚ ਆਇਆ ਹੈ। ਹੁਣ ਵੱਡੀ ਗਿਣਤੀ ਵਿੱਚ ਅੱਤਵਾਦੀ ਮੁੱਖ ਧਾਰਾ ਵਿੱਚ ਪਰਤ ਰਹੇ ਹਨ। ਗ੍ਰਹਿ ਮੰਤਰਾਲੇ ਦੇ ਅੰਕੜਿਆਂ ਅਨੁਸਾਰ, ਸਾਲ 2024 ਵਿੱਚ 290 ਨਕਸਲੀ ਮਾਰੇ ਗਏ, ਜਦੋਂ ਕਿ 1,090 ਗ੍ਰਿਫਤਾਰ ਹੋਏ ਅਤੇ 881 ਨੇ ਆਤਮ-ਸਮਰਪਣ ਕੀਤਾ। ਉੱਥੇ ਹੀ 2025 ਵਿੱਚ (ਸਤੰਬਰ ਤੱਕ) 270 ਮਾਰੇ ਗਏ, 680 ਗ੍ਰਿਫਤਾਰ ਹੋਏ ਅਤੇ 1,225 ਨੇ ਆਤਮ-ਸਮਰਪਣ ਕੀਤਾ। ਇਹ ਤੱਥ ਆਪਣੇ ਆਪ ਵਿੱਚ ਇਸ ਗੱਲ ਦਾ ਸਬੂਤ ਹੈ ਕਿ ਸਰਕਾਰ ਦੀ ਨੀਤੀ ਦਾ ਅਸਰ ਸਿੱਧਾ ਜ਼ਮੀਨੀ ਕਾਡਰਾਂ @ਤੇ ਪਿਆ ਹੈ। ਉਹ ਹਥਿਆਰ ਛੱਡ ਕੇ ਆਮ ਜੀਵਨ ਵੱਲ ਪਰਤਣ ਲੱਗੇ ਹਨ। ਇਹ ਬਦਲਾਅ ਸਿਰਫ਼ ਸੁਰੱਖਿਆ ਬਲਾਂ ਦੀ ਕਾਰਵਾਈ ਦਾ ਨਤੀਜਾ ਨਹੀਂ ਹੈ, ਸਗੋਂ ਵਿਕਾਸ ਦੇ ਨਾਲ ਵਿਸ਼ਵਾਸ ਦੀ ਨੀਤੀ ਦਾ ਵੀ ਅਸਰ ਹੈ। ਅਮਿਤ ਸ਼ਾਹ ਦੀ ਅਗਵਾਈ ਵਿੱਚ ਅਪਣਾਈ ਗਈ ਰਣਨੀਤੀ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਨਕਸਲਵਾਦ ਦਾ ਹੱਲ ਸਿਰਫ਼ ਬੰਦੂਕ ਨਾਲ ਨਹੀਂ, ਸਗੋਂ ਵਿਕਾਸ, ਸੰਵਾਦ ਅਤੇ ਮੁੜ-ਵਸੇਬੇ ਦੇ ਸੰਤੁਲਿਤ ਯਤਨਾਂ ਨਾਲ ਹੀ ਸੰਭਵ ਹੈ।

ਛੱਤੀਸਗੜ੍ਹ, ਜੋ ਕਦੇ ਨਕਸਲਵਾਦ ਦਾ ਗੜ੍ਹ ਮੰਨਿਆ ਜਾਂਦਾ ਸੀ, ਉੱਥੇ ਵੀ ਵੱਡੀ ਤਬਦੀਲੀ ਦੇਖਣ ਨੂੰ ਮਿਲੀ ਹੈ। ਸਾਲ 2024 ਵਿੱਚ ਜਿੱਥੇ 290 ਨਕਸਲੀ ਮਾਰੇ ਗਏ, ਉੱਥੇ 1,000 ਤੋਂ ਵੱਧ ਨੇ ਆਤਮ-ਸਮਰਪਣ ਕੀਤਾ। ਬਸਤਰ ਖੇਤਰ ਵਿੱਚ ਤਾਂ ਪੂਰੇ ਦੇ ਪੂਰੇ ਸਮੂਹ ਆਤਮ-ਸਮਰਪਣ ਕਰ ਰਹੇ ਹਨ। ਦੰਡਕਾਰਨੀਆ ਆਦਿਵਾਸੀ ਕਿਸਾਨ ਮਜ਼ਦੂਰ ਸੰਘ ਨਾਲ ਜੁੜੇ 200 ਤੋਂ ਵੱਧ ਕਾਡਰਾਂ ਨੇ ਇੱਕੋ ਸਮੇਂ ਆਤਮ-ਸਮਰਪਣ ਕਰਕੇ ਸੰਵਿਧਾਨ ਪ੍ਰਤੀ ਆਪਣੀ ਨਿਹਚਾ ਪ੍ਰਗਟਾਈ ਇਸ ਨੂੰ ਤਬਦੀਲੀ ਦਾ ਇੱਕ ਇਤਿਹਾਸਕ ਪ੍ਰਤੀਕ ਮੰਨਿਆ ਜਾ ਰਿਹਾ ਹੈ। ਸਰਕਾਰ ਦੀਆਂ ਮੁੜ-ਵਸੇਬਾ ਯੋਜਨਾਵਾਂ ਦਾ ਵੀ ਸਕਾਰਾਤਮਕ ਪ੍ਰਭਾਵ ਪਿਆ ਹੈ। ਆਤਮ-ਸਮਰਪਣ ਕਰਨ ਵਾਲੇ ਕਈ ਸਾਬਕਾ ਅੱਤਵਾਦੀ ਹੁਣ ÷ਬਸਤਰ ਕੈਫੇ÷ ਵਰਗੇ ਉੱਦਮ ਚਲਾ ਰਹੇ ਹਨ, ਜਦੋਂ ਕਿ ਕੁਝ ਬਸਤਰ ਫਾਈਟਰਜ਼ ਵਜੋਂ ਸੁਰੱਖਿਆ ਬਲਾਂ ਵਿੱਚ ਸ਼ਾਮਲ ਹੋ ਕੇ ਸਮਾਜ ਦੀ ਸੇਵਾ ਕਰ ਰਹੇ ਹਨ।

ਸੁਰੱਖਿਆ ਬਲਾਂ ਦੀ ਕਾਰਵਾਈ ਵਿੱਚ ਵੀ ਵੱਡੀ ਸਫਲਤਾ ਮਿਲੀ ਹੈ। ਚੋਟੀ ਦੀ ਮਾਓਵਾਦੀ ਲੀਡਰਸ਼ਿਪ ਦਾ ਤੇਜ਼ੀ ਨਾਲ ਸਫਾਇਆ ਹੋਇਆ ਹੈ। ਹਾਲ ਹੀ ਵਿੱਚ ਸੀ.ਪੀ.ਆਈ. (ਮਾਓਵਾਦੀ) ਦੇ ਜਨਰਲ ਸਕੱਤਰ ਨੰਬਾਲਾ ਕੇਸ਼ਵ ਰਾਓ ਉਰਫ ਬਸਵਰਾਜੂ ਨੂੰ ਮਾਰ ਦਿੱਤਾ ਗਿਆ। ਪਿਛਲੇ ਚਾਰ ਸਾਲਾਂ ਵਿੱਚ ਕੇਂਦਰੀ ਕਮੇਟੀ ਦੇ 18 ਤੋਂ ਵੱਧ ਮੈਂਬਰ ਮਾਰੇ ਗਏ ਜਾਂ ਗ੍ਰਿਫਤਾਰ ਕੀਤੇ ਗਏ ਹਨ। ਇਸ ਨਾਲ ਸੰਗਠਨ ਦਾ ਲੱਕ ਟੁੱਟ ਚੁੱਕਾ ਹੈ।

ਵਿਕਾਸ ਕਾਰਜਾਂ ਨੇ ਵੀ ਨਕਸਲ ਪ੍ਰਭਾਵਿਤ ਖੇਤਰਾਂ ਦੀ ਤਸਵੀਰ ਬਦਲ ਦਿੱਤੀ ਹੈ। ਸਰਕਾਰ ਦੀ *÷ਕਲੀਅਰ, ਹੋਲਡ ਐਂਡ ਡਿਵੈਲਪ÷* ਰਣਨੀਤੀ ਤਹਿਤ ਸੁਰੱਖਿਆ ਦੇ ਨਾਲ-ਨਾਲ ਬੁਨਿਆਦੀ ਸਹੂਲਤਾਂ ਦਾ ਤੇਜ਼ੀ ਨਾਲ ਵਿਸਤਾਰ ਹੋਇਆ ਹੈ।

ਪਿਛਲੇ ਕੁਝ ਸਾਲਾਂ ਵਿੱਚ 8,300 ਕਿਲੋਮੀਟਰ ਤੋਂ ਵੱਧ ਨਵੀਆਂ ਸੜਕਾਂ ਬਣਾਈਆਂ ਗਈਆਂ ਹਨ, ਜਦੋਂ ਕਿ 2014 ਤੋਂ ਹੁਣ ਤੱਕ ਕੁੱਲ 14,618 ਕਿਲੋਮੀਟਰ ਸੜਕਾਂ ਦਾ ਨਿਰਮਾਣ ਹੋਇਆ ਹੈ। ਦੂਰਸੰਚਾਰ ਖੇਤਰ ਵਿੱਚ ਵੀ ਸ਼ਾਨਦਾਰ ਪ੍ਰਗਤੀ ਹੋਈ ਹੈ — 7,768 ਮੋਬਾਈਲ ਟਾਵਰ ਸਥਾਪਿਤ ਕੀਤੇ ਗਏ ਹਨ, ਜਿਸ ਨਾਲ ਦੂਰ-ਦੁਰਾਡੇ ਦੇ ਇਲਾਕਿਆਂ ਵਿੱਚ 47 ਕਨੈਕਟੀਵਿਟੀ ਪਹੁੰਚੀ ਹੈ।

ਬੈਂਕਿੰਗ ਸੇਵਾਵਾਂ ਦਾ ਵਿਸਤਾਰ ਕਰਦੇ ਹੋਏ 1,007 ਨਵੀਆਂ ਬੈਂਕ ਸ਼ਾਖਾਵਾਂ ਅਤੇ 937 ਏ.ਟੀ.ਐਮ. ਖੋਲ੍ਹੇ ਗਏ ਹਨ। ਨਾਲ ਹੀ ਹਜ਼ਾਰਾਂ ਬੈਂਕਿੰਗ ਕਾਰਸਪੋਂਡੈਂਟ ਪਿੰਡ-ਪਿੰਡ ਸੇਵਾਵਾਂ ਦੇ ਰਹੇ ਹਨ। ਸਿੱਖਿਆ ਦੇ ਖੇਤਰ ਵਿੱਚ 95 ਇਕਲਵਿਆ ਮਾਡਲ ਰਿਹਾਇਸ਼ੀ ਸਕੂਲ, 46 ਆਈ.ਟੀ.ਆਈ. ਅਤੇ 49 ਹੁਨਰ ਵਿਕਾਸ ਕੇਂਦਰ ਸਥਾਪਿਤ ਕੀਤੇ ਗਏ ਹਨ। ਸਿਹਤ ਸੇਵਾਵਾਂ ਤਹਿਤ 186 ਨਵੇਂ ਪ੍ਰਾਇਮਰੀ ਸਿਹਤ ਕੇਂਦਰ ਖੋਲ੍ਹੇ ਗਏ ਹਨ। ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਹਜ਼ਾਰਾਂ ਪੱਕੇ ਘਰ ਬਣਾਏ ਗਏ ਹਨ, ਜਿਸ ਨਾਲ ਆਦਿਵਾਸੀ ਖੇਤਰਾਂ ਵਿੱਚ ਲੋਕਾਂ ਦਾ ਜੀਵਨ ਪੱਧਰ ਬਿਹਤਰ ਹੋਇਆ ਹੈ। ਉੱਥੇ ਹੀ 596 ਆਧੁਨਿਕ ਪੁਲਿਸ ਥਾਣੇ ਸਥਾਪਿਤ ਕਰਕੇ ਸੁਰੱਖਿਆ ਵਿਵਸਥਾ ਨੂੰ ਮਜ਼ਬੂਤ ਕੀਤਾ ਗਿਆ ਹੈ। ਸੁਰੱਖਿਆ ਮੁਹਿੰਮਾਂ ਵਿੱਚ ਵੀ ਵੱਡਾ ਬਦਲਾਅ ਆਇਆ ਹੈ। ਸਰਕਾਰ ਨੇ ਸੁਰੱਖਿਆ ਬਲਾਂ ਨੂੰ ਪੂਰੀ ਸੰਚਾਲਨ ਸੁਤੰਤਰਤਾ ਦਿੱਤੀ ਹੈ, ਜਿਸ ਨਾਲ ਤੁਰੰਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਸੰਭਵ ਹੋ ਸਕੀ ਹੈ। ਮਲਟੀ-ਏਜੰਸੀ ਤਾਲਮੇਲ, ਆਧੁਨਿਕ ਤਕਨੀਕ, ਡਰੋਨ ਨਿਗਰਾਨੀ ਅਤੇ ਖੁਫੀਆ ਨੈੱਟਵਰਕ ਕਾਰਨ ਨਕਸਲੀ ਗਤੀਵਿਧੀਆਂ ’ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਦੂਜੇ ਪਾਸੇ, ਐਨ.ਆਈ.ਏ. ਅਤੇ ਇਨਫੋਰਸਮੈਂਟ ਡਾਇਰੈਕਟੋਰੇਟ (54) ਵਰਗੀਆਂ ਏਜੰਸੀਆਂ ਨੇ ਨਕਸਲੀਆਂ ਦੀ ਫੰਡਿੰਗ ’ਤੇ ਕਰਾਰੀ ਚੋਟ ਕੀਤੀ ਹੈ। ਹਥਿਆਰਾਂ ਦੀ ਸਪਲਾਈ ਅਤੇ ਵਿੱਤੀ ਨੈੱਟਵਰਕ ਨੂੰ ਕਾਫੀ ਹੱਦ ਤੱਕ ਤਬਾਹ ਕਰ ਦਿੱਤਾ ਗਿਆ ਹੈ। ਅੱਜ ਜਦੋਂ ਨਕਸਲ ਹਿੰਸਾ ਸਿਮਟ ਰਹੀ ਹੈ ਅਤੇ ਆਤਮ-ਸਮਰਪਣ ਦੇ ਅੰਕੜੇ ਵਧ ਰਹੇ ਹਨ, ਤਾਂ ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਦੇਸ਼ ਨਕਸਲਵਾਦ ਦੇ ਅੰਤ ਵੱਲ ਵਧ ਰਿਹਾ ਹੈ ਅਤੇ ਇਸ ਤਬਦੀਲੀ ਦੇ ਕੇਂਦਰ ਵਿੱਚ ਹੈ ਇੱਕ ਸਪੱਸ਼ਟ ਦ੍ਰਿਸ਼ਟੀਕੋਣ, ਮਜ਼ਬੂਤ ਇੱਛਾ ਸ਼ਕਤੀ ਅਤੇ ਠੋਸ ਰਣਨੀਤਕ ਅਗਵਾਈ।

ਲੇਖਕ ਸੀ.ਆਰ.ਪੀ.ਐਫ. ਵਿੱਚ ਆਈ.ਜੀ. ਰਹਿ ਚੁੱਕੇ ਹਨ



# 10% ਤੋਂ ਵੱਧ ਓਵਰਲੋਡ ਵਾਹਨ 'ਤੇ ਦੇਣੀ ਪਵੇਗੀ ਦੁੱਗਣੀ ਫੀਸ

ਨਵੀਂ ਦਿੱਲੀ, 15 ਅਪ੍ਰੈਲ (ਚ.ਨ.ਸ): ਨੈਸ਼ਨਲ ਹਾਈਵੇ 'ਤੇ ਓਵਰਲੋਡ ਹੋ ਕੇ ਚੱਲਣ ਵਾਲੇ ਵਾਹਨਾਂ ਦੀ ਹੁਣ ਖੈਰ ਨਹੀਂ। ਹੁਣ ਜੇ ਵਾਹਨ 10 ਫ਼ੀਸਦੀ ਤੋਂ ਵੱਧ ਓਵਰਲੋਡ ਪਾਇਆ ਗਿਆ ਤਾਂ ਦੁੱਗਣੀ ਫੀਸ ਦੇਣੀ ਪਵੇਗੀ। ਇਹੀ ਨਹੀਂ ਜਾਂ ਵਾਹਨ 40 ਫ਼ੀਸਦੀ ਤੋਂ ਵੱਧ ਓਵਰਲੋਡ ਪਾਇਆ ਗਿਆ ਤਾਂ ਅਜਿਹੇ ਵਾਹਨ ਤੋਂ ਚਾਰ ਗੁਣਾਂ ਫੀਸ ਵਸੂਲੀ ਜਾਵੇਗੀ। ਸੜਕ ਹਾਦਸਿਆਂ ਨੂੰ ਕੰਟਰੋਲ ਕਰਨ, ਵਾਹਨ ਦੇ ਤੈਅ ਲੋਡ ਹੱਦ ਦੀ ਪਾਲਣਾ ਯਕੀਨੀ ਬਣਾਉਣ ਤੇ ਸੜਕਾਂ ਦੀ ਠੀਕ ਦੇਖਭਾਲ ਦੇ ਮਕਸਦ ਨਾਲ ਇਹ ਕਦਮ ਚੁੱਕਿਆ ਗਿਆ ਹੈ। ਨਵੇਂ ਨਿਯਮ 15 ਅਪ੍ਰੈਲ ਤੋਂ ਅਮਲ 'ਚ ਆ ਗਏ ਹਨ। ਮੰਤਰਾਲੇ ਨੇ ਰਾਸ਼ਟਰੀ ਰਾਜਮਾਰਗ ਫੀਸ (ਦਰ ਨਿਰਧਾਰਨ ਤੇ ਸੰਗ੍ਰਿਹ) ਚੌਥੀ ਸੋਧ ਨਿਯਮ, 2026 ਦਾ ਨੋਟੀਫਿਕੇਸ਼ਨ ਜਾਰੀ ਕੀਤਾ ਹੈ। ਨਵੇਂ ਫੀਸ ਢਾਂਚੇ ਦੇ ਤਹਿਤ ਵਾਹਨਾਂ ਤੋਂ ਹੁਣ ਉਨ੍ਹਾਂ 'ਤੇ ਓਵਰਲੋਡਿੰਗ ਦੇ ਫ਼ੀਸਦੀ ਨਵੇਂ ਨਿਯਮ ਅੱਜ ਤੋਂ ਲਾਗੂ, ਓਵਰਲੋਡਿੰਗ ਫੀਸ ਸਿਰਫ਼ ਫ਼ਾਸਟੈਗ ਰਾਹੀਂ ਹੀ ਵਸੂਲੀ ਜਾਵੇਗੀ ਦੇ ਆਧਾਰ 'ਤੇ ਫੀਸ ਲਗਾਈ ਜਾਵੇਗੀ। ਜੇ ਕੋਈ ਵਾਹਨ 10 ਫ਼ੀਸਦੀ ਤੱਕ ਵਾਧੂ ਲੋਡ ਲਿਜਾਂਦਾ ਹੈ ਤਾਂ ਉਸ 'ਤੇ ਕੋਈ ਓਵਰਲੋਡ ਫੀਸ ਨਹੀਂ ਲਗਾਈ ਜਾਵੇਗੀ। ਉਥੇ 10 ਫ਼ੀਸਦੀ ਤੋਂ 40 ਫ਼ੀਸਦੀ ਤੱਕ ਵਾਧੂ ਲੋਡ ਲਿਜਾਣ ਵਾਲੇ ਵਾਹਨਾਂ 'ਤੇ ਆਧਾਰ ਦਰ ਦੀ ਦੋ ਗੁਣਾ ਫੀਸ ਲਗਾਈ ਜਾਵੇਗੀ। 40 ਫ਼ੀਸਦੀ ਤੋਂ ਵੱਧ ਵਾਧੂ ਲੋਡ ਲਿਜਾਣ ਵਾਲੇ ਵਾਹਨਾਂ 'ਤੇ ਇਹ ਫੀਸ ਚਾਰ ਗੁਣਾ ਦਰ ਨਾਲ ਵਸੂਲੀ ਜਾਵੇਗੀ। ਇਸ ਤੋਂ ਇਲਾਵਾ ਓਵਰਲੋਡਿੰਗ ਫੀਸ ਸਿਰਫ਼ ਫਾਸਟੈਗ ਦੇ ਰਾਹੀਂ ਹੀ ਇਕੱਠੀ ਕੀਤੀ ਜਾਵੇਗੀ। ਓਵਰਲੋਡਿਡ ਵਾਹਨਾਂ ਦਾ ਵੇਰਵਾ ਵਾਹਨ ਪੋਰਟਲ (ਨੈਸ਼ਨਲ ਵਹੀਕਲ ਰਜਿਸਟਰ) 'ਚ ਦਰਜ 'ਤੇ ਰਿਪੋਰਟ ਕੀਤਾ ਜਾਵੇਗਾ।

# 'ਗੁਰੂ ਗ੍ਰੰਥ ਸਾਹਿਬ ਜੀ 'ਤੇ ਦੁਨਿਆਵੀ ਕਾਨੂੰਨ ਲਾਗੂ ਨਹੀਂ ਹੋ ਸਕਦਾ': ਜਥੇਦਾਰ ਗੜਗੱਜ

ਸ੍ਰੀ ਅਨੰਦਪੁਰ ਸਾਹਿਬ, 15 ਅਪ੍ਰੈਲ (ਚ.ਨ.ਸ): ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ਨਵੇਂ ਬਿੱਲ 'ਤੇ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਸਪੱਸ਼ਟ ਕੀਤਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖਾਂ ਦੇ 'ਜਾਗਤ ਜੋਤ ਸਰੂਪ' ਤੇ ਸਦੀਵੀ ਗੁਰੂ ਹਨ, ਇਸ ਲਈ ਉਨ੍ਹਾਂ 'ਤੇ ਕੋਈ ਵੀ ਸਰਕਾਰੀ ਜਾਂ ਦੁਨਿਆਵੀ ਕਾਨੂੰਨ ਨਹੀਂ ਥੋਪਿਆ ਜਾ ਸਕਦਾ। ਜਥੇਦਾਰ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਉਹ ਧਾਰਮਿਕ ਮਾਮਲਿਆਂ ਵਿੱਚ ਆਪਣੀ ਹੱਦ ਪਾਰ ਨਾ ਕਰੇ। ਜ਼ਿਕਰਯੋਗ ਹੈ ਕਿ ਇਹ ਬਿਆਨ ਪੰਜਾਬ ਵਿਧਾਨ ਸਭਾ ਵੱਲੋਂ 'ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026' ਪਾਸ ਕੀਤੇ ਜਾਣ ਤੋਂ ਇੱਕ ਦਿਨ ਬਾਅਦ ਆਇਆ ਹੈ। ਇਹ ਬਿੱਲ 2008 ਦੇ ਅਸਲ ਐਕਟ ਵਿੱਚ ਸੋਧ ਕਰਕੇ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਉਮਰ ਕੈਦ ਵਰਗੀਆਂ ਸਖ਼ਤ ਸਜ਼ਾਵਾਂ ਦੀ ਵਿਵਸਥਾ ਕਰਦਾ ਹੈ। ਮੰਗਲਵਾਰ ਨੂੰ ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਰਧਾਲੂਆਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਗਿਆਨੀ ਗੜਗੱਜ ਨੇ ਸਿੱਖ ਕੌਮ ਨੂੰ ਸੁਚੇਤ ਕੀਤਾ ਕਿ ਉਹ ਸਿਰਫ਼ ਜਜ਼ਬਾਤਾਂ ਵਿੱਚ ਆ ਕੇ ਕੋਈ ਫੈਸਲਾ ਨਾ ਲੈਣ। ਉਨ੍ਹਾਂ ਕਿਹਾ ਕਿ ਸਰਕਾਰ ਇਹ ਤੈਅ ਨਹੀਂ ਕਰ ਸਕਦੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਕਿੱਥੇ ਹੋਣੀ ਚਾਹੀਦੀ ਹੈ ਤੇ ਨਾ ਹੀ ਸਰਕਾਰ ਨੂੰ ਗੁਰੂਘਰ ਦੇ ਖਾਤਿਆਂ ਦਾ ਹਿਸਾਬ ਮੰਗਣ ਦਾ ਕੋਈ ਹੱਕ ਹੈ।ਇਸੇ ਦੌਰਾਨ ਭਾਰਤੀ ਜਨਤਾ ਪਾਰਟੀ ਦੇ ਆਗੂ ਐਚ.ਐਸ. ਫੂਲਕਾ ਨੇ ਵੀ ਆਪਣਾ ਪੱਖ ਰੱਖਦਿਆਂ



ਕਿਹਾ ਕਿ ਬੇਅਦਬੀ ਦਾ ਮੁੱਦਾ ਬਹੁਤ ਸੰਵੇਦਨਸ਼ੀਲ ਹੈ। ਇਹ ਸਿਰਫ਼ ਸਿੱਖਾਂ ਲਈ ਹੀ ਨਹੀਂ, ਸਗੋਂ ਸਮੂਹ ਪੰਜਾਬੀਆਂ ਲਈ ਇੱਕ ਭਾਵੁਕ ਵਿਸ਼ਾ ਹੈ। ਉਨ੍ਹਾਂ ਸੂਬਾ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਮਾਮਲੇ 'ਤੇ ਸਿਆਸਤ ਕਰਨ ਦੀ ਬਜਾਏ ਪੂਰੀ ਇਮਾਨਦਾਰੀ ਤੇ ਗੰਭੀਰਤਾ ਨਾਲ ਕੰਮ ਲਿਆ ਜਾਵੇ। ਫੂਲਕਾ ਨੇ ਕਿਹਾ ਕਿ ਅਜਿਹੇ ਮੁੱਦਿਆਂ 'ਤੇ ਰਾਜਨੀਤਿਕ ਲਾਹਾ ਲੈਣ ਦੀ ਕੋਸ਼ਿਸ਼ ਸਮਾਜਿਕ ਸਾਂਝ ਲਈ ਖ਼ਤਰਨਾਕ ਹੋ ਸਕਦੀ ਹੈ। ਜਥੇਦਾਰ ਗੜਗੱਜ ਨੇ ਆਪਣੇ ਸੰਬੋਧਨ ਵਿੱਚ ਅੱਗੇ ਕਿਹਾ ਕਿ ਗੁਰੂ ਸਾਹਿਬ ਦੀ ਸਰਵਉੱਚਤਾ ਸਭ ਤੋਂ ਉਪਰ ਹੈ ਤੇ ਪੰਥਕ ਰਵਾਇਤਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਸਰਕਾਰੀ ਦਖ਼ਲ-ਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨਾਂ ਦੀ ਲੋੜ ਤਾਂ ਹੈ, ਪਰ ਕਾਨੂੰਨ ਦੀ ਆੜ ਵਿੱਚ ਗੁਰੂ ਸਾਹਿਬ ਦੇ ਸਰੂਪ ਜਾਂ ਪ੍ਰਬੰਧ ਨੂੰ ਸਰਕਾਰੀ ਕੰਟਰੋਲ ਹੇਠ ਲਿਆਉਣ ਦੀ ਕਿਸੇ ਵੀ ਕੋਸ਼ਿਸ਼ ਦਾ ਪੁਰਜ਼ੋਰ ਵਿਰੋਧ ਕੀਤਾ ਜਾਵੇਗਾ।

# ਐਚ.ਐਸ. ਫੂਲਕਾ ਵੱਲੋਂ ਮੌੜ ਮੰਡੀ ਦੇ ਇੱਕ ਰਿਜ਼ੋਰਟ 'ਚ ਪ੍ਰੈਸ ਕਾਨਫਰੰਸ

ਮੌੜ ਮੰਡੀ, 15 ਅਪ੍ਰੈਲ (ਚ.ਨ.ਸ): ਸੀਨੀਅਰ ਭਾਜਪਾ ਆਗੂ, ਸੀਨੀਅਰ ਵਕੀਲ ਤੇ ਪਦਮਸ਼੍ਰੀ ਐਚਐਸ ਫੂਲਕਾ ਅੱਜ ਵਿਸਾਖੀ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਧਰਤੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਨਤਮਸਤਕ ਹੋਣ ਜਾਂਦੇ ਸਮੇਂ ਮੌੜ ਮੰਡੀ ਦੇ ਇੱਕ ਰਿਜ਼ੋਰਟ ਵਿੱਚ ਪ੍ਰੈਸ ਕਾਨਫਰੰਸ ਕਰਦਿਆਂ ਗੁਰੂ ਸਾਹਿਬ ਜੀ ਦਾ ਸ਼ੁਕਰਾਨਾ ਕਰਦਿਆਂ ਤੇ ਖ਼ਾਲਸਾ ਪੰਥ ਦੀ ਸਾਜਨਾ ਦੇ ਦਿਹਾੜੇ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਅੱਜ ਦਾ ਦਿਨ ਉਸ ਇਤਿਹਾਸ ਦੀ ਮਹੱਤਤਾ ਦੱਸਦਾ ਹੈ, ਜਦੋਂ ਗੁਰੂ ਸਾਹਿਬ ਨੇ ਦੇਸ਼ ਨੂੰ ਬਚਾਉਣ ਲਈ ਇੱਕ ਅਜਿਹੇ ਖ਼ਾਲਸਾ ਪੰਥ ਦੀ ਸਾਜਨਾ ਕੀਤੀ, ਜਿਸ ਨੇ ਨਾ ਸਿਰਫ਼ ਦੇਸ਼ ਤੇ ਹਮਲਾ ਕਰਨ ਵਾਲੇ ਹਮਲਾਵਰਾਂ ਨੂੰ ਰੋਕਿਆ ਸਗੋਂ-ਅਫਗਾਨਿਸਤਾਨ ਤੱਕ ਰਾਜ ਵੀ ਕਾਇਮ ਕੀਤਾ। ਉਨ੍ਹਾਂ ਕਿਹਾ ਕਿ ਉਹ ਲੰਬੇ ਸਮੇਂ ਤੋਂ ਮਨੁੱਖੀ ਅਧਿਕਾਰ ਮਾਮਲਿਆਂ ਵਿੱਚ ਪੀੜਤਾਂ ਦੀ ਵਕਾਲਤ ਕਰਦੇ ਆ ਰਹੇ ਹਨ। ਇਸ ਮੌਕੇ ਉਨ੍ਹਾਂ ਬੇਅਦਬੀ ਦੇ ਮੁੱਦਿਆਂ 'ਤੇ ਬੋਲਦੇ ਹੋਏ ਕਿਹਾ ਕਿ



ਪੰਜਾਬ 'ਚ ਲਾਅ ਐਂਡ ਆਡਰ ਦੀ ਸਥਿਤੀ ਇੰਨੀ ਮਾੜੀ ਹੋ ਚੁੱਕੀ ਹੈ ਕਿ ਬੇਅਦਬੀ ਦੇ ਕੇਸ ਹੋਰ ਰਾਜਾਂ 'ਚ ਸ਼ਿਫਟ ਕੀਤੇ ਜਾ ਰਹੇ ਹਨ, ਦੂਜੇ ਪਾਸੇ ਪੰਜਾਬ ਸਰਕਾਰ ਇਨ੍ਹਾਂ ਦੇ ਖਿਲਾਫ਼ ਉਚ ਅਦਾਲਤਾਂ 'ਚ ਅਪੀਲ ਨਹੀਂ ਕਰ ਰਹੀ। ਪੰਜਾਬ ਸਰਕਾਰ ਕੇਵਲ ਕਾਨੂੰਨ ਬਣਾਉਣ ਦੀਆਂ ਗੱਲਾਂ ਨਾ ਕਰੇ ਸਗੋਂ ਬੇਅਦਬੀਆਂ ਦੇ ਮਾਮਲਿਆਂ ਸਬੰਧੀ ਸੋਚ ਵੀ ਖ਼ਾਲਸਾ ਸਾਜਨਾ ਦੇ ਦਿਹਾੜੇ ਦੀਆਂ ਦਿੱਤੀਆਂ ਵਧਾਈਆਂ ਪਵਿੱਤਰ ਬਣਾਵੇ। ਉਨ੍ਹਾਂ ਕਾਂਗਰਸ ਪਾਰਟੀ 'ਤੇ ਬੋਲਦਿਆਂ ਕਿਹਾ ਕਿ 1984 ਦੀਆਂ ਘਟਨਾਵਾਂ ਨੂੰ ਦੰਗੇ ਕਹਿਣਾ ਠੀਕ ਨਹੀਂ, ਇਹ ਇੱਕ ਯੋਜਨਾਬੱਧ ਨਸਲਕੁਸ਼ੀ ਸੀ, ਜਿਸ ਨੂੰ ਬਾਅਦ ਵਿੱਚ ਹਿੰਦੂ ਵਿਰੁੱਧ ਸਿੱਖ ਬਣਾਉਣ ਦੀ ਕੋਸ਼ਿਸ਼ ਕੀਤੀ ਗਈ।ਉਨ੍ਹਾਂ ਪੰਜਾਬ ਦਾ ਫ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਦੀ ਧਰਤੀ 13-14 ਸਾਲਾਂ ਵਿਚ ਬੰਜਰ ਹੋਣ ਵਾਲੀ ਹੈ ਪਰ ਸਰਕਾਰ ਨੂੰ ਇਸ ਗੱਲ ਦੀ ਕੋਈ ਚਿੰਤਾ ਨਹੀਂ ਹੈ। ਇਸ ਲਈ ਉਹ ਪੰਜਾਬ ਨੂੰ ਬਚਾਉਣ ਲਈ ਰਾਜਨੀਤੀ ਵਿੱਚ ਵਾਪਸ ਆਏ ਹਨ ਤੇ ਵਾਪਸੀ ਲਈ ਭਾਜਪਾ ਤੋਂ ਵਧੀਆ ਕੋਈ ਪਾਰਟੀ ਨਹੀਂ ਸੀ।ਇਸ ਮੌਕੇ ਉਨ੍ਹਾਂ ਨਾਲ ਸਤਨਾਮ ਸਿੰਘ ਸੰਧੂ ਰਾਜ ਸਭਾ ਮੈਂਬਰ, ਸੂਬਾ ਸਕੱਤਰ ਦਿਆਲ ਸੋਫੀ, ਸੂਬਾ ਵਾਈਸ ਪ੍ਰਧਾਨ ਚੀਮਾ, ਸੂਬਾ ਵਾਈਸ ਪ੍ਰਧਾਨ ਜਗਦੀਪ ਸਿੰਘ ਨਕੱਈ, ਬਠਿੰਡਾ ਦਿਹਾਤੀ ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ, ਬਠਿੰਡਾ ਸ਼ਹਿਰੀ ਪ੍ਰਧਾਨ ਸਰੂਪ ਚੰਦ ਸਿੰਗਲਾ ਹਾਜ਼ਰ ਸਨ।

# ਵਿਧਾਇਕ ਰੰਧਾਵਾ ਨੇ ਮਾਨ ਸਰਕਾਰ ਦੇ ਚਾਰ ਸਾਲਾਂ ਦੌਰਾਨ ਕਰਵਾਏ ਵਿਕਾਸ ਕੰਮਾਂ ਤੇ ਲੋਕ-ਹਿੱਤ ਯੋਜਨਾਵਾਂ ਬਾਰੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ



ਡੇਰਾ ਬਾਬਾ ਨਾਨਕ/ਗੁਰਦਾਸਪੁਰ, 15 ਅਪ੍ਰੈਲ (ਜਗੀਰ ਸਿੰਘ ਮੰਡ/ਹੈਪੀ ਕੋਟਲੀ): ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਪਿੰਡ ਹਰੂਵਾਲ ਵਿਖੇ ਕਰਵਾਏ ਸਮਾਗਮ ਵਿੱਚ ਪਹੁੰਚੇ ਤੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬੀਤੇ 4 ਸਾਲਾਂ ਦੌਰਾਨ ਕਰਵਾਏ ਗਏ ਵਿਕਾਸ ਕੰਮਾਂ ਤੇ ਪੰਜਾਬ ਵਿੱਚ ਚੱਲ ਰਹੀਆਂ ਲੋਕ-ਹਿੱਤ ਯੋਜਨਾਵਾਂ ਬਾਰੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ। ਇਸ ਦੌਰਾਨ ਪਿੰਡ ਵਾਸੀਆਂ ਨੂੰ ਸਰਕਾਰ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਤੇ ਆਉਣ ਵਾਲੇ ਸਮੇਂ ਦੀਆਂ ਯੋਜਨਾਵਾਂ ਬਾਰੇ ਜਾਣੂੰ ਕਰਵਾਇਆ ਗਿਆ। ਨਾਲ ਹੀ ਉਨ੍ਹਾਂ ਦੇ ਕੀਮਤੀ ਸੁਝਾਵਾਂ ਨੂੰ ਵੀ ਧਿਆਨ ਨਾਲ ਸੁਣਿਆ ਗਿਆ, ਜੋ ਭਵਿੱਖ ਵਿੱਚ ਹੋਰ ਬਿਹਤਰ ਯੋਜਨਾਬੰਦੀ ਲਈ ਮਦਦਗਾਰ ਸਾਬਤ ਹੋਣਗੇ। ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਪ ਪਾਰਟੀ ਵੱਲੋਂ ਦਿੱਤੀ ਗਰੰਟੀ ਅਨੁਸਾਰ ਔਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਪੂਰਾ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਲਈ 1,500 ਰੁਪਏ ਤੇ ਜਨਰਲ ਸ਼੍ਰੇਣੀ ਦੀਆਂ ਔਰਤਾਂ ਲਈ 1,000 ਰੁਪਏ ਦੀ ਵਾਧੂ ਪੈਨਸ਼ਨ ਪ੍ਰਦਾਨ ਕਰਨ ਲਈ ਰਜਿਸਟ੍ਰੇਸ਼ਨ ਸ਼ੁਰੂ ਹੋ ਗਈ ਹੈ। ਉਨ੍ਹਾਂ ਨੇ ਅੱਗੇ ਕਿਹਾ ਕਿ ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਕਿਸਾਨਾਂ ਦੇ ਟਿਊਬਵੈਲਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ। ਉਨ੍ਹਾਂ ਦੱਸਿਆ ਕਿ ਬਿਮਾਰੀ ਦੇ ਸਮੇਂ ਪੰਜਾਬ ਦੇ ਲੋਕਾਂ ਲਈ ਡਾਕਟਰੀ ਇਲਾਜ ਦੇ ਖਰਚਿਆਂ ਨੂੰ ਪੂਰਾ ਕਰਨ ਲਈ 10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ, ਜਿਸਦਾ ਲਾਭ ਨਾਗਰਿਕ ਪ੍ਰਾਪਤ ਕਰ ਰਹੇ ਹਨ। 985 ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ, ਦਵਾਈਆਂ ਤੇ ਜਾਂਚ ਟੈਸਟ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ। ਪੰਜਾਬ ਦੇ ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ। 2000 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਨੀਟ ਤੇ ਜੇ.ਈ.ਈ ਪ੍ਰੀਖਿਆ ਪਾਸ ਕੀਤੀ ਹੈ।

# ਕੇਨ ਕਮਿਸ਼ਨਰ ਪੰਜਾਬ ਵੱਲੋਂ ਖ਼ਾਦ ਵਿਕ੍ਰੇਤਾਵਾਂ ਤੇ ਪਲਾਈਵੁੱਡ ਇੰਡਸਟਰੀ ਦੀ ਚੈਕਿੰਗ



ਨਵਾਂਸ਼ਹਿਰ/ਬੰਗਾ/ਬਲਾਚੌਰ, 15 ਅਪ੍ਰੈਲ (ਸੁਖਦੇਵ ਸਿੰਘ ਉੜਾਪੜ): ਪੰਜਾਬ ਸਰਕਾਰ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੇ ਡਾਇਰੈਕਟਰ ਡਾ. ਗੁਰਜੀਤ ਸਿੰਘ ਬਰਾੜ ਦੀ ਯੋਗ ਅਗਵਾਈ ਹੇਠ ਕਿਸਾਨਾਂ ਨੂੰ ਮਿਆਰੀ ਤੇ ਸਮੇਂ ਸਿਰ ਖੇਤੀ ਸਮੱਗਰੀ ਉਪਲਬਧ ਕਰਵਾਉਣ ਦੇ ਮੰਤਵ ਲਈ ਰਾਜ ਪੱਧਰੀ ਨਿਗਰਾਨ ਟੀਮਾਂ ਵੱਲੋਂ ਸਮੂਹ ਜ਼ਿਲ੍ਹਿਆਂ ਵਿੱਚ ਖਾਦ ਡੀਲਰਾਂ ਦੀਆਂ ਦੁਕਾਨਾਂ, ਗੋਦਾਮਾਂ ਤੇ ਪਲਾਈਵੁੱਡ ਉਦਯੋਗਿਕ ਇਕਾਈਆਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਅੰਦਰ ਰਾਜ ਪੱਧਰੀ ਟੀਮ ਵੱਲੋਂ ਬਹਿਰਾਮ, ਬੰਗਾ, ਮੁਕੰਦਪੁਰ, ਰਾਹੋਂ, ਨਵਾਂਸ਼ਹਿਰ ਤੇ ਬਲਾਚੌਰ ਵਿੱਚ ਖਾਦ ਵਿਕ੍ਰੇਤਾਵਾਂ ਦੇ ਗੋਦਾਮਾਂ ਦੀ ਚੈਕਿੰਗ ਕੀਤੀ ਤੇ ਸੈਂਪਲਿੰਗ ਕਰਵਾਈ ਗਈ। ਇਸ ਤੋਂ ਇਲਾਵਾ ਬਲਾਚੌਰ ਵਿੱਚ ਸਥਿਤ ਪਲਾਈਵੁੱਡ ਉਦਯੋਗਿਕ ਇਕਾਈਆਂ ਦੀ ਵੀ ਚੈਕਿੰਗ ਕੀਤੀ ਗਈ। ਇਸ ਟੀਮ ਵਿੱਚ ਡਾ. ਅਮਰੀਕ ਸਿੰਘ ਕੇਨ ਕਮਿਸ਼ਨਰ ਪੰਜਾਬ, ਡਾ. ਲੇਖ ਰਾਜ ਮਾਹੀ ਮੁੱਖ ਖੇਤੀਬਾੜੀ ਅਫ਼ਸਰ, ਡਾ. ਗੁਰਪ੍ਰੀਤ ਸਿੰਘ ਖੇਤੀਬਾੜੀ ਅਫਸਰ ਫਤਹਿਗੜ੍ਹ ਚੂੜੀਆ, ਡਾ. ਰਾਜ ਕੁਮਾਰ ਖੇਤੀਬਾੜੀ ਅਫਸਰ ਨਵਾਂਸ਼ਹਿਰ, ਡਾ. ਲਛਮਣ ਦਾਸ ਖੇਤੀਬਾੜੀ ਅਫਸਰ ਬੰਗਾ, ਡਾ. ਪੰਕਜ ਸਿੰਘ ਖੇਤੀਬਾੜੀ ਅਫਸਰ ਬਲਾਚੌਰ, ਡਾ. ਵਿਜੈ ਮਹੇਸ਼ੀ ਖੇਤੀਬਾੜੀ ਵਿਕਾਸ ਅਫਸਰ (ਇਨਫੋ), ਡਾ. ਕੁਲਦੀਪ ਸਿੰਘ, ਡਾ. ਮੋਨਿਕਾ, ਡਾ. ਜਗਮਨਦੀਪ ਕੌਰ ਸਾਰੇ ਖੇਤੀਬਾੜੀ ਵਿਕਾਸ ਅਫਸਰ ਸ਼ਾਮਲ ਸਨ। ਡਾ. ਅਮਰੀਕ ਸਿੰਘ ਨੇ ਇਸ ਮੌਕੇ ਦੱਸਿਆ ਕਿ ਪੰਜਾਬ ਵਿੱਚ ਲਗਾਤਾਰ ਯੂਰੀਆ ਖਾਦ ਦੀ ਵਰਤੋਂ ਵੱਧ ਰਹੀ ਹੈ ਤੇ ਵੇਖਣ ਵਿੱਚ ਆਇਆ ਹੈ ਕਿ ਸਬਸਿਡੀ ਵਾਲੀ ਯੂਰੀਆ ਖਾਦ ਦੀ ਵਰਤੋਂ ਫੀਡ ਤੇ ਪਲਾਈਵੁੱਡ ਇੰਡਸਟਰੀ ਵਿੱਚ ਸੰਭਵ ਹੈ, ਜੋ ਕਿ ਗੈਰ-ਕਾਨੂੰਨੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਉਦਯੋਗਿਕ ਇਕਾਈਆਂ ਵਿੱਚ ਯੂਰੀਆ ਖਾਦ ਦੀ ਵਰਤੋਂ ਨੂੰ ਰੋਕਣ ਸਬੰਧੀ ਪੂਰੇ ਪੰਜਾਬ ਵਿੱਚ ਚੈਕਿੰਗ ਕੀਤੀ ਜਾ ਰਹੀ ਹੈ।ਉਨ੍ਹਾਂ ਸਮੂਹ ਖ਼ਾਦ ਵਿਕ੍ਰੇਤਾਵਾਂ ਨੂੰ ਹਦਾਇਤ ਕੀਤੀ ਕਿ ਪੀ.ਓ.ਐਸ. ਮਸ਼ੀਨਾਂ ਵਿਚੋਂ ਸਟਾਕ ਕਲੀਅਰ ਕੀਤਾ ਜਾਵੇ ਤੇ ਕਿਸਾਨਾਂ ਨੂੰ ਫ਼ਸਲਾਂ ਦੀ ਲੋੜ ਅਨੁਸਾਰ ਹੀ ਖ਼ਾਦ ਦਿੱਤੀ ਜਾਵੇ ਤੇ ਫਾਲਤੂ ਖ਼ਾਦ ਦੀ ਵਿਕਰੀ ਬਿਲਕੁਲ ਨਾ ਕੀਤੀ ਜਾਵੇ। ਜੇਕਰ ਕੋਈ ਵੀ ਖ਼ਾਦ ਵਿਕ੍ਰੇਤਾ ਯੂਰੀਆ ਖਾਦ ਫੀਡ ਤੇ ਪਲਾਈਵੁੱਡ ਇੰਡਸਟਰੀਆਂ ਨੂੰ ਵੇਚਦਾ ਫੜਿਆ ਗਿਆ ਤਾਂ ਉਸ ਖਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ।

# ਸ੍ਰੀ ਹੇਮਕੁੰਟ ਸਾਹਿਬ ਦੇ ਸ਼ਰਧਾਲੂਆਂ ਲਈ ਬਣਨ ਵਾਲਾ ਰੋਪ-ਵੇਅ ਯਾਤਰਾ ਨੂੰ ਬਣਾਏਗਾ ਸੁਖਾਲਾ: ਮੁੱਖ ਮੰਤਰੀ ਧਾਮੀ

ਦੇਹਰਾਦੂਨ, 15 ਅਪ੍ਰੈਲ (ਚ.ਨ.ਸ): ਉਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਸਿੱਖ ਭਾਈਚਾਰੇ ਦੇ ਇੱਕ ਉਚ ਪੱਧਰੀ ਵਫਦ ਨਾਲ ਮੁਲਾਕਾਤ ਕਰਦਿਆਂ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਸਬੰਧੀ ਵੱਡਾ ਐਲਾਨ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਹੇਮਕੁੰਟ ਸਾਹਿਬ ਲਈ ਪ੍ਰਸਤਾਵਿਤ ਰੋਪ-ਵੇਅ ਪ੍ਰੋਜੈਕਟ ਸ਼ਰਧਾਲੂਆਂ ਲਈ ਇੱਕ 'ਮੀਲ ਦਾ ਪੱਥਰ' ਸਾਬਤ ਹੋਵੇਗਾ, ਜੋ ਨਾ ਸਿਰਫ ਸਫਰ ਦੇ ਸਮੇਂ ਨੂੰ ਘਟਾਏਗਾ ਸਗੋਂ ਯਾਤਰਾ ਨੂੰ ਪਹਿਲਾਂ ਨਾਲੋਂ ਕਿਤੇ ਵੱਧ ਸੁਰੱਖਿਅਤ ਤੇ ਸੁਵਿਧਾਜਨਕ ਬਣਾਏਗਾ। ਵਿਸਾਖੀ ਮੌਕੇ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਪਹੁੰਚੇ ਸਿੱਖ ਵਫਦ ਦਾ ਸਵਾਗਤ ਕਰਦਿਆਂ ਧਾਮੀ ਨੇ ਕਿਹਾ ਕਿ ਲਗਭਗ 1,740 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਨਾਲ ਤਿਆਰ ਹੋਣ ਵਾਲਾ ਇਹ ਪ੍ਰੋਜੈਕਟ ਖਾਸ ਕਰਕੇ ਬਜ਼ੁਰਗਾਂ, ਬੀਬੀਆਂ ਤੇ ਦਿਵਿਆਂਗ ਸ਼ਰਧਾਲੂਆਂ ਲਈ ਵਰਦਾਨ ਸਾਬਤ ਹੋਵੇਗਾ। ਉਨ੍ਹਾਂ ਦੱਸਿਆ ਕਿ ਪਹਾੜੀ ਰਸਤਿਆਂ ਦੀ ਔਖੀ ਚੜ੍ਹਾਈ ਹੁਣ ਸੰਗਤਾਂ ਲਈ ਕੋਈ ਰੁਕਾਵਟ ਨਹੀਂ ਬਣੇਗੀ। ਮੁੱਖ ਮੰਤਰੀ ਨੇ ਵਿਸ਼ਵਾਸ ਦਿਵਾਇਆ ਕਿ ਇਹ ਰੋਪ-ਵੇਅ ਆਧੁਨਿਕ ਤਕਨੀਕ ਨਾਲ ਤਿਆਰ ਕੀਤਾ ਜਾ ਰਿਹਾ ਹੈ ਤੇ ਇਸ ਦੇ ਨਿਰਮਾਣ ਦੌਰਾਨ ਵਾਤਾਵਰਨ ਦੇ ਮਿਆਰਾਂ ਦਾ



ਸਖਤੀ ਨਾਲ ਪਾਲਣ ਕੀਤਾ ਜਾਵੇਗਾ ਤਾਂ ਜੋ ਕੁਦਰਤੀ ਸੁੰਦਰਤਾ ਨੂੰ ਕੋਈ ਨੁਕਸਾਨ ਨਾ ਪਹੁੰਚੇ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਇਹ ਪ੍ਰੋਜੈਕਟ ਨਾ ਸਿਰਫ ਧਾਰਮਿਕ ਪੱਖੋਂ ਮਹੱਤਵਪੂਰਨ ਹੈ, ਸਗੋਂ ਇਸ ਨਾਲ ਇਲਾਕੇ ਦੀ ਆਰਥਿਕਤਾ ਨੂੰ ਵੀ ਵੱਡਾ ਹੁਲਾਰਾ ਮਿਲੇਗਾ। ਰੋਪ-ਵੇਅ ਦੇ ਸ਼ੁਰੂ ਹੋਣ ਨਾਲ ਸੈਰ-ਸਪਾਟਾ ਵਧੇਗਾ ਤੇ ਸਥਾਨਕ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ।ਉਨ੍ਹਾਂ ਦੱਸਿਆ ਕਿ ਸਰਕਾਰ ਹੇਮਕੁੰਟ ਸਾਹਿਬ ਦੇ ਰਸਤੇ ਵਿੱਚ ਬੁਨਿਆਦੀ ਢਾਂਚੇ ਨੂੰ ਲਗਾਤਾਰ ਅਪਗ੍ਰੇਡ ਕਰ ਰਹੀ ਹੈ, ਜਿਸ ਵਿੱਚ ਸੜਕਾਂ ਦੀ ਹਾਲਤ ਸੁਧਾਰਨਾ, ਬਿਹਤਰ ਸਿਹਤ ਸਹੂਲਤਾਂ, ਸਾਫ-ਸਫਾਈ ਤੇ ਰਿਹਾਇਸ਼ੀ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨਾ ਸ਼ਾਮਲ ਹੈ।

# ਡਾ. ਅੰਬੇਡਕਰ ਜੈਯੰਤੀ ਮਨਾਈ



ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 15 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਮਾਸਟਰ ਸੰਤੋਖ ਸਿੰਘ ਕਾਜਨਪੁਰ ਦੇ ਨਿਵਾਸ ਸਥਾਨ 'ਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀ ਜੈਯੰਤੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਗਈ। ਇਸ ਮੌਕੇ ਸਮਾਜ ਦੇ ਵੱਖ-ਵੱਖ ਬੁੱਧੀਜੀਵੀਆਂ ਤੇ ਆਗੂਆਂ ਨੇ ਸ਼ਿਰਕਤ ਕੀਤੀ ਤੇ ਬਾਬਾ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਪ੍ਰਣ ਲਿਆ। ਸਮਾਗਮ ਦਾ ਮੁੱਖ ਟੀਚਾ ਬੱਚਿਆਂ ਨੂੰ ਵੱਧ ਤੋਂ ਵੱਧ ਉਚ ਵਿੱਦਿਆ ਦਿਵਾਉਣ ਲਈ ਪ੍ਰੇਰਿਤ ਕਰਨਾ ਰਿਹਾ, ਕਿਉਂਕਿ ਬਾਬਾ ਸਾਹਿਬ ਅਨੁਸਾਰ ਸਿੱਖਿਆ ਹੀ ਤਰੱਕੀ ਦੀ ਪਹਿਲੀ ਪੌੜੀ ਹੈ। ਇਸ ਮੌਕੇ ਤਿੰਨ ਘੰਟੇ ਚੱਲੀ ਵਿਚਾਰ ਚਰਚਾ ਦੌਰਾਨ ਸਮਾਜ ਵਿੱਚ ਹੋ ਰਹੇ ਧਾਰਮਿਕ, ਰਾਜਨੀਤਿਕ ਤੇ ਆਰਥਿਕ ਅੱਤਿਆਚਾਰਾਂ ਬਾਰੇ ਖੁੱਲ੍ਹ ਕੇ ਗੱਲਬਾਤ ਕੀਤੀ ਗਈ। ਹਾਜ਼ਰ ਆਗੂਆਂ ਨੇ ਸਮਾਜ ਨੂੰ ਇੱਕਜੁੱਟ ਹੋ ਕੇ ਆਪਣੇ ਹੱਕਾਂ ਲਈ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਬਾਬਾ ਅਮਰੀਕ ਸਿੰਘ ਉੱਦੋਕੇ, ਕੈਪਟਨ ਤਰਸੇਮ ਸਿੰਘ ਉਮਰਪੁਰਾ, ਸਤਨਾਮ ਸਿੰਘ ਕਾਨਗੋ ਉਮਰਪੁਰਾ, ਗਰੀਬ ਸਿੰਘ (ਜੇ.ਈ. ਬਟਾਲਾ), ਮਾਸਟਰ ਸੋਮ ਸਿੰਘ, ਕੈਪਟਨ ਕਸ਼ਮੀਰ ਸਿੰਘ, ਸੂਬੇਦਾਰ ਖਜ਼ਾਨਾ ਸਿੰਘ, ਮਾਸਟਰ ਸੰਤੋਖ ਸਿੰਘ ਕਾਜਨਪੁਰ, ਦਿਲਬਾਗ ਸਿੰਘ ਲੀਲ ਖੁਰਦ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਯੂਥ ਵਿੰਗ ਦਾ ਸੂਬਾ ਆਗੂ ਮੇਜਰ ਸਿੰਘ ਕੋਟ ਟੋਡਰ ਮੱਲ, ਸੁਰਿੰਦਰ ਸਿੰਘ ਸੋਡੀ ਉਦੋਕੇ, ਦਲਬੀਰ ਸਿੰਘ ਲੀਲ ਕਲਾ, ਸੁਲੱਖਣ ਸਿੰਘ, ਕੁਲਦੀਪ ਸਿੰਘ, ਸੁਰਿੰਦਰ ਸਿੰਘ ਉਮਰਪੁਰਾ, ਬਲਵਿੰਦਰ ਸਿੰਘ (ਜੇ.ਈ.) ਸ਼ਾਮ ਸਿੰਘ ਔਲਖ, ਸਰਵਨ ਸਿੰਘ ਸੁਲੱਖਣ ਸਿੰਘ ਮੱਖਣ ਸਿੰਘ ਕਾਜਨਪੁਰ ਸਨ।

# ਵਿਧਾਇਕ ਸੰਤੋਸ਼ ਕਟਾਰੀਆ ਨੇ ਦਾਨਾ ਮੰਡੀ ਵਿਖੇ ਕਣਕ ਦੀ ਖਰੀਦ ਸ਼ੁਰੂ ਕਰਵਾਈ

## ☛ਕਿਸਾਨਾਂ ਨੂੰ ਮੰਡੀਆਂ 'ਚ ਕਿਸੇ ਵੀ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ: ਡੀ.ਸੀ. ਔਲਖ

ਬਲਾਚੌਰ, 15 ਅਪ੍ਰੈਲ (ਸੁਖਜੀਤ ਭਾਟੀਆ): ਵਿਧਾਇਕ ਹਲਕਾ ਬਲਾਚੌਰ ਸੰਤੋਸ਼ ਕਟਾਰੀਆ ਤੇ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਦਾਨਾ ਮੰਡੀ ਬਲਾਚੌਰ ਵਿਖੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਗਈ ਹੈ ਤੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਤੋਂ ਜਿਨਸ ਦੀ ਖਰੀਦ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਵਿਧਾਇਕ ਹਲਕਾ ਬਲਾਚੌਰ ਸੰਤੋਸ਼ ਕਟਾਰੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ



ਮੰਡੀਆਂ ਵਿੱਚ ਜਿਨਸ ਦੀ ਖਰੀਦ ਸਬੰਧੀ ਪੁਖਤਾ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕਿਸੇ ਵੀ ਕਿਸਮ ਦੀ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਆਪਣੀ ਫਸਲ ਸੁੱਕਾ ਕੇ ਲਿਆਉਣ ਤਾਂ ਜੋ ਉਨ੍ਹਾਂ ਨੂੰ ਆਪਣੇ ਜਿਨਸ ਵੇਚਣ ਵਿੱਚ ਕੋਈ ਮੁਸ਼ਕਿਲ ਨਾ ਆਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੇ ਨਾਲ ਖੜ੍ਹੀ ਹੈ ਤੇ ਮੰਡੀਆਂ ਵਿੱਚ ਫਸਲ ਦਾ ਇੱਕ-ਇੱਕ ਦਾਣਾ ਖਰੀਦ ਕਰਨ ਲਈ ਵਚਨਬੱਧ ਹੈ। ਇਸ ਮੌਕੇ 'ਤੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਦਾਨਾ ਮੰਡੀਆਂ ਵਿੱਚ ਜਿਨਸ ਦੀ ਖਰੀਦ ਸਬੰਧੀ ਢੁੱਕਵੇਂ ਪ੍ਰਬੰਧ ਕੀਤੇ ਗਏ ਹਨ ਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਕੋਈ ਮੁਸ਼ਕਿਲ ਪੇਸ਼ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਦਾਨਾ ਮੰਡੀਆਂ 'ਚ ਨਿਰੰਤਰ ਚੈਕਿੰਗ ਜਾਰੀ ਰੱਖੀ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਣਕ ਦੇ ਖਰੀਦ ਸੀਜ਼ਨ ਦੌਰਾਨ ਬਾਰਦਾਨੇ ਦੀ ਕੋਈ ਕਮੀ ਪੇਸ਼ ਨਾ ਆਵੇ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਆਪਣੀ ਸੁੱਕੀ ਹੋਈ ਫਸਲ ਲਿਆਉਣ ਤਾਂ ਜੋ ਕਿਸੇ ਵੀ ਕਿਸਮ ਦੀ ਪ੍ਰੇਸ਼ਾਨ ਪੇਸ਼ ਨਾ ਆਵੇ।

# ਕਿਸਾਨਾਂ ਦੀ ਕਣਕ ਦੀ ਫ਼ਸਲ ਨੂੰ ਖ਼੍ਰੀਦਣ ਲਈ ਸਰਕਾਰ ਅਨਾਜ ਮੰਡੀਆਂ 'ਚ ਢੁਕਵੇਂ ਪ੍ਰਬੰਧ ਕਰੇ: ਅਮਰੀਕ ਸਿੰਘ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 15 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਆਪਣੇ-ਆਪ ਨੂੰ ਅੰਨਦਾਤਾ ਕਹਾਉਣ ਵਾਲਾ ਕਿਸਾਨ ਜਿਥੇ ਕੁਦਰਤ ਦੀ ਕਰੋਪੀ ਦੀ ਮਾਰ ਝੱਲ ਰਿਹਾ ਹੈ, ਉਥੇ ਹੀ ਸਰਕਾਰ ਦੀ ਬੇਰੁੱਖੀ ਦਾ ਸਕਾਰ ਹੋ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਜਨਰਲ ਸਕੱਤਰ ਅਮਰੀਕ ਸਿੰਘ ਮੀਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੀਤੇ ਦਿਨੀਂ ਪਈ ਬੇਮੌਸਮੀ ਬਰਸਾਤ ਤੇ ਗੜ੍ਹੇਮਾਰੀ ਨੇ ਕਿਸਾਨਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ। ਕਿਸਾਨਾਂ ਵੱਲੋਂ ਪੁੱਤਾਂ ਵਾਂਗ ਪਾਲੀ ਕਣਕ ਦੀ ਫ਼ਸਲ ਇਸ ਬੇਮੌਸਮੀ ਬਰਸਾਤ ਤੇ ਗੜ੍ਹੇਮਾਰੀ ਨੇ ਬਰਬਾਦ ਕਰ ਦਿੱਤੀ ਹੈ। ਉਥੇ ਹੀ ਕਿਸਾਨਾਂ ਨੂੰ ਸਰਕਾਰ ਬੇਰੁੱਖੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਆਖਿਆ ਕਿ ਪੰਜਾਬ ਦੀਆਂ ਖ਼੍ਰੀਦ



ਏਜੰਸੀਆਂ ਕਣਕ ਦੀ ਖ਼੍ਰੀਦ ਨਹੀਂ ਕਰ ਰਹੀਆਂ, ਜਿਸ ਨਾਲ ਕਿਸਾਨ ਡਾਹਢੇ ਪ੍ਰੇਸ਼ਾਨ ਹੋ ਰਹੇ ਹਨ। ਕਿਉਂਕਿ ਖ਼੍ਰੀਦ ਏਜੰਸੀਆਂ ਵੱਲੋਂ ਕਣਕ ਦੇ ਬਾਰੀਕ ਦਾਣੇ ਕਹਿ ਕੇ ਖ਼੍ਰੀਦ ਏਜੰਸੀਆਂ ਕਣਕ ਨਾ ਖ਼੍ਰੀਦਣ ਦਾ ਬਹਾਨਾ ਬਣਾ ਰਹੀਆਂ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀ ਕਣਕ ਦੀ ਫ਼ਸਲ ਖ਼੍ਰੀਦਣ ਲਈ ਪੰਜਾਬ ਸਰਕਾਰ ਅਨਾਜ ਮੰਡੀਆਂ ਵਿੱਚ ਢੁੱਕਵੇਂ ਪ੍ਰਬੰਧ ਕਰੇ। ਇਸ ਮੌਕੇ ਜ਼ਿਲ੍ਹਾ ਪ੍ਰਚਾਰ ਸਕੱਤਰ ਸਰਵਣ ਸਿੰਘ ਤਲਵੰਡੀ ਭਿੰਡਰ, ਬਲਾਕ ਪ੍ਰਧਾਨ ਸਤਨਾਮ ਸਿੰਘ ਸਰਪੰਚ, ਮੀਤ ਪ੍ਰਧਾਨ ਤਰਲੋਕ ਸਿੰਘ, ਇਕਾਈ ਪ੍ਰਧਾਨ ਸੁਲੱਖਣ ਸਿੰਘ ਮੀਕੇ, ਜ਼ਿਲ੍ਹਾ ਮੀਤ ਪ੍ਰਧਾਨ ਮੇਜਰ ਸਿੰਘ ਤਲਵੰਡੀ, ਜੋਗਾ ਸਿੰਘ ਮੀਕੇ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਹਾਜ਼ਰ ਸਨ।

# ਸਿਲਵਰ ਓਕ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ



ਟਾਂਡਾ ਉੜਮੁੜ, 15 ਅਪ੍ਰੈਲ (ਅਰਜੁਨ ਜੈਨ): ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜ਼ਪੁਰ ਵਿਖੇ ਵਿਸਾਖੀ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਅਧਿਆਪਕਾਂ ਨੇ ਬੱਚਿਆਂ ਨੂੰ ਵਿਸਾਖੀ ਦੇ ਇਤਿਹਾਸ ਦੇ ਬਾਰੇ ਜਾਣੂੰ ਕਰਵਾਇਆ। ਇਸ ਦੌਰਾਨ ਸਕੂਲ ਦੇ ਸੀ.ਸੀ.ਏ ਵਿਭਾਗ ਵੱਲੋਂ ਬੱਚਿਆਂ ਦੇ ਦਸਤਾਰ ਸਜਾਉਣ ਤੇ ਵਿਸਾਖੀ ਦੇ ਇਤਿਹਾਸ ਨਾਲ ਸਬੰਧਤ ਕੁਇਜ਼ ਮੁਕਾਬਲੇ ਕਰਵਾਏ ਗਏ। ਇਸ ਦੌਰਾਨ ਨੌਵੀਂ ਤੇ ਦਸਵੀਂ ਕਲਾਸ ਦੇ ਵਿਦਿਆਰਥੀਆਂ ਦੇ ਹਾਊਸ ਵਾਈਜ ਦਸਤਾਰ ਸਜਾਉਣ ਦੇ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਜੂਪੀਟਰ ਹਾਊਸ ਦੇ ਵਿਦਿਆਰਥੀ ਪਰਮਜੀਤ ਸਿੰਘ ਨੇ ਦੂਸਰਾ ਅਰਥ ਹਾਊਸ ਦੇ ਅਮਨਪ੍ਰੀਤ ਸਿੰਘ ਤੇ ਮਾਰਸ ਹਾਊਸ ਦੇ ਸਹਿਜ ਵੀਰ ਸਿੰਘ ਨੇ ਸਾਂਝੇ ਤੌਰ 'ਤੇ ਅਤੇ ਤੀਸਰਾ ਸਥਾਨ ਮਰਕਰੀ ਹਾਊਸ ਦੇ ਅੰਮ੍ਰਿਤਪਾਲ ਸਿੰਘ ਨੇ ਹਾਸਲ ਕੀਤਾ। ਇਸੇ ਤਰ੍ਹਾਂ ਵਿਸਾਖੀ ਕੁਇੱਜ਼ ਪ੍ਰਤੀਯੋਗਤਾ ਦੇ ਵਿੱਚ ਮਰਕਰੀ ਹਾਊਸ ਦੀ ਟੀਮ ਪਹਿਲੇ ਸਥਾਨ 'ਤੇ ਰਹੀ ਦੂਸਰੇ ਸਥਾਨ 'ਤੇ ਅਰਥ ਹਾਊਸ ਦੀ ਟੀਮ ਨੇ ਕਬਜ਼ਾ ਕੀਤਾ ਤੇ ਤੀਜਾ ਸਥਾਨ ਸਾਂਝੇ ਤੌਰ 'ਤੇ ਮਾਰਸ ਤੇ ਜੂਪੀਟਰ ਹਾਊਸ ਦੇ ਹਿੱਸੇ ਆਇਆ। ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ ਤੇ ਤਰਨ ਸੈਣੀ ਨੇ ਸਮੂਹ ਸਟਾਫ ਤੇ ਬੱਚਿਆਂ ਨੂੰ ਵਿਸਾਖੀ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ 'ਤੇ ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਗੁਰਪ੍ਰੀਤ, ਵਿਸ਼ਾਲੀ, ਨੇਹਾ ਹਾਜ਼ਰ ਸਨ।

# ਖ਼ਾਲਸਾ ਸਾਜਨਾ ਦਿਵਸ ਮਨਾਉਣ ਜਾ ਰਹੀਆਂ ਸੰਗਤਾਂ ਲਈ ਮੀਰਪੁਰ ਦੇ ਉਦਮੀ ਵੀਰਾਂ ਨੇ ਲੰਗਰ ਲਗਾਏ



ਬਟਾਲਾ, 15 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ): ਨਗਰ ਮੀਰਪੁਰ ਦੇ ਉਦਮੀ ਵੀਰਾਂ ਵੱਲੋਂ ਦਸਮ ਪਿਤਾ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪਵਿੱਤਰ ਦਿਹਾੜਾ (ਖ਼ਾਲਸਾ ਸਾਜਨਾ ਦਿਵਸ) ਮਨਾਉਣ ਜਾ ਰਹੀਆਂ ਸੰਗਤਾਂ ਲਈ ਲੰਗਰ ਲਗਾਏ ਗਏ ਹਨ। ਇੱਕਤਰ ਕੀਤੀ ਜਾਣਕਾਰੀ ਅਨੁਸਾਰ ਇਨ੍ਹਾਂ ਸੇਵਾਦਾਰਾਂ ਵੱਲੋਂ ਸੰਗਤਾਂ ਦੀ ਹਰ ਸੁੱਖ-ਸਹੂਲਤ ਦਾ ਖਿਆਲ ਰੱਖਿਆ ਜਾ ਰਿਹਾ ਹੈ (ਲੰਘੇ ਕੱਲ੍ਹ ਦੀ ਸਵੇਰ ਤੋਂ ਲੈ ਕੇ ਰਾਤ ਦੇ ਨੌ 10 ਵਜੇ ਤੱਕ) ਸ੍ਰੀ ਅਨੰਦਪੁਰ ਸਾਹਿਬ ਜਾਣ ਵਾਲੀਆਂ ਨਾਨਕ ਨਾਮ ਲੇਵਾ ਸੰਗਤਾਂ ਨੂੰ ਚਾਹ, ਪਕੌੜੇ, ਰਸ, ਮੱਠੀਆਂ, ਮਿੱਸੇ ਪ੍ਰਸ਼ਾਦੇ, ਦੋ ਤਿੰਨ ਪ੍ਰਕਾਰ ਦੀਆਂ ਸਬਜ਼ੀਆਂ, ਦਾਲ, ਚੌਲ, ਤਵੇ ਵਾਲੇ ਪ੍ਰਸ਼ਾਦੇ ਆਦਿਕ ਪਰੋਸੇ ਜਾ ਰਹੇ ਹਨ। ਕੁਲਵੰਤ ਸਿੰਘ ਤੇ ਹਰਪਾਲ ਸਿੰਘ ਜੇਈ ਲੰਗਰ ਪ੍ਰਬੰਧਕਾਂ ਨੇ ਦੱਸਿਆ ਕਿ ਸਾਡੀ ਕੋਸ਼ਿਸ਼ ਇਹੋ ਹੀ ਹੁੰਦੀ ਹੈ ਕਿ ਸੰਗਤਾਂ ਦੀ ਟਹਿਲ ਸੇਵਾ ਵਿੱਚ ਕਿਸੇ ਤਰ੍ਹਾਂ ਦੀ ਕੋਈ ਕਸਰ ਬਾਕੀ ਨਾ ਰਹੇ। ਉਨ੍ਹਾਂ ਕਿਹਾ ਕਿ ਉਹ ਬੜੇ ਵੱਡਿਆਂ ਭਾਗਾਂ ਵਾਲੀਆਂ ਪਵਿੱਤਰ ਰੂਹਾਂ ਹੁੰਦੀਆਂ ਹਨ, ਜੋ ਸਾਹਿਬ ਸੱਚੇ ਪਾਤਸ਼ਾਹ ਕਲਗੀਧਰ ਪਿਤਾ ਜੀ ਦੇ ਚਰਨ ਪਰਸਨ ਜਾ ਰਹੀਆਂ ਹਨ ਤੇ ਉਸ ਜਗ੍ਹਾ ਜਾ ਕੇ ਸਿਜਦਾ ਕਰਦੀਆਂ ਹਨ, ਜਿੱਥੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸੇ ਨੂੰ ਜੀਵਨ ਦਾਨ ਬਖਸ਼ਿਸ਼ ਕੀਤਾ ਸੀ। ਉਨ੍ਹਾਂ ਹੋਰ ਕਿਹਾ ਕਿ ਮਨੁੱਖਤਾ ਨੂੰ ਇਹ ਭੁੱਲਣਾ ਨਹੀਂ ਚਾਹੀਦਾ ਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਕੁਲ ਲੁਕਾਈ ਦੀ ਖਾਤਰ, ਧਰਮ ਦੀ ਖਾਤਰ, ਸਮੇਂ ਦੀ ਜਾਲਮ ਹਕੂਮਤ ਨਾਲ ਟੱਕਰ ਲੈ ਕੇ, ਮਨੁੱਖਤਾ ਨੂੰ ਸਿਰ ਉਚਾ ਕਰਕੇ ਜਿਉਣ ਦਾ ਢੰਗ ਬਖਸ਼ਿਸ਼ ਕੀਤਾ ਸੀ। ਜਥੇਦਾਰ ਅਨੂਪ ਸਿੰਘ ਦੌਲਤਪੁਰਾ ਨੇ ਦੋ ਦਿਨ ਚੱਲੇ ਇਨ੍ਹਾਂ ਲੰਗਰਾਂ ਵਿੱਚ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜੀ ਰੱਖਿਆ। ਇਸ ਮੌਕੇ ਹਰਪਾਲ ਸਿੰਘ ਤੋਂ ਇਲਾਵਾ ਕੁਲਵੰਤ ਸਿੰਘ, ਮਨਜੀਤ ਸਿੰਘ, ਜਥੇ. ਅਨੂਪ ਸਿੰਘ ਦੌਲਤਪੁਰ ਤੇ ਹੋਰ ਬਹੁਤ ਸਾਰੇ ਸੇਵਾਦਾਰਾਂ ਨੇ ਲੰਗਰਾਂ ਵਿੱਚ ਸੇਵਾ ਕਰਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

# ਰਾਜਵਿੰਦਰ ਕੌਰ ਨੇ ਗਰੀਬ ਪਰਿਵਾਰ ਦੀ ਧੀ ਦੇ ਵਿਆਹ ਮੌਕੇ 21 ਹਜ਼ਾਰ ਰੁਪਏ ਦਿੱਤੇ



ਡੇਰਾ ਬਾਬਾ ਨਾਨਕ, 15 ਅਪ੍ਰੈਲ (ਹੈਪੀ ਕੋਟਲੀ): ਪਿਛਲੇ ਦਿਨੀਂ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਚੇਅਰਪਰਸਨ ਬਣੇ ਬੀਬੀ ਰਾਜਵਿੰਦਰ ਕੌਰ ਭਗਵਾਨਪੁਰ ਵੱਲੋਂ ਹਲਕਾ ਡੇਰਾ ਬਾਬਾ ਨਾਨਕ ਅਧੀਨ ਪੈਂਦੇ ਪਿੰਡਾਂ-ਸ਼ਹਿਰਾਂ 'ਚ ਗਰੀਬ, ਲੋੜਵੰਦ ਤੇ ਬੇਸਹਾਰਾ ਪਰਿਵਾਰਾਂ ਦੀਆ ਲੜਕੀ ਦੇ ਵਿਆਹ ਮੌਕੇ 21 ਹਜ਼ਾਰ ਰੁਪਏ ਨਗਦ ਰਾਸ਼ੀ ਸ਼ਗਨ ਵਜੋਂ ਦੇਣ ਦਾ ਐਲਾਨ ਕੀਤਾ ਗਿਆ ਸੀ। ਇਸੇ ਤਹਿਤ ਹੀ ਅੱਜ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ ਭਗਵਾਨਪੁਰ ਵੱਲੋਂ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਦਰਗਾਬਾਦ 'ਚ ਗ਼ਰੀਬ ਪਰਿਵਾਰ ਨਾਲ ਸਬੰਧਤ ਸੁਨੇਹਾ ਪੁੱਤਰੀ ਰਹਿਮਤ ਮਸੀਹ ਵਾਸੀ ਪਿੰਡ ਦਰਗਾਬਾਦ ਦੇ ਵਿਆਹ ਮੌਕੇ 21 ਹਜ਼ਾਰ ਰੁਪਏ ਨਗਦ ਰਾਸ਼ੀ ਸ਼ਗਨ ਵਜੋਂ ਦਿੱਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ ਭਗਵਾਨਪੁਰ ਨੇ ਕਿਹਾ ਕਿ ਹਲਕਾ ਡੇਰਾ ਬਾਬਾ ਨਾਨਕ ਦੀ ਸੰਗਤ ਲਈ ਇਹੋ ਜਿਹੇ ਕਾਰਜ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਪਿੰਡ ਸ਼ਹਿਰਾਂ ਦੇ ਰੁਕੇ ਵਿਕਾਸ ਕਾਰਜ ਜਲਦ ਹੀ ਸ਼ੁਰੂ ਕਰਵਾਏ ਜਾਣਗੇ। ਇਸ ਮੌਕੇ ਸੀਨੀਅਰ ਆਗੂ ਦਲਬੀਰ ਸਿੰਘ ਭਿੱਲਾ ਕੋਟਲੀ, ਸਰਪੰਚ ਰਣਜੀਤ ਸਿੰਘ ਭੱਟੀ ਦਰਗਾਬਾਦ, ਜਸਵੰਤ ਸਿੰਘ, ਅਵਤਾਰ ਸਿੰਘ, ਮਿੱਤਰਪਾਲ ਸਿੰਘ, ਅਸ਼ੋਕ ਮਸੀਹ, ਬੂਵਾ ਮਸੀਹ, ਸੋਨੂੰ ਮਸੀਹ ਆਦਿ ਹਾਜ਼ਰ ਸਨ।

# ਖ਼ਾਲਸਾ ਕਾਲਜ ਵਿਖੇ 'ਗ੍ਰੀਨ ਭਾਰਤ ਪ੍ਰੋਜੈਕਟ' ਅਧੀਨ ਜਾਗਰੂਕਤਾ ਲੈਕਚਰ

ਗੜ੍ਹਦੀਵਾਲਾ, 15 ਅਪ੍ਰੈਲ (ਗੌਰਵ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ



ਗੜ੍ਹਦੀਵਾਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ, ਸਕੱਤਰ (ਵਿੱਦਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਨੈਸ਼ਨਲ ਐਜੂਟਰੱਸਟ ਆਫ਼ ਇੰਡੀਆ ਤੇ ਐਨ.ਐਸ.ਐਸ. ਦੇ ਸਹਿਯੋਗ ਨਾਲ ਗ੍ਰੀਨ ਭਾਰਤ ਪ੍ਰੋਜੈਕਟ ਦੇ ਅਧੀਨ ਜਾਗਰੂਕਤਾ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਲੈਕਚਰ ਦੇ ਮੁੱਖ ਵਕਤਾ ਡਾ. ਅਮਨਦੀਪ ਸਿੰਘ (ਖੇਤੀਬਾੜੀ ਵਿਭਾਗ) ਨੇ ਵਿਦਿਆਰਥੀਆਂ ਨੂੰ ਔਸ਼ਧੀ ਪੌਦਿਆਂ ਦੀ ਮਹੱਤਤਾ ਤੇ ਉਨ੍ਹਾਂ ਦੇ ਸਹੀ ਉਪਯੋਗ ਬਾਰੇ ਜਾਗਰੂਕ ਕੀਤਾ। ਉਨ੍ਹਾਂ ਨੇ ਦੱਸਿਆ ਕਿ ਇਹ ਪੌਦੇ ਸਾਡੇ ਸਿਹਤ ਲਈ ਬਹੁਤ ਲਾਭਦਾਇਕ ਹਨ ਤੇ ਇਨ੍ਹਾਂ ਦੀ ਸੰਭਾਲ ਕਰਨੀ ਬਹੁਤ ਜ਼ਰੂਰੀ ਹੈ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਪ੍ਰਕਿਰਤੀ ਸੁਰੱਖਿਆ ਲਈ ਆਪਣਾ ਯੋਗਦਾਨ ਦੇਣ ਦਾ ਸੰਕਲਪ ਲਿਆ। ਇਸ ਮੌਕੇ ਨੋਡਲ ਅਫ਼ਸਰ ਕੁਸ਼ਮਾ, ਪ੍ਰੋਜੈਕਟ ਕੋਆਰਡੀਨੇਟਰ ਮਨਦੀਪ ਕੌਰ, ਸੋਨਾ ਕੁਮਾਰੀ, ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਸੁਖਵਿੰਦਰ ਕੁਮਾਰ, ਗੁਰਪ੍ਰੀਤ ਕੌਰ, ਸੀਮਾ ਕੁਮਾਰੀ ਤੇ ਵਿਦਿਆਰਥੀ ਹਾਜ਼ਰ ਸਨ।

# ਗੁ. ਦਮਦਮਾ ਸਾਹਿਬ ਵਿਖੇ ਲੱਗੇ ਖ਼ੂਨਦਾਨ ਕੈਂਪ 'ਚ ਐਡ. ਸਰਬਜੀਤ ਸਿੰਘ ਮਾਨ ਵੱਲੋਂ ਖ਼ੂਨਦਾਨੀ ਨੌਜਵਾਨਾਂ ਦਾ ਸਨਮਾਨ

ਹਰਚੋਵਾਲ, 15 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਗੁਰਦੁਆਰਾ ਦਮਦਮਾ ਸਾਹਿਬ ਵਿਖੇ ਮਨੁੱਖਤਾ ਦੀ ਭਲਾਈ ਲਈ ਖ਼ੂਨਦਾਨ ਕੈਂਪ ਆਯੋਜਿਤ ਕੀਤਾ ਗਿਆ, ਜਿਸ ਦਾ ਆਯੋਜਨ ਸ਼ਹੀਦ ਭਗਤ ਸਿੰਘ ਸੇਵਾ ਸੁਸਾਇਟੀ ਵੱਲੋਂ ਕੀਤਾ ਗਿਆ। ਇਸ ਕੈਂਪ ਵਿੱਚ ਇਲਾਕੇ ਦੇ ਨੌਜਵਾਨਾਂ ਤੇ ਸਥਾਨਕ ਵਸਨੀਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਵੱਡੀ ਗਿਣਤੀ ਵਿੱਚ ਖ਼ੂਨ ਦਾਨ ਕੀਤਾ। ਇਸ ਮੌਕੇ ਪ੍ਰਮੁੱਖ ਸਮਾਜਸੇਵੀ ਤੇ ਰਾਜਨੀਤਿਕ ਸ਼ਖ਼ਸੀਅਤਾਂ ਵਿੱਚ ਐਡ. ਐਸ.ਐਸ. ਸੁਮਨ, ਚੇਅਰਮੈਨ ਮਲਕੀਤ ਸਿੰਘ ਮਧਰਾ, ਚੇਅਰਮੈਨ ਪਰਮਿੰਦਰ ਸਿੰਘ ਪੱਡਾ, ਅੰਮ੍ਰਿਤ ਧਪਾਈ, ਹਰਦਿਆਲ ਸਿੰਘ, ਕਰਨਜੀਤ ਸਿੰਘ, ਪ੍ਰਦੀਪ ਸਿੰਘ ਬੇਦੀ ਤੇ ਕਿਸਾਨ ਆਗੂ ਸੋਨੂ ਔਲਖ ਨੇ ਖ਼ਾਸ ਤੌਰ 'ਤੇ ਹਾਜ਼ਰੀ ਲਗਵਾਈ ਤੇ ਖ਼ੂਨ ਦਾਨ ਕਰਨ ਵਾਲਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਦੌਰਾਨ ਐਡ. ਸਰਬਜੀਤ ਸਿੰਘ ਮਾਨ ਵੱਲੋਂ ਖ਼ੂਨ ਦਾਨ ਕਰਨ ਵਾਲੇ ਨੌਜਵਾਨਾਂ ਨੂੰ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਦੀ ਇਸ ਮਹਾਨ ਸੇਵਾ ਲਈ ਪ੍ਰਸ਼ੰਸਾ ਕੀਤੀ ਗਈ।



ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਸੇਵਾ ਹੈ ਜੋ ਕਿਸੇ ਦੀ ਜ਼ਿੰਦਗੀ ਬਚਾਅ ਸਕਦੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅੱਗੇ ਆ ਕੇ ਇਸ ਤਰ੍ਹਾਂ ਦੇ ਸੇਵਾ ਕਾਰਜਾਂ ਵਿੱਚ ਹਿੱਸਾ ਲੈਣ। ਕੈਂਪ ਦੌਰਾਨ ਮੈਡੀਕਲ ਟੀਮ ਵੱਲੋਂ ਸੁਰੱਖਿਆ ਤੇ ਸਫਾਈ ਦੇ ਪੂਰੇ ਪ੍ਰਬੰਧ ਕੀਤੇ ਗਏ ਸਨ, ਜਿਸ ਨਾਲ ਦਾਨੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਿਆ।

# ਬੀਵੀਐਨ ਕਾਲਜ ਫ਼ਾਰ ਗਰਲਜ਼ ਨੇ ਫਿਰ ਰਚਿਆ ਇਤਿਹਾਸ

ਫਤਹਿਗੜ੍ਹ ਚੂੜੀਆਂ, 15 ਅਪ੍ਰੈਲ (ਰਾਜਨ ਸ਼ਰਮਾ): ਇਲਾਕੇ ਦੇ ਪ੍ਰਸਿੱਧ ਸਿੱਖਿਆ ਸੰਸਥਾਨ ਬੀਵੀਐਨ ਕਾਲਜ ਫ਼ਾਰ ਗਰਲਜ਼ ਨੇ ਇੱਕ ਵਾਰ ਫਿਰ ਸ਼ਾਨਦਾਰ ਨਤੀਜਿਆਂ ਨਾਲ ਆਪਣੀ ਬੁਲੰਦ ਪਹਿਚਾਣ ਬਣਾਈ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਘੋਸ਼ਿਤ ਕੀਤੇ ਬੀਸੀਏ ਪਹਿਲੇ ਸਮੈਸਟਰ (ਸੈਸ਼ਨ 2025-26) ਦੇ ਨਤੀਜਿਆਂ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਨੇ ਲਾਜਵਾਬ ਪ੍ਰਦਰਸ਼ਨ ਕਰਦੇ ਹੋਏ ਮੈਰਿਟ ਲਿਸਟ ਵਿੱਚ ਆਪਣਾ ਦਬਦਬਾ ਕਾਇਮ ਕੀਤਾ ਹੈ। ਕਾਲਜ ਦੀ ਹੋਣਹਾਰ ਵਿਦਿਆਰਥਣ ਸ਼ਰਨਜੀਤ ਨੇ 85% ਅੰਕ ਪ੍ਰਾਪਤ ਕਰਕੇ ਮੈਰਿਟ ਲਿਸਟ ਵਿੱਚ ਉਚਾ ਸਥਾਨ ਹਾਸਲ ਕੀਤਾ। ਇਸ ਦੇ ਨਾਲ ਹੀ ਨਵਜੋਤ ਕੌਰ ਨੇ 81% ਅੰਕ ਲੈ ਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਹੋਰ ਵਿਦਿਆਰਥੀਆਂ ਵਿੱਚ ਪਰਮਜੀਤ ਤੇ ਪਰਮਜੀਤ ਕੌਰ ਨੇ 80%



ਅੰਕ ਪ੍ਰਾਪਤ ਕਰਦੇ ਹੋਏ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਦਕਿ ਪਰਮਿੰਦਰ ਨੇ 79% ਅੰਕ ਹਾਸਲ ਕਰਕੇ ਕਾਲਜ ਦਾ ਨਾਮ ਚਮਕਾਇਆ। ਇਸ ਉਪਲਬਧੀ 'ਤੇ ਕਾਲਜ ਦੀ ਪ੍ਰਿੰਸੀਪਲ ਰਾਗਨੀ ਮਹਾਜਨ ਨੇ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਸਖ਼ਤ ਮਿਹਨਤ, ਅਨੁਸ਼ਾਸਨ ਤੇ ਅਧਿਆਪਕਾਂ ਦੀ ਲਗਨ ਦਾ ਪ੍ਰਤੀਕ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਬੀਵੀਐਨ ਕਾਲਜ ਹਮੇਸ਼ਾ ਹੀ ਇਲਾਕੇ ਵਿੱਚ ਉਚ ਦਰਜੇ ਦੇ ਨਤੀਜੇ ਦੇਣ ਵਿੱਚ ਅੱਗੇ ਰਿਹਾ ਹੈ ਤੇ ਭਵਿੱਖ ਵਿੱਚ ਵੀ ਇਹ ਰਿਵਾਇਤ ਜਾਰੀ ਰਹੇਗੀ। ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ 2026 ਵਿੱਚ ਕਾਲਜ ਨਵੀਂ ਸੋਚ ਤੇ ਆਧੁਨਿਕ ਤਕਨੀਕਾਂ ਵੱਲ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ, ਜਿਵੇਂ ਕਿ Artificial Intelligence, Cyber Security, Project Formation Based Python, Java ਤੇ 3++, ਜੋ ਵਿਦਿਆਰਥੀਆਂ ਨੂੰ ਰੁਜ਼ਗਾਰ ਦੇ ਮੌਕਿਆਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੀਆਂ। ਇਹ ਸ਼ਾਨਦਾਰ ਨਤੀਜੇ ਨਾ ਸਿਰਫ਼ ਕਾਲਜ ਦੀ ਉਤਕ੍ਰਿਸ਼ਟ ਸਿੱਖਿਆ ਪ੍ਰਣਾਲੀ ਦਾ ਸਬੂਤ ਹਨ।

# ਵਿਸਾਖੀ ਸਮਾਗਮ ਮੌਕੇ ਬਿਕਰਮਜੀਤ ਸਿੰਘ ਅੱਲਾਬਖਸ਼ ਦਾ ਕੈਨੇਡਾ 'ਚ ਸਨਮਾਨ

ਟੋਰਾਂਟੋ, 15 ਅਪ੍ਰੈਲ (ਚ.ਨ.ਸ): ਕੈਨੇਡਾ 'ਚ ਭਾਰਤੀ ਰਾਜਦੂਤ ਦਿਨੇਸ਼ ਪਟਨਾਇਕ ਤੇ ਟੋਰਾਂਟੋ 'ਚ ਭਾਰਤ ਦੇ ਕੌਂਸਲ ਜਨਰਲ ਮਹਾਂਵੀਰ ਸਿੰਘਵੀ ਵੱਲੋਂ ਉਘੇ ਨੌਜਵਾਨ ਆਗੂ ਤੇ ਸ਼੍ਰੋਮਣੀ ਕਮੇਟੀ ਮੈਂਬਰ ਰਵਿੰਦਰ ਸਿੰਘ ਚੱਕ ਦੇ



ਬੇਟੇ ਬਿਕਰਮਜੀਤ ਸਿੰਘ ਅੱਲਾਬਖਸ਼ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਪਟਨਾਇਕ ਨੇ ਕਿਹਾ ਕਿ ਅੱਲਾਬਖਸ਼ ਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਕੈਨੇਡਾ ਤੇ ਭਾਰਤ 'ਚ ਵੱਸਦੇ ਲੋਕਾਂ ਦੀ ਭਾਈਚਾਰਕ ਸਾਂਝ ਵਧਾਉਣ 'ਚ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਸਿੰਘਵੀ ਨੇ ਕਿਹਾ ਕਿ ਅੱਲਾਬਖਸ਼ ਉਦਮੀ ਨੌਜਵਾਨ ਹੈ ਤੇ ਅਜੋਕੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਸਰੋਤ ਹੈ। ਅੱਲਾਬਖਸ਼ ਵਿਸਾਖੀ ਮੌਕੇ ਅੰਮ੍ਰਿਤਸਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ ਦਾ ਕੈਨੇਡਾ ਦੀਆਂ ਸੰਗਤਾਂ ਲਈ ਵਿਸਾਖੀ ਸੰਦੇਸ਼ ਲੈ ਕੇ ਟੋਰਾਂਟੋ ਪੁੱਜੇ ਹਨ। ਭਾਰਤੀ ਕੌਂਸਲਖਾਨੇ ਤੇ ਵਿਰਾਸਤ-ਏ-ਖ਼ਾਲਸਾ ਦੇ ਵਿਸ਼ੇਸ਼ ਸਮਾਗਮ 'ਚ ਅੱਲਾਬਖਸ਼ ਨੇ ਐਡ. ਧਾਮੀ ਦਾ ਸੰਦੇਸ਼ ਪੜ੍ਹ ਕੇ/ਸੁਣਾਇਆ ਤੇ ਸਮੁੱਚੇ ਜਗਤ ਨੂੰ ਵਿਸਾਖੀ ਦੀ ਮੁਬਾਰਕਬਾਦ ਪੇਸ਼ ਕੀਤੀ। ਉਨ੍ਹਾਂ ਆਖਿਆ ਕਿ ਜਿਸ ਤਰ੍ਹਾਂ ਪੰਜਾਬੀਆਂ ਨੇ ਕੈਨੇਡਾ 'ਚ ਜਾ ਕੇ ਸਿੱਖ ਕੌਮ ਦੇ ਚੜ੍ਹਦੀਕਲਾ ਦੇ ਸਿਧਾਂਤ 'ਤੇ ਪਹਿਰਾ ਦੇ ਕੇ ਆਪਣੀ ਕੌਮ ਦਾ ਨਾਂਅ ਰੌਸ਼ਨ ਕੀਤਾ। ਉਸੇ ਤਰ੍ਹਾਂ ਉਨ੍ਹਾਂ ਨੂੰ ਸਾਡੀ ਭਾਈਚਾਰਕ ਸਾਂਝ ਤੋੜਨ ਵਾਲੀਆਂ ਦੇਸ਼ ਵਿਰੋਧੀ ਤਾਕਤਾਂ ਪ੍ਰਤੀ ਸੁਚੇਤ ਰਹਿਣ ਦੀ ਲੋੜ ਹੈ।

# ਪੱਛਮੀ ਏਸ਼ੀਆ ਜੰਗ ਨਾਲ ਭਾਰਤ 'ਚ 25 ਲੱਖ ਹੋਣਗੇ ਗ਼ਰੀਬ

## ☛ਯੂਐਨਡੀਪੀ ਰਿਪੋਰਟ 'ਚ ਭਾਰਤ ਨੂੰ ਮਨੁੱਖੀ ਵਿਕਾਸ 'ਚ ਨੁਕਸਾਨ ਦਾ ਦਾਅਵਾ

ਸੰਯੁਕਤ ਰਾਸ਼ਟਰ, 15 ਅਪ੍ਰੈਲ (ਚ.ਨ.ਸ): ਵਿਸ਼ਵ ਪੱਧਰੀ ਸੰਕਟ ਵਿਚਾਲੇ ਗ਼ੈਰਪ੍ਰਸੰਗਕ ਹੋਏ ਸੰਯੁਕਤ ਰਾਸ਼ਟਰ ਨੇ ਆਪਣੀ ਇੱਕ ਸੰਸਥਾ ਸੰਯੁਕਤ ਰਾਸ਼ਟਰ ਵਿਕਾਸ ਪ੍ਰੋਗਰਾਮ (ਯੂਐਨਡੀਪੀ) ਦੀ ਰਿਪੋਰਟ 'ਚ ਦਾਅਵਾ ਕੀਤਾ ਹੈ ਕਿ ਪੱਛਮੀ ਏਸ਼ੀਆ 'ਚ ਸੰਘਰਸ਼ ਤੇ ਫ਼ੌਜੀ ਵਾਧੇ ਨਾਲ ਭਾਰਤ 'ਚ 25 ਲੱਖ ਲੋਕ ਗ਼ਰੀਬੀ ਦੀ ਗ੍ਰਿਫ਼ਤਰ 'ਚ ਆ ਸਕਦੇ ਹਨ। ਨਾਲ ਹੀ ਭਾਰਤ ਨੂੰ ਮਨੁੱਖੀ ਵਿਕਾਸ ਦੀ ਪ੍ਰਗਤੀ 'ਚ ਵੀ ਰੁਕਾਵਟਾਂ ਤੇ ਕੁਝ ਨੁਕਸਾਨ ਦਾ ਸਾਹਮਣਾ ਕਰਨਾ ਪਵੇਗਾ। ਜਾਰੀ ਕੀਤੀ ਸੰਯੁਕਤ ਰਾਸ਼ਟਰ ਵਿਕਾਸ ਪ੍ਰੋਗਰਾਮ (ਯੂਐਨਡੀਪੀ) ਦੀ 'ਪੱਛਮੀ ਏਸ਼ੀਆ 'ਚ ਫ਼ੌਜੀ ਵਾਧਾ' ਏਸ਼ੀਆ ਤੇ ਪ੍ਰਸ਼ਾਂਤ 'ਚ ਮਨੁੱਖੀ ਵਿਕਾਸ 'ਤੇ ਅਸਰ



ਸਿਰਲੇਖ ਵਾਲੀ ਰਿਪੋਰਟ 'ਚ ਜ਼ਿਕਰ ਕੀਤਾ ਗਿਆ ਹੈ ਕਿ ਇਹ ਸੰਘਰਸ਼ 'ਏਸ਼ੀਆ ਤੇ ਪ੍ਰਸ਼ਾਂਤ ਖੇਤਰ 'ਚ ਮਨੁੱਖੀ ਵਿਕਾਸ ਦੇ ਦਬਾਅ ਨੂੰ ਵਧਾ ਰਿਹਾ ਹੈ। ਈਂਧਣ, ਮਾਲ-ਢੁਆਈ ਤੇ ਇਨਪੁਟ ਲਾਗਤ 'ਚ ਵਾਧੇ ਨਾਲ ਇਹ ਝਟਕਾ ਘਰੇਲੂ ਖ਼ਰੀਦਦਾਰ ਦੀ ਤਾਕਤ ਨੂੰ ਘੱਟ ਕਰ ਰਿਹਾ ਹੈ। ਇਸ ਨਾਲ ਖੁਰਾਕ ਅਸੁਰੱਖਿਆ ਵੱਧ ਰਹੀ ਹੈ, ਜੋ ਸਰਕਾਰੀ ਬਜਟ 'ਤੇ ਦਬਾਅ ਪਾ ਰਹੀ ਹੈ ਤੇ ਰੋਜ਼ੀ-ਰੋਟੀ ਨੂੰ ਕਮਜ਼ੋਰ ਕਰ ਰਹੀ ਹੈ। ਸ਼ੁਰੂਆਤੀ ਮੁਲਾਂਕਣ 'ਚ ਅੰਦਾਜ਼ਾ ਲਗਾਇਆ ਗਿਆ ਹੈ ਕਿ ਆਲਮੀ ਪੱਧਰ 'ਤੇ 88 ਲੱਖ ਲੋਕ ਗ਼ਰੀਬੀ 'ਚ ਜਕੜੇ ਜਾ ਸਕਦੇ ਹਨ ਤੇ ਪੱਛਮੀ ਏਸ਼ੀਆ ਦਾ ਫ਼ੌਜੀ ਵਾਧਾ ਏਸ਼ੀਆ-ਪ੍ਰਸ਼ਾਂਤ ਖੇਤਰ ਨੂੰ 299 ਅਰਬ ਅਮਰੀਕੀ ਡਾਲਰ ਤੱਕ ਦਾ ਨੁਕਸਾਨ ਪਹੁੰਚਾ ਸਕਦਾ ਹੈ। ਭਾਰਤ 'ਚ ਗ਼ਰੀਬਾਂ ਦੀ ਗਿਣਤੀ ਲਗਭਗ ਚਾਰ ਲੱਖ ਤੋਂ ਵੱਧ ਕੇ 25 ਲੱਖ ਹੋਣ ਦਾ ਸ਼ੱਕ ਹੈ। ਰਿਪੋਰਟ 'ਚ ਫ਼ੌਜੀ ਵਾਧੇ ਦੇ ਅਨੁਮਾਨਿਤ ਗ਼ਰੀਬੀ ਅਸਰ ਨੂੰ ਉਜਾਗਰ ਕਰਦੇ ਹੋਏ ਕਿਹਾ ਗਿਆ ਹੈ ਕਿ ਇਸ ਸੰਕਟ ਤੋਂ ਬਾਅਦ ਭਾਰਤ ਦੀ ਗ਼ਰੀਬੀ ਦਰ 23.9 ਫ਼ੀਸਦੀ ਤੋਂ ਵੱਧ ਕੇ 24.2 ਫ਼ੀਸਦੀ ਹੋਣ ਦਾ ਅੰਦਾਜ਼ਾ ਹੈ, ਜਿਸ ਨਾਲ 24, 64, 698 ਲੋਕ ਗ਼ਰੀਬੀ 'ਚ ਧੱਕੇ ਜਾਣਗੇ। ਸੰਕਟ ਤੋਂ ਬਾਅਦ ਦੇਸ਼ 'ਚ ਲਗਭਗ 35,40,33,698 ਲੋਕ ਗ਼ਰੀਬੀ 'ਚ ਰਹਿਣ ਦਾ ਸ਼ੱਕ ਹੈ। ਜਦਕਿ ਸੰਕਟ ਤੋਂ ਪਹਿਲਾਂ ਇਹ ਗਿਣਤੀ 35,15,69,000 ਸੀ। ਰਿਪੋਰਟ ਦੇ ਮੁਤਾਬਿਕ ਭਾਰਤ ਆਪਣੀ ਤੇਲ ਦੀਆਂ ਜ਼ਰੂਰਤਾਂ ਦਾ 90 ਫ਼ੀਸਦੀ ਤੋਂ ਵੱਧ ਦਰਾਮਦ ਨਾਲ ਪੂਰਾ ਕਰਦਾ ਹੈ, ਜਿਸ 'ਚ 40 ਫ਼ੀਸਦੀ ਤੋਂ ਵੱਧ ਕੱਚੇ ਤੇਲ ਦੀ ਦਰਾਮਤ ਤੇ 90 ਫ਼ੀਸਦੀ ਐਲਪੀਜੀ ਦਰਾਮਦ ਪੱਛਮੀ ਏਸ਼ੀਆ ਤੋਂ ਹੁੰਦੀ ਹੈ। ਪੱਛਮੀ ਏਸ਼ਿਆਈ ਦੇਸ਼ ਭਾਰਤ ਦੀ ਖਾਦ ਦਰਾਮਦ ਦਾ 45 ਫ਼ੀਸਦੀ ਤੋਂ ਵੱਧ ਪ੍ਰਦਾਨ ਕਰਦੇ ਹਨ, ਜਦਕਿ ਦੇਸ਼ ਦਾ ਘਰੇਲੂ ਯੂਰੀਆ ਉਤਪਾਦਨ 85 ਫ਼ੀਸਦੀ ਦਰਾਮਦ ਪੁਨਰਗੈਸਿਫਾਈਡ ਤਰਲੀਕ੍ਰਿਤ ਕੁਦਰਤੀ ਗੈਸ 'ਤੇ ਨਿਰਭਰ ਹੈ।

# ਦਿੱਲੀ ਦੇ ਉਪ-ਰਾਜਪਾਲ ਵੱਲੋਂ ਐਨ.ਐਨ. ਵੋਹਰਾ ਦਾ ਪੰਜਾਬ ਰਤਨ ਐਵਾਰਡ ਨਾਲ ਸਨਮਾਨ

ਨਵੀਂ ਦਿੱਲੀ, 15 ਅਪ੍ਰੈਲ (ਚ.ਨ.ਸ): ਦਿੱਲੀ ਦੇ ਉਪ-ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਅੱਜ ਜੰਮੂ-ਕਸ਼ਮੀਰ ਦੇ ਸਾਬਕਾ ਰਾਜਪਾਲ ਤੇ ਪਦਮ ਵਿਭੂਸ਼ਣ ਐਨਐਨ ਵੋਹਰਾ ਦਾ ਇੰਟਰਨੈਸ਼ਨਲ ਪੰਜਾਬੀ ਸੁਸਾਇਟੀ ਦੇ 'ਪੰਜਾਬ ਰਤਨ ਐਵਾਰਡ' ਨਾਲ ਸਨਮਾਨ ਕੀਤਾ। ਸ਼ਾਨਦਾਰ ਤੇ ਤਾਉਮਰ ਪ੍ਰਾਪਤੀਆਂ ਲਈ ਇਹ ਪੁਰਸਕਾਰ ਦਿੱਲੀ ਦੇ ਇੰਡੀਆ ਇੰਟਰਨੈਸ਼ਨਲ ਸੈਂਟਰ 'ਚ ਸੁਸਾਇਟੀ ਦੇ ਵਿਸਾਖੀ ਜਸ਼ਨਾਂ ਦੇ ਮੌਕੇ ਦਿੱਤਾ ਗਿਆ। ਇਹ ਪੁਰਸਕਾਰ ਹੀਰੋ ਮੋਟੋਕਾਰਪ ਦੇ ਪਵਨ ਮੁੰਜਾਲ, ਮੈਨਕਾਈਂਡ ਫਾਰਮਾ ਦੇ ਆਰਸੀ ਜੁਨੇਜਾ ਤੇ ਪੰਜਾਬ ਕੇਸਰੀ ਗਰੁੱਪ ਦੀ ਕਿਰਨ ਚੋਪੜਾ ਨੂੰ ਵੀ ਦਿੱਤੇ ਗਏ। ਸੁਸਾਇਟੀ ਦੇ ਸਰਪ੍ਰਸਤ ਤੇ ਸਾਬਕਾ ਸੰਸਦ ਮੈਂਬਰ ਤਰਲੋਚਨ ਸਿੰਘ ਤੇ ਸੁਸਾਇਟੀ ਦੇ ਪ੍ਰਧਾਨ ਅਨਿਲ ਕੋਹਲੀ ਵੱਲੋਂ ਵੱਖ ਵੱਖ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤੇ ਜਾਣ ਮਗਰੋਂ ਤਰਨਜੀਤ ਸੰਧੂ ਨੇ ਆਪਣੇ ਸੰਬੋਧਨ ਵਿੱਚ ਪੰਜਾਬੀਆਂ ਦੇ ਜਜ਼ਬੇ ਤੇ ਉਦਮ ਦੀ ਸ਼ਲਾਘਾ ਕੀਤੀ। ਸ੍ਰੀ ਸੰਧੂ ਨੇ ਕਿਹਾ ਕਿ ਪੰਜਾਬੀ ਚਾਹੇ ਦੁਨੀਆਂ ਵਿੱਚ ਕਿਤੇ



ਵੀ ਜਾਣ, ਉਹ ਆਪਣੇ ਨਾਲ ਦੋ ਚੀਜ਼ਾਂ, ਸਖ਼ਤ ਮਿਹਨਤ ਕਰਨ ਦੀ ਯੋਗਤਾ ਤੇ ਭਾਈਚਾਰਾ ਬਣਾਉਣ ਦਾ ਜਜ਼ਬਾ ਲਿਜਾਂਦੇ ਹਨ। ਦਿੱਲੀ ਦੇ ਉਪ-ਰਾਜਪਾਲ ਨੇ ਕਿਹਾ ਕਿ ਪੰਜਾਬੀਆਂ ਨੇ ਬੇਸ਼ੱਕ ਆਲਮੀ ਪੱਧਰ 'ਤੇ ਸਫਲ ਵਿਅਕਤੀਗਤ ਸਫਰ ਤੈਅ ਕੀਤੇ ਹਨ, ਪਰ ਹੁਣ ਉਨ੍ਹਾਂ ਨੂੰ ਇਸ ਨੂੰ ਮਜ਼ਬੂਤ ਸਮੂਹਿਕ ਸ਼ਕਤੀ ਵਿੱਚ ਬਦਲਣਾ ਚਾਹੀਦਾ ਹੈ। ਨਵੀਂ ਦਿੱਲੀ ਦੇ ਵਿਕਾਸ ਵਿੱਚ ਸਿੱਖਾਂ ਤੇ ਪੰਜਾਬੀਆਂ ਦੇ ਯੋਗਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬੀਆਂ ਦੀ ਅਸਲ ਤਾਕਤ ਕਦੇ ਵੀ ਸਿਰਫ਼ ਉਨ੍ਹਾਂ ਦੀਆਂ ਪ੍ਰਾਪਤੀਆਂ ਵਿੱਚ ਨਹੀਂ ਰਹੀ, ਸਗੋਂ ਇਸ ਵਿੱਚ ਰਹੀ ਹੈ ਕਿ ਉਹ ਰਸਤੇ ਵਿੱਚ ਦੂਜਿਆਂ ਨੂੰ ਕਿਵੇਂ ਉਚਾ ਚੁੱਕਦੇ ਹਨ। ਇਸ ਤੋਂ ਪਹਿਲਾਂ ਤਰਲੋਚਨ ਸਿੰਘ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ। ਸਮਾਗਮ ਦੀ ਸ਼ੁਰੂਆਤ ਸ਼ਬਦ ਕੀਰਤਨ ਨਾਲ ਹੋਈ।

# ਦੇਸ਼ ਭਗਤ ਯੂਨੀਵਰਸਿਟੀ ਨੇ ਸੇਵਾਦਾਰਾਂ ਦੇ ਪਰਿਵਾਰਾਂ ਲਈ 'ਵਿਸਾਖੀ ਵਰਦਾਨ' ਸਕਾਲਰਸ਼ਿਪ ਸਕੀਮ ਸ਼ੁਰੂ ਕੀਤੀ



ਮੰਡੀ ਗੋਬਿੰਦਗੜ੍ਹ, 15 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਨੇ ਵਿਸਾਖੀ ਦੇ ਮੌਕੇ 'ਤੇ ਵਿਸ਼ੇਸ਼ ਸਕਾਲਸ਼ਪ ਸਕੀਮ, 'ਵਿਸਾਖੀ ਵਾਰਦਾਨ -ਸੇਵਾ ਕਰਨ ਵਾਲੇ ਹੱਥਾਂ ਨੂੰ ਸਸ਼ਕਤ ਬਣਾਉਣਾ' ਦਾ ਐਲਾਨ ਕੀਤਾ। ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਚੰਡੀਗੜ੍ਹ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਇਸ ਪਹਿਲਕਦਮੀ ਦਾ ਉਦੇਸ਼ ਸੇਵਾਦਾਰਾਂ ਤੇ ਗੁਰਦੁਆਰਾ ਸਟਾਫ ਦੀ ਸੇਵਾ ਦਾ ਸਨਮਾਨ ਕਰਨਾ ਹੈ। ਇਹ ਸਕਾਲਰਸ਼ਿਪ ਵਿਸ਼ੇਸ਼ ਤੌਰ 'ਤੇ ਗੁਰਦੁਆਰਾ ਸਾਹਿਬ ਦੇ ਕਰਮਚਾਰੀਆਂ ਤੇ ਸੇਵਾਦਾਰਾਂ ਦੇ ਬੱਚਿਆਂ ਤੇ ਆਸ਼ਰਿਤਾਂ ਲਈ ਹੈ ਜੋ ਉਨ੍ਹਾਂ ਨੂੰ ਮਿਆਰੀ ਉਚ ਸਿੱਖਿਆ ਪ੍ਰਾਪਤ ਕਰਨ ਵਿੱਚ ਮਦਦ ਕਰੇਗੀ। ਅਧਿਕਾਰਤ ਘੋਸ਼ਣਾ ਅਨੁਸਾਰ ਯੋਗ ਵਿਦਿਆਰਥੀਆਂ ਨੂੰ ਇਨ੍ਹਾਂ ਦਾ ਲਾਭ ਹੋਵੇਗਾ, ਜਿਸ ਵਿੱਚ ਡਿਪਲੋਮਾ, ਅੰਡਰਗ੍ਰੈਜੂਏਟ ਤੇ ਪੋਸਟ ਗ੍ਰੈਜੂਏਟ ਕੋਰਸਾਂ ਸਮੇਤ ਸਾਰੇ ਯੂਜੀਸੀ-ਨਿਯੰਤ੍ਰਿਤ ਨਿਯਮਤ ਪ੍ਰੋਗਰਾਮਾਂ 'ਤੇ 25 ਪ੍ਰਤੀਸ਼ਤ ਸਕਾਲਰਸ਼ਿਪ, ਆਨਲਾਈਨ ਲਰਨਿੰਗ ਤੇ ਓਪਨ ਐਂਡ ਡਿਸਟੈਂਸ ਲਰਨਿੰਗ ਪ੍ਰੋਗਰਾਮਾਂ 'ਤੇ 50 ਪ੍ਰਤੀਸ਼ਤ ਸਕਾਲਰਸ਼ਿਪ ਹੋਵੇਗੀ। ਇੰਜੀਨੀਅਰਿੰਗ ਤੇ ਮੈਨੇਜਮੈਂਟ ਤੋਂ ਆਰਟ, ਮੀਡੀਆ ਤੇ ਹਾਸਪਟੈਲਿਟੀ ਤੱਕ ਦੇ ਵਿਸ਼ਿਆਂ ਨੂੰ ਕਵਰ ਕਰਦੇ ਹੋਏ ਇਹ ਯੋਜਨਾ ਡਿਪਲੋਮਾ ਤੋਂ ਪੀਐਚਡੀ ਤੱਕ ਦੇ ਪ੍ਰੋਗਰਾਮਾਂ ਲਈ ਹੈ ਜੋ ਕਿ ਵਿਆਪਕ ਅਕਾਦਮਿਕ ਪਹੁੰਚ ਨੂੰ ਯਕੀਨੀ ਬਣਾਉਂਦੀ ਹੈ। ਇਹ ਯੋਗਤਾ ਨਿਯਮਾਂ ਦੇ ਅਧੀਨ 2026-27 ਅਕਾਦਮਿਕ ਸੈਸ਼ਨ ਲਈ ਲਾਗੂ ਹੋਵੇਗੀ। ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਵਿੱਚ ਅਸੀਂ 'ਸੇਵਾ' ਦੀ ਭਾਵਨਾ ਦਾ ਸਨਮਾਨ ਕਰਨ ਵਿੱਚ ਦ੍ਰਿੜ੍ਹਤਾ ਨਾਲ ਵਿਸ਼ਵਾਸ ਰੱਖਦੇ ਹਾਂ। 'ਵਿਸਾਖੀ ਵਰਦਾਨ' ਸਕੀਮ ਰਾਹੀਂ ਅਸੀਂ ਸਮਾਜ ਦੀ ਨਿਰਸਵਾਰਥ ਸੇਵਾ ਕਰਨ ਵਾਲਿਆਂ ਦੇ ਪਰਿਵਾਰਾਂ ਨੂੰ ਮਿਆਰੀ ਸਿੱਖਿਆ ਦੇ ਮੌਕੇ ਪ੍ਰਦਾਨ ਕਰਕੇ ਸੇਵਾ ਨੂੰ ਸਸ਼ਕਤੀਕਰਨ ਵਿੱਚ ਬਦਲਣ ਵੱਲ ਇੱਕ ਨਿਮਰ ਕਦਮ ਚੁੱਕ ਰਹੇ ਹਾਂ। ਉਨ੍ਹਾਂ ਚੰਡੀਗੜ੍ਹ ਟਰਾਈਸਿਟੀ ਦੇ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਨੂੰ ਦਸਤਾਰਾਂ ਭੇਟ ਕੀਤੀਆਂ। ਉਨ੍ਹਾਂ ਉਪ-ਪ੍ਰਧਾਨ ਡੀਪੀਐਸ ਚੁੱਘ, ਭੁਪਿੰਦਰ ਸਿੰਘ ਤੇ ਸਤਨਾਮ ਸਿੰਘ ਨੂੰ ਸਕਾਲਰਸ਼ਿਪ ਦੇ ਦਸਤਾਵੇਜ਼ ਦਿੱਤੇ। ਉਨ੍ਹਾਂ ਕਿਹਾ ਕਿ ਇਹ ਕਦਮ ਯੂਨੀਵਰਸਿਟੀ ਦੇ ਸਮਾਵੇਸ਼ੀ, ਮੁੱਲ-ਅਧਾਰਿਤ ਸਿੱਖਿਆ ਦੇ ਦ੍ਰਿਸ਼ਟੀਕੋਣ ਤੇ ਬਰਾਬਰ ਮੌਕਿਆਂ ਰਾਹੀਂ ਇੱਕ ਉਜਵੱਲ ਭਵਿੱਖ ਬਣਾਉਣ ਦੀ ਵਚਨਬੱਧਤਾ ਨੂੰ ਮਜ਼ਬੂਤ ਕਰਦਾ ਹੈ।

# ਡੌਨਾਲਡ ਟਰੰਪ ਦੇ ਅਜੀਬ ਵਿਵਹਾਰ ਨੇ ਬਹਿਸ ਨੂੰ ਦਿੱਤੀ ਹਵਾ

## ਕੀ ਡੌਨਾਲਡ ਟਰੰਪ ਸਨਕੀ ਹੈ ?

ਵਾਸ਼ਿੰਗਟਨ, 15 ਅਪ੍ਰੈਲ (ਚ.ਨ.ਸ): ਹਾਲ ਹੀ ਦੇ ਦਿਨਾਂ ਤੇ ਮਹੀਨਿਆਂ 'ਚ ਰਾਸ਼ਟਰਪਤੀ ਡੌਨਾਲਡ ਟਰੰਪ ਦੇ ਅਜੀਬ ਵਿਹਾਰ ਤੇ ਅਤਿਵਾਦੀ ਟਿੱਪਣੀਆਂ ਨੇ ਉਸ ਬਹਿਸ ਨੂੰ ਹੋਰ ਹਵਾ ਦੇ ਦਿੱਤੀ ਹੈ, ਜੋ ਪਿਛਲੇ ਇੱਕ ਦਹਾਕੇ ਤੋਂ ਰਾਸ਼ਟਰੀ ਸਿਆਸੀ ਮੰਚ 'ਤੇ ਉਨ੍ਹਾਂ ਨਾਲ ਚੱਲ ਰਹੀ ਹੈ, ਕੀ ਉਹ ਚਲਾਕ ਲੂੰਬੜੀ ਦੀ ਤਰ੍ਹਾਂ ਹਨ ਜਾਂ ਸਿੱਧਾ-ਸਿੱਧਾ ਸਨਕੀ ਹਨ? ਪਿਛਲੇ ਹਫਤੇ ਉਨ੍ਹਾਂ ਈਰਾਨ ਨੂੰ ਨਕਸ਼ੇ ਤੋਂ ਮਿਟਾ ਦੇਣ ਦੀ ਧਮਕੀ ਦਿੱਤੀ ਸੀ। ਕਿਹਾ ਸੀ ਕਿ ਅੱਜ ਰਾਤ ਇੱਕ ਪੂਰੀ ਸੱਭਿਅਤਾ ਨਸ਼ਟ ਹੋ ਜਾਵੇਗੀ। ਐਤਵਾਰ ਨੂੰ ਉਨ੍ਹਾਂ ਪੋਪ 'ਤੇ ਬੇਤੁਕੇ ਹਮਲੇ ਕੀਤੇ। ਉਨ੍ਹਾਂ ਨੂੰ ਅਪਰਾਧ ਦੇ ਮਾਮਲੇ 'ਚ ਕਮਜ਼ੋਰ ਤੇ ਵਿਦੇਸ਼ ਨੀਤੀ ਲਈ ਖ਼ਰਾਬ ਕਰਾਰ ਦਿੱਤਾ। ਇਸ ਤਰ੍ਹਾਂ ਦੇ ਕਈ ਗ਼ੈਰ-ਸੰਗਤ, ਸਮਝਣ 'ਚ ਔਖੇ ਤੇ ਕਦੀ-ਕਦੀ ਅਪਸ਼ਬਦਾਂ ਨਾਲ ਭਰੇ ਬਿਆਨਾਂ ਨੇ ਕਈ ਲੋਕਾਂ ਦੇ ਦਿਲਾਂ 'ਚ ਉਨ੍ਹਾਂ ਦਾ ਇੱਕ ਅਜਿਹੇ ਪਾਗਲ ਤਾਨਾਸ਼ਾਹ ਦਾ ਅਕਸ ਬਣਾ ਦਿੱਤਾ ਹੈ, ਜੋ ਸੱਤਾ ਦੇ ਨਸ਼ੇ 'ਚ ਚੂਰ ਹੈ। ਦੂਜੇ ਪਾਸੇ, ਵ੍ਹਾਈਟ ਹਾਊਸ ਨੇ ਇਨ੍ਹਾਂ ਮੁਲਾਂਕਣਾਂ ਨੂੰ ਖ਼ਾਰਜ ਕਰਦੇ ਹੋਏ ਕਿਹਾ ਕਿ ਟਰੰਪ ਤੇਜ਼ ਦਿਮਾਗ਼ ਵਾਲੇ ਹਨ ਤੇ ਆਪਣੇ ਵਿਰੋਧੀਆਂ ਨੂੰ ਪ੍ਰੇਸ਼ਾਨ ਕਰ ਰਹੇ ਹਨ ਪਰ ਰਾਸ਼ਟਰਪਤੀ ਦੇ ਤਿੱਖੇ ਬਿਆਨਾਂ ਨੇ ਜੰਗ ਦੇ ਸਮੇਂ 'ਚ ਅਮਰੀਕਾ ਦੀ ਅਗਵਾਈ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਟਰੰਪ ਦੀ ਮਾਨਸਿਕ ਸਮਰੱਥਾ 'ਤੇ ਲੰਬੇ ਸਮੇਂ ਤੋਂ ਸਵਾਲ ਚੁੱਕਦੇ ਰਹੇ ਡੈਮੋਕ੍ਰੇਟਸ ਨੇ ਰਾਸ਼ਟਰਪਤੀ ਨੂੰ ਅਸਮਰੱਥਾ ਦੇ ਆਧਾਰ 'ਤੇ ਸੱਤਾ ਤੋਂ ਹਟਾਉਣ ਲਈ 25ਵੀਂ ਸੋਧ ਲਾਗੂ ਕਰਨ ਦੀ ਮੰਗ ਮੁੜ ਬੁਲੰਦ ਕੀਤੀ ਹੈ ਪਰ ਇਹ ਚਿੰਤਾ ਸਿਰਫ ਖੱਬੇਪੱਖੀ ਸਮਰਥਕਾਂ, ਹਾਸ ਕਲਾਕਾਰਾਂ ਜਾਂ ਦੂਰੋਂ ਪਛਾਣ ਕਰਨ ਵਾਲੇ ਮਾਨਸਿਕ ਸਿਹਤ ਪੇਸ਼ੇਵਰਾਂ ਤੱਕ ਹੀ ਸੀਮਿਤ ਨਹੀਂ ਹੈ। ਹੁਣ ਇਹ ਚਿੰਤਾ ਸੇਵਾਮੁਕਤ ਜਨਰਲਾਂ, ਕੂਟਨੀਤਕਾਂ ਤੇ ਵਿਦੇਸ਼ੀ ਅਧਿਕਾਰੀਆਂ ਵਿਚਾਲੇ ਵੀ ਸੁਣੀ ਜਾ ਸਕਦੀ ਹੈ ਤੇ ਸਭ ਤੋਂ ਹੈਰਾਨ ਕਰਨ



ਵਾਲੀ ਗੱਲ ਇਹ ਹੈ ਕਿ ਹੁਣ ਇਹ ਰਾਸ਼ਟਰਪਤੀ ਦੇ ਸਾਬਕਾ ਸਹਿਯੋਗੀਆਂ ਵਿਚਾਲੇ ਵੀ ਸੁਣਾਈ ਦੇ ਰਹੀ ਹੈ।ਸਾਬਕਾ ਸੰਸਦ ਮੈਂਬਰ ਮਾਰਜੋਰੀ ਟੇਲਰ ਗ੍ਰੀਨ ਹਾਲ ਹੀ ਵਿੱਚ ਟਰੰਪ ਤੋਂ ਵੱਖ ਹੋ ਗਈ ਹੈ। ਉਹ ਰਿਪਬਲੀਕਨ ਪਾਰਟੀ ਤੋਂ ਹੈ। ਉਨ੍ਹਾਂ 25ਵੀਂ ਸੋਧ ਦੀ ਵਰਤੋਂ ਕਰਨ ਦੀ ਵਕਾਲਤ ਕਰਦੇ ਹੋਏ ਸੀਐਨਐਨ ਨੂੰ ਦੱਸਿਆ ਕਿ ਈਰਾਨ ਦੀ ਸੱਭਿਅਤਾ ਨੂੰ ਨਸ਼ਟ ਕਰਨ ਦੀ ਧਮਕੀ ਦੇਣਾ ਸਖ਼ਤ ਬਿਆਨਬਾਜ਼ੀ ਨਹੀਂ, ਬਲਕਿ ਪਾਗਲਪਣ ਹੈ।ਸੰਵਿਧਾਨ 'ਚ 25ਵੀਂ ਸੋਧ ਦੀ ਇਨ੍ਹੀਂ ਦਿਨੀਂ ਅਮਰੀਕਾ 'ਚ ਬਹੁਤ ਚਰਚਾ ਹੋ ਰਹੀ ਹੈ।

# ਵਿਸਾਖੀ ਮੌਕੇ ਆਸਟ੍ਰੇਲੀਆਈ ਪ੍ਰਧਾਨ ਮੰਤਰੀ ਨੇ ਸਿੱਖਾਂ ਦੇ ਯੋਗਦਾਨ ਨੂੰ ਸਲਾਮ ਕੀਤਾ

ਮੈਲਬੌਰਨ, 15 ਅਪ੍ਰੈਲ (ਚ.ਨ.ਸ): ਵਿਸਾਖੀ ਦੇ ਪਵਿੱਤਰ ਤਿਉਹਾਰ ਮੌਕੇ ਆਸਟ੍ਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਅਲਬਨੀਜ਼ ਨੇ ਸਿੱਖ ਭਾਈਚਾਰੇ ਨੂੰ ਵਧਾਈ ਦਿੱਤੀ। ਪੀ.ਐਮ ਅਲਬਨੀਜ਼ ਨੇ ਵਧਾਈ ਦਿੰਦਿਆਂ ਕਿਹਾ ਕਿ ਖ਼ਾਲਸਾ ਪੰਥ ਦੀ ਸਥਾਪਨਾ ਦਾ ਦਿਹਾੜਾ ਸੱਚਾਈ, ਮਨੁੱਖਤਾ ਦੀ ਸੇਵਾ ਤੇ ਪਰਮਾਤਮਾ ਪ੍ਰਤੀ ਭਗਤੀ ਵਰਗੀਆਂ ਸਿੱਖੀ ਦੀਆਂ ਮੁੱਖ ਸਿੱਖਿਆਵਾਂ ਨੂੰ ਯਾਦ ਕਰਨ ਦਾ ਸੰਦੇਸ਼ ਦਿੰਦਾ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਿੱਖ



ਆਸਟ੍ਰੇਲੀਆਈ ਕਈ ਪੀੜ੍ਹੀਆਂ ਤੋਂ ਦੇਸ਼ ਦੀ ਤਰੱਕੀ ਤੇ ਸਮਾਜਿਕ ਤਾਣੇ-ਬਾਣੇ ਦਾ ਅਟੁੱਟ ਹਿੱਸਾ ਰਹੇ ਹਨ। ਉਨ੍ਹਾਂ ਨੇ ਸਿੱਖਾਂ ਦੀ ਮਿਹਨਤ, ਸਮਰਪਣ ਤੇ ਦੇਸ਼-ਪ੍ਰੇਮ ਦੀ ਖ਼ਾਸ ਤੌਰ 'ਤੇ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਹੜ੍ਹਾਂ, ਸੋਕੇ, ਭਿਆਨਕ ਜੰਗਲੀ ਅੱਗ ਤੇ ਕੋਵਿਡ ਮਹਾਂਮਾਰੀ ਵਰਗੇ ਸੰਕਟਾਂ ਦੌਰਾਨ ਸਿੱਖ ਸੇਵਾਦਾਰਾਂ ਦੀ ਭੂਮਿਕਾ ਨੂੰ ਯਾਦ ਕਰਦਿਆਂ ਕਿਹਾ ਕਿ ਜਦੋਂ ਦੇਸ਼ ਨੂੰ ਸਭ ਤੋਂ ਵੱਧ ਉਮੀਦ ਦੀ ਲੋੜ ਸੀ, ਸਿੱਖ ਸੇਵਾਦਾਰਾਂ ਦੀ ਦਇਆ, ਹਿੰਮਤ ਤੇ ਸੇਵਾ ਨੇ ਆਸਟ੍ਰੇਲੀਆ ਨੂੰ ਹੌਸਲਾ ਦਿੱਤਾ। ਅਲਬਨੀਜ਼ ਨੇ ਗੁਰਦੁਆਰਿਆਂ ਵਿੱਚ ਲੰਗਰ ਦੀ ਪ੍ਰੰਪਰਾ ਦੀ ਵੀ ਪ੍ਰਸ਼ੰਸਾ ਕੀਤੀ, ਜਿਸ ਰਾਹੀਂ ਹਰ ਧਰਮ ਤੇ ਪਿਛੋਕੜ ਦੇ ਲੋਕਾਂ ਨੂੰ ਸਾਂਝੇ ਤੌਰ 'ਤੇ ਜੋੜਿਆ ਜਾਂਦਾ ਹੈ। ਉਨ੍ਹਾਂ ਨੇ ਕਿਹਾ ਕਿ ਸਿੱਖ ਭਾਈਚਾਰੇ ਦੀ ਦਰਿਆਦਿਲੀ ਤੇ ਸੰਸਕ੍ਰਿਤੀ ਦੇਸ਼ ਨੂੰ ਹੋਰ ਮਜ਼ਬੂਤ ਬਣਾਉਂਦੀ ਹੈ। ਅੰਤ ਵਿੱਚ ਪ੍ਰਧਾਨ ਮੰਤਰੀ ਨੇ ਸਾਰੇ ਸਿੱਖਾਂ ਲਈ ਸ਼ਾਂਤੀ, ਖੁਸ਼ਹਾਲੀ ਤੇ ਚੜ੍ਹਦੀਕਲਾ ਦੀ ਕਾਮਨਾ ਕੀਤੀ।

# ਅਲਾਇੰਸ ਇੰਟਰਨੈਸ਼ਨਲ ਸਕੂਲ ਵਿਖੇ ਸਨਮਾਨ ਸਮਾਰੋਹ




ਜੈਤੋ, 15 ਅਪ੍ਰੈਲ (ਸੰਜੀਵ ਗੋਇਲ ਸੰਜੂ): ਅਲਾਇੰਸ ਇੰਟਰਨੈਸ਼ਨਲ ਸਕੂਲ, ਜੈਤੋ ਨੇ ਹਾਲ ਹੀ ਵਿੱਚ ਇੱਕ ਸ਼ਾਨਦਾਰ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਸ਼ਿਰਕਤ ਕੀਤੀ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਨੂੰ ਮਾਨਤਾ ਦੇਣਾ ਤੇ ਉਤਸ਼ਾਹਿਤ ਕਰਨਾ ਸੀ। ਸਮਾਗਮ ਦੌਰਾਨ ਹੋਣਹਾਰ ਤੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਪੁਰਸਕਾਰਾਂ ਨਾਲ ਸਨਮਾਨਤ ਕੀਤਾ ਗਿਆ। ਸਕੂਲ ਵਿੱਚ ਉਤਸ਼ਾਹ ਤੇ ਖੁਸ਼ੀ ਦਾ ਮਾਹੌਲ ਸੀ। ਆਪਣੇ ਸੰਬੋਧਨ ਵਿੱਚ ਸਕੂਲ ਦੀ ਪ੍ਰਿੰਸੀਪਲ ਗੁਰਸੇਵਕ ਕੌਰ ਮਾਨ ਤੇ ਮੈਨੇਜਮੈਂਟ ਕਮੇਟੀ ਦੇ ਸਾਰੇ ਮੈਂਬਰਾਂ ਨੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕੀਤੀ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ ਤੇ ਲੀਡਰਸ਼ਿਪ ਹੁਨਰ ਵਿਕਸਿਤ ਕਰਦੇ ਹਨ। ਸਮਾਗਮ ਦਾ ਸਮਾਪਨ ਰਾਸ਼ਟਰੀ ਗੀਤ ਗਾਇਨ ਨਾਲ ਹੋਇਆ।

# ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਵੱਲੋਂ ਲਗਾਤਾਰ ਮੰਡੀਆਂ ਦਾ ਦੌਰਾ

## ☛ਮੰਡੀਆਂ 'ਚ ਪਹੁੰਚ ਕੇ ਕਿਸਾਨਾਂ ਦਾ ਹਾਲ ਜਾਣਿਆ

ਫ਼ਿਰੋਜ਼ਪੁਰ, 15 ਅਪ੍ਰੈਲ (ਤਿਵਾੜੀ): ਮੰਡੀਆਂ ਵਿੱਚ ਕਣਕ ਦੀ ਖਰੀਦ ਦਾ ਜਾਇਜ਼ਾ ਲੈਣ ਤੇ ਕਿਸਾਨਾਂ ਦਾ ਹਾਲ ਜਾਣਨ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਵੱਲੋਂ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਦੇ ਨਿਰਦੇਸ਼ਾਂ ਤਹਿਤ ਲਗਾਤਾਰ ਮੰਡੀਆਂ ਦਾ ਦੌਰਾ ਕੀਤਾ ਜਾ ਰਿਹਾ ਹੈ। ਜਿਸ ਤਹਿਤ ਅੱਜ ਐਸਡੀਐਮ ਫ਼ਿਰੋਜ਼ਪੁਰ ਅਭਿਸ਼ੇਕ ਸ਼ਰਮਾ ਵੱਲੋਂ ਵੱਖ-ਵੱਖ ਮੰਡੀਆਂ ਵਿੱਚ ਪਹੁੰਚ ਕੇ ਉਥੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ



ਲਿਆ ਗਿਆ ਤੇ ਕਿਸਾਨਾਂ ਨਾਲ ਗੱਲਬਾਤ ਕੀਤੀ ਗਈ। ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਖਰੀਦਣ ਲਈ ਸਾਰੇ ਢੁੱਕਵੇਂ ਪ੍ਰਬੰਧ ਹਨ ਤੇ ਕਣਕ ਦੀ ਖਰੀਦ ਲਈ ਕਿਸਾਨਾਂ ਨੂੰ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਪੀਣ ਵਾਲੇ ਪਾਣੀ, ਛਾਂ, ਸਾਫ-ਸਫਾਈ ਆਦਿ ਸਬੰਧੀ ਪੁਖਤਾ ਪ੍ਰਬੰਧ ਹਨ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਣਕ ਦੀ ਖਰੀਦ ਸਬੰਧੀ ਕਿਸਾਨਾਂ ਮਜ਼ਦੂਰਾਂ ਤੇ ਆੜ੍ਹਤੀਆਂ ਕਿਸੇ ਨੂੰ ਵੀ ਕਿਸੇ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਤੇ ਨਾਲ ਹੀ ਬਾਰਦਾਨੇ ਦੀ ਵੀ ਕਿਸੇ ਤਰ੍ਹਾਂ ਦੀ ਵੀ ਕੋਈ ਘਾਟ ਨਹੀਂ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦੋ-ਤਿੰਨ ਦਿਨਾਂ ਵਿੱਚ ਮੰਡੀਆਂ ਵਿੱਚ ਫਸਲ ਦੀ ਆਮਦ ਵਿੱਚ ਤੇਜ਼ੀ ਆਉਣ ਦੀ ਸੰਭਾਵਨਾ ਹੈ, ਜਿਸ ਲਈ ਪਹਿਲਾਂ ਤੋਂ ਹੀ ਸਬੰਧਤ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ਾਂ ਜਾਰੀ ਹਨ ਤਾਂ ਜੋ ਕਣਕ ਦੀ ਖਰੀਦ ਵਿੱਚ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫਸਲ ਦਾ ਇਕੱਲਾ-ਇਕੱਲਾ ਦਾਣਾ ਚੁੱਕਿਆ ਜਾਵੇਗਾ ਤੇ ਖਰੀਦ ਉਪਰੰਤ ਨਿਸ਼ਚਿਤ ਮਿਥੇ ਸਮੇਂ ਵਿੱਚ ਉਨ੍ਹਾਂ ਨੂੰ ਅਦਾਇਗੀ ਵੀ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਖਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਖਰੀਦੀ ਗਈ ਕਣਕ ਦੀ ਅਦਾਇਗੀ ਕਿਸਾਨਾਂ ਨੂੰ ਨਾਲੋਂ-ਨਾਲ ਕਰਨ ਦੇ ਨਾਲ-ਨਾਲ ਮੰਡੀਆਂ ਵਿੱਚੋਂ ਕਣਕ ਦੀ ਲਿਫਟਿੰਗ ਵੀ ਤੇਜ਼ੀ ਨਾਲ ਕੀਤੀ ਜਾਵੇ।ਇਸ ਮੌਕੇ ਏ.ਐਫ.ਐਸ.ਓ. ਸੰਜੀਵ ਭਾਟੀਆ, ਸੋਨਾ ਸਿੰਘ ਸਮੇਤ ਵੱਖ-ਵੱਖ ਖ਼ਰੀਦ ਏਜੰਸੀਆਂ ਦੇ ਇੰਸਪੈਕਟਰ ਹਾਜ਼ਰ ਸਨ।

# ਦੇਹ ਵਪਾਰ ਦੇ ਧੰਦੇ ਦਾ ਪਰਦਾਫਾਸ਼, 14 ਲੜਕੀਆਂ ਤੇ 7 ਨੌਜਵਾਨ ਕਾਬੂ

ਮੋਗਾ, 15 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖਰਾਣਾ): ਮੋਗਾ ਪੁਲਿਸ ਵੱਲੋਂ ਦੇਹ ਵਪਾਰ ਦਾ ਧੰਦਾ ਕਰਨ ਵਾਲਿਆਂ ਖ਼ਿਲਾਫ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਪੁਲਿਸ ਨੇ ਅੰਮ੍ਰਿਤਸਰ ਰੋਡ 'ਤੇ ਸਥਿਤ ਇੱਕ ਕਿਰਾਏ ਦੀ ਕੋਠੀ ਵਿੱਚ ਚੱਲ ਰਹੇ ਦੇਹ ਵਪਾਰ ਦੇ ਧੰਦੇ ਦਾ ਪਰਦਾਫਾਸ਼ ਕਰਦੇ ਹੋਏ ਕੋਠੀ ਦੇ ਮਾਲਕ ਦੱਸੇ ਜਾ ਰਹੇ ਪਾਰਸ਼ਦ ਸਮੇਤ ਸੱਤ ਨੌਜਵਾਨਾਂ ਤੇ 14 ਲੜਕੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ, ਇਨ੍ਹਾਂ ਵਿੱਚੋਂ ਇੱਕ-ਦੋ ਲੜਕੀਆਂ ਨਾਬਾਲਿਗ ਹੋਣ ਦੀ ਸੰਭਾਵਨਾ ਦੱਸੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀਐਸਪੀ ਧਰਮਕੋਟ ਜਸਵਰਿੰਦਰ ਸਿੰਘ ਨੇ ਕਿਹਾ ਥਾਣਾ ਮਹਿਣਾ ਦੇ ਮੁਖੀ ਇੰਸਪੈਕਟਰ ਗੁਰਸੇਵਕ ਸਿੰਘ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਮੋਗਾ-ਅੰਮ੍ਰਿਤਸਰ ਰੋਡ 'ਤੇ ਡੈਮੋਜੋਨ ਹੋਟਲ ਜੋ ਕਿ ਇੱਕ ਕੋਠੀ ਦੇ ਵਿੱਚ ਬਣਿਆ ਹੋਇਆ ਹੈ, ਜਿਸ ਦਾ ਮਾਲਕ ਪਾਰਸ਼ਦ ਜਗਜੀਤ ਸਿੰਘ ਦੱਸਿਆ ਜਾ ਰਿਹਾ ਹੈ ਤੇ ਇਸ ਦਾ ਸੰਚਾਲਨ ਬਲਵਿੰਦਰ ਸਿੰਘ ਤੇ ਲਖਵਿੰਦਰ ਸਿੰਘ ਨਿਵਾਸੀ ਰਾਮੂ ਵਾਲਾ



ਕਰ ਰਹੇ ਹਨ। ਜਿਵੇਂ ਹੀ ਥਾਣਾ ਮੁਖੀ ਇੰਸਪੈਕਟਰ ਗੁਰਸੇਵਕ ਸਿੰਘ ਨੂੰ ਦੇਹ ਵਪਾਰ ਧੰਦੇ ਬਾਰੇ ਪਤਾ ਲੱਗਾ ਤਾਂ ਉਨ੍ਹਾਂ ਨੇ ਤੁਰੰਤ ਪੁਲਿਸ ਪਾਰਟੀ ਸਮੇਤ ਮੌਕੇ 'ਤੇ ਛਾਪਾਮਾਰੀ ਕੀਤੀ, ਉਥੋਂ 14 ਲੜਕੀਆਂ ਤੇ ਸੱਤ ਲੜਕੇ ਨੂੰ ਹਿਰਾਸਤ ਵਿੱਚ ਲਿਆ ਲਿਆ ਗਿਆ। ਉਨ੍ਹਾਂ ਨੇ ਕਿਹਾ ਕਿ ਸਾਰੇ ਲੋਕਾਂ ਦਾ ਮੈਡੀਕਲ ਚੈਕਅੱਪ ਕਰਵਾਇਆ ਜਾਵੇਗਾ, ਲੜਕੀਆਂ ਨੂੰ ਨਾਰੀ ਨਿਕੇਤਨ ਵਿੱਚ ਭੇਜਿਆ ਜਾਵੇਗਾ, ਥਾਣਾ ਮੁਖੀ ਗੁਰਸੇਵਕ ਸਿੰਘ ਨੇ ਦੱਸਿਆ ਇਹ ਦੇਹ ਵਪਾਰ ਦਾ ਧੰਦਾ ਪਿਛਲੇ ਤਿੰਨ ਮਹੀਨਿਆਂ ਤੋਂ ਚੱਲ ਰਿਹਾ ਸੀ, ਕਾਬੂ ਕੀਤੀਆਂ ਲੜਕੀਆਂ ਜਲੰਧਰ ਤੇ ਲੁਧਿਆਣਾ ਦੀਆਂ ਸਨ, ਸਾਰੇ ਦੋਸ਼ੀਆਂ ਖ਼ਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ। ਇਸ ਤੋਂ ਪਹਿਲਾਂ ਵੀ ਸਾਡੇ ਅਖ਼ਬਾਰ ਨੇ ਦੇਹ ਵਪਾਰ ਪ੍ਰਤੀ ਖ਼ਬਰ ਚੁੱਕੀ ਸੀ, ਉਸ ਟਾਈਮ ਵੀ ਪੁਲਿਸ ਨੇ ਦੇਹ ਵਪਾਰ ਦੇ ਧੰਦੇ ਨੂੰ ਰੋਕਣ ਲਈ ਕਈ ਨੌਜਵਾਨਾਂ ਤੇ ਲੜਕੀਆਂ ਨੂੰ ਹਿਰਾਸਤ ਵਿੱਚ ਲਿਆ ਸੀ।

# ਹਲਕੇ ਦੀ ਆਵਾਜ਼ ਬਣ ਕੇ ਹਰ ਘਰ ਤੱਕ ਪਹੁੰਚਾਂਗੇ, ਇਹ ਵਾਅਦਾ ਹੈ, ਨਾਰਾ ਨਹੀਂ: ਸਤਿੰਦਰ ਸਿੰਘ ਸਵੀ ਕਾਠਪਾਲ

ਫਾਜ਼ਿਲਕਾ, 15 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਗਰਮੀਆਂ ਨੂੰ ਲਗਾਤਾਰ ਤੇਜ਼ ਕੀਤਾ ਜਾ ਰਿਹਾ ਹੈ ਤੇ ਵਰਕਰਾਂ ਵਿੱਚ ਨਵਾਂ ਜੋਸ਼ ਵੇਖਣ ਨੂੰ ਮਿਲ ਰਿਹਾ ਹੈ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਵਿਜ਼ਨ ਤੇ ਦਿਸ਼ਾ-ਨਿਰਦੇਸ਼ਾਂ ਅਧੀਨ ਸੀਨੀਅਰ ਆਗੂ ਵਰਦੇਵ ਸਿੰਘ ਨੋਨੀ ਮਾਨ ਤੇ ਹਲਕਾ ਇੰਚਾਰਜ ਸੰਪੂਰਨ ਸਿੰਘ ਘੋਗਾ ਦੀ ਅਗਵਾਈ ਹੇਠ ਹਲਕੇ ਦੇ ਨੌਜਵਾਨ ਤੇ ਹਰਮਨ-ਪਿਆਰੇ



ਆਗੂ ਸਤਿੰਦਰ ਸਿੰਘ ਸਵੀ ਕਾਠਪਾਲ ਵੱਲੋਂ ਆਪਣੀ ਟੀਮ ਸਮੇਤ ਜ਼ਮੀਨੀ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ। ਨਗਰ ਕੌਂਸਲ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਵਾਰਡ ਤੇ ਪਿੰਡ ਪੱਧਰ 'ਤੇ ਮੀਟਿੰਗਾਂ ਤੇ ਸੰਪਰਕ ਮੁਹਿੰਮ ਰਾਹੀਂ ਪਾਰਟੀ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸ ਦੌਰਾਨ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਜਾ ਰਹੀਆਂ ਹਨ। ਸਤਿੰਦਰ ਸਿੰਘ ਸਵੀ ਕਾਠਪਾਲ ਨੇ ਕਿਹਾ ਕਿ ਹਲਕੇ ਦੀ ਆਵਾਜ਼ ਬਣ ਕੇ ਹਰ ਘਰ ਤੱਕ ਪਹੁੰਚਾਂਗੇ, ਇਹ ਵਾਅਦਾ ਹੈ, ਨਾਰਾ ਨਹੀਂ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਵਿੱਚ ਹੋਇਆ ਵਿਕਾਸ ਮੁੱਖ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਤੇ ਸੁਖਬੀਰ ਸਿੰਘ ਬਾਦਲ ਦੀ ਅਗਾਂਹਵਧੂ ਸੋਚ ਦਾ ਨਤੀਜਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪਾਰਟੀ ਹਮੇਸ਼ਾ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਹੱਕਾਂ ਦੀ ਰੱਖਿਆ ਲਈ ਵਚਨਬੱਧ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀ ਭਲਾਈ ਲਈ ਕੰਮ ਕਰਦੀ ਰਹੇਗੀ। ਮੌਜੂਦਾ ਹਾਲਾਤਾਂ ਵਿੱਚ ਲੋਕ ਸੁਖਬੀਰ ਸਿੰਘ ਬਾਦਲ ਦੀਆਂ ਨੀਤੀਆਂ ਨੂੰ ਸਮਝ ਰਹੇ ਹਨ ਤੇ ਪਾਰਟੀ ਵੱਲ ਰੁਝਾਨ ਵੱਧ ਰਿਹਾ ਹੈ। ਸਤਿੰਦਰ ਸਿੰਘ ਸਵੀ ਕਾਠਪਾਲ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਨਿੱਜੀ ਸਵਾਰਥ ਛੱਡ ਕੇ ਪਾਰਟੀ ਦੀ ਮਜ਼ਬੂਤੀ ਲਈ ਸਰਗਰਮ ਭੂਮਿਕਾ ਨਿਭਾਉਣ ਤੇ ਲੋਕਾਂ ਦੇ ਵਿੱਚ ਰਹਿ ਕੇ ਉਨ੍ਹਾਂ ਦੇ ਮਸਲਿਆਂ ਨੂੰ ਉਠਾਉਣ। ਅਖੀਰ ਵਿੱਚ ਉਨ੍ਹਾਂ ਵਿਸ਼ਵਾਸ ਜਤਾਇਆ ਕਿ ਵਰਕਰਾਂ ਤੇ ਲੋਕਾਂ ਦੇ ਸਹਿਯੋਗ ਨਾਲ ਪਾਰਟੀ ਨੂੰ ਹੋਰ ਮਜ਼ਬੂਤ ਬਣਾਇਆ ਜਾਵੇਗਾ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਅਕਾਦਮਿਕ ਸੈਸ਼ਨ 2026-27 ਲਈ ਪ੍ਰਾਸਪੈਕਟਸ ਜਾਰੀ



ਸ੍ਰੀ ਫਤਿਹਗੜ੍ਹ ਸਾਹਿਬ, 15 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਆਪਣੀ ਅਕਾਦਮਿਕ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੁੰਦੇ ਹੋਏ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਨੇ ਅਕਾਦਮਿਕ ਸੈਸ਼ਨ 2026-27 ਲਈ ਆਪਣਾ ਬਹੁਤ ਉਡੀਕਿਆ ਗਿਆ ਪ੍ਰਾਸਪੈਕਟਸ ਅਧਿਕਾਰਕ ਤੌਰ 'ਤੇ ਜਾਰੀ ਕੀਤਾ। ਨਵਾਂ ਪ੍ਰੋਸਪੈਕਟਸ ਭਵਿੱਖ-ਕੇਂਦਰਿਤ ਸਿੱਖਿਆ, ਆਧੁਨਿਕ ਖੋਜ ਤੇ ਵਿਦਿਆਰਥੀਆਂ ਦੇ ਵਿਕਾਸ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਇੱਕ ਦੂਰਦਰਸ਼ੀ ਦਸਤਾਵੇਜ਼ ਹੈ। ਇਹ ਪ੍ਰਾਸਪੈਕਟਸ ਇੱਕ ਗੰਭੀਰ ਤੇ ਸ਼ਾਨਦਾਰ ਸਮਾਰੋਹ ਦੌਰਾਨ ਜਾਰੀ ਕੀਤਾ ਗਿਆ, ਜਿਸ ਵਿੱਚ ਯੂਨੀਵਰਸਿਟੀ ਦੇ ਪ੍ਰਮੁੱਖ ਅਧਿਕਾਰੀ ਸ਼ਾਮਲ ਹੋਏ, ਜਿਨ੍ਹਾਂ ਵਿੱਚ ਪ੍ਰੋ. ਪਰਿਤ ਪਾਲ ਸਿੰਘ (ਵਾਈਸ-ਚਾਂਸਲਰ), ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ (ਡੀਨ ਅਕਾਦਮਿਕ ਮਾਮਲੇ), ਪ੍ਰੋ. ਤੇਜਬੀਰ ਸਿੰਘ (ਰਜਿਸਟਰਾਰ), ਪ੍ਰੋ. ਨਵਦੀਪ ਕੌਰ (ਡੀਨ ਰਿਸਰਚ), ਡਾ. ਸਿਕੰਦਰ ਸਿੰਘ (ਡੀਨ ਵਿਦਿਆਰਥੀ ਭਲਾਈ) ਤੇ ਡਾ. ਰਾਹੁਲ ਬਦਰੂ (ਕਨਵੀਨਰ, ਦਾਖ਼ਲਾ ਸੈਲ) ਸ਼ਾਮਲ ਸਨ। ਇਸ ਮੌਕੇ 'ਤੇ ਫੈਕਲਟੀ ਮੈਂਬਰਾਂ ਡਾ. ਰਿਚਾ ਬਰਾੜ (ਗਣਿਤ ਵਿਭਾਗ) ਤੇ ਡਾ. ਦੀਪਕ ਕੁਮਾਰ (ਅਰਥਸ਼ਾਸਤਰ ਵਿਭਾਗ) ਨੇ ਵੀ ਹਾਜ਼ਰੀ ਭਰੀ। ਇਹ ਪ੍ਰਾਸਪੈਕਟਸ ਇੱਕ ਵਿਸਤ੍ਰਿਤ ਅਕਾਦਮਿਕ ਮਾਰਗਦਰਸ਼ਕ ਦੇ ਤੌਰ 'ਤੇ ਤਿਆਰ ਕੀਤਾ ਗਿਆ ਹੈ, ਜੋ ਡਿਜੀਟਲ ਤੇ ਪ੍ਰਿੰਟ ਦੋਵੇਂ ਰੂਪਾਂ ਵਿੱਚ ਉਪਲਬਧ ਹੈ ਤੇ ਯੂਨੀਵਰਸਿਟੀ ਦੀ ਅਧਿਕਾਰਕ ਵੈਬਸਾਈਟ ਰਾਹੀਂ ਪ੍ਰਾਪਤ ਕੀਤਾ ਜਾ ਸਕਦਾ ਹੈ। ਇਸ ਵਿੱਚ ਅੰਡਰਗ੍ਰੈਜੂਏਟ, ਪੋਸਟਗ੍ਰੈਜੂਏਟ ਤੇ ਡਾਕਟੋਰਲ ਪ੍ਰੋਗਰਾਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਹੈ, ਜੋ ਕਿ ਖੇਤੀਬਾੜੀ, ਬੇਸਿਕ ਸਾਇੰਸਿਜ਼, ਇੰਜੀਨੀਅਰਿੰਗ, ਕਾਨੂੰਨ, ਕਾਮਰਸ ਤੇ ਮੈਨੇਜਮੈਂਟ, ਮਾਨਵਿਕ ਵਿਦਿਆਵਾਂ, ਭਾਸ਼ਾਵਾਂ, ਸਿੱਖਿਆ ਤੇ ਧਾਰਮਿਕ ਅਧਿਐਨ ਵਰਗੀਆਂ ਵੱਖ-ਵੱਖ ਫੈਕਲਟੀਆਂ ਨੂੰ ਸਮੇਟਦਾ ਹੈ।

# ਕਣਕ ਦੀ ਕਟਾਈ ਦੌਰਾਨ ਬਿਜਲੀ ਸੁਰੱਖਿਆ ਨਿਯਮਾਂ ਦੀ ਪਾਲਣਾ ਜ਼ਰੂਰੀ: ਐਕਸੀਅਨ ਰਾਜਿੰਦਰ ਕੁਮਾਰ

ਫਾਜ਼ਿਲਕਾ, 15 ਅਪ੍ਰੈਲ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਵਿੱਚ ਕਣਕ ਦੀ ਫ਼ਸਲ ਪੂਰੀ ਤਰ੍ਹਾਂ ਤਿਆਰ ਹੋ ਚੁੱਕੀ ਹੈ ਤੇ ਅਗਲੇ ਕੁਝ ਦਿਨਾਂ ਵਿੱਚ ਇਸ ਦੀ ਕਟਾਈ ਦਾ ਕੰਮ ਤੇਜ਼ੀ ਨਾਲ ਮੁਕੰਮਲ ਹੋਣ ਦੀ ਸੰਭਾਵਨਾ ਹੈ। ਇਸ ਸਬੰਧੀ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਐਕਸੀਅਨ



ਰਾਜਿੰਦਰ ਕੁਮਾਰ ਵੱਲੋਂ ਸਮੂਹ ਕਿਸਾਨਾਂ ਨੂੰ ਬਿਜਲੀ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਲਈ ਵਿਸ਼ੇਸ਼ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ। ਐਕਸੀਅਨ ਰਾਜਿੰਦਰ ਕੁਮਾਰ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਨ੍ਹਾਂ ਖੇਤਾਂ ਵਿੱਚ ਜਾਂ ਨੇੜੇ ਬਿਜਲੀ ਦੇ ਟਰਾਂਸਫ਼ਾਰਮਰ ਜਾਂ ਕੰਟਰੋਲ ਸਵਿੱਚ ਲੱਗੇ ਹੋਏ ਹਨ, ਉਨ੍ਹਾਂ ਦੇ ਆਲੇ-ਦੁਆਲੇ ਘੱਟੋ-ਘੱਟ 2-3 ਮਰਲੇ ਜਗ੍ਹਾ ਕਣਕ ਕੱਟ ਕੇ ਖ਼ਾਲੀ ਛੱਡੀ ਜਾਵੇ। ਇਸ ਨਾਲ ਨਾਲ ਉਸ ਜਗ੍ਹਾ ਨੂੰ ਨਮੀ ਵਾਲਾ ਰੱਖਣਾ ਵੀ ਯਕੀਨੀ ਬਣਾਇਆ ਜਾਵੇ ਤਾਂ ਜੋ ਅੱਗ ਲੱਗਣ ਦੇ ਖ਼ਤਰੇ ਨੂੰ ਘਟਾਇਆ ਜਾ ਸਕੇ। ਉਨ੍ਹਾਂ ਨੇ ਦੱਸਿਆ ਕਿ ਟਰਾਂਸਫ਼ਾਰਮਰਾਂ ਦੇ ਆਲੇ-ਦੁਆਲੇ ਸਫ਼ਾਈ ਰੱਖਣੀ ਤੇ ਨਮੀ ਬਣਾਈ ਰੱਖਣੀ ਬਹੁਤ ਜ਼ਰੂਰੀ ਹੈ। ਬਿਨਾਂ ਲੋੜ ਸਵਿੱਚਾਂ ਨੂੰ ਚਾਲੂ ਨਾ ਰੱਖਿਆ ਜਾਵੇ ਤਾਂ ਜੋ ਕਿਸੇ ਵੀ ਅਣਚਾਹੀ ਘਟਨਾ ਤੋਂ ਬਚਿਆ ਜਾ ਸਕੇ। ਐਕਸੀਅਨ ਰਾਜਿੰਦਰ ਕੁਮਾਰ ਨੇ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਤਰ੍ਹਾਂ ਦੀ ਤਕਨੀਕੀ ਖ਼ਰਾਬੀ, ਢਿੱਲੀ ਤਾਰ ਜਾਂ ਬਿਜਲੀ ਸਪਲਾਈ ਸਬੰਧੀ ਕੋਈ ਸਮੱਸਿਆ ਨਜ਼ਰ ਆਉਂਦੀ ਹੈ ਤਾਂ ਤੁਰੰਤ ਬਿਜਲੀ ਵਿਭਾਗ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਸਮੇਂ ਸਿਰ ਕਾਰਵਾਈ ਕਰਕੇ ਹਾਦਸਿਆਂ ਤੋਂ ਬਚਿਆ ਜਾ ਸਕੇ। ਇਸ ਮੌਕੇ ਐਸ.ਡੀ.ਓ. ਵਿਕਰਮ ਕੰਬੋਜ, ਐਸ.ਡੀ.ਓ. ਮਨੋਹਰ ਲਾਲ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

# ਜੋਤੀ ਬੀ.ਐਡ. ਕਾਲਜ ਦਾ ਤੀਜਾ ਸਮੈਸਟਰ ਨਤੀਜਾ 100 ਫੀਸਦੀ ਰਿਹਾ

ਫਾਜ਼ਿਲਕਾ, 15 ਅਪ੍ਰੈਲ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਥਾਨਕ ਜੋਤੀ ਬੀ.ਐਡ. ਕਾਲਜ ਦਾ ਬੀ.ਐਡ. ਸੈਸ਼ਨ



(2024-26) ਦੇ ਤੀਜੇ ਸਮੈਸਟਰ ਦਾ ਨਤੀਜਾ 100 ਫੀਸਦੀ ਰਿਹਾ। ਇਸ ਨਤੀਜੇ ਵਿੱਚ ਸਾਰੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਹਿਲੀ ਸ਼੍ਰੇਣੀ ਵਿੱਚ ਤੀਜਾ ਸਮੈਸਟਰ ਪਾਸ ਕੀਤਾ। ਕਾਲਜ ਦੀ ਪ੍ਰਿੰਸੀਪਲ ਡਾ. ਅਨੀਤਾ ਅਰੋੜਾ ਨੇ ਦੱਸਿਆ ਕਿ ਇਸ ਪ੍ਰੀਖਿਆ ਵਿੱਚ ਸਾਰੇ ਵਿਦਿਆਰਥੀਆਂ ਨੇ 70 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਸਫਲਤਾ ਹਾਸਲ ਕੀਤੀ। ਇਸ ਦੌਰਾਨ ਪਹਿਲਾ ਸਥਾਨ ਚਾਂਦਨੀ, ਜਾਹਨਵੀ, ਜਸਮੀਨ ਕੌਰ, ਨਵਨੀਤ ਕੰਬੋਜ, ਨੀਲਮ ਰਾਣੀ, ਪ੍ਰੀਆ ਕੰਬੋਜ ਤੇ ਰਮਨ ਨੇ (89.66 ਫੀਸਦੀ) ਅੰਕ ਪ੍ਰਾਪਤ ਕਰਕੇ ਹਾਸਲ ਕੀਤਾ। ਦੂਜਾ ਸਥਾਨ ਕਾਮਨਾ ਤੇ ਸੀਆ ਨੇ (89.33 ਫੀਸਦੀ) ਅੰਕਾਂ ਨਾਲ ਪ੍ਰਾਪਤ ਕੀਤਾ, ਜਦਕਿ ਤੀਜਾ ਸਥਾਨ ਅਮਰਨਾਥ, ਗਗਨਦੀਪ ਕੌਰ ਤੇ ਖੁਸ਼ੀ ਨੇ (89 ਫੀਸਦੀ) ਅੰਕਾਂ ਨਾਲ ਹਾਸਲ ਕੀਤਾ। ਇਸ ਉਪਲਬਧੀ 'ਤੇ ਕਾਲਜ ਪ੍ਰਬੰਧਨ, ਪ੍ਰਿੰਸੀਪਲ ਡਾ. ਅਨੀਤਾ ਅਰੋੜਾ, ਅਧਿਆਪਕ ਸੁਰਿੰਦਰ ਠੱਕਰ, ਡਾ. ਰੋਸ਼ਨ ਲਾਲ ਠੱਕਰ ਤੇ ਸਮੂਹ ਸਟਾਫ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

# ਡਾ. ਅੰਬੇਡਕਰ ਜੈਯੰਤੀ ਮੌਕੇ ਭਾਜਪਾ ਨੇ ਸਮਾਗਮ ਕਰਕੇ ਵੰਡੇ ਲੱਡੂ

ਅਮਲੋਹ, 15 ਅਪ੍ਰੈਲ (ਜਸਵੰਤ ਸਿੰਘ): ਭਾਰਤੀ ਜਨਤਾ ਪਾਰਟੀ ਬਲਾਕ ਅਮਲੋਹ ਦੇ ਪ੍ਰਧਾਨ ਤੇ ਸਾਬਕਾ ਕੌਂਸਲਰ ਰਕੇਸ਼ ਕੁਮਾਰ ਬੱਬਲੀ ਦੀ ਪ੍ਰਧਾਨਗੀ ਹੇਠ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਬੀ.ਆਰ.ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ ਗਿਆ। ਇਸ ਮੌਕੇ ਨਵੇਂ ਬੱਸ ਸਟੈਂਡ 'ਤੇ ਸਥਿਤ ਡਾ. ਅੰਬੇਡਕਰ ਦੀ ਪ੍ਰਤਿਮਾ ਉਪਰ ਫੁੱਲ ਮਾਲਾਵਾਂ ਚੜ੍ਹਾਈਆਂ ਗਈਆਂ ਤੇ ਸ਼ਰਧਾਂਜਲੀ ਦਿੱਤੀ ਗਈ। ਵੱਖ-ਵੱਖ ਬੁਲਾਰਿਆਂ ਨੇ ਉਨ੍ਹਾਂ ਦੇ ਜੀਵਨ ਬਾਰੇ ਚਾਨਣਾ ਪਾਇਆ। ਉਨ੍ਹਾਂ ਡਾ. ਅੰਬੇਡਕਰ ਦੀ ਮਹਾਨ ਸੋਚ, ਉਦੇਸ਼ਾਂ ਤੇ ਸਮਾਜ ਵਿੱਚ ਸਮਾਨਤਾ, ਨਿਆਂ ਤੇ ਸਿੱਖਿਆ ਦੇ ਪ੍ਰਚਾਰ ਲਈ ਕੀਤੇ ਯਤਨਾਂ ਦੀ ਸ਼ਲਾਘਾ ਕੀਤੀ। ਸਮਾਗਮ ਵਿੱਚ



ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਪ੍ਰਦੀਪ ਗਰਗ, ਉਘੇ ਸਮਾਜ ਸੇਵੀ ਡਾ. ਰਘਬੀਰ ਸ਼ੁਕਲਾ, ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਰਕੇਸ਼ ਗਰਗ, ਸਾਬਕਾ ਬਲਾਕ ਪ੍ਰਧਾਨ ਐਡ. ਮਯੰਕ ਸ਼ਰਮਾ, ਵਿਸ਼ਨੂੰ ਜਿੰਦਲ, ਯੋਗੇਸ਼ ਬੰਸਲ, ਸ਼ਿਵ ਕੁਮਾਰ ਗੋਇਲ, ਕੁਨਾਲ ਗਰਗ, ਬੰਟੀ ਗੁਪਤਾ, ਮੇਲਾ ਮਿੱਤਲ, ਮਨਪ੍ਰੀਤ ਸਿੰਘ, ਕੇਵਲ ਕ੍ਰਿਸ਼ਨ ਗਰਗ, ਸਨੀ ਸ਼ਾਹੀ, ਪ੍ਰਿੰਸ ਗਰਗ, ਰਵਿੰਦਰ ਕੁਮਾਰ, ਵਿਭਾਨ ਸ਼ਰਮਾ, ਰਣਜੀਤ ਸਿੰਘ, ਡਾ. ਰਾਮ ਸਰੂਪ, ਸੁੰਦਰ ਲਾਲ ਝੱਟਾ, ਮੋਹਿਤ ਗੋਇਲ, ਸਮੀਰ ਖਾਨ, ਸੋਰਵ ਗਰਗ, ਵੀਰੂ ਰਾਮ ਤੇ ਆਸ਼ੂ ਆਦਿ ਹਾਜ਼ਰ ਸਨ। ਹਾਜ਼ਰੀਨ ਨੇ ਬਾਬਾ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਨਿਆਂ ਤੇ ਸਮਾਨਤਾ ਵਾਲਾ ਸਮਾਜ ਬਣਾਉਣ ਦਾ ਸੰਕਲਪ ਲਿਆ। ਬਾਅਦ ਵਿੱਚ ਲੱਡੂ ਵੰਡੇ ਗਏ।

# ਓਮ ਪ੍ਰਕਾਸ਼ ਬਾਂਸਲ ਸਕੂਲ 'ਚ ਪ੍ਰੇਰਨਾਦਾਇਕ ਪ੍ਰਾਰਥਨਾ ਸਭਾ ਕਰਵਾਈ

ਮੰਡੀ ਗੋਬਿੰਦਗੜ੍ਹ, 15 ਅਪ੍ਰੈਲ (ਸੂਦ): ਓਮ ਪ੍ਰਕਾਸ਼ ਬਾਂਸਲ ਮਾਡਰਨ ਸਕੂਲ ਮੰਡੀ ਗੋਬਿੰਦਗੜ੍ਹ ਦੇ ਆਰਿਆ ਭੱਟ ਹਾਊਸ ਨੇ 'ਵੱਡੇ ਸੁਪਨੇ ਲਓ, ਹੋਰ ਖੋਜੋ' ਵਿਸ਼ੇ 'ਤੇ ਸੁੰਦਰ ਤੇ ਪ੍ਰੇਰਨਾਦਾਇਕ ਪ੍ਰਾਰਥਨਾ ਸਭਾ ਕਰਵਾਈ, ਜਿਸ ਦੀ ਸ਼ੁਰੂਆਤ ਦਸਵੀਂ ਜਮਾਤ ਦੀ ਫਰੀਆ ਨੇ ਸਕੂਲ ਦੇ ਲੋਗੋ ਤੇ ਇਸਦੇ ਆਦਰਸ਼ ਵਾਕ 'ਓਮ ਅਸਤੋ ਮਾ ਸਦਗਮਾਇਆ, ਤਮਸੋ ਮਾ ਜਯੋਤਿਰਗਮਾਇਆ' ਦੇ ਸਰਲ ਅਰਥਾਂ ਦੀ ਵਿਆਖਿਆ ਨਾਲ ਕੀਤੀ ਤੇ ਸੱਚ ਤੇ ਰੋਸ਼ਨੀ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਉਪਰੰਤ ਪ੍ਰਾਰਥਨਾ ਸੈਸ਼ਨ ਹੋਇਆ ਤੇ ਦਸਵੀ ਦੀ ਦੀਪਾਂਸ਼ੀ ਤਿਵਾੜੀ ਨੇ ਵਿਚਾਰ ਸਾਂਝੇ ਕੀਤੇ। ਖ਼ਬਰਾਂ




ਪੜ੍ਹਨ ਵਿੱਚ ਭਾਵਨਾ, ਸ਼ਗਨਪ੍ਰੀਤ ਕੌਰ ਤੇ ਧਨਵੀ ਨੇ ਖੇਡਾਂ, ਰਾਸ਼ਟਰੀ ਤੇ ਅੰਤਰਰਾਸ਼ਟਰੀ ਖ਼ਬਰਾਂ ਪੇਸ਼ ਕੀਤੀਆਂ। ਖਵਾਇਸ਼ ਨੇ ਵਿਗਿਆਨ ਤੇ ਪ੍ਰੇਰਨਾਦਾਇਕ ਭਾਸ਼ਣ ਦਿੱਤਾ। ਇਸ ਮੌਕੇ ਇੱਕ ਪ੍ਰੇਰਨਾਦਾਇਕ ਵੀਡੀਓ ਵੀ ਦਿਖਾਈ ਗਈ। ਵਿਦਿਆਰਥਣ ਭਾਵਨਾ ਨੇ 'ਇੱਕ ਪੈਨਸਿਲ' ਦੀ ਕਹਾਣੀ ਰਾਹੀਂ ਮੁਸ਼ਕਿਲਾਂ ਤੋਂ ਸਿੱਖਣ ਤੇ ਅੱਗੇ ਵਧਣ ਦੀ ਮਹੱਤਤਾ ਦੱਸੀ। ਅਸੈਂਬਲੀ ਦੌਰਾਨ ਪ੍ਰਿਯਾਂਜਲ ਨੇ ਜੇ.ਕੇ. ਵਰਗੇ ਮਹਾਨ ਲੋਕਾਂ ਦੀ ਗੱਲ ਕੀਤੀ। ਇਸ ਮੌਕੇ ਗੀਤ ਕਾਂਸਲ ਤੇ ਭਾਵਨਾ ਗੁਪਤਾ ਨੇ ਥਾਮਸ ਐਡੀਸਨ, ਨਿਕੋਲਾ ਟੇਸਲਾ ਤੇ ਗੈਲੀਲੀਓ ਗੈਲੀਲੀ ਦੇ ਸੰਘਰਸ਼ਾਂ ਤੇ ਸਫਲਤਾਵਾਂ ਬਾਰੇ ਰੋਲ-ਪਲੇਅ ਪੇਸ਼ ਕੀਤਾ। ਪ੍ਰਿੰਸੀਪਲ ਸੰਗੀਤਾ ਸ਼ਰਮਾ ਨੇ ਕਿਹਾ ਕਿ ਹਮੇਸ਼ਾ ਵੱਡੇ ਸੁਪਨੇ ਦੇਖੋ ਤੇ ਉਨ੍ਹਾਂ ਨੂੰ ਪ੍ਰਾਪਤ ਕਰਨ ਲਈ ਸਖ਼ਤ ਮਿਹਨਤ ਕਰੋ। ਅਸਫਲਤਾ ਤੋਂ ਡਰਨਾ ਨਹੀਂ ਚਾਹੀਦਾ ਸਗੋਂ ਇਸ ਤੋਂ ਸਿੱਖਣਾ ਚਾਹੀਦਾ ਹੈ। ਜੇਕਰ ਤੁਸੀਂ ਸਖ਼ਤ ਮਿਹਨਤ ਤੇ ਆਤਮਵਿਸ਼ਵਾਸ ਨਾਲ ਅੱਗੇ ਵੱਧਦੇ ਹੋ ਤਾਂ ਤੁਸੀਂ ਜ਼ਰੂਰ ਸਫਲ ਹੋਵੋਗੇ। ਇਸ ਮੌਕੇ ਅਨੁਰੀਤ ਨੇ ਸਹੁੰ ਚੁੱਕਣ ਦੀ ਰਸਮ ਕਰਵਾਈ ਤੇ ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ।

# ਪਹਿਲੀ ਮਈ ਰਾਤ ਭਰ ਦੇ ਨਾਟਕ ਮੇਲੇ ਦੀਆਂ ਤਿਆਰੀਆਂ ਸ਼ੁਰੂ



ਲੁਧਿਆਣਾ, 15 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਪੰਜਾਬੀ ਭਵਨ ਵਿਖੇ ਪੰਜਾਬ ਲੋਕ ਸਭਿਆਚਾਰਕ ਮੰਚ ਦੇ ਸੱਦੇ 'ਤੇ ਵੱਖ ਵੱਖ ਜਨਤਕ ਜਥੇਬੰਦੀਆਂ ਦੀ ਮੀਟਿੰਗ ਹੋਈ। ਮੀਟਿੰਗ ਵਿੱਚ ਹਾਜ਼ਰ ਨੁਮਾਇੰਦਿਆਂ ਨੇ ਸਭ ਤੋਂ ਪਹਿਲਾਂ 13 ਅਪ੍ਰੈਲ 1919 ਜੱਲ੍ਹਿਆਂ ਵਾਲਾ ਬਾਗ਼ ਖ਼ੂਨੀ ਸਾਕੇ ਦੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਂਟ ਕੀਤੀ ਅਤੇ ਸਾਮਰਾਜ ਖ਼ਿਲਾਫ਼ ਜੰਗ ਜਾਰੀ ਰੱਖਣ ਦਾ ਅਹਿਦ ਲਿਆ । ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂ ਸੁਦਾਗਰ ਸਿੰਘ ਘੁਡਾਣੀ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਰਜਿੰਦਰ ਸਿੰਘ ਲੁਧਿਆਣਾ, ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਜਸਵੰਤ ਜੀਰਖ, ਸਤੀਸ਼ ਸਚਦੇਵਾ, ਇਨਕਲਾਬੀ ਮਜ਼ਦੂਰ ਕੇਂਦਰ ਵਲੋਂ ਹਰਸਾ ਸਿੰਘ, ਰਾਜਨ ਕੁਮਾਰ, ਲੋਕ ਮੋਰਚਾ ਪੰਜਾਬ ਵੱਲੋਂ ਹਿੰਮਤ ਸਿੰਘ, ਮੋਲਡਰ ਐਂਡ ਸਟੀਲ ਵਰਕਰਜ ਯੂਨੀਅਨ ਵੱਲੋਂ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ। ਇਸ ਸਮੇਂ ਪੰਜਾਬ ਲੋਕ ਸਭਿਆਚਾਰਕ ਮੰਚ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਅਤੇ ਵਿੱਤ ਸੱਕਤਰ ਕਸਤੂਰੀ ਲਾਲ ਨੇ ਦੱਸਿਆ ਕਿ ਇਸ ਵਾਰ ਦੇ 43 ਵੇਂ ਮਈ ਦੇ ਸ਼ਹੀਦਾਂ ਦੀ ਯਾਦ ਚ ਰਾਤ ਭਰ ਦੇ ਨਾਟਕ ਤੇ ਗੀਤ ਸੰਗੀਤ ਮੇਲੇ ਚ ਸੱਤ ਨਾਟਕ ਟੀਮਾਂ ਡਾ: ਸੁਰਿੰਦਰ ਸ਼ਰਮਾ, ਹਰਕੇਸ਼ ਚੌਧਰੀ, ਜਸਵਿੰਦਰ ਪੱਪੀ, ਕ੍ਰਾਂਤੀਪਾਲ, ਡਾ: ਸੋਮਪਾਲ ਹੀਰਾ, ਪਾਵੇਲ ਤੇ ਸ਼ੈਰੀ ਸਿਹੋੜਾ, ਅਵਤਾਰ ਚੜਿੱਕ ਆਦਿ ਨਿਰਦੇਸ਼ਕਾਂ ਦੀਆਂ ਨਾਟਕ ਟੀਮਾਂ ਵੱਖ ਵੱਖ ਵਿਸ਼ਿਆਂ 'ਤੇ ਨਾਟਕ ਪੇਸ਼ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਰਾਤ ਲੋਕ ਸੰਗੀਤ ਮੰਡਲੀ ਭਦੌੜ, ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ, ਜਗਸੀਰ ਜੀਦਾ ਤੋਂ ਬਿਨਾਂ ਅਜਮੇਰ ਅਕਲੀਆ, ਸਾਗ੍ਹਾ, ਗੋਰਾ ਕੋਟਗੁਰੂ, ਮੌਸਮ, ਰਬਿਤਾ ਗੀਤ ਸੰਗੀਤ ਰਾਹੀਂ ਅਗਾਂਹ ਵਧੂ ਚੇਤਨਾ ਦਾ ਸੰਚਾਰ ਕਰਨਗੀਆਂ। ਇਸ ਰਾਤ ਉੱਘੇ ਕਾਲਮਨਵੀਸ਼, ਲੇਖਕ, ਅਨੁਵਾਦਕ ਮਰਹੂਮ ਕਾ : ਰਣਜੀਤ ਲਹਿਰਾ, ਉੱਘੇ ਕਵੀ ਬੱਲੀ ਸਿੰਘ ਚੀਮਾ, ਲੋਕਪ੍ਰਿਯ ਗਾਇਕ ਪਰਮਜੀਤ ਚੱਕ ਦੇਸ਼ ਰਾਜ, ਹੋਣਹਾਰ ਰੰਗ ਕਰਮੀ,ਨਾਟਕਕਾਰ ਕੁਲਵੰਤ ਕੌਰ ਨਗਰ ਦਾ ਮੰਚ ਵਲੋਂ ਉਨ੍ਹਾਂ ਦੀ ਦੇਣ ਲਈ ਸਨਮਾਨ ਕੀਤਾ ਜਾਵੇਗਾ। ਇਸ ਸਮਾਗਮ ਦੇ ਸ਼ੁਰੂ ਵਿੱਚ ਇਰਾਨ ਤੇ ਸਾਮਰਾਜਵਾਦੀ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਠੋਸੀ ਨਿਹੱਕੀ ਜੰਗ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਪੰਜਾਬ ਦੀਆਂ ਸਮੂਹ ਲੋਕ ਹਿਤੈਸ਼ੀ ਜਥੇਬੰਦੀਆਂ ਨੂੰ ਵਿਸ਼ਾਲ ਪੱਧਰ 'ਤੇ ਅਜੋਕੇ ਨਾਜ਼ੁਕ ਦੌਰ 'ਚ ਹਰ ਤਰਾਂ ਦੇ ਕਾਰਪੋਰੇਟੀ ਹੱਲਿਆਂ ਖਿਲਾਫ ਆਵਾਜ ਉਠਾਉਂਦਿਆਂ ਵੱਧ ਚੜ੍ਹ ਕੇ ਪਰਿਵਾਰਾਂ ਸਮੇਤ ਇਸ ਰਾਤ ਭਰ ਦੇ ਸਮਾਗਮ 'ਚ ਸਮੇਂ ਸਿਰ ਪੁੱਜਣ ਦਾ ਸੱਦਾ ਦਿੱਤਾ ਹੈ।

# ਏਵਨ ਸਾਈਕਲਜ਼ ਦੇ 75 ਸਾਲ ਦੇਸ਼ ਦੀ ਤਰੱਕੀ 'ਚ ਯੋਗਦਾਨ ਨੂੰ ਦਰਸਾਉਂਦੈ : ਰਾਜਪਾਲ ਕਟਾਰੀਆ




ਲੁਧਿਆਣਾ, 15 ਅਪ੍ਰੈਲ (ਵਿਸ਼ਾਲ ਸ਼ਰਮਾ) : ਏਵਨ ਸਾਈਕਲਜ਼ ਨੇ ਆਈਕੋਨਿਕ ਕੌਫੀ ਟੇਬਲ ਬੁੱਕ ਦੇ ਲਾਂਚ ਨਾਲ ਵਿਰਾਸਤ ਦੇ 75 ਸਾਲ ਪੂਰੇ ਕੀਤੇ। ਸਾਢੇ ਸੱਤ ਦਹਾਕਿਆਂ ਦੀ ਨਵੀਨਤਾ, ਵਿਸ਼ਵਾਸ ਅਤੇ ਮੀਲ ਪੱਥਰ ਜਿਨ੍ਹਾਂ ਨੇ ਭਾਰਤੀ ਸਾਈਕਲਿੰਗ ਲੈਂਡਸਕੇਪ ਨੂੰ ਆਕਾਰ ਦਿੱਤਾ ਹੈ। ਏਵਨ ਸਾਈਕਲਜ਼ ਜੋ ਕਿ ਗੁਣਵੱਤਾ ਅਤੇ ਭਰੋਸੇਯੋਗਤਾ ਦਾ ਸਮਾਨਾਰਥੀ ਨਾਮ ਹੈ, ਨੇ ਆਪਣੀ ਕੌਫੀ ਟੇਬਲ ਬੁੱਕ ਦੇ ਲਾਂਚ ਨਾਲ ਇਸ ਸ਼ਾਨਦਾਰ ਯਾਤਰਾ ਦਾ ਜਸ਼ਨ ਮਨਾਇਆ। ਇਹ ਕਿਤਾਬ ਬ੍ਰਾਂਡ ਦੀ ਵਿਰਾਸਤ, ਪ੍ਰਾਪਤੀਆਂ ਅਤੇ ਭਵਿੱਖ ਲਈ ਦ੍ਰਿਸ਼ਟੀਕੋਣ ਦੇ ਇੱਕ ਮਨਮੋਹਕ ਇਤਿਹਾਸ ਵਜੋਂ ਖੜ੍ਹੀ ਹੈ। ਹੋਟਲ ਰੈਡੀਸਨ ਬਲੂ ਲੁਧਿਆਣਾ ਵਿੱਚ ਆਯੋਜਿਤ ਇਸ ਸ਼ਾਨਦਾਰ ਲਾਂਚ ਸਮਾਗਮ ਵਿੱਚ ਮੁੱਖ ਮਹਿਮਾਨ ਗੁਲਾਬ ਚੰਦ ਕਟਾਰੀਆ ਰਾਜਪਾਲ ਪੰਜਾਬ ਅਤੇ ਪ੍ਰਸ਼ਾਸਕ, ਯੂ.ਟੀ, ਚੰਡੀਗੜ੍ਹ, ਮਹਿਮਾਨ ਸੰਜੀਵ ਅਰੋੜਾ ਕੈਬਨਿਟ ਮੰਤਰੀ ਪੰਜਾਬ ਅਤੇ ਵਿਸ਼ੇਸ਼ ਮਹਿਮਾਨ ਰਾਜਦੂਤ ਡਾ. ਦੀਪਕ ਵੋਹਰਾ, ਅਫਰੀਕਾ ਵਿੱਚ ਵਿਸ਼ੇਸ਼ ਸਲਾਹਕਾਰ ਮੇਡ ਇਨ ਭਾਰਤ ਫਾਰ ਦਾ ਵਰਲਡ ਸਮੇਤ ਸਤਿਕਾਰਯੋਗ ਪਤਵੰਤੇ ਸ਼ਾਮਲ ਸਨ, ਜਿਸ ਨਾਲ ਇਹ ਵਿਰਾਸਤ, ਲੀਡਰਸ਼ਿਪ ਅਤੇ ਰਾਸ਼ਟਰੀ ਮਾਣ ਦਾ ਜਸ਼ਨ ਮਨਾਉਣ ਵਾਲਾ ਇੱਕ ਯਾਦਗਾਰੀ ਮੌਕਾ ਬਣ ਗਿਆ। ਇੱਕ ਨਵੇਂ ਆਜ਼ਾਦ ਭਾਰਤ ਵਿੱਚ ਆਪਣੀ ਸ਼ੁਰੂਆਤ ਤੋਂ ਲੈ ਕੇ ਮੇਡ ਇਨ ਇੰਡੀਆ ਵਾਅਦੇ ਦਾ ਗਲੋਬਲ ਅੰਬੈਸਡਰ ਬਣਨ ਤੱਕ, ਏਵਨ ਸਾਈਕਲਜ਼ ਨੇ ਤਬਦੀਲੀ ਦੀ ਹਰ ਲਹਿਰ ਨੂੰ ਲਚਕੀਲੇਪਣ ਅਤੇ ਦਲੇਰੀ ਨਾਲ ਸਵਾਰ ਕੀਤਾ ਸੀ। ਕੌਫੀ ਟੇਬਲ ਬੁੱਕ ਹਰ ਉਸ ਵਿਅਕਤੀ ਨੂੰ ਸ਼ਰਧਾਂਜਲੀ ਸੀ, ਜਿਸਨੇ ਇਸ ਯਾਤਰਾ ਵਿੱਚ ਯੋਗਦਾਨ ਪਾਇਆ ਸੀ। ਇਸਨੇ ਕੰਪਨੀ ਦੇ ਵਿਕਾਸ, ਮੁੱਖ ਮੀਲ ਪੱਥਰ ਅਤੇ ਨਵੀਨਤਾ ਦੀ ਭਾਵਨਾ ਨੂੰ ਕੈਦ ਕੀਤਾ, ਜਿਸਨੇ ਇਸਦੀ ਕਹਾਣੀ ਨੂੰ ਪਰਿਭਾਸ਼ਿਤ ਕੀਤਾ ਸੀ। ਪੰਜਾਬ ਦੇ ਰਾਜਪਾਲ ਅਤੇ ਯੂ.ਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕਿਹਾ, 'ਏਵਨ ਸਾਈਕਲਜ਼ ਦੇ 75 ਸਾਲ ਮਨਾਉਣਾ ਵਿਸ਼ਵਾਸ, ਨਵੀਨਤਾ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਦੀ ਵਿਰਾਸਤ ਨੂੰ ਦਰਸਾਉਂਦਾ ਹੈ। ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ, ਅੱਜ, ਭਾਰਤ ਦੇ ਸਭ ਤੋਂ ਵੱਡੇ ਸਾਈਕਲ ਨਿਰਮਾਤਾਵਾਂ ਵਿੱਚੋਂ ਇੱਕ ਦੇ ਰੂਪ ਵਿੱਚ, ਇਹ ਨੌਜਵਾਨਾਂ ਨੂੰ ਵਪਾਰਕ ਉੱਤਮਤਾ ਅਤੇ ਪਰਉਪਕਾਰ ਦੀ ਆਪਣੀ ਵਿਰਾਸਤ ਨਾਲ ਪ੍ਰੇਰਿਤ ਕਰਨਾ ਜਾਰੀ ਰੱਖਦਾ ਹੈ। ਪੰਜਾਬ ਨੇ 2026-27 ਤੱਕ 75,000 ਕਰੋੜ ਰੁਪਏ ਦੇ ਨਿਵੇਸ਼ ਦਾ ਟੀਚਾ ਰੱਖਿਆ ਹੈ, ਮੈਨੂੰ ਵਿਸ਼ਵਾਸ ਹੈ ਕਿ ਏਵਨ ਸਾਈਕਲਜ਼ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਰਹੇਗਾ। ਰਿਸ਼ੀ ਪਾਹਵਾ, ਮੈਨੇਜਿੰਗ ਡਾਇਰੈਕਟਰ, ਨੇ ਅੱਗੇ ਕਿਹਾ, ਇਹ ਮੀਲ ਪੱਥਰ ਉਦੇਸ਼, ਮਾਣ ਅਤੇ ਅਣਥੱਕ ਵਚਨਬੱਧਤਾ ਦਾ ਜਸ਼ਨ ਹੈ। ਉਹਨਾਂ ਲੋਕਾਂ ਦੁਆਰਾ ਬਣਾਇਆ ਗਿਆ ਹੈ ਜੋ ਆਪਣੇ ਕੰਮ ਵਿੱਚ ਵਿਸ਼ਵਾਸ ਰੱਖਦੇ ਹਨ, ਏਵਨ ਸਾਈਕਲਜ਼ ਦ੍ਰਿੜਤਾ ਨਾਲ ਅੱਗੇ ਵਧਣਾ ਜਾਰੀ ਰੱਖਦਾ ਹੈ।

# ਖ਼ਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਕੀਰਤਨ ਸਮਾਗਮ



ਲੁਧਿਆਣਾ, 15 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਲੁਧਿਆਣਾ ਵਿਖੇ ਬੀਤੀ ਰਾਤ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਵੱਲੋ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਵਿਸ਼ੇਸ਼ ਕੀਰਤਨ ਤੇ ਕਥਾ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਕੀਤੇ ਗਏ ਉਕਤ ਸਮਾਗਮ ਅੰਦਰ ਪੰਥ ਦੇ ਪ੍ਰਸਿੱਧ ਵਿਦਵਾਨ ਤੇ ਕਥਾਵਾਚਕ ਗਿਆਨੀ ਬਚਿੱਤਰ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸਾਹਿਬ ਨੇ ਸੰਗਤਾਂ ਨਾਲ ਖਾਲਸਾ ਸਾਜਨਾ ਦਿਵਸ ਦੀ ਮਹੱਤਤਾ ਤੇ ਖੋਜ ਭਰਪੂਰ ਸ਼ਬਦਾ ਦੀ ਸਾਂਝ ਕਰਦਿਆਂ ਹੋਇਆ ਕਿਹਾ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੀ ਸਾਜਨਾ ਕਰਕੇ ਇੱਕ ਨਵੇਂ ਇਤਿਹਾਸ ਦੀ ਸਿਰਜਨਾ ਕੀਤੀ । ਉਹਨਾਂ ਨੇ ਕਿਹਾ ਕਿ ਗੁਰੂ ਸਾਹਿਬ ਵੱਲੋਂ ਸਜਾਇਆ ਨਿਆਰੇਪਨ ਦਾ ਪ੍ਰਤੀਕ ਖਾਲਸਾ ਆਪਣੀ ਸੰਤੁਤਰ ਹੋਂਦ ਤੇ ਨਿਆਰੇਪਨ ਦਾ ਪ੍ਰਗਟਾਵਾ ਕਰਨ ਦੇ ਪੂਰੀ ਤਰ੍ਹਾਂ ਸਮਰਥ ਹੈ। ਅੱਜ ਸਮੇਂ ਦੀ ਮੁੱਖ ਲੋੜ ਹੈ ਕਿ ਮੌਜੂਦਾ ਸਮੇਂ ਦੀ ਨੌਜਵਾਨ ਪੀੜ੍ਹੀ ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਤਿਉਹਾਰ ਤੋਂ ਸੇਧ ਲੈ ਕੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਬਾਣੀ ਤੇ ਬਾਣੇ ਦੀ ਧਾਰਨੀ ਬਣੇ। ਪ੍ਰਸਿੱਧ ਕੀਰਤਨੀਏ ਭਾਈ ਸਤਨਾਮ ਸਿੰਘ ਬੈਕਾਂ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੇ ਭਾਈ ਵਰਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆ ਦੇ ਕੀਰਤਨੀ ਜੱਥਿਆਂ ਨੇ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ। ਅਤੱਰ ਸਿੰਘ ਮੱਕੜ, ਹਰਪਾਲ ਸਿੰਘ ਖਾਲਸਾ, ਪਰਮਜੀਤ ਸਿੰਘ ਸੇਠੀ ਤੇ ਹਰਬੰਸ ਸਿੰਘ ਰਾਜਾ ਨੇ ਕੀਰਤਨੀ ਜੱਥਿਆ ਦੇ ਮੈਬਰਾਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ। ਇਸ ਸਮੇਂ ਉਨ੍ਹਾਂ ਦੇ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਮੁੱਖ ਅਹੁਦੇਦਾਰ ਮਹਿੰਦਰ ਸਿੰਘ ਡੰਗ, ਰਜਿੰਦਰ ਸਿੰਘ ਡੰਗ, ਬਲਬੀਰ ਸਿੰਘ ਭਾਟੀਆ, ਸੁਖਵਿੰਦਰ ਸਿੰਘ ਹੈਪੀ ਕੋਚਰ, ਹਰਮੀਤ ਸਿੰਘ ਡੰਗ, ਹਰਮਿੰਦਰ ਸਿੰਘ ਕੋਹਲੀ, ਸੁਰਿੰਦਰਪਾਲ ਸਿੰਘ ਭੁਟੀਆਣੀ, ਪ੍ਰੇਮ ਸਿੰਘ, ਗੁਰਦੀਪ ਸਿੰਘ ਡੀਮਾਰਟੇ, ਨਰਿੰਦਰਪਾਲ ਸਿੰਘ ਕਥੂਰੀਆ, ਅਵਤਾਰ ਸਿੰਘ ਮਿੱਡਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ।

# ਗੁਰਦੁਆਰਾ ਬਾਬਾ ਵਿਸ਼ਵਕਰਮਾ ਵਿਖੇ ਖ਼ਾਲਸਾ ਸਾਜਨਾ ਦਿਵਸ ਮਨਾਇਆ



ਲੁਧਿਆਣਾ, 15 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) :ਗੁਰਦੁਆਰਾ ਬਾਬਾ ਵਿਸ਼ਵਕਰਮਾ ਭਵਨ ਗਲੀ ਨੰਬਰ ਤਿੰਨ ਕੁਆਲਿਟੀ ਰੋਡ ਸ਼ਿਮਲਾਪੁਰੀ ਵਿਖੇ ਵਿਸਾਖੀ ਦਾ ਖਾਲਸਾ ਸਾਜਨਾ ਦਿਵਸ ਮਨਾਇਆ ਗਿਆ। ਇਸ ਮੌਕੇ ਗੁਰੂਘਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਨੀ ਦੇ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਭਾਈ ਦਵਿੰਦਰ ਸਿੰਘ ਵਰੋਸਾਏ ਰਾੜਾ ਸਾਹਿਬ ਵਾਲਿਆਂ ਦੇ ਜਥੇ ਵੱਲੋਂ ਸੰਗਤ ਨੂੰ ਕੀਰਤਨ ਕਰਕੇ ਨਿਹਾਲ ਕੀਤਾ। ਉਹਨਾਂ ਨੇ ਕਿਹਾ ਕਿ ਵਿਸਾਖੀ ਦਾ ਤਿਉਹਾਰ ਦੇਸ਼ ਵਿਦੇਸ਼ਾਂ ਵਿੱਚ ਵੱਡੇ ਪੱਧਰ 'ਤੇ ਮਨਾਇਆ ਜਾਂਦਾ ਹੈ। ਇਸ ਦਿਨ 13 ਅਪ੍ਰੈਲ 1699 ਈ. ਨੂੰ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਇੱਕ ਮਹਾਨ ਸਭਾ ਬੁਲਾਈ, ਜਿੱਥੇ ਸਿੱਖਾਂ ਦਾ ਅਥਾਹ ਇਕੱਠ ਹੋਇਆ। ਉਥੇ ਗੁਰੂ ਸਾਹਿਬ ਨੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾਇਆ।ਖਾਲਸਾ ਪੰਥ ਦੀ ਸਥਾਪਨਾ ਕਰਕੇ ਗੁਰੂ ਸਾਹਿਬ ਨੇ ਨਵਾਂ ਪੰਥ ਸਿਰਜਿਆ। ਸਮਾਪਤੀ ਤੋਂ ਬਾਅਦ ਗੁਰੂ ਘਰ ਵਿਖੇ ਸੰਗਤਾਂ ਨੂੰ ਗੁਰੂ ਕਾ ਲੰਗਰ ਛਕਾਇਆ ਗਿਆ। ਪ੍ਰਧਾਨ ਬਲਬੀਰ ਸਿੰਘ ਕਲਸੀ, ਰਾਜਿੰਦਰ ਸਿੰਘ ਬੇਦੀ ਵਲੋਂ ਕੀਰਤਨੀ ਜਥੇ ਅਤੇ ਸੇਵਾਦਾਰਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ

ਸਟੇਜ ਸੈਕਟਰੀ ਗੁਰਮੀਤ ਸਿੰਘ ਚਾਨਾ ਨੇ ਸਾਰੀ ਸੰਗਤ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਸੇਵਾਦਾਰ ਤ੍ਰਿਲੋਕ ਸਿੰਘ ਜਗਰਾਉਂ, ਮੋਹਣ ਸਿੰਘ, ਠੇਕੇਦਾਰ ਗੁਰਮੇਲ ਸਿੰਘ, ਸੰਤੋਖ ਸਿੰਘ ਦੁਆਬੇ ਵਾਲੇ, ਸਾਬਕਾ ਪੁਲਿਸ ਇੰਸਪੈਕਟਰ ਮੀਤ ਰਾਮ ਸਿੰਘ, ਬਲਦੇਵ ਸਿੰਘ ਲੁਹਾਰਾ, ਤ੍ਰਿਸ਼ਨ ਸਿੰਘ ਸੱਲ, ਰਘਬੀਰ ਸਿੰਘ ਬਰਨਾਲਾ, ਜਗਦੇਵ ਸਿੰਘ ਅਤੇ ਦਰਸ਼ਨ ਸਿੰਘ ਰੂਪਰਾਏ ਆਦਿ ਮੈਂਬਰ ਹਾਜ਼ਰ ਸਨ।

# ਵਪਾਰੀਆਂ ਦੀਆਂ ਸਮੱਸਿਆਵਾਂ ਹੱਲ ਕਰਨ ਸਬੰਧੀ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੀ ਏ.ਡੀ.ਸੀ. ਨਾਲ ਮੀਟਿੰਗ



ਲੁਧਿਆਣਾ, 15 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਡਿਪਟੀ ਕਮਿਸ਼ਨਰ ਦਫਤਰ ਦੇ ਵਿੱਚ ਵਪਾਰੀਆਂ ਦੀਆਂ ਸਮੱਸਿਆਵਾਂ 'ਤੇ ਵਿਚਾਰ ਕਰਨ ਲਈ ਏਡੀਸੀ ਪੂਨਮ ਸਿੰਘ ਦੀ ਪ੍ਰਧਾਨਗੀ ਹੇਠ ਇਕ ਮੀਟਿੰਗ ਹੋਈ, ਜਿਸ ਵਿੱਚ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੇ ਚੇਅਰਮੈਨ ਪਰਮਪਾਲ ਬਾਵਾ ਉਚੇਚੇ ਤੌਰ 'ਤੇ ਆਪਣੀ ਟੀਮ ਸਮੇਤ ਸ਼ਾਮਲ ਹੋਏ । ਬਾਵਾ ਨੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਵਪਾਰੀਆਂ ਨਾਲ ਮਿਲ ਕੇ ਉਹਨਾਂ ਦੀਆਂ ਸਮੱਸਿਆਵਾਂ ਬਾਰੇ ਵਿਸਥਾਰ ਪੂਰਵਕ ਇੱਕ ਰਿਪੋਰਟ ਤਿਆਰ ਕੀਤੀ ਗਈ ਸੀ ਅਤੇ ਬਾਅਦ ਵਿੱਚ ਇਸ ਸਮੱਸਿਆਵਾਂ ਹੱਲ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਕਾਗਜ਼ ਸੌਂਪ ਦਿੱਤੇ ਗਏ ਸਨ। ਉਹਨਾਂ ਦੱਸਿਆ ਕਿ ਕੁੱਲ 129 ਸਮੱਸਿਆਵਾਂ ਨੂੰ ਲੈ ਕੇ ਹੱਲ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਸੀ ਅੱਜ ਦੀ ਇਸ ਮੀਟਿੰਗ ਵਿੱਚ ਇਹਨਾਂ ਸਮੱਸਿਆਵਾਂ 'ਤੇ ਵਿਚਾਰ ਹੋਇਆ ਤਾਂ ਦੇਖਿਆ ਗਿਆ ਕਿ ਇਹਨਾਂ ਵਿੱਚੋਂ 56 ਸਮੱਸਿਆਵਾਂ ਹੱਲ ਹੋ ਗਈਆਂ ਹਨ। ਇਸ ਮੀਟਿੰਗ ਵਿੱਚ ਵੱਖ-ਵੱਖ ਸਬੰਧਤ ਮਹਿਕਮਿਆਂ ਦੇ ਅਫਸਰ ਸਾਹਿਬਾਨ ਵੀ ਸ਼ਾਮਲ ਹੋਏ। ਉਹਨਾਂ ਨੇ ਦੱਸਿਆ ਕਿ ਜਿਹੜੀਆਂ ਸਮੱਸਿਆਵਾਂ ਹੱਲ ਨਹੀਂ ਹੋਈਆਂ ਉਹਨਾਂ ਦੇ ਕੀ ਕਾਰਨ ਸਨ ਅਤੇ ਭਵਿੱਖ ਵਿੱਚ ਉਹਨਾਂ ਨੂੰ ਕਿਵੇਂ ਹੱਲ ਕੀਤਾ ਜਾ ਸਕਦਾ ਹੈ ਇਸ 'ਤੇ ਵਿਸਥਾਰ ਪੂਰਵਕ ਚਰਚਾ ਹੋਈ। ਸ੍ਰੀ ਬਾਵਾ ਨੇ ਦੱਸਿਆ ਕਿ ਅਫਸਰਾਂ ਨੂੰ ਬੇਨਤੀ ਕੀਤੀ ਗਈ ਕਿ ਕਿਸੇ ਵੀ ਵਪਾਰੀ ਦੀ ਕੋਈ ਵੀ ਸਮੱਸਿਆ ਅਣਸੁਲਝੀ ਨਹੀਂ ਰਹਿਣੀ ਚਾਹੀਦੀ ਕਿਉਂਕਿ ਵਪਾਰੀ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ। ਉਹਨਾਂ ਦੱਸਿਆ ਕਿ ਬਾਕੀ ਰਹਿੰਦੀਆਂ ਸਮੱਸਿਆਵਾਂ ਹੱਲ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੀਟਿੰਗ ਵਿੱਚ ਪੰਜਾਬ ਟ੍ਰੇਡਰਜ਼ ਕਮਿਸ਼ਨ ਦੇ ਸਕੱਤਰ ਸਾਹਿਲ ਅਗਰਵਾਲ ਅਤੇ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੇ ਉਪ ਚੇਅਰਮੈਨ ਰੋਹਿਤ ਵਰਮਾ ਤੋਂ ਇਲਾਵਾ ਲੁਧਿਆਣੇ ਦੇ ਆਤਮ ਨਗਰ, ਉੱਤਰੀ, ਕੇਂਦਰੀ, ਪੂਰਬੀ, ਦੱਖਣੀ ਅਤੇ ਪੱਛਮੀ ਹਲਕਿਆਂ ਦੇ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੇ ਹਲਕਾ ਕੁਆਰਡੀਨੇਟਰ ਵੀ ਸ਼ਾਮਿਲ ਹੋਏ ਅਤੇ ਉਹਨਾਂ ਨੇ ਆਪੋ ਆਪਣੇ ਹਲਕੇ ਦੇ ਵਪਾਰੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।

# ਗੁਰਦੁਆਰਾ ਸਾਹਿਬ ਦੀ ਨਵੀਂ ਚੁਣੀ ਕਮੇਟੀ ਵਿੱਚ ਮੁੱਖ ਸੇਵਾਦਾਰ ਲੀਲ ਤੇ ਹੋਰ ਅਹੁਦੇਦਾਰਾਂ ਨੇ ਸੇਵਾ ਸੰਭਾਲੀ



ਲੁਧਿਆਣਾ, 15 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਸਤਿਸੰਗ ਸਭਾ ਹਾਉਸਿੰਗ ਬੋਰਡ ਕਲੋਨੀ ਭਾਈ ਰਣਧੀਰ ਸਿੰਘ ਨਗਰ ਨਵੀਂ ਚੁਣੀ ਗਈ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੇਵਾ ਸੰਭਾਲੀ ਖਾਲਸਾ ਸਾਜਨਾ ਦਿਵਸ ਦੋਵੇ ਕਮੇਟੀਆਂ ਵੱਲੋਂ ਸਾਝੇ ਤੌਰ 'ਤੇ ਮਨਾਇਆ ਗਿਆ। ਉਪਰੰਤ ਨਾਲ ਨਵੇਂ ਅਹੁਦੇਦਾਰ ਚੁਣੇ ਗਏ।ਅੱਜ ਨਵੀਂ ਚੁਣੀ ਗਈ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੀਟਿੰਗ ਗੁਰਦੁਆਰਾ ਸਾਹਿਬ ਜੀ ਦੇ ਸਾਬਕਾ ਪ੍ਰਧਾਨ ਜਥੇਦਾਰ ਨਛੱਤਰ ਸਿੰਘ ਸਿੱਧੂ, ਡਾ ਮਹਿੰਦਰ ਸਿੰਘ ਅਤੇ ਸੁਖਦੇਵ ਸਿੰਘ ਐਲ ਏ ਦੀ ਸਰਪ੍ਰਸਤੀ ਹੇਠ ਤੇ ਨਵੇਂ ਚੁਣੇ ਗਏ ਮੁੱਖ ਸੇਵਾਦਾਰ ਗੁਰਦੀਪ ਸਿੰਘ ਲੀਲ ਦੀ ਅਗਵਾਈ 'ਚ ਹੋਈ। ਜਿਸ ਵਿੱਚ ਨਿਰਵਿਰੋਧ ਚੁਣੇ ਗਏ ਮੈਬਰ ਸਾਮਲ ਹੋਏ ਸਭ ਤੋਂ ਪਹਿਲਾ ਸਮੂਹ ਮੈਬਰਾ ਨੇ ਮੂਲ ਮੰਤਰ ਸਾਹਿਬ ਜੀ ਦਾ ਪਾਠ ਕੀਤਾ। ਉਪਰੰਤ ਸਮੂਹ ਮੈਬਰਾਂ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਸਾਰਿਆਂ ਮੈਬਰਾਂ ਦੀ ਸਹਿਮਤੀ ਨਾਲ ਸੱਤ ਮੈਬਰ ਕੋਆਪਰੇਟਿਵ ਕੀਤੇ ਜਿਨ੍ਹਾਂ ਵਿੱਚ ਜਥੇਦਾਰ ਨਛੱਤਰ ਸਿੰਘ ਸਿੱਧੂ, ਗੁਰਦੀਪ ਸਿੰਘ ਘੁਮਾਣ, ਪ੍ਰੀਤਮ ਸਿੰਘ, ਪਰਵੀਨਪਾਲ ਸਿੰਘ, ਸਰਦੂਲ ਸਿੰਘ, ਕਾਕਾ ਕੁਲਜੀਤ ਸਿੰਘ ਅਤੇ ਹਰਪ੍ਰੀਤ ਕੌਰ ਲਵਲੀ ਅਤੇ ਦੋ ਸਲਾਹਕਾਰ ਡਾਕਟਰ ਮਹਿੰਦਰ ਸਿੰਘ ਅਤੇ ਸੁਖਦੇਵ ਸਿੰਘ ਐਲ ਏ ਨੂੰ ਕੋਪਟਵ ਕੀਤਾ ਉਪਰੰਤ ਗੁਰਦੀਪ ਸਿੰਘ ਲੀਲ ਨੇ ਸਮੂਹ ਮੈਬਰਾ ਦੀ ਸਹਿਮਤੀ ਨਾਲ ਜਥੇਦਾਰ ਨਛੱਤਰ ਸਿੰਘ ਸਿੱਧੂ ਨੂੰ ਮੁੱਖ ਸਲਾਹਕਾਰ, ਗੁਰਦੀਪ ਸਿੰਘ ਘੁਮਾਣ ਨੂੰ ਜਨਰਲ ਸਕੱਤਰ, ਜਥੇਦਾਰ ਚਰਨ ਸਿੰਘ ਅਤੇ ਸਰਦੂਲ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਜਗਦੀਪ ਸਿੰਘ ਭੱਠਲ ਮੀਤ ਪ੍ਰਧਾਨ, ਪਰਵੀਨਪਾਲ ਸਿੰਘ ਨੂੰ ਜੁਆਇੰਟ ਸਕੱਤਰ ਦੀ ਸੇਵਾ ਸੰਭਾਲੀ, ਲਖਵੀਰ ਸਿੰਘ, ਲਛਮਣ ਸਿੰਘ ਗਿੱਲ, ਜਸਵੀਰ ਸਿੰਘ ਸੇਖੋਂ, ਬੀਬੀ ਸੀਤਲਪ੍ਰਕਾਸ ਕੌਰ, ਬੀਬੀ ਗੁਰਵਿੰਦਰ ਕੌਰ ਅਜੈਕਟਿਵ ਮੈਂਬਰ ਵੱਜੋਂ ਸੇਵਾ ਕਰਨਗੇ ਅਤੇ ਇਸਤਰੀ ਸਤਿਸੰਗ ਸਭਾ ਦੀ ਪ੍ਰਧਾਨ ਬੀਬੀ ਇਕਬਾਲ ਕੌਰ ਬੀਬੀ ਤੇਜਿੰਦਰ ਕੌਰ ਨੂੰ ਸਰਪ੍ਰਸਤ ਚੁਣਿਆ, ਗੁਰਦੇਵ ਸਿੰਘ ਨੂੰ ਆਡਿਟ ਅਫਸਰ, ਹਰਪ੍ਰੀਤ ਕੌਰ ਲਵਲੀ ਨੂੰ ਰੁਮਾਲਾ ਸਾਹਿਬ ਜੀ ਦੀ ਸੇਵਾ ਸੱਚਖੰਡ ਦੀ ਸੇਵਾ ਮਨਮੋਹਣ ਸਿੰਘ ਨੂੰ ਸੰਭਾਲੀ, ਸੁਖਆਸਨ ਕਮੇਟੀ 'ਚ ਭਾਈ ਪਰਵੀਨਪਾਲ ਸਿੰਘ, ਬੂਟਾ ਸਿੰਘ, ਦਵਿੰਦਰ ਸਿੰਘ ਟੀਟੂ , ਰਜਿੰਦਰਪਾਲ ਸਿੰਘ, ਕਾਕਾ ਕੁਲਜੀਤ ਸਿੰਘ, ਭਗਤ ਸਿੰਘ, ਬਲਰਾਜ ਸਿੰਘ ਖਾਲਸਾ ਨੂੰ ਸੇਵਾ ਸੰਭਾਲੀ , ਲੰਗਰ ਕਮੇਟੀ ਦੀ ਸੇਵਾ ਜਥੇਦਾਰ ਨਛੱਤਰ ਸਿੰਘ ਸਿੱਧੂ, ਗੁਰਮੀਤ ਸਿੰਘ ਕੋਚਰ, ਬੂਟਾ ਸਿੰਘ, ਮਾਸਟਰ ਬਲਰਾਜ ਸਿੰਘ, ਜਗਦੀਪ ਸਿੰਘ ਭੱਠਲ ਨੂੰ ਸੰਭਾਲੀ ਅਤੇ ਬਿਸਤਰੇ ਦੀ ਸੇਵਾ ਸੰਭਾਲ ਬੀਬੀ ਇਕਬਾਲ ਕੌਰ ਤੇ ਬੀਬੀ ਗੁਰਵਿੰਦਰ ਕੌਰ ਕੋਚਰ ਤੇ ਬਰਤਨਾ ਦੀ ਸੇਵਾ ਬੀਬੀ ਪ੍ਰਿਤਪਾਲ ਕੌਰ ਤੇ ਬੀਬੀ ਸੀਤਲਪ੍ਰਕਾਸ ਕੌਰ ਨੂੰ ਸੰਭਾਲੀ ਨਵੇਂ ਚੁਣੇ ਸਮੂਹ ਮੈਂਬਰਾ ਤੇ ਅਹੁਦੇਦਾਰ ਗੁਰੂ ਘਰ ਦੀ ਸੇਵਾ ਨੂੰ ਸਮਰਪਿਤ ਰਹਿਣਗੇ।

# ਡਾ. ਏ.ਵੀ.ਐਮ. ਪਬਲਿਕ ਸਕੂਲ ਦਾ ਅੱਠਵੀਂ ਜਮਾਤ ਦਾ ਨਤੀਜਾ ਸੌ ਫ਼ੀਸਦੀ ਰਿਹਾ



ਲੁਧਿਆਣਾ, 15 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਡਾ. ਏ.ਵੀ.ਐਮ. ਪਬਲਿਕ ਸਕੂਲ, ਨੇੜੇ ਈਸਾ ਨਗਰੀ ਪੁਲੀ, ਦਾ ਅੱਠਵੀਂ ਕਲਾਸ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੌ ਫੀਸਦੀ ਰਿਹਾ। ਇਸ ਵਾਰ ਦੇ ਨਤੀਜਿਆਂ ਵਿੱਚ ਵੀ ਇੱਕ ਵਾਰ ਫਿਰ ਕੁੜੀਆਂ ਨੇ ਬਾਜ਼ੀ ਮਾਰੀ ਅਤੇ ਅਗੇਤਰੀ ਸਥਾਨਾਂ 'ਤੇ ਕਬਜ਼ਾ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ ਰਾਜੀਵ ਕੁਮਾਰ ਲਵਲੀ ਅਤੇ ਪ੍ਰਿੰਸੀਪਲ ਮਨੀਸ਼ਾ ਗਾਬਾ ਨੇ ਸ਼ਾਨਦਾਰ ਨਤੀਜਿਆਂ ਲਈ ਸਾਰੇ ਵਿਦਿਆਰਥੀਆਂ ਅਤੇ ਮਿਹਨਤੀ ਸਟਾਫ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਪ੍ਰੀਖਿਆ ਵਿੱਚ 103 ਵਿਦਿਆਰਥੀਆਂ ਵਿੱਚੋਂ ਅੰਸ਼ਿਕਾ ਨੇ 89 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਜਦਕਿ ਸੋਨਾਕਸ਼ੀ ਅਤੇ ਜਾਨਵੀ ਨੇ 88.6 ਫੀਸਦੀ ਅੰਕਾਂ ਨਾਲ ਦੂਜਾ ਅਤੇ ਹਿਮਾਂਸ਼ੀ ਨੇ 88.5 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਨੇਹਾ ਕੁਮਾਰੀ ਨੇ 82.6 ਫੀਸਦੀ ਅੰਕਾਂ ਨਾਲ ਚੌਥਾ ਅਤੇ ਉਰਵੀ ਸ਼ਰਮਾ ਨੇ 81 ਫੀਸਦੀ ਅੰਕ ਲੈ ਕੇ ਪੰਜਵਾਂ ਸਥਾਨ ਪ੍ਰਾਪਤ ਕੀਤਾ। ਬਾਕੀ ਵਿਦਿਆਰਥੀਆਂ ਨੇ ਵੀ 79 ਤੋਂ 70 ਫੀਸਦੀ ਤੱਕ ਅੰਕ ਹਾਸਲ ਕਰਨ ਵਿੱਚ ਕਾਮਯਾਬੀ ਪ੍ਰਾਪਤ ਕੀਤੀ। ਇਸ ਮੌਕੇ ਵਾਈਸ ਪ੍ਰਿੰਸੀਪਲ ਅਮਿਤਾ ਰਾਜਨ, ਰੂਬੀ, ਰੀਮਾ, ਅਮੀਸ਼ਾ, ਗੁਰਲੀਨ ਕੌਰ, ਸਪਨਾ, ਹਰਸ਼ ਬਾਲਾ, ਸੋਨੀਆ ਆਦਿ ਸਟਾਫ ਮੈਂਬਰਾਂ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਸੰਘਰਸ਼ ਕਰ ਰਹੇ ਮਜ਼ਦੂਰਾਂ 'ਤੇ ਸਰਕਾਰ ਦਾ ਦਮਨ ਨਿੰਦਣਯੋਗ : ਟਰੇਡ ਯੂਨੀਅਨ ਆਗੂ



ਲੁਧਿਆਣਾ, 15 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਅੱਜ ਏਟਕ, ਇੰਟਕ, ਸੀਟੂ ਸੀਟੀਯੂ ਪੰਜਾਬ ਅਤੇ ਐਕਟੂ ਤੇ ਅਧਾਰਤ ਯੂਨਾਈਟਿਡ ਫਰੰਟ ਆਫ਼ ਟ੍ਰੇਡ ਯੂਨੀਅਨਜ ਲੁਧਿਆਣਾ ਦੀ ਇਕ ਮੀਟਿੰਗ ਇੱਥੇ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਕਾਮਰੇਡ ਜਗਦੀਸ਼ ਚੰਦ ਦੀ ਪ੍ਰਧਾਨਗੀ ਹੇਠ ਹੋਈ। ਇਸ ਵਿੱਚ ਵੱਖ ਵੱਖ ਟ੍ਰੇਡ ਯੂਨੀਅਨ ਆਗੂਆਂ ਨੇ ਹਿੱਸਾ ਲਿਆ।

ਆਗੂਆਂ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਨੋਇਡਾ ਵਿੱਚ ਮਜ਼ਦੂਰਾਂ ਵੱਲੋਂ ਕੀਤੇ ਗਏ ਸੰਘਰਸ਼ ਤੋਂ ਕੇਂਦਰ ਸਰਕਾਰ ਨੂੰ ਇਹ ਦੇਖ ਲੈਣਾ ਚਾਹੀਦਾ ਹੈ ਕਿ ਦੇਸ਼ ਦੀ ਮਜ਼ਦੂਰ ਜਮਾਤ ਚਾਰ ਕਾਲੇ ਲੇਬਰ ਕੋਡ ਲਾਗੂ ਨਹੀਂ ਹੋਣ ਦੇਵੇਗੀ। ਉਹਨਾਂ ਕਿਹਾ ਕਿ ਇਹ ਹਨੇਰੀ ਚਾਰੇ ਪਾਸੇ ਝੁੱਲਣ ਵਾਲੀ ਹੈ ਤੇ ਇਸ ਤੋਂ ਸਬਕ ਲੈਂਦੇ ਹੋਏ ਭਗਵੰਤ ਮਾਨ ਸਰਕਾਰ ਨੂੰ ਘੱਟੋ ਘੱਟ ਉਜਰਤ ਵਿਚ ਫੌਰੀ ਵਾਧਾ ਕੀਤਾ ਜਾਵੇ। ਜ਼ਿਕਰ ਯੋਗ ਹੈ ਕਿ ਇਹ ਪਿਛਲੇ 14 ਸਾਲਾਂ ਤੋਂ ਨਹੀਂ ਵਧਾਈ ਗਈ ਅਤੇ ਫਰਵਰੀ ਦੇ ਅੰਤ ਵਿੱਚ ਆਉਣ ਵਾਲੇ ਮਹਿੰਗਾਈ ਭੱਤੇ ਵਿੱਚ ਵਾਧੇ ਨੂੰ ਤੁਰੰਤ ਲਾਗੂ ਕੀਤਾ ਜਾਵੇ।

ਆਗੂਆਂ ਵੱਲੋਂ ਮਾਨੇਸਰ ਅਤੇ ਨੋਇਡਾ ਵਿੱਚ ਅੰਦੋਲਨ ਕਰ ਰਹੇ ਮਜ਼ਦੂਰਾਂ 'ਤੇ ਹੋ ਰਹੇ ਦਮਨ ਦੀ ਤਿੱਖੀ ਨਿੰਦਾ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਸਾਰੇ ਗ੍ਰਿਫ਼ਤਾਰ ਮਜ਼ਦੂਰਾਂ ਅਤੇ ਯੂਨੀਅਨ ਆਗੂਆਂ ਨੂੰ ਰਿਹਾਅ ਕੀਤਾ ਜਾਵੇ।

ਇਹ ਅੰਦੋਲਨ ਘੱਟੋ-ਘੱਟ ਮਜ਼ਦੂਰੀ ਵਿੱਚ ਵਾਧਾ, 8 ਘੰਟਿਆਂ ਦਾ ਕੰਮ, ਵਾਧੂ ਕੰਮ ਲਈ ਕਾਨੂੰਨ ਅਨੁਸਾਰ ਦੁਗਣਾ ਓਵਰਟਾਈਮ, ਕੰਮਕਾਜ ਵਾਲੀ ਥਾਂ ਦੀ ਸੁਰੱਖਿਆ ਅਤੇ ਸਮਾਜਿਕ ਸੁਰੱਖਿਆ ਵਰਗੀਆਂ ਜਾਇਜ਼ ਮੰਗਾਂ ਲਈ ਹੈ।

ਅਸਲ ਹਕੀਕਤ ਇਹ ਹੈ ਕਿ ਕਈ ਰਾਜਾਂ ਵਿੱਚ ਪਿਛਲੇ 10 ਸਾਲਾਂ ਤੋਂ ਘੱਟੋ-ਘੱਟ ਮਜ਼ਦੂਰੀ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ, ਜਦਕਿ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਲਗਾਤਾਰ ਵੱਧ ਰਹੀਆਂ ਹਨ। ਜ਼ਿਆਦਾਤਰ ਉਦਯੋਗਿਕ ਖੇਤਰਾਂ ਵਿੱਚ ਠੇਕੇਦਾਰ ਮਜ਼ਦੂਰ ਪ੍ਰਵਾਸੀ ਹੁੰਦੇ ਹਨ, ਜੋ ਬੁਨਿਆਦੀ ਸੁਵਿਧਾਵਾਂ ਤੋਂ ਵਾਂਝੇ ਹੋ ਕੇ ਮੁਸ਼ਕਲ ਹਾਲਾਤਾਂ ਵਿੱਚ ਜੀਵਨ ਬਿਤਾ ਰਹੇ ਹਨ। ਸਿਰਫ਼ ਦੋ ਮਹੀਨੇ ਪਹਿਲਾਂ ਬਰੌਨੀ ਰਿਫ਼ਾਇਨਰੀ ਖੇਤਰ ਵਿੱਚ ਹਜ਼ਾਰਾਂ ਠੇਕਾ ਮਜ਼ਦੂਰਾਂ ਨੇ ਇਸੇ ਤਰ੍ਹਾਂ ਦਾ ਅੰਦੋਲਨ ਕੀਤਾ ਸੀ। ਇਸ ਤੋਂ ਬਾਅਦ ਪਾਣੀਪਤ ਅਤੇ ਸੂਰਤ ਵਿੱਚ ਵੀ ਵੱਡੇ ਪੱਧਰ 'ਤੇ ਪ੍ਰਦਰਸ਼ਨ ਹੋਏ।

ਏਟਕ ਵੱਲੋਂ ਕਾਮਰੇਡ ਐਮ ਐਸ ਭਾਟੀਆ ਤੇ ਕੇਵਲ ਸਿੰਘ ਬਨਵੈਤ, ਸੀਟੂ ਵੱਲੋਂ ਕਾਮਰੇਡ ਰਾਮ ਲਾਲ, ਸੀਟੀਯੂ ਪੰਜਾਬ ਵੱਲੋਂ ਕਾਮਰੇਡ ਪਰਮਜੀਤ ਸਿੰਘ ਅਤੇ ਕਾਮਰੇਡ ਜਗਦੀਸ਼ ਚੰਦ, ਮੋਲਡਰ ਐਂਡ ਸਟੀਲ ਵਰਕਰ ਯੂਨੀਅਨ ਵੱਲੋਂ ਹਰਜਿੰਦਰ ਸਿੰਘ ਅਤੇ ਐਕਟੂ ਵੱਲੋਂ ਕਾਮਰੇਡ ਜੈ ਪ੍ਰਕਾਸ਼ ਨਰਾਇਣ ਨੇ ਵਿਚਾਰ ਪੇਸ਼ ਕੀਤੇ।ਆਗੂਆਂ ਨੇ ਕਿਹਾ ਕਿ ਅਸੀਂ ਮੁੜ ਚਾਰ ਲੇਬਰ ਕੋਡਾਂ ਨੂੰ ਰੱਦ ਕਰਨ ਅਤੇ ਤੁਰੰਤ ਭਾਰਤੀ ਮਜ਼ਦੂਰ ਕਾਨਫਰੰਸ ਬੁਲਾਉਣ ਦੀ ਮੰਗ ਕਰਦੇ ਹਾਂ। ਅੰਤ ਵਿੱਚ ਇਹ ਫੈਸਲਾ ਕੀਤਾ ਗਿਆ ਕਿ 17 ਅਪ੍ਰੈਲ ਨੂੰ ਸਹਾਇਕ ਲੇਬਰ ਕਮਿਸ਼ਨਰ ਲੁਧਿਆਣਾ ਨੂੰ ਇੱਕ ਮੰਗ ਪੱਤਰ ਦਿੱਤਾ ਜਾਵੇਗਾ ਅਤੇ 26 ਅਪ੍ਰੈਲ ਨੂੰ ਚਾਰ ਲੇਬਰ ਕੋਡਾਂ ਨੂੰ ਰੱਦ ਕਰਾਉਣ ਲਈ ਵਰਕਰਜ ਦੀ ਇੱਕ ਕਨਵੈਂਸ਼ਨ ਕੀਤੀ ਜਾਵੇਗੀ ਜੋ ਪਹਿਲੀ ਮਈ ਦੇ ਸ਼ਹੀਦਾਂ ਨੂੰ ਸਮਰਪਿਤ ਹੋਵੇਗੀ।

# ਟਕਸਾਲੀ ਕਾਂਗਰਸੀ ਦੀ ਹਰ ਸਮੱਸਿਆ ਦੇ ਹੱਲ ਲਈ ਹਾਜ਼ਰ ਹਾਂ : ਕੜਵਲ

ਲੁਧਿਆਣਾ, 15 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਸ਼ਿਮਲਾਪੁਰੀ ਖੇਤਰ ਨਾਲ ਸਬੰਧਤ ਟਕਸਾਲੀ ਕਾਂਗਰਸੀਆਂ ਦੀ ਇੱਕ ਮੀਟਿੰਗ ਵਿਸ਼ਵਕਰਮਾ ਨਿਸ਼ਕਾਮ ਸੇਵਾ ਟਰੱਸਟ ਦੇ ਪ੍ਰਧਾਨ ਬਲਬੀਰ ਸਿੰਘ ਕਲਸੀ ਦੇ ਗ੍ਰਹਿ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਸੀਨੀਅਰ ਕਾਂਗਰਸੀ ਨੇਤਾ ਕਮਲਜੀਤ ਸਿੰਘ ਕੜਵਲ ਨੇ ਕੀਤੀ। ਇਸ ਮੀਟਿੰਗ ਵਿੱਚ ਡਾ ਓਂਕਾਰ ਚੰਦ ਸ਼ਰਮਾ ਅਤੇ ਪਲਵਿੰਦਰ ਸਿੰਘ ਤੱਗੜ ਉਚੇਚੇ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕੜਵਲ ਨੇ ਆਖਿਆ ਕਿ ਜੇਕਰ ਇਲਾਕੇ ਦੇ ਕਿਸੇ ਵੀ ਕਾਂਗਰਸੀ ਨੂੰ ਕੋਈ ਵੀ ਸਮੱਸਿਆ ਆਉਂਦੀ ਹੈ ਤਾਂ ਤੁਰੰਤ ਬਿਨਾਂ ਝਿਜਕ ਮੈਨੂੰ ਦੱਸੋ। ਉਹਨਾਂ ਕਿਹਾ ਕਿ ਮੇਰੇ ਦਰਵਾਜ਼ੇ ਤੁਹਾਡੇ ਲਈ 24 ਘੰਟੇ ਖੁੱਲ੍ਹੇ ਹਨ। ਉਹਨਾਂ ਹੱਲਾਸ਼ੇਰੀ ਦਿੰਦਿਆਂ ਟਕਸਾਲੀ ਕਾਂਗਰਸੀਆਂ ਨੂੰ ਪਾਰਟੀ ਲਈ ਵੱਧ ਚੜ੍ਹ ਕੇ ਕੰਮ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਡਾ ਸ਼ਰਮਾ ਨੇ ਆਖਿਆ ਕਿ ਅੱਜ ਲੋਕ 2027 ਦੀਆਂ ਚੋਣਾਂ ਵਿੱਚ ਕਾਂਗਰਸ ਨੂੰ ਜਿਤਾਉਣ ਦਾ ਮਨ ਬਣਾਈ ਬੈਠੇ ਹਨ ਕਿਉਂਕਿ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਹਰ ਵਰਗ ਦੁਖੀ ਹੈ । ਉਹਨਾਂ ਵਰਕਰਾਂ ਨੂੰ ਆਖਿਆ ਕਿ ਆਪੋ ਆਪਣੇ ਵਾਰਡਾਂ ਵਿੱਚ ਘਰ ਘਰ ਜਾ ਕੇ ਲੋਕਾਂ ਨੂੰ ਉਤਸ਼ਾਹਿਤ ਕਰਨ ਤਾਂ ਕਿ 2027 ਦੀਆਂ ਚੋਣਾਂ ਵਿੱਚ ਕਾਂਗਰਸ ਵੱਡੇ ਫਰਕ ਨਾਲ ਜਿੱਤ ਕੇ ਆਪਣੀ ਸਰਕਾਰ ਬਣਾ ਸਕੇ। ਸ੍ਰੀ ਤੱਗੜ ਨੇ ਆਖਿਆ ਕਿ ਲੋਕ ਜਾਣ ਚੁੱਕੇ ਹਨ ਕਿ ਪੰਜਾਬ ਵਿੱਚ ਦਾ ਭਲਾ ਸਿਰਫ ਕਾਂਗਰਸੀ ਕਰ ਸਕਦੀ ਹੈ। ਬਾਕੀ ਪਾਰਟੀਆਂ ਪੰਜਾਬ ਦੀ ਬਜਾਏ ਆਪਣੇ ਨਿੱਜੀ ਮੁਫਾਦਾਂ ਵੱਲ ਹੀ ਧਿਆਨ ਦਿੰਦੀਆਂ ਹਨ। ਇਸ ਮੌਕੇ ਰਜਿੰਦਰ ਸਿੰਘ ਬੇਦੀ, ਹਰਦੇਵ ਸਿੰਘ ਮਣਕੂ, ਡਾ ਜਸਵੰਤ ਗੁਲਾਟੀ, ਬਹਾਦਰ ਸਿੰਘ ਰਿਐਤ, ਹਰਵਿੰਦਰ ਸਿੰਘ ਬਿੱਟੂ, ਕੁਲਦੀਪ ਸ਼ਰਮਾ, ਗੌਰਵ ਸ਼ਰਮਾ, ਕਨਵਰ ਸ਼ਰਮਾ, ਬੁੱਧ ਰਾਜ ਸ਼ਰਮਾ, ਗੌਰਵ ਪੰਜਾਬ, ਪਵਨ ਸ਼ਰਮਾ ਅਤੇ ਰਜਿੰਦਰ ਕੁਮਾਰ ਸ਼ੀਲਾ ਸਮੇਤ ਦਰਜ਼ਨਾਂ ਵਰਕਰ ਹਾਜ਼ਰ ਸਨ।

GRIHUM HOUSING FINANCE Apna Ghar, Apni Pehchan

ਗ੍ਰਿਹਮ ਹਾਊਸਿੰਗ ਫਾਇਨਾਂਸ ਲਿਮਟਿਡ
ਰਜਿ. ਦਫਤਰ-6ਵੀਂ ਮੰਜ਼ਿਲ, ਬੀ-ਬਿਲਡਿੰਗ, ਗੰਗਾ ਟਰੁਨੋ ਬਿਜਨਸ ਪਾਰਕ, ਲੋਹੇਗਾਓਂ, ਪੂਣੇ-411014

ਅੰਤਿਕਾ 4 (ਵੇਖੋ ਨਿਯਮ 8 (1))
ਕਬਜ਼ਾ ਸੂਚਨਾ
(ਅਚੱਲ ਸੰਪੱਤੀ ਲਈ)

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਗ੍ਰਿਹਮ ਹਾਊਸਿੰਗ ਫਾਇਨਾਂਸ ਲਿਮਟਿਡ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸਬੰਧਤ ਮੰਗ ਸੂਚਨਾ ਵਿਚ ਦਰਸਾਈ ਰਕਮ (†) ਨੂੰ ਅਦਾ ਕਰਨ ਲਈ ਉਨ੍ਹਾਂ ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਕਰਜ਼ਦਾਰਾਂ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਜਿਵੇਂ ਕਿ ਕਰਜ਼ਦਾਰ ਰਕਮ ਦਾ ਭੁਗਤਾਨ ਕਰਨ ਵਿਚ ਨਾਕਾਮ ਰਹੇ ਹਨ, ਇੱਥੇ ਸੰਪੱਤੀ ਦੇ ਮਾਲਕ ਨੂੰ, ਕਰਜ਼ਦਾਰਾਂ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਨਿਮਨ ਦਰਸਾਈ ਮਿਤੀ ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ **ਧਾਰਾ** 13 (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ 10 ਅਪ੍ਰੈਲ ਸਾਲ 2026** ਨੂੰ ਲੈ ਲਿਆ ਹੈ।
ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਸੁਰੱਖਿਅਤ ਕਰਜ਼ਦਾਤਾ ਦੀ ਰਕਮ ਅਤੇ ਉਸ ਉਪਰ ਵਿਆਜ ਸਮੇਤ ਚਾਰਜ ਨਾਲ ਸਬੰਧਤ ਹੋਵੇਗੀ।
ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿੱਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ। ਕਬਜ਼ੇ ਵਿਚ ਲਈ ਗਈ ਸੰਪੱਤੀ ਦਾ ਵੇਰਵਾ ਨਿਮਨ ਅਨੁਸਾਰ ਹੈ।

| ਲ. ਨੰ. | ਕਰਜ਼ਦਾਰਾਂ ਦੇ ਨਾਮ | ਸੰਪੱਤੀ ਦਾ ਵੇਰਵਾ | ਕਬਜ਼ੇ ਲੈਣ ਦੀ ਮਿਤੀ | ਵਿਧਾਨਿਕ ਮੰਗ ਸੂਚਨਾ ਦੀ ਮਿਤੀ | ਮੰਗ ਸੂਚਨਾ ਵਿਚ ਰਕਮ (ਰੁਪਏ) |
|---|---|---|---|---|---|
| 1. | ਜਾਕਿਰ ਹੁਸੈਨ, ਸ਼ਾਹਲੇਸ਼ ਖਾਤੂਨ | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਮਕਾਨ ਨੰ. 05, ਦੂਜੀ ਮੰਜ਼ਿਲ ਦੀ ਜ਼ਮੀਨ 00 ਵਿੱਘੇ 00 ਬਿਸਵਾ 12 ਬਿਸਵਾਸੀ (90 ਵਰਗ ਗਜ਼ ਦਾ 30 ਵਰਗ ਗਜ਼ 1/3 ਹਿੱਸਾ), ਖੇਵਟ/ਖਤੌਨੀ ਨੰ. 2/2, ਦੇ ਅਧੀਨ ਖਸਰਾ ਨੰ. 275 (2-12), 276(3-9), 277(5-4), 407/274(4-16), ਕਿੱਤੇ 04 ਰਕਬਾ 16 ਬਿਘਾ 3 ਬਿਸਵਾ ਇਸ ਦਾ ਹਿੱਸਾ 3/1615 ਭਾਵ 00 ਬਿਘਾ 00 ਬਿਸਵਾ 12 ਬਿਸਵਾਸੀ, ਪਿੰਡ ਰੌਣੀ ਵਿਖੇ ਸਥਿਤ, ਹਦਬਸਤ ਨੰ. 14, ਤਹਿਸੀਲ ਡੇਰਾਬੱਸੀ ਅਤੇ ਜ਼ਿਲ੍ਹਾ ਐਸ.ਏ.ਐਸ. ਨਗਰ ਮੋਹਾਲੀ, ਪੰਜਾਬ ਭਾਰਤ (ਬੈਂਕ ਦੁਆਰਾ ਪ੍ਰਦਾਨ ਕੀਤੀ ਗਈ ਵਿਕਰੀ ਡੀਡ ਅਨੁਸਾਰ) (ਇਸ ਤੋਂ ਬਾਅਦ "ਸਵਾਲ ਵਾਲੀ ਜਾਇਦਾਦ" ਵਜੋਂ ਜਾਣਿਆ ਜਾਂਦਾ ਹੈ) ਹੱਦਾਂ: (ਵਿਕਰੀ ਡੀਡ ਅਨੁਸਾਰ) ਜ਼ਿਕਰ ਨਹੀਂ ਕੀਤਾ ਗਿਆ। | 10-04-2026 | 06-02-2025 | LOAN NO.HF0038H21100027 Rs.1222164/- (ਰੁਪਏ ਬਾਰਾਂ ਲੱਖ ਬਾਈ ਹਜ਼ਾਰ ਇਕ ਸੌ ਚੌਹਠ ਰੁਪਏ ਕੇਵਲ) ਪੂਰਤੀ ਹੋਣ ਤੱਕ 14.85% ਸਲਾਨਾ ਦੀ ਦਰ 'ਤੇ ਵਿਆਜ ਸਮੇਤ 06.02.2025 ਦੇ ਅਨੁਸਾਰ ਅਦਾਇਗੀਯੋਗ |

ਸਥਾਨ : ਐਸ.ਏ.ਐਸ. ਨਗਰ ਮੋਹਾਲੀ, ਪੰਜਾਬ
ਮਿਤੀ : 16.04.2026
ਸਹੀ/- ਅਧਿਕਾਰਤ ਦਫਤਰ
ਗ੍ਰਿਹਮ ਹਾਊਸਿੰਗ ਫਾਇਨਾਂਸ ਲਿਮਟਿਡ

ਯੂਨੀਅਨ ਬੈਂਕ ਆਫ ਇੰਡੀਆ
ਭਾਰਤ ਸਰਕਾਰ ਦੀ ਅਦਾਰਾ
Union Bank of India
A Government of India Undertaking

ਨਕੋਦਰ ਸ਼ਾਖਾ, ਜਲੰਧਰ, (ਪੰਜਾਬ)

ਕਬਜ਼ਾ ਸੂਚਨਾ
[ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ [1] ਦੇ ਅਧੀਨ]

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਯੂਨੀਅਨ ਬੈਂਕ ਆਫ ਇੰਡੀਆ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ (ਦੂਜਾ) **ਕਾਨੂੰਨ**, 2002 (2002 **ਦਾ ਐਕਟ** ਨੰ. 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) **ਨਿਯਮਾਂਵਲੀ**, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸੂਚਨਾ ਵਿਚ ਦਰਸਾਈ ਰਕਮ ਅਤੇ ਵਿਆਜ ਨੂੰ ਅਦਾ ਕਰਨ ਲਈ ਕਰਜ਼ਦਾਰ (†) ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਕਰਜ਼ਦਾਰਾਂ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰਾਂ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਉਨ੍ਹਾਂ ਖਿਲਾਫ਼ ਦਰਸਾਈ ਮਿਤੀ ਨੂੰ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ **ਧਾਰਾ** 13(4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ/ਆਂ ਦਾ **ਕਬਜ਼ਾ** ਲੈ ਲਿਆ ਹੈ।
ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ/ਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ/ਆਂ ਦੀ ਕੋਈ ਵੀ ਸੌਦੇਬਾਜ਼ੀ ਰਕਮ ਅਤੇ ਵਿਆਜ ਦੇ ਲਈ **ਯੂਨੀਅਨ ਬੈਂਕ ਆਫ ਇੰਡੀਆ** ਦੇ ਚਾਰਜ ਨਾਲ ਸਬੰਧਤ ਹੋਵੇਗੀ।
ਕਰਜ਼ਦਾਂ ਦਾ ਧਿਆਨ ਸੁਰੱਖਿਅਤ ਸੰਪੱਤੀ (ਆਂ) ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਐਨਪੀਏ ਮਿਤੀ, ਕਰਜ਼ਦਾਰ(†)/ ਜ਼ਾਮਨ (†)/ ਦੇ ਨਾਮ | ਅਚੱਲ ਸੰਪੱਤੀ/ਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | 13(2) ਸੂਚਨਾ ਰਕਮ ਓ/ਐਸ ਅਨੁਸਾਰ |
|---|---|---|---|---|
| ਸ੍ਰੀ ਪ੍ਰੇਮ ਕੁਮਾਰ ਪੁੱਤਰ ਸੀਤਲ ਸਿੰਘ ਅਤੇ ਸਪਨਾ ਪਤਨੀ ਪ੍ਰੇਮ ਕੁਮਾਰ ਮਕਾਨ ਨੰ. 5921, ਵਾਰਡ ਨੰ. 8, ਮੁਹੱਲਾ ਗੁਰੂਨਾਨਕਪੁਰਾ, ਜ਼ਿਲ੍ਹਾ ਨਕੋਦਰ ਜਲੰਧਰ-144040 NPA ਮਿਤੀ: 04.01.2020 | ਪ੍ਰੇਮ ਕੁਮਾਰ ਪੁੱਤਰ ਸੀਤਲ ਸਿੰਘ ਨਾਲ ਸਬੰਧਤ ਮਾਲਕੀ ਡੀਡ ਨੰਬਰ 2018-19/184/1/381 ਮਿਤੀ 23/10/2018 ਪਿੰਡ ਅਤੇ ਡਾਕਖਾਨਾ ਸ਼ਰਕਪੁਰ ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ ਪੰਜਾਬ 144040 ਵਿਖੇ ਸਥਿਤ ਖੇਵਟ/ਖਤੌਨੀ ਨੰਬਰ 51/53,151/177,152/178 ਖਸਰਾ ਨੰ: 15/21/2 (1-11), 22/5/2 (0-16), 16//25/2 (0-7), 21//5/2 (0-15), 22//1 (7-16), 2/1/2 (6-2), 8/2(2-2), 9/1(0-5),9/2(4-9), 10/2(3-1),10-3 (2-16), 20/1/1 (4-4), 21//6/1 (1-1), 15/1 (0-7), 22//19/2/1(1-13), 11/1(7-10) ਵਿਖੇ 4 ਮਰਲੇ 4 ਸਰਸਾਈ (44ਕਨਾਲ-15 ਮਰਲੇ ਦੇ 40/8055 ਹਿੱਸੇ ਵਜੋਂ) ਮਾਪ ਵਾਲੀ ਜ਼ਮੀਨ ਅਤੇ ਰਿਹਾਇਸ਼ੀ ਇਮਾਰਤ ਅਤੇ ਹੱਦਬੰਦੀ: ਪੂਰਬ: ਖੁੱਲ੍ਹੀ ਜ਼ਮੀਨ, ਪੱਛਮ: ਸੜਕ, ਉੱਤਰ: ਰਾਜ ਕੁਮਾਰ, ਦੱਖਣ: ਵਿਕਰੇਤਾ। | 03.02.2020 | 10.04.2026 | Rs. 14,58,146.95 (ਰੁ. ਚੌਦਾਂ ਲੱਖ ਅਠਵੰਜਾ ਹਜ਼ਾਰ ਇਕ ਸੌ ਛਿਆਲੀ ਅਤੇ ਪਚਾਨਵੇਂ ਪੈਸੇ ਕੇਵਲ) 03.02.2020 ਅਨੁਸਾਰ ਅਤੇ 04.02.2020 ਤੋਂ ਅਚਨਚੇਤੀ ਖਰਚਿਆਂ ਸਮੇਤ |

ਮਿਤੀ : 10.04.2026, ਸਥਾਨ ; ਨਕੋਦਰ
ਅਧਿਕਾਰਤ ਅਧਿਕਾਰੀ, ਯੂਨੀਅਨ ਬੈਂਕ ਆਫ ਇੰਡੀਆ

ਬੈਂਕ ਆਫ ਬੜੌਦਾ
Bank of Baroda

ਰਿਜ਼ਨਲ ਸਟਰੈਸਡ ਅਸੇਟ ਰਿਕਵਰੀ ਸ਼ਾਖਾ, ਲੁਧਿਆਣਾ
ਤੀਜੀ ਮੰਜ਼ਿਲ, ਸੰਧੂ ਟਾਵਰਜ਼, ਗੁਰਦੇਵ ਨਗਰ, ਲੁਧਿਆਣਾ-141001
Ph.: 91155-21745
Email: sarlud@bankofbaroda.com
Website: www.bankofbaroda.bank.in

ਮੰਗ ਨੋਟਿਸ (ਸਰਫੇਸੀ ਐਕਟ, 2002 ਦੀ ਧਾਰਾ 13 ਦੇ ਉਪ-ਧਾਰਾ (2) ਸਰਫੇਸੀ ਐਕਟ, 2002 ਦੀ ਧਾਰਾ 13)

ਹੇਠਾਂ ਦੱਸੇ ਗਏ ਕਰਜ਼ਦਾਰ/ਜ਼ਾਮਨਾਂ/ਸਹਿ-ਦੇਣਦਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਖਾਤੇ ਦੇ ਵਿਰੁੱਧ ਹੇਠਾਂ ਦਿੱਤੇ ਵੇਰਵਿਆਂ ਅਨੁਸਾਰ ਉਨ੍ਹਾਂ ਦੁਆਰਾ ਲਏ ਗਏ ਕਰਜ਼ੇ ਐਨਪੀਏ ਹੋ ਗਏ ਹਨ। ਸਰਫੇਸੀ ਐਕਟ 2002 ਦੀ ਧਾਰਾ 13(2) ਅਧੀਨ ਡਿਮਾਂਡ ਨੋਟਿਸ ਉਨ੍ਹਾਂ ਨੂੰ ਕੋਰੀਅਰ/ਰਜਿਸਟਰਡ ਏ.ਡੀ. ਡਾਕ ਰਾਹੀਂ ਭੇਜਿਆ ਗਿਆ ਸੀ, ਬਿਨਾਂ ਡਿਲੀਵਰ ਕੀਤੇ/ਸਵੀਕਾਰ ਕੀਤੇ ਵਾਪਸ ਕਰ ਦਿੱਤਾ ਗਿਆ ਹੈ।

| ਕਰਜ਼ਦਾਰ (†)/ਜ਼ਾਮਨ (†)/ ਗਿਰਵੀਕਾਰ (†) ਦਾ ਨਾਮ | ਜ਼ਾਮਨੀਆਂ ਦੇ ਸੰਖੇਪ ਵੇਰਵੇ ਸਮੇਤ ਸੁਰੱਖਿਆ ਸਮਝੌਤਾ | ਮੰਗ ਨੋਟਿਸ ਦੀ ਮਿਤੀ / ਐਨਪੀਏ ਦੀ ਮਿਤੀ | ਮੰਗ ਸੂਚਨਾ ਅਨੁਸਾਰ ਬਕਾਇਆ ਰਕਮ |
|---|---|---|---|
| 1) ਮੈਸਰਜ਼ ਆਰਐਮਐਸ ਐਂਟਰਪ੍ਰਾਈਜ਼ਿਜ਼, ਪ੍ਰੋਪ. ਸ੍ਰੀ ਮਨਦੀਪ ਸਿੰਘ, ਸਟਰੀਟ ਨੰ. 4, ਪਲਾਟ ਨੰ. 7561/3ਬੀ, ਨਵਾਂ ਅਮਰ ਨਗਰ ਲੁਧਿਆਣਾ-141003, 2) ਸ੍ਰੀ ਮਨਦੀਪ ਸਿੰਘ ਪੁੱਤਰ ਰਵਿੰਦਰ ਸਿੰਘ, ਪਤਾ 1: ਮਕਾਨ ਨੰ. 949-ਡੀ, ਮਾਡਲ ਟਾਊਨ ਐਕਸਟੈਂਸ਼ਨ ਲੁਧਿਆਣਾ 141003, ਪਤਾ 2: ਗਲੀ ਨੰ. 4, ਪਲਾਟ ਨੰ. 7561/3ਬੀ, ਨਿਊ ਅਮਰ ਨਗਰਾਂ ਲੁਧਿਆਣਾ-141003। 3) ਸ੍ਰੀ ਰਵਿੰਦਰ ਸਿੰਘ (ਜ਼ਾਮਨ) ਪੁੱਤਰ ਸ੍ਰੀ ਜਗੀਰ ਸਿੰਘ, ਮਕਾਨ ਨੰ. 949-ਡੀ, ਮਾਡਲ ਟਾਊਨ ਐਕਸਟੈਂਸ਼ਨ ਲੁਧਿਆਣਾ 141003 | ਮੁੱਢਲੀ ਸੁਰੱਖਿਆ: ਸਟਾਕ ਅਤੇ ਬੁੱਕ ਕਰਜ਼ਿਆਂ ਦਾ ਹਾਈਪੋਥੀਕੇਸ਼ਨ ਅਤੇ ਪਲਾਂਟ ਅਤੇ ਮਸ਼ੀਨਰੀ ਦਾ ਮੌਜੂਦਾ ਅਤੇ ਭਵਿੱਖ ਦੋਵਾਂ ਦਾ ਹਾਈਪੋਥੀਕੇਸ਼ਨ। | 13.04.2026 / 28.02.2024 | Rs. 91,71,511.35/- (ਰੁ. ਇਕਆਨਵੇਂ ਲੱਖ ਇਕਹੱਤਰ ਹਜ਼ਾਰ ਪੰਜ ਸੌ ਗਿਆਰਾਂ ਅਤੇ ਪੈਂਤੀ ਪੈਸੇ ਕੇਵਲ) |

ਹੁਣ, ਸੁਰੱਖਿਅਤ ਕਰਜ਼ਦਾਤਾ (ਬੈਂਕ) ਦੇ ਅਧਿਕਾਰਤ ਅਧਿਕਾਰੀ ਵਜੋਂ ਆਪਣੀ ਹੈਸੀਅਤ ਵਿੱਚ, ਹੇਠਾਂ ਹਸਤਾਖਰ ਕਰਨ ਵਾਲੇ ਦੁਆਰਾ ਪ੍ਰਕਾਸ਼ਨ ਦੇ ਜ਼ਰੀਏ, ਸਕਿਓਰਿਟਾਈਜ਼ੇਸ਼ਨ ਐਕਟ 2002 ਦੇ ਉਪਬੰਧ ਅਨੁਸਾਰ, ਤੁਹਾਨੂੰ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੀ ਮਿਆਦ ਦੇ ਅੰਦਰ ਭਵਿੱਖ ਦੇ ਵਿਆਜ ਅਤੇ ਲਾਗੂ ਖਰਚਿਆਂ/ਚਾਰਜਾਂ ਦੇ ਨਾਲ ਬਕਾਇਆ ਦੇਣਦਾਰੀ ਰਕਮ ਦਾ ਭੁਗਤਾਨ ਕਰਨ ਲਈ ਕਿਹਾ ਜਾਂਦਾ ਹੈ, ਜਿਸ ਕਾਰਨ ਸੁਰੱਖਿਅਤ ਲੈਣਦਾਰ ਧਾਰਾ 13 ਦੀ ਉਪ ਧਾਰਾ (2) ਅਤੇ ਉਕਤ ਆਰਡੀਨੈਂਸ ਦੇ ਹੋਰ ਲਾਗੂ ਉਪਬੰਧਾਂ ਦੇ ਅਧੀਨ ਦੱਸੇ ਗਏ ਕਿਸੇ ਵੀ ਜਾਂ ਸਾਰੇ ਅਧਿਕਾਰਾਂ ਦੀ ਵਰਤੋਂ ਕਰੇਗਾ। ਤੁਹਾਨੂੰ ਇਹ ਵੀ ਨੋਟਿਸ ਦਿੱਤਾ ਜਾਂਦਾ ਹੈ ਕਿ ਉਕਤ ਐਕਟ ਦੀ ਧਾਰਾ 13 ਦੇ ਅਨੁਸਾਰ, ਤੁਸੀਂ ਬੈਂਕ ਦੀ ਲਿਖਤੀ ਸਹਿਮਤੀ ਪ੍ਰਾਪਤ ਕੀਤੇ ਬਿਨਾਂ ਉਪਰੋਕਤ ਸੁਰੱਖਿਅਤ ਸੰਪਤੀਆਂ ਦੀ ਵਿਕਰੀ, ਲੀਜ਼ ਦੁਆਰਾ ਟ੍ਰਾਂਸਫਰ ਨਹੀਂ ਕਰੋਗੇ। ਬੈਂਕ ਤੁਹਾਡੇ ਵੱਲੋਂ ਜਾਰੀ ਕੀਤੇ ਅਤੇ ਸਥਾਪਿਤ ਕੀਤੇ ਗਏ ਬਕਾਇਆ ਬਿੱਲਾਂ, ਬੈਂਕ ਗਾਰੰਟੀਆਂ ਅਤੇ ਕ੍ਰੈਡਿਟ ਪੱਤਰ ਦੇ ਨਾਲ-ਨਾਲ ਸੰਭਾਵੀ ਦੇਣਦਾਰੀਆਂ ਦੇ ਤਹਿਤ ਪੈਦਾ ਹੋਣ ਵਾਲੀ ਦੇਣਦਾਰੀ ਦਾ ਭੁਗਤਾਨ ਕਰਨ ਲਈ ਤੁਹਾਨੂੰ ਬੁਲਾਉਣ ਦਾ ਅਧਿਕਾਰ ਰਾਖਵਾਂ ਰੱਖਦਾ ਹੈ। ਇਹ ਨੋਟਿਸ ਕਾਨੂੰਨ ਦੇ ਕਿਸੇ ਵੀ ਹੋਰ ਲਾਗੂ ਉਪਬੰਧਾਂ ਦੇ ਤਹਿਤ ਬੈਂਕ ਦੇ ਅਜਿਹੀਆਂ ਹੋਰ ਕਾਰਵਾਈਆਂ ਜਾਂ ਕਾਨੂੰਨੀ ਕਾਰਵਾਈਆਂ ਸ਼ੁਰੂ ਕਰਨ ਦੇ ਅਧਿਕਾਰ ਦੇ ਪੱਖਪਾਤ ਤੋਂ ਬਿਨਾਂ ਹੈ ਜਿਵੇਂ ਕਿ ਇਹ ਜ਼ਰੂਰੀ ਸਮਝਦਾ ਹੈ।

ਮਿਤੀ: 13.04.2026    ਸਥਾਨ : ਲੁਧਿਆਣਾ    ਸਹੀ/- ਅਧਿਕਾਰਤ ਅਧਿਕਾਰੀ

SHRIRAM Finance

ਸ਼੍ਰੀਰਾਮ ਫਾਇਨਾਂਸ ਲਿਮਟਿਡ
ਪੰਜੀਕ੍ਰਿਤ ਦਫਤਰ : ਲਿਮਟਿਡ ਪੰਜੀਕ੍ਰਿਤ ਦਫਤਰ ਪਤਾ : ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇਂਡਸਟ੍ਰੀਅਲ ਅਸਟੇਟ, ਗਿੰਡੀ, ਚੇਨਈ, ਤਾਮਿਲਨਾਡੂ-600032, ਤਾਮਿਲਨਾਡੂ ਅਤੇ ਵੌਕਹਾਰਡ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਾਂਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬ) ਮੁੰਬਈ-40051

ਸ਼ਾਖਾ ਦਫ਼ਤਰ : ਪਹਿਲੀ ਮੰਜ਼ਿਲ, ਨੰਦਾ ਕੰਪਲੈਕਸ, ਢਾਂਗੂ ਰੋਡ, ਸਾਹਮਣੇ ਵੈਨਿਸ ਹੋਟਲ, ਪਠਾਨਕੋਟ (ਪੰਜਾਬ) 145001

ਸੰਕੇਤਕ ਕਬਜ਼ਾ ਸੂਚਨਾ

ਜਿੱਥੇ, ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਵਜੋਂ, ਹੇਠ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(12) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰ ਨੂੰ ਮੰਗ ਨੋਟਿਸ ਜਾਰੀ ਕੀਤੇ, ਜਿਨ੍ਹਾਂ ਦੇ ਵੇਰਵੇ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦਿੱਤੇ ਗਏ ਹਨ।
ਕਰਜ਼ਦਾਰਾਂ ਵੱਲੋਂ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖ਼ਰੀ ਨੇ 13 **ਅਪ੍ਰੈਲ 2026** ਨੂੰ ਉਕਤ ਐਕਟ ਦੀ ਧਾਰਾ 13(4) ਦੇ ਨਿਯਮ 8 ਦੇ ਤਹਿਤ ਉਸਨੂੰ ਦਿੱਤੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਸੰਪੱਤੀ ਦੇ ਵੇਰਵੇ | ਮੰਗ ਸੂਚਨਾ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| ਮੈਸਰਜ਼ ਮਹਾਜਨ ਟਰੇਡਿੰਗ ਪਿੰਡ ਥੰਮਣ, ਡਾਕਖਾਨਾ ਦੋਰਾਂਗਲਾ ਜ਼ਿਲ੍ਹਾ ਗੁਰਦਾਸਪੁਰ (ਪੰਜਾਬ)- 143526. ਕਰਜ਼ਦਾਰ, ਸ੍ਰੀ ਕਰਨ ਮਹਾਜਨ ਪੁੱਤਰ ਸੁਰੇਸ਼ ਮਹਾਜਨ ਵਾਸੀ ਪਿੰਡ ਥੰਮਣਪੋ ਦੋਰਾਂਗਲਾ ਜ਼ਿਲ੍ਹਾ ਗੁਰਦਾਸਪੁਰ (ਪੰਜਾਬ)-143526. ਸਹਿ-ਕਰਜ਼ਦਾਰ ਜ਼ਾਮਨ ਨੰਬਰ 1, ਸ੍ਰੀਮਤੀ ਸੋਨੀਆ ਪਤਨੀ ਕਰਨ ਮਹਾਜਨ ਪੁੱਤਰ ਸੁਰੇਸ਼ ਮਹਾਜਨ ਵਾਸੀ ਪਿੰਡ ਥੰਮਣ, ਡਾਕਖਾਨਾ-ਦੋਰਾਂਗਲਾ ਤਹਿਸੀਲ-ਜ਼ਿਲ੍ਹਾ ਗੁਰਦਾਸਪੁਰ (ਪੰਜਾਬ) 143526. ਸਹਿ-ਕਰਜ਼ਦਾਰ/ਜ਼ਾਮਨ | ਪਿੰਡ ਦਰਸਪੁਰ ਵਿਖੇ ਸਥਿਤ ਮਕਾਨ ਨੰਬਰ 325, ਖਸਰਾ ਨੰਬਰ 5/4(6-6) 5/126 ਜਿਸ ਵਿੱਚ ਮਾਲ ਦਸਤਾਵੇਜ਼ ਦੇ ਅਨੁਸਾਰ 0-5 ਮਰਲੇ ਤਹਿਸੀਲ ਅਤੇ ਜ਼ਿਲ੍ਹਾ ਪਠਾਨਕੋਟ, ਪੰਜਾਬ ਦਾ ਹਿੱਸਾ ਹੈ। ਪੂਰਬ: ਰਵਿੰਦਰ ਕੁਮਾਰ, ਪੱਛਮ: ਸੰਤੋਸ਼, ਉੱਤਰ: ਦਰਸ਼ਨ, ਦੱਖਣ: ਗਲੀ | ਰੁ. 31,46,090 (ਇਕੱਤੀ ਲੱਖ ਛਿਆਲੀ ਹਜ਼ਾਰ ਨੱਬੇ ਕੇਵਲ) A/c No: - PNKOTTF2204080010 Demand Notice dated 15-01-2026 |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦਾ ਕਾਨੂੰਨੀ ਸੰਕੇਤਕ ਕਬਜ਼ਾ ਰੱਖਦਾ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਦਰਸਾਈ ਗਈ ਉਪਰੋਕਤ ਸੁਰੱਖਿਅਤ ਜਾਇਦਾਦਾਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟਰਾਂਸਫਰ ਨਹੀਂ ਕਰੇਗਾ।

ਮਿਤੀ : 13.04.2026    ਸਥਾਨ : ਪਠਾਨਕੋਟ    ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

# ਬੰਗਾ 'ਚ ਡਾ. ਅੰਬੇਡਕਰ ਦਾ ਜਨਮ ਦਿਨ ਉਤਸ਼ਾਹ ਨਾਲ ਮਨਾਇਆ



ਬੰਗਾ, 15 ਅਪ੍ਰੈਲ (ਪ੍ਰਭਜੋਤ ਸਿੰਘ): ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਦੇ ਜਨਮ ਦਿਨ ਮੌਕੇ ਕਾਂਗਰਸ ਆਗੂਆਂ ਨੇ 'ਰਨ ਫਾਰ ਅੰਬੇਡਕਰ' 'ਰਨ ਫਾਰ ਸੰਵਿਧਾਨ' ਦੇ ਮਿਸ਼ਨ ਤਹਿਤ ਲਾਮਵੰਦੀ ਦਾ ਸੁਨੇਹਾ ਦਿੱਤਾ। ਇਸ ਸਬੰਧੀ ਇੱਥੋਂ ਕਰਨ ਹਸਪਤਾਲ ਦੇ ਵਿਹੜੇ ਕਾਂਗਰਸ ਆਗੂ ਡਾ. ਬਖਸ਼ੀਸ਼ ਸਿੰਘ ਦੀ ਅਗਵਾਈ ਵਿੱਚ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਅਜੈ ਮੰਗੂਪੁਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਹਨਾਂ ਆਪਣੇ ਸੰਬੋਧਨ 'ਚ ਕਿਹਾ ਕਿ ਜੇਕਰ ਦੇਸ਼ ਅੰਦਰ ਡਾ. ਅੰਬੇਡਕਰ ਜੀ ਦੀ ਸੋਚ ਵਾਲਾ ਸਮਾਜ ਸਿਰਜਨਾ ਹੈ ਤਾਂ ਸਾਨੂੰ ਵਿਓਪਾਰਕ ਸੋਚ ਵਾਲੇ ਖੇਮੇ ਤੋਂ ਨਿਜ਼ਾਮ ਪਾਉਣੀ ਹੋਵੇਗੀ ਅਤੇ ਡਾ. ਅੰਬੇਡਕਰ ਜੀ ਦੇ ਮਿਸ਼ਨ 'ਤੇ ਪਹਿਰਾ ਦੇ ਕੇ ਸਮੂਹਿਕ ਸਾਂਝ ਦੀ ਲਹਿਰ ਸਿਰਜਨੀ ਚਾਹੀਦੀ ਹੈ।ਕਾਂਗਰਸ ਆਗੂ ਡਾ. ਬਖਸ਼ੀਸ਼ ਸਿੰਘ ਨੇ ਕਿਹਾ ਕਿ ਡਾ. ਅੰਬੇਡਕਰ ਜੀ ਦਾ ਜੀਵਨ ਸੰਘਰਸ਼ ਸਾਡੇ ਲਈ ਵੱਡੀ ਪ੍ਰੇਰਨਾ ਹੈ ਜਿਹਨਾਂ ਨੇ ਸਮਾਜਿਕ ਬਰਾਬਰਤਾ ਅਤੇ ਆਰਥਿਕ ਮੁਕਤੀ ਲਈ ਆਪਣਾ ਸਾਰਾ ਜੀਵਨ ਸਮਰਪਿਤ ਕੀਤਾ। ਉਹਨਾਂ ਕਿਹਾ ਕਿ ਸਾਨੂੰ ਪੜ੍ਹੋ, ਜੁੜੋ ਤੇ ਸੰਘਰਸ਼ ਕਰੋ ਦੀ ਸੋਚ ਗ੍ਰਹਿਣ ਕਰਕੇ ਸਮਾਜ ਸੁਧਾਰ 'ਚ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਵਿਚਾਰ ਸਾਂਝੇ ਕਰਨ ਵਾਲਿਆਂ 'ਚ ਨਗਰ ਕੌਂਸਲ ਬੰਗਾ ਦੇ ਸਾਬਕਾ ਪ੍ਰਧਾਨ ਬੀਬੀ ਜਤਿੰਦਰ ਕੌਰ ਮੂੰਗਾ, ਐਸ ਸੀ- ਬੀ ਸੀ ਮੁਲਾਜ਼ਮ ਜੱਥੇਬੰਦੀ ਦੀ ਜ਼ਿਲ੍ਹਾ ਆਗੂ ਮਾਸਟਰ ਰਾਮ ਕਿਸ਼ਨ ਪੱਲੀ ਝਿੱਕੀ, ਕਾਂਗਰਸ ਆਗੂ ਕਮਲਜੀਤ ਸਿੰਘ, ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਐਡਵੋਕੇਟ ਸ਼ਮਸ਼ੇਰ ਸਿੰਘ, ਡਾ. ਮਨੋਹਰ ਲਾਲ, ਮਾਸਟਰ ਰਾਮ ਲਾਲ, ਮਾਸਟਰ ਸ਼ੰਕਰ ਦਾਸ, ਮਾਸਟਰ ਜਗਨ ਨਾਥ, ਸਾਬਕਾ ਬੈਂਕ ਅਧਿਕਾਰੀ ਮਲਕੀਤ ਸਿੰਘ, ਮਾਸਟਰ ਮਹਿੰਦਰ ਸਿੰਘ ਆਦਿ ਵੀ ਨੇ ਵੀ ਡਾ. ਅੰਬੇਦਕਰ ਜੀ ਨੂੰ ਨਮਨ ਕੀਤਾ।ਸਮਾਗਮ ਦੀ ਆਰੰਭਤਾ ਸ਼ਮਾਂ ਰੌਸ਼ਨ ਨਾਲ ਕੀਤੀ ਗਈ। ਸਮਾਗਮ 'ਚ ਪੁੱਜੇ ਮਹਿਮਾਨਾ ਨੂੰ ਸੰਵਿਧਾਨ ਦੀਆਂ ਕਾਪੀਆਂ ਪ੍ਰਦਾਨ ਕੀਤੀਆਂ ਗਈਆਂ। ਇਸ ਮੌਕੇ ਗਗਨ ਮਿਊਜ਼ਿਕ ਅਕੈਡਮੀਂ ਦੇ ਵਿਦਿਆਰਥੀਆਂ ਵੱਲੋਂ ਡਾ. ਅੰਬੇਡਕਰ ਦੇ ਜੀਵਨ ਸਬੰਧੀ ਸੰਗੀਤਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਮੌਕੇ ਚਮਨ ਲਾਲ ਹੱਪੋਵਾਲ ਸਾਬਕਾ ਮੈਂਬਰ ਬਲਾਕ ਸੰਮਤੀ ਬੰਗਾ, ਰਾਮੇਸ਼ ਅਟਾਰੀ, ਸੋਢੀ ਰਾਮ ਨੂਰਪੁਰ, ਪਰਮਜੀਤ ਮਹਿਰਮਪੁਰੀ ਅਤੇ ਇਲਾਕੇ ਦਾ ਪੰਚ ਸਰਪੰਚ ਅਤੇ ਹੋਰ ਪਤਵੰਤੇ ਭਾਰੀ ਗਿਣਤੀ 'ਚ ਮੌਜ਼ੂਦ ਸਨ। ਮੰਚ ਦਾ ਸੰਚਾਲਨ ਐਡਵੋਕੇਟ ਲਖਵੀਰ ਸਿੰਘ ਬੀਸਲਾ ਨੇ ਕੀਤਾ। ਇਸ ਮੌਕੇ ਹਾਜ਼ਰੀਨ ਨੂੰ ਭਾਰਤੀ ਸੰਵਿਧਾਨ ਦੀਆਂ ਕਾਪੀਆਂ ਪ੍ਰਦਾਨ ਕੀਤੀਆਂ ਗਈਆਂ।

# ਮੁੱਖ ਮੰਤਰੀ ਅੱਜ ਦਾਣਾ ਮੰਡੀ ਬਟਾਲਾ ਵਿਖੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਨਗੇ :ਵਿਧਾਇਕ ਸ਼ੈਰੀ ਕਲਸੀ



ਬਟਾਲਾ, 15 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ):ਅੱਜ 16 ਅਪ੍ਰੈਲ ਦਿਨ ਵੀਰਵਾਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾਣਾ ਮੰਡੀ ਬਟਾਲਾ ਵਿਖੇ ਪਹੁੰਚਣਗੇ ਅਤੇ ਇੱਕ ਵਿਸ਼ਾਲ ਤੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਨਗੇ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ, ਜਿਨ੍ਹਾਂ ਵੱਲੋਂ ਬਟਾਲਾ ਵਿਖੇ ਮਾਣਯੋਗ ਮੁੱਖ ਮੰਤਰੀ ਪੰਜਾਬ ਦੀ ਬਟਾਲਾ ਵਿਖੇ ਰੈਲੀ ਕਰਵਾਈ ਜਾ ਰਹੀ ਹੈ, ਵੱਲੋਂ ਦੱਸਿਆ ਕਿ ਭਗਵੰਤ ਮਾਨ ਦੀ ਬਟਾਲਾ ਫੇਰੀ ਬਟਾਲਾ ਹਲਕੇ ਦੇ ਵਿਕਾਸ ਕਾਰਜਾਂ ਲਈ ਮੀਲ ਪੱਥਰ ਸਾਬਤ ਹੋਵੇਗੀ ਅਤੇ ਇਸ ਇਤਿਹਾਸਕ ਰੈਲੀ ਲਈ ਬਟਾਲਾ ਹਲਕਾ ਵਾਸੀ ਪੱਬਾਂ ਭਾਰ ਹਨ।ਵਿਧਾਇਕ ਸ਼ੈਰੀ ਕਲਸੀ ਵੱਲੋਂ ਰੈਲੀ ਸਬੰਧੀ ਦਾਣਾ ਮੰਡੀ ਵਿਖੇ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਤੇ ਦੱਸਿਆ ਕਿ ਲੋਕਾਂ ਦੇ ਬੈਠਨ ਅਤੇ ਉਨ੍ਹਾਂ ਦੇ ਲੰਗਰ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ ਅਤੇ ਦਾਣਾ ਮੰਡੀ ਬਟਾਲਾ ਵਿਖੇ ਪਹੁੰਚਣ ਲਈ ਆਵਾਜਾਈ ਅਤੇ ਪਾਰਕਿੰਗ ਦੇ ਸੁਚੱਜੇ ਢੰਗ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪ੍ਰਬੰਧ ਕੀਤੇ ਗਏ ਹਨ। ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਹਲਕੇ ਵਾਸੀਆਂ ਨੂੰ ਇਸ ਰੈਲੀ ਵਿਚ ਹੁੰਮ ਹੁੰਮਾ ਕੇ ਪਹੁੰਚਣ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਬਟਾਲਾ ਦੇ ਲੋਕ ਵੱਡੀ ਗਿਣਤੀ ਵਿਚ ਇਸ ਰੈਲੀ ਵਿਚ ਪਹੁੰਚਣ ਅਤੇ ਮੁੱਖ ਮੰਤਰੀ ਪੰਜਾਬ ਦੇ ਵਿਚਾਰ ਸੁਣਨ । ਵਿਧਾਇਕ ਸ਼ੈਰੀ ਕਲਸੀ ਨੇ ਸਮੂਹ ਪੰਚ, ਸਰਪੰਚ ਅਤੇ ਪਾਰਟੀ ਦੇ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਵੱਡੀ ਗਿਣਤੀ ਵਿਚ ਰੈਲੀ ਵਿਚ ਸ਼ਾਮਲ ਹੋਣ ਤਾਂ ਜੋ ਇਸ ਰੈਲੀ ਨੂੰ ਇਤਿਹਾਸਕ ਬਣਾਇਆ ਜਾ ਸਕੇ। ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਯਸ਼ਪਾਲ ਚੌਹਾਨ, ਅੰਮ੍ਰਿ ਕਲਸੀ, ਤਰੁਨ ਕਲਸੀ, ਮਾਰਕੀਟ ਕਮੇਟੀ ਬਟਾਲਾ ਦੇ ਚੇਅਰਮੈਨ ਮਾਨਿਕ ਮਹਿਤਾ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਚੇਅਰਮੈਨ ਚਰਨਜੀਤ ਸਿੰਘ ਪਾਰੋਵਾਲ, ਕੌਂਸਲਰ ਬਲਵਿੰਦਰ ਸਿੰਘ, ਮਿੰਟਾ, ਮਾਸਟਰ ਤਿਲਕ ਰਾਜ, ਲੂਥਰਾ ਜਵੈਲਰਜ਼, ਗੁਰਪ੍ਰੀਤ ਸਿੰਘ ਰਾਜੂ, ਵਰੁਣ ਵਰਮਾ, ਤੋਂ ਇਲਾਵਾ ਵੱਡੀ ਗਿਣਤੀ ਵਿਚ ਆਪ ਆਗੂ ਹਾਜ਼ਰ ਸਨ।

# ਤੇਲ ਮਾਰਕੀਟਿੰਗ ਕੰਪਨੀਆਂ ਨੇ ਹਰਿਆਣਾ ਵਿੱਚ ਪੈਟਰੋਲੀਅਮ ਉਤਪਾਦਾਂ ਅਤੇ ਐੱਲਪੀਜੀ ਦੀ ਨਿਰਵਿਘਨ ਸਪਲਾਈ ਦਾ ਭਰੋਸਾ ਦਿੱਤਾ

ਚੰਡੀਗੜ੍ਹ , 15 ਅਪ੍ਰੈਲ (:ਹਰਦੀਪ ਕੌਰ ) : ਤੇਲ ਮਾਰਕੀਟਿੰਗ ਕੰਪਨੀਆਂ (ਓਐੱਮਸੀਜ਼) ਨੇ ਹਰਿਆਣਾ ਦੇ ਨਾਗਰਿਕਾਂ ਨੂੰ ਭਰੋਸਾ ਦਿਵਾਇਆ ਹੈ ਕਿ ਪੈਟਰੋਲੀਅਮ ਉਤਪਾਦਾਂ ਅਤੇ ਐੱਲਪੀਜੀ ਦੀ ਸਪਲਾਈ ਸਥਿਰ, ਢੁਕਵੀਂ ਅਤੇ ਮੌਜੂਦਾ ਮੰਗ ਨੂੰ ਮੁਕੰਮਲ ਤੌਰ 'ਤੇ ਪੂਰਾ ਕਰਨ ਦੇ ਯੋਗ ਹੈ। ਰਾਜ ਵਿੱਚ ਕਿਸੇ ਵੀ ਕਿਸਮ ਦੀ ਘਾਟ ਦੀ ਸਥਿਤੀ ਨਹੀਂ ਹੈ।ਇੰਡੀਅਨ ਆਇਲ ਕਾਰਪੋਰੇਸ਼ਨ ਲਿਮਿਟਡ, ਪਾਨੀਪਤ ਮੰਡਲ ਦਫ਼ਤਰ ਦੇ ਹਰਿਆਣਾ ਰਾਜ ਪੱਧਰੀ ਕੋਆਰਡੀਨੇਟਰ ਸ਼੍ਰੀ ਅਨਿਲ ਕੁਮਾਰ ਸਿੰਘ ਨੇ ਦੱਸਿਆ ਕਿ ਐੱਲਪੀਜੀ ਸਪਲਾਈ ਦੀ ਸਥਿਤੀ ਆਰਾਮਦਾਇਕ ਬਣੀ ਹੋਈ ਹੈ। ਹਰਿਆਣਾ ਭਰ ਵਿੱਚ ਬੋਟਲਿੰਗ ਪਲਾਂਟਾਂ 'ਤੇ ਐੱਲਪੀਜੀ ਦਾ ਸਟਾਕ ਪੱਧਰ ਇਤਿਹਾਸਕ ਮਿਆਰਾਂ ਹੇਠ ਅਤੇ ਮੁੜ ਭਰਾਈ ਯੋਜਨਾਬੱਧ ਅਤੇ ਨਿਰੰਤਰ ਅਧਾਰ 'ਤੇ ਕੀਤੀ ਜਾ ਰਹੀ ਹੈ। ਓਐੱਮਸੀਜ਼ ਗ੍ਰਾਹਕਾਂ ਦੀ ਜ਼ਰੂਰਤ ਅਨੁਸਾਰ ਘਰੇਲੂ ਐੱਲਪੀਜੀ ਸਿਲੰਡਰਾਂ ਦੀ ਮੰਗ ਪੂਰੀ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਨ। ਇਸ ਤੋਂ ਇਲਾਵਾ, ਤਰਜੀਹੀ ਖੇਤਰਾਂ ਨੂੰ ਵਪਾਰਕ ਐੱਲਪੀਜੀ ਦੀ ਸਪਲਾਈ ਸਰਕਾਰੀ ਨੀਤੀ ਦੇ ਅਨੁਸਾਰ ਪੂਰਵ ਸੰਕਟ ਪੱਧਰਾਂ ਦੇ 70% ਤੱਕ ਜਾਰੀ ਰੱਖੀ ਜਾ ਰਹੀ ਹੈ।ਉਨ੍ਹਾਂ ਨੇ ਦੱਸਿਆ ਕਿ ਪ੍ਰਵਾਸੀ ਮਜ਼ਦੂਰਾਂ ਲਈ 5 ਕਿਲੋਗ੍ਰਾਮ ਫ੍ਰੀ ਟ੍ਰੇਡ ਐੱਲਪੀਜੀ ਸਿਲੰਡਰਾਂ ਦੀ ਸਪਲਾਈ ਰਾਹੀਂ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ, ਜਿਸ ਵਿੱਚ ਰੋਜ਼ਾਨਾ 2,000-2,500 ਸਿਲੰਡਰਾਂ ਦੀ ਵੰਡ ਯਕੀਨੀ ਬਣਾਈ ਜਾ ਰਹੀ ਹੈ, ਜੋ ਪ੍ਰੀ-ਕ੍ਰਾਈਸਿਸ ਪੱਧਰਾਂ ਦੇ ਬਰਾਬਰ ਹੈ। ਇਸ ਯਤਨ ਨੂੰ ਸਮਰਥਨ ਦੇਣ ਲਈ, ਓਐੱਮਸੀਜ਼ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਮਰਪਿਤ ਐੱਲਪੀਜੀ ਵੰਡ ਕੈਂਪ ਲਗਾਏ ਜਾ ਰਹੇ ਹਨ।ਸ਼੍ਰੀ ਅਨਿਲ ਕੁਮਾਰ ਸਿੰਘ ਨੇ ਕਿਹਾ ਕਿ ਓਐੱਮਸੀਜ਼ ਸਥਿਤੀ ਦੀ ਨਜ਼ਦੀਕੀ ਨਿਗਰਾਨੀ ਕਰ ਰਹੇ ਹਨ ਅਤੇ ਹਰਿਆਣਾ ਸਰਕਾਰ ਦੇ ਸਹਿਯੋਗ ਨਾਲ ਲਾਜਿਸਟਿਕਸ ਨੂੰ ਸੁਚਾਰੂ ਬਣਾਉਣ ਅਤੇ ਡਿਲੀਵਰੀ ਨੂੰ ਤੇਜ਼ ਕਰਨ ਲਈ ਸਰਗਰਮ ਕਦਮ ਚੁੱਕੇ ਹਨ। ਰਾਜ ਸਰਕਾਰ ਨਾਲ ਕਈ ਮੀਟਿੰਗਾਂ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਪੈਟਰੋਲੀਅਮ ਉਤਪਾਦਾਂ ਦੀ ਉਪਲਬਧਤਾ ਅਤੇ ਵੰਡ ਅਤੇ ਸਿਟੀ ਗੈਸ ਡਿਸਟ੍ਰੀਬਿਊਸ਼ਨ (ਸੀਜੀਡੀ) ਨੈੱਟਵਰਕ ਦੇ ਵਿਸਥਾਰ 'ਤੇ ਧਿਆਨ ਦਿੱਤਾ ਗਿਆ। ਕੇਂਦਰ ਸਰਕਾਰ ਦੇ ਨਿਰਦੇਸ਼ਾਂ ਦੇ ਅਨੁਸਾਰ, ਰਾਜ ਸਰਕਾਰ ਨੇ ਵੱਖ-ਵੱਖ ਡੀਮਡ ਮਨਜ਼ੂਰੀਆਂ ਜਾਰੀ ਕੀਤੀਆਂ ਹਨ, ਜਿਸ ਨਾਲ ਸੀਜੀਡੀ ਪ੍ਰੋਜੈਕਟਾਂ ਦੀ ਸੁਚਾਰੂ ਅਤੇ ਤੇਜ਼ ਕਾਰਗੁਜ਼ਾਰੀ ਅਤੇ ਪੀਐੱਨਜੀ ਦੇ ਪ੍ਰਸਾਰ ਨੂੰ ਯੋਗ ਬਣਾਇਆ ਗਿਆ ਹੈ।ਐੱਲਪੀਜੀ ਉਪਭੋਗਤਾਵਾਂ ਨੂੰ ਸਿਰਫ਼ ਅਧਿਕਾਰਤ ਡਿਜੀਟਲ ਪਲੇਟਫਾਰਮਾਂ ਰਾਹੀਂ ਸਿਲੰਡਰ ਬੁੱਕ ਕਰਨ ਅਤੇ ਡਿਲੀਵਰੀ ਦੇ ਸਮੇਂ ਡੀਏਸੀ (ਡਿਲੀਵਰੀ ਆਥੈਂਟੀਕੇਸ਼ਨ ਕੋਡ) ਦੀ ਵਰਤੋਂ ਕਰਕੇ ਪ੍ਰਮਾਣਿਕਤਾ ਯਕੀਨੀ ਬਣਾਉਣ ਲਈ ਪ੍ਰੋਤਸਾਹਿਤ ਕੀਤਾ ਜਾਂਦਾ ਹੈ। ਇਸ ਨਾਲ ਪਾਰਦਰਸ਼ੀ, ਬਿਨਾ ਕਿਸੇ ਮੁਸ਼ਕਲ ਦੇ ਡਿਲੀਵਰੀ ਅਨੁਭਵ ਅਤੇ ਅਸਲ ਗ੍ਰਾਹਕਾਂ ਨੂੰ ਸਮੇਂ 'ਤੇ ਸੇਵਾ ਯਕੀਨੀ ਬਣਦੀ ਹੈ।ਉਨ੍ਹਾਂ ਨੇ ਦੱਸਿਆ ਕਿ ਇਸ ਦੌਰਾਨ, ਹਰਿਆਣਾ ਭਰ ਵਿੱਚ ਪੈਟਰੋਲ ਅਤੇ ਐੱਚਐੱਸਡੀ (ਹਾਈ-ਸਪੀਡ ਡੀਜ਼ਲ) ਦੇ ਸਟਾਕ ਆਮ ਵਾਂਗ ਹਨ। ਓਐੱਮਸੀ ਡਿਪੋਜ਼ ਵਿੱਚ ਵਧੀਆ ਸਟਾਕ ਮੌਜੂਦ ਹੈ ਅਤੇ ਰਿਟੇਲ ਆਊਟਲੈਟਾਂ 'ਤੇ ਨਿਰਵਿਘਨ ਵਿਕਰੀ ਲਈ ਪ੍ਰਚੂਰ ਸਪਲਾਈ ਉਪਲੱਬਧ ਹੈ। ਆਟੋਮੋਟਿਵ ਈਂਧਣ ਦੀ ਉਪਲੱਬਧਤਾ ਬਾਰੇ ਚਿੰਤਾ ਕਰਨ ਦਾ ਕੋਈ ਕਾਰਨ ਨਹੀਂ ਹੈ।ਸ਼੍ਰੀ ਅਨਿਲ ਨੇ ਕਿਹਾ ਕਿ ਇਹ ਗੌਰਤਲਬ ਹੈ ਕਿ ਅਪ੍ਰੈਲ 2025 ਤੋਂ ਫਰਵਰੀ 2026 (ਪੂਰਵ ਸੰਕਟ ਮਿਆਦ) ਤੱਕ ਐੱਚਐੱਸਡੀ ਦੀ ਖਪਤ ਵਿੱਚ ਵਾਧਾ ਸਥਿਰ (0%) ਰਿਹਾ, ਜਦਕਿ ਮਾਰਚ 2026 ਵਿੱਚ ਮੰਗ ਵਿੱਚ 22% ਦਾ ਤੇਜ਼ ਵਾਧਾ ਦਰਜ ਕੀਤਾ ਗਿਆ। ਓਐੱਮਸੀਜ਼ ਨੇ ਇਸ ਵਾਧੇ ਨੂੰ ਬਿਨਾ ਕਿਸੇ ਰੁਕਾਵਟ ਦੇ ਸਫਲਤਾਪੂਰਵਕ ਸੰਭਾਲਿਆ ਅਤੇ ਪੂਰਾ ਕੀਤਾ। ਓਐੱਮਸੀਜ਼ ਪੈਟਰੋਲੀਅਮ ਉਤਪਾਦਾਂ ਅਤੇ ਐੱਲਪੀਜੀ ਦੀ ਬਿਨਾ ਰੁਕਾਵਟ ਸਪਲਾਈ ਯਕੀਨੀ ਬਣਾਉਣ ਲਈ ਆਪਣੀ ਵਚਨਬੱਧਤਾ ਦੁਹਰਾਉਂਦੀਆਂ ਹਨ ਅਤੇ ਜਨਤਾ ਨੂੰ ਘਬਰਾਹਟ ਵਿੱਚ ਖਰੀਦਦਾਰੀ ਤੋਂ ਬਚਣ ਦੀ ਅਪੀਲ ਕਰਦੀਆਂ ਹਨ। ਮੰਗ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪੂਰਾ ਕਰਨ ਲਈ ਸਾਰੀਆਂ ਲੋੜੀਂਦੀਆਂ ਵਿਵਸਥਾਵਾਂ ਕੀਤੀਆਂ ਗਈਆਂ ਹਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿੱਚ ਮਨਾਇਆ ਗਿਆ ਖ਼ਾਲਸਾ ਸਾਜਨਾ ਦਿਵਸ




ਫਤਿਹਗੜ੍ਹ ਸਾਹਿਬ, 15 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵਿਖੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਯੋਗ ਅਗਵਾਈ ਵਿੱਚ ਸੰਗੀਤ ਵਿਭਾਗ ਵੱਲੋਂ ਖ਼ਾਲਸਾ ਸਾਜਨਾ ਦਿਵਸ (ਵਿਸਾਖੀ) ਨੂੰ ਸਮਰਪਿਤ ਇੱਕ ਭਾਵਪੂਰਨ ਅਤੇ ਆਤਮਿਕ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਅਕਾਦਮਿਕ ਭਾਈਚਾਰੇ ਨੂੰ ਭਗਤੀਮਈ ਸੰਗੀਤ ਰਾਹੀਂ ਗੁਰਬਾਣੀ ਦੇ ਮੂਲ ਸਾਰ ਨਾਲ ਜੋੜਨਾ ਅਤੇ ਖ਼ਾਲਸਾ ਪੰਥ ਦੇ ਸਿਰਜਣ ਦੀ ਮਹਾਨ ਵਿਰਾਸਤ ਬਾਰੇ ਚਿੰਤਨ ਕਰਨਾ ਸੀ।ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਸੰਗੀਤ ਵਿਭਾਗ ਵਿਚ ਬਤੌਰ ਪ੍ਰੋਫੈਸਰ ਅਤੇ ਗੁਰਮਤਿ ਸੰਗੀਤ ਚੇਅਰ ਦੇ ਇੰਚਾਰਜ ਵਜੋਂ ਸੇਵਾ ਨਿਭਾ ਰਹੇ ਡਾ. ਅਲੰਕਾਰ ਸਿੰਘ ਨੇ ਗੁਰਬਾਣੀ ਦੇ ਨਿਰਧਾਰਿਤ ਰਾਗਾਂ ਵਿੱਚ ਰਸਭਿੰਨਾ ਅਤੇ ਮਨਮੋਹਕ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਦੀ ਪੇਸ਼ਕਾਰੀ ਨੇ ਆਤਮਿਕ ਮਾਹੌਲ ਪੈਦਾ ਕਰਦਿਆਂ ਸਾਰੇ ਹਾਜ਼ਰੀਨ ਨੂੰ ਭਗਤੀ ਵਿੱਚ ਲੀਨ ਕਰ ਦਿੱਤਾ।ਸੰਗੀਤ ਵਿਭਾਗ ਦੇ ਮੁਖੀ ਸ. ਹਰਪ੍ਰੀਤ ਸਿੰਘ ਦੇ ਨਾਲ-ਨਾਲ ਮਿਸ ਰਵਿੰਦਰ ਕੌਰ, ਮਿਸ ਲਖਵਿੰਦਰ ਕੌਰ ਅਤੇ ਮਿਸ ਸ਼ਬਨਮ ਨੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਨਿਰਧਾਰਿਤ ਰਾਗਾਂ ਅਤੇ ਦਸਮ ਬਾਣੀ ਅਧਾਰਿਤ ਕੀਰਤਨ ਪੇਸ਼ ਕਰਕੇ ਸਮਾਗਮ ਨੂੰ ਹੋਰ ਵੀ ਰੂਹਾਨੀ ਰੰਗ ਬਖ਼ਸ਼ਿਆ।ਇਸ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਰਜਿਸਟਰਾਰ (ਪ੍ਰੋ.) ਡਾ. ਤੇਜਬੀਰ ਸਿੰਘ, ਡੀਨ ਰਿਸਰਚ ਪ੍ਰੋ. (ਡਾ.) ਨਵਦੀਪ ਕੌਰ, ਡਾ. ਹਰਦੇਵ ਸਿੰਘ (ਮੁਖੀ, ਧਰਮ ਅਧਿਐਨ ਵਿਭਾਗ), ਡਿਪਟੀ ਰਜਿਸਟਰ (ਰਜਿਸਟਰੇਸ਼ਨ) ਮਿਸ ਬਲਵਿੰਦਰ ਕੌਰ ਅਤੇ ਡਾ. ਰੀਚਾ ਬਰਾੜ (ਮੁਖੀ, ਗਣਿਤ ਵਿਭਾਗ) ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਮੁਖੀ, ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਸਮੂਹ ਪ੍ਰੋਗਰਾਮ ਭਗਤੀ ਅਤੇ ਸ਼ਰਧਾ ਨਾਲ ਭਰਪੂਰ ਰਿਹਾ, ਜਿੱਥੇ ਹਾਜ਼ਰੀਨ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਦਿਆਂ ਸਿੱਖ ਧਰਮ ਦੇ ਮੂਲ ਮੁੱਲਾਂ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।ਇਹ ਸਮਾਗਮ ਯੂਨੀਵਰਸਿਟੀ ਦੇ ਆਧਿਆਤਮਿਕ ਅਤੇ ਸੱਭਿਆਚਾਰਕ ਮਾਹੌਲ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਇਆ।ਸਮੂਹ ਪ੍ਰੋਗਰਾਮ ਭਗਤੀ ਅਤੇ ਸ਼ਰਧਾ ਨਾਲ ਭਰਪੂਰ ਰਿਹਾ, ਜਿੱਥੇ ਹਾਜ਼ਰੀਨ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਦਿਆਂ ਸਿੱਖ ਧਰਮ ਦੇ ਮੂਲ ਮੁੱਲਾਂ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਇਹ ਸਮਾਗਮ ਯੂਨੀਵਰਸਿਟੀ ਦੇ ਆਧਿਆਤਮਿਕ ਅਤੇ ਸੱਭਿਆਚਾਰਕ ਮਾਹੌਲ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਇਆ।

# ਧਰਮਕੋਟ ਵਿੱਚ ਨੌਜਵਾਨ ਵੱਲੋਂ ਆਤਮ ਹੱਤਿਆ

ਮੋਗਾ, 15 ਅਪ੍ਰੈਲ( ਨਿਸ਼ੀ ਮਨਚੰਦਾ ਗੁਰਦੇਵ ਖਰਾਣਾ): ਮੋਗਾ ਦੇ ਕਸਬਾ ਧਰਮਕੋਟ ਵਿੱਚ ਇੱਕ ਨੌਜਵਾਨ ਗੁਰਪ੍ਰੀਤ ਸਿੰਘ ਵੱਲੋਂ ਅੱਜ ਆਤਮ ਹੱਤਿਆ ਕਰਨ ਦਾ ਮਾਮਲਾ ਸਾਹਮਣੇ ਆਇਆ। ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਐਸਐਚ ਓ ਧਰਮਕੋਟ ਲਛਮਣ ਸਿੰਘ ਸਿੰਘ ਨੇ ਕਿਹਾ ਕਿ ਗੁਰਪ੍ਰੀਤ ਸਿੰਘ ਗੈਰੀ ਪੁੱਤਰ ਕੁਲਵੰਤ ਸਿੰਘ, ਗੈਰੀ ਕਲੈਕਸ਼ਨ, ਰੈਡੀਮੇਡ ਦਾ ਕੰਮ ਕਰਦਾ ਸੀ ਅਤੇ ਘਰੋਂ 12 ਵਜੇ ਆਪਣੀ ਗੱਡੀ ਧਵਾਉਣ ਦੇ ਬਹਾਨੇ ਲੈ ਗਿਆ, ਜਦੋਂ ਬਹੁਤ ਟਾਈਮ ਗੱਡੀ ਘਰੇ ਨਹੀਂ ਆਈ ਤਾਂ ਉਸ ਦੇ ਭਰਾ ਨੇ ਗੱਡੀ ਨੂੰ ਲੱਭਣਾ ਸ਼ੁਰੂ ਕੀਤਾ, ਤਾਂ ਉਹ ਗੱਡੀ ਪੰਡੋਰੀ ਗੇਟ ਵਿੱਚ ਸੁਨਸਾਨ ਜਗ੍ਹਾ ਉੱਤੇ ਖੜ੍ਹੀ ਸੀ। ਜਦ ਉਸ ਨੇ ਗੱਡੀ ਦਾ ਦਰਵਾਜ਼ਾ ਖੋਲ੍ਹਿਆ ਤਾਂ ਗੁਰਪ੍ਰੀਤ ਸਿੰਘ ਗੈਰੀ ਦੀ ਮੌਤ ਹੋ ਚੁੱਕੀ ਸੀ, ਉਸ ਦੇ ਨਾਲ ਉਸ ਦਾ ਪਿਸਟਲ 45 ਬੋਰ ਪਿਆ ਸੀ, ਅਤੇ ਅਤੇ ਗੋਲੀ ਗੁਰਪ੍ਰੀਤ ਸਿੰਘ ਪੁੜਪੜੀ ਤੋਂ ਆਰ ਪਾਰ ਹੋਈ ਸੀ, ਜਿਸ ਤੋਂ ਲੱਗਦਾ ਹੈ ਗੁਰਪ੍ਰੀਤ ਸਿੰਘ ਗੈਰੀ ਨੇ ਆਤਮ ਹੱਤਿਆ ਕੀਤੀ ਹੈ। ਜਦ ਇਸ ਪ੍ਰਤੀ ਗੁਰਪ੍ਰੀਤ ਸਿੰਘ ਕੈਰੀ ਦੇ ਭਰਾ ਤੋਂ ਪੁੱਛਿਆ ਤਾਂ ਉਸ ਦਾ ਕਹਿਣਾ ਹੈ ਕਿ ਗੁਰਪ੍ਰੀਤ ਸਿੰਘ ਗੈਰੀ ਕੁਛ ਟਾਈਮ ਤੋਂ ਡਿਪਰੈਸ਼ਨ ਦੇ ਵਿੱਚ ਰਹਿੰਦਾ ਸੀ ਅਤੇ ਘਰ ਦੇ ਵਿੱਚ ਕੋਈ ਵੀ ਗੱਲਬਾਤ ਨਹੀਂ ਕਰਦਾ ਸੀ, ਜਿਸ ਨੂੰ ਲੈ ਕੇ ਇਸ ਨੇ ਆਤਮ ਹੱਤਿਆ ਕੀਤੀ ਹੈ।

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ
(ਰਜਿ. ਦਫ਼ਤਰ : ਪੀਐਸਈਬੀ ਮੁੱਖ ਦਫਤਰ, ਦੀ ਮਾਲ, ਪਟਿਆਲਾ-147001)
ਕਾਰਪੋਰੇਟ ਪਛਾਣ ਨੰ. U40109PB2010SGC033813
ਵੈਬਸਾਈਟ : www.pspcl.in, ਮੋਬਾਇਲ ਨੰ. 96461-07205
ਈ-ਮੇਲ : se-hq-ggsstp-ropar@pspcl.in

ਪ੍ਰੈਸ ਟੈਂਡਰ ਪੁਛਗਿੱਛ ਨੰ. 725/ਪੀ-3/ਈਐਮਪੀ-ਡਬਲਿਊ 13234 ਮਿਤੀ :
ਉਪ ਮੁੱਖ ਇੰਜੀਨੀਅਰ/ਹੈਡ ਕੁਆਰਟਰ (ਖਰੀਦ ਸੈਲ-3) ਜੀਜੀਐਸਐਸਟੀਪੀ, ਰੂਪਨਗਰ ਵੱਲੋਂ ਜੀਜੀਐਸਐਸਟੀਪੀ, ਰੂਪਨਗਰ ਵਿਖੇ ਚਾਲਕਾਂ ਸਮੇਤ 2 ਅਦਦ ਮਹਿੰਦਰਾ ਬੋਲੈਰੋ/ਟੀਯੂਵੀ 300/ਜ਼ਾਈਲੋ ਜਾਂ ਸਮਰੂਪ ਵਾਹਨ ਨੂੰ ਆਊਟਸੋਰਸ ਕਰਨ ਲਈ ਪ੍ਰੈਸ ਟੈਂਡਰ।
ਵਿਸਥਾਰਤ ਐਨਆਈਟੀ ਅਤੇ ਟੈਂਡਰ ਵੇਰਵਿਆਂ ਲਈ ਕਿਰਪਾ ਕਰਕੇ https://pspcl.in ਵੈਬਸਾਈਟ ਦਾ ਹਵਾਲਾ ਲਓ।
ਨੋਟ :- ਸੋਧ ਅਤੇ ਵਾਧਾ, ਜੇਕਰ ਕੋਈ ਹੋਵੇ, https://pspcl.in 'ਤੇ ਆਨਲਾਈਨ ਪਾਇਆ ਜਾਵੇਗਾ।
RTP-39/26
RO.No.PR-Advt.No. : 1079/12/2026-27/10511/Dated CHD : 15/04/2026

ਜਨਤਕ ਸੂਚਨਾ
ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ



ਵਿਸ਼ਾ - ਸਵਰਗੀ ਗੁਰਬਚਨ ਸਿੰਘ ਦੀ ਅਣ-ਰਜਿਸਟਰਡ ਵਸੀਅਤ ਦੇ ਆਧਾਰ 'ਤੇ ਉਦਯੋਗਿਕ ਪਲਾਟ ਨੰਬਰ MW20, ਉਦਯੋਗਿਕ ਖੇਤਰ-1, ਚੰਡੀਗੜ੍ਹ (IND 215) ਦੇ ਸੰਬੰਧ ਵਿੱਚ 100.00% ਹਿੱਸੇ ਦੀ ਹੱਦ ਤੱਕ ਮਾਲਕੀ ਦਾ ਤਬਾਦਲਾ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ ਗੁਰਬਚਨ ਸਿੰਘ ਉਦਯੋਗਿਕ ਪਲਾਟ ਨੰਬਰ MW20, ਉਦਯੋਗਿਕ ਖੇਤਰ-1, ਚੰਡੀਗੜ੍ਹ ਦੇ 100.00% ਹਿੱਸੇ ਦੀ ਹੱਦ ਤੱਕ ਮਾਲਕ ਹਨ।
ਅਮਰਜੀਤ ਸਿੰਘ ਚਾਵਲਾ, ਹਰਮਿੰਦਰ ਸਿੰਘ ਚਾਵਲਾ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀ. ਗੁਰਬਚਨ ਸਿੰਘ ਦੀ ਮੌਤ 13.11.2023 ਨੂੰ ਹੋ ਗਈ ਸੀ ਅਤੇ ਉਨ੍ਹਾਂ ਨੇ ਮ੍ਰਿਤਕ ਮਾਲਕ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:-(1) ਸਤਿੰਦਰ ਕੌਰ-ਧੀ, (2) ਅਮਰਪ੍ਰੀਤ ਕੌਰ-ਧੀ, (3) ਜਸਬੀਰ ਕੌਰ- ਪਤਨੀ (ਮ੍ਰਿਤਕ), (4) ਹਰਮਿੰਦਰ ਸਿੰਘ ਚਾਵਲਾ-ਪੁੱਤਰ, (5) ਅਮਰਜੀਤ ਸਿੰਘ ਚਾਵਲਾ-ਪੁੱਤਰ
ਹੁਣ, ਅਮਰਜੀਤ ਸਿੰਘ ਚਾਵਲਾ, ਹਰਮਿੰਦਰ ਸਿੰਘ ਚਾਵਲਾ ਨੇ 25.10.2023 ਦੀ ਅਣ-ਰਜਿਸਟਰਡ ਵਸੀਅਤ ਦੇ ਆਧਾਰ 'ਤੇ, ਸਵਰਗੀ ਗੁਰਬਚਨ ਸਿੰਘ ਦੁਆਰਾ ਆਪਣੇ ਹੱਕ ਵਿੱਚ ਰੱਖੇ ਗਏ 100.00% ਹਿੱਸੇ ਦੀ ਹੱਦ ਤੱਕ ਉਦਯੋਗਿਕ ਪਲਾਟ ਨੰਬਰ MW20, ਉਦਯੋਗਿਕ ਖੇਤਰ-1, ਚੰਡੀਗੜ੍ਹ ਦੇ ਸੰਬੰਧ ਵਿੱਚ ਮਾਲਕੀ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਕੋਲ ਉੱਪਰ ਦੱਸੇ ਗਏ ਤੋਂ ਇਲਾਵਾ ਮ੍ਰਿਤਕ ਦੇ ਕਿਸੇ ਹੋਰ ਕਾਨੂੰਨੀ ਵਾਰਸ (ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ।
ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ @ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਤਸਦੀਕਸ਼ੁਦਾ ਹਲਫ਼ਨਾਮੇ ਦੇ ਨਾਲ) ਇਸਨੂੰ ਜਮ੍ਹਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਨੂੰ ਉਪਰੋਕਤ ਲਾਭਪਾਤਰੀਆਂ ਦੇ ਨਾਮ 'ਤੇ ਇੰਤਕਾਲ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਅਸਟੇਟ ਅਫ਼ਸਰ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ

# ਵਿਧਾਇਕ,ਡੀ.ਸੀ. ਤੇ ਚੇਅਰਮੈਨ ਨੇ ਭਟੇੜੀ ਬੱਸ ਹਾਦਸੇ ਦੇ ਜਖਮੀਆਂ ਦਾ ਹਾਲ ਚਾਲ ਪੁੱਛਿਆ



ਫ਼ਤਹਿਗੜ੍ਹ ਸਾਹਿਬ, 15 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਬੀਤੀ ਰਾਤ ਸ੍ਰੀ ਆਨੰਦਪੁਰ ਸਾਹਿਬ ਤੋਂ ਵਿਸਾਖੀ ਮੇਲਾ ਵੇਖਣ ਉਪਰੰਤ ਵਾਪਸ ਆ ਰਹੀ ਸ਼ਰਧਾਲੂਆਂ ਦੀ ਬੱਸ ਦੇ ਚੁੰਨੀ ਮੋਰਿੰਡਾ ਰੋਡ 'ਤੇ ਸਥਿਤ ਪਿੰਡ ਭਟੇੜੀ ਵਿਖੇ ਹੋਏ ਹਾਦਸੇ ਦੌਰਾਨ ਜਖ਼ਮੀ ਵਿਅਕਤੀਆਂ ਦਾ ਹਾਲ ਚਾਲ ਪੁੱਛਣ ਲਈ ਬਸੀ ਪਠਾਣਾਂ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ, ਡਿਪਟੀ ਕਮਿਸ਼ਨਰ ਡਾ ਸੋਨਾ ਥਿੰਦ ਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਅਜੈ ਸਿੰਘ ਲਿਬੜਾ ਨੇ ਸਿਵਲ ਹਸਪਤਾਲ ਫਤਹਿਗੜ੍ਹ ਸਾਹਿਬ ਦਾ ਦੌਰਾ ਕੀਤਾ ਅਤੇ ਜੇਰੇ ਇਲਾਜ਼ ਜਖ਼ਮੀਆਂ ਨਾਲ ਗੱਲਬਾਤ ਕੀਤੀ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਹੈਪੀ ਨੇ ਕਿਹਾ ਕਿ ਇਹ ਇੱਕ ਮੰਦਭਾਗੀ ਘਟਨਾ ਹੈ, ਜਿਸ ਵਿੱਚ 08 ਵਿਅਕਤੀਆਂ ਦੀ ਮੌਤ ਹੋ ਗਈ ਹੈ। ਉਨ੍ਹਾਂ ਕਿਹਾ ਕਿ ਪ੍ਰਮਾਤਮਾ ਅੱਗੇ ਕਿਸੇ ਦਾ ਜ਼ੋਰ ਨਹੀਂ ਚੱਲਦਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮ੍ਰਿਤਕਾਂ ਦੇ ਪਰਿਵਾਰਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ। ਉਨ੍ਹਾਂ ਹਾਦਸੇ ਵਿੱਚ ਮਾਰੇ ਗਏ ਵਿਅਕਤੀਆਂ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਜਖ਼ਮੀਆਂ ਦੇ ਜਲਦ ਸਿਹਤਯਾਬ ਹੋਣ ਦੀ ਅਰਦਾਸ ਵੀ ਕੀਤੀ। ਉਨ੍ਹਾਂ ਨੇ ਹਾਦਸੇ ਵਿੱਚ ਜਖ਼ਮੀ ਹੋਏ 14 ਤੇ 17 ਸਾਲ ਦੇ ਭੈਣ ਭਰਾ ਵੱਲੋਂ ਮੌਕੇ 'ਤੇ ਹੋਰਨਾਂ ਜਖ਼ਮੀਆਂ ਦੀ ਸਹਾਇਤਾ ਕਰਨ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਬੱਚਿਆਂ ਨੇ ਜੋ ਬਹਾਦਰੀ ਦਿਖਾਈ ਹੈ ਉਹ ਆਪਣੇ ਆਪ ਵਿੱਚ ਬੇਮਿਸਾਲ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਨੇ ਕਿਹਾ ਕਿ ਭਟੇੜੀ ਵਿਖੇ ਹੋਇਆ ਬੱਸ ਹਾਦਸਾ ਬਹੁਤ ਹੀ ਦੁੱਖਦਾਈ ਹੈ, ਜਿਸ ਵਿੱਚ ਕਈ ਵਿਅਕਤੀਆਂ ਦੀ ਮੌਤ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਹਾਦਸੇ ਵਿੱਚ ਜਖ਼ਮੀਆਂ ਨੂੰ ਵੱਖ ਵੱਖ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ, ਜ਼ਿਨ੍ਹਾਂ ਵਿੱਚੋਂ ਸਿਵਲ ਹਸਪਤਾਲ ਫਤਹਿਗੜ੍ਹ ਸਾਹਿਬ ਵਿਖੇ ਦਾਖਲ 09 ਜਖ਼ਮੀਆਂ ਵਿੱਚੋਂ 07 ਨੂੰ ਮੁੱਢਲੀ ਡਾਕਟਰੀ ਸਹਾਇਤਾ ਦੇਣ ਉਪਰੰਤ ਘਰਾਂ ਨੂੰ ਭੇਜ ਦਿੱਤਾ ਗਿਆ ਹੈ ਅਤੇ ਮ੍ਰਿਤਕਾਂ ਦਾ ਪੋਸਟਮਾਰਟਮ ਕਰਵਾ ਕੇ ਮ੍ਰਿਤਕ ਦੇਹ ਨੂੰ ਜਲਦ ਪਰਿਵਾਰਾਂ ਹਵਾਲੇ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਸ ਦੁੱਖ ਦੀ ਘੜੀ ਵਿੱਚ ਪੀੜ੍ਹਤ ਪਰਿਵਾਰਾਂ ਦੇ ਨਾਲ ਹੈ ਅਤੇ ਉਨ੍ਹਾਂ ਦੀ ਹਰ ਸੰਭਵ ਮੱਦਦ ਕੀਤੀ ਜਾਵੇਗੀ। ਉਨ੍ਹਾਂ ਇਸ ਮੌਕੇ ਸਿਵਲ ਸਰਜਨ ਨੂੰ ਜਖ਼ਮੀਆਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਆਦੇਸ਼ ਵੀ ਦਿੱਤੇ। ਇਸ ਮੌਕੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਅਜੈ ਸਿੰਘ ਲਿਬੜਾ ਨੇ ਘਟਨਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਅਤੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਨੇ ਜਖ਼ਮੀਆਂ ਨੂੰ ਹਸਪਤਾਲ ਪਹੁੰਚਾਉਣ ਵਿੱਚ ਸ਼ਲਾਘਾਯੋਗ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਹਾਦਸੇ ਵਿੱਚ ਮ੍ਰਿਤਕ ਅਤੇ ਜਖ਼ਮੀਆਂ ਦੀ ਪੰਜਾਬ ਸਰਕਾਰ ਵੱਲੋਂ ਬਣਦੀ ਮੱਦਦ ਕੀਤੀ ਜਾਵੇਗੀ। ਇਸ ਮੌਕੇ ਸਿਵਲ ਸਰਜਨ ਡਾ ਅਰਵਿੰਦ ਪਾਲ ਸਿੰਘ,ਐਸ.ਐਮ.ਓ. ਡਾ.ਜਸਪ੍ਰੀਤ ਸਿੰਘ ਬੇਦੀ, ਆਮ ਆਦਮੀ ਪਾਰਟੀ ਦੇ ਪਵੇਲ ਹਾਂਡਾ, ਨਵਦੀਪ ਨਵੀ ਤੋਂ ਇਲਾਵਾ ਹੋਰ ਪੰਤਵੰਤੇ ਮੌਜੂਦ ਸਨ।

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ
(ਦਫ਼ਤਰ : ਵਧੀਕ ਨਿਗਰਾਨ ਇੰਜੀ./ਸੰਚਾਲਣ, ਅੱਡਾ ਦਾਖਾ ਮੰਡਲ)
ਕਾਰਪੋਰੇਟ ਆਈ.ਡੀ. ਨੰ.: U40109PB2010SGC033813
ਵੈੱਬਸਾਈਟ : www.pspcl.in
ਫੋਨ ਨੰ.: 96461-14096
ਈ-ਮੇਲ : xendakha@gmail.com
ਟੈਂਡਰ ਇੰਨਕੁਆਰੀ ਨੰ.: 01/AD/OP/LDH./2026-27 ਮਿਤੀ : 13.04.2026
ਵਧੀਕ ਨਿਗਰਾਨ ਇੰਜੀ./ਸੰਚਾਲਣ ਅੱਡਾ ਦਾਖਾ ਮੰਡਲ ਵੱਲੋਂ ਸਬ ਅਰਬਨ ਹਲਕਾ ਲੁਧਿਆਣਾ ਅਧੀਨ ਪੈਂਦੇ ਦਫ਼ਤਰਾਂ ਵਿੱਚ ਹਾਊਸਕੀਪਿੰਗ ਦੇ ਕੰਮ ਜਿਵੇਂ ਕਿ ਸਫ਼ਾਈ, ਧੂੜ-ਮਿੱਟੀ ਅਤੇ ਸਫ਼ਾਈ ਕਰਵਾਉਣ ਲਈ 1 ਸਾਲ ਲਈ ਟੈਂਡਰ ਇੰਨਕੁਆਰੀ ਲਗਾਈ ਜਾ ਰਹੀ ਹੈ। ਟੈਂਡਰ ਸੰਬੰਧੀ ਡਿਟੇਲਡ ਵੇਰਵੇ ਪੰਜਾਬ ਸਰਕਾਰ ਦੀ ਵੈੱਬਸਾਈਟ https://eproc.punjab.gov.in ਤੋਂ ਮਿਤੀ 16.04.2026 ਸਮਾਂ 15:00 ਵਜੇ ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ।
ਨੋਟ : ਟੈਂਡਰ ਸੰਬੰਧੀ ਸੋਧ (ਜੇਕਰ ਕੋਈ ਹੋਵੇਗੀ) ਪੰਜਾਬ ਸਰਕਾਰ ਦੀ ਵੈੱਬਸਾਈਟ https://eproc.punjab.gov.in ਤੇ ਹੀ ਪ੍ਰਕਾਸ਼ਿਤ ਕੀਤੀ ਜਾਵੇਗੀ।
C 491 / 26
Ro No. PR-Advt. No.: 1079 / 12 / 2026-27 / 10509 / Dated CHD : 15.04.2026

# ਐਸ.ਡੀ.ਐਮ. ਖਰੜ ਦੇ ਦਫ਼ਤਰ ਵਿੱਚ 'ਆਪ' ਨੇ ਅੱਧੀ ਰਾਤ ਨੂੰ ਨਯਾਗਾਂਵ ਨਗਰ ਕੌਂਸਲ ਦੀ ਵੋਟਰ ਲਿਸਟ ਵਿੱਚ ਕੀਤੀ ਫੇਰਬਦਲ : ਭਾਜਪਾ

ਚੰਡੀਗੜ੍ਹ, 15 ਅਪ੍ਰੈਲ :ਹਰਦੀਪ ਕੌਰ ਨਯਾਗਾਂਵ ਨਗਰ ਕੌਂਸਲ ਚੋਣ ਵਿੱਚ ਆਪਣੀ ਤੈਅ ਹਾਰ ਤੋਂ ਘਬਰਾਈ ਆਮ ਆਦਮੀ ਪਾਰਟੀ ਹੁਣ ਲੋਕਤੰਤਰ ਦਾ ਗਲਾ ਘੁੱਟਣ 'ਤੇ ਉਤਰ ਆਈ ਹੈ। 14 ਅਪ੍ਰੈਲ ਦੀ ਦੇਰ ਰਾਤ ਤੋਂ 15 ਅਪ੍ਰੈਲ ਤੜਕੇ ਲਗਭਗ 1:35 ਵਜੇ ਤੱਕ ਐਸ.ਡੀ.ਐਮ. ਖਰੜ ਦੇ ਦਫ਼ਤਰ ਵਿੱਚ ਬੰਦ ਦਰਵਾਜਿਆਂ ਦੇ ਪਿੱਛੇ ਆਪ ਨੇਤਾਵਾਂ ਵੱਲੋਂ ਵੋਟਾਂ ਵਿੱਚ ਹੇਰਾਫੇਰੀ ਕੀਤੀ ਗਈ। ਇਹ ਕਹਿਣਾ ਹੈ ਭਾਰਤੀ ਜਨਤਾ ਪਾਰਟੀ ਦੇ ਸਟੇਟ ਮੀਡੀਆ ਹੈੱਡ ਵਿਨੀਤ ਜੋਸ਼ੀ ਦਾ, ਜੋ ਨਯਾਗਾਂਵ ਮੰਡਲ ਪ੍ਰਧਾਨ ਭੁਪਿੰਦਰ ਸਿੰਘ ਭੁੱਪੀ, ਪੂਰਵ ਪਾਰਸ਼ਦ ਸੁਰਿੰਦਰ ਕੌਸ਼ਿਸ਼ ਬੱਬਲ, ਪਾਰਸ਼ਦ ਪਤੀ ਬਬਲੂ ਕੋਰੀ ਅਤੇ ਮੰਡਲ ਮਹਾਂਮੰਤਰੀ ਸੁਰੇਸ਼ ਯਾਦਵ ਦੇ ਨਾਲ ਪੱਤਰਕਾਰਾਂ ਨੂੰ ਸੰਬੋਧਨ ਕਰ ਰਹੇ ਸਨ।- **ਸਤਿਆਪਿਤ ਵੋਟਰ ਲਿਸਟ ਨਾਲ ਛੇੜਛਾੜ — ਲੋਕਤੰਤਰ 'ਤੇ ਸਿੱਧਾ ਹਮਲਾ** ਭਾਜਪਾ ਨੇਤਾਵਾਂ ਦੇ ਅਨੁਸਾਰ, ਆਪ ਪਾਰਟੀ ਦੇ ਨੇਤਾ ਬੂਥ ਲੈਵਲ ਅਧਿਕਾਰੀਆਂ (ਬੀ.ਐਲ.ਓ.) ਵੱਲੋਂ ਤਸਦੀਕ ਕੀਤੀਆਂ ਮਤਦਾਤਾ ਸੂਚੀਆਂ ਨਾਲ ਖੁੱਲ੍ਹੇਆਮ ਛੇੜਛਾੜ ਕਰ ਰਹੇ ਹਨ। ਵਿਰੋਧੀ ਧਿਰਾਂ ਦੇ ਵੋਟਰਾਂ ਦੇ ਨਾਮ ਕੱਟੇ ਜਾ ਰਹੇ ਹਨ ਅਤੇ ਆਪਣੇ ਸਮਰਥਕਾਂ ਦੇ ਨਾਮ ਗੈਰਕਾਨੂੰਨੀ ਤਰੀਕੇ ਨਾਲ ਜੋੜੇ ਜਾ ਰਹੇ ਹਨ। ਭਾਜਪਾ ਨੇ ਇਸਨੂੰ ਲੋਕਤੰਤਰ ਦੀ ਹੱਤਿਆ ਕਰਾਰ ਦਿੰਦਿਆਂ ਕਿਹਾ ਕਿ ਇਹ ਚੋਣ ਨਹੀਂ, ਸਗੋਂ ਸੱਤਾ ਬਚਾਉਣ ਦੀ ਸਾਜ਼ਿਸ਼ ਹੈ।- **ਦਿਨ ਵਿੱਚ ਬੰਦ ਦਫ਼ਤਰ, ਰਾਤ ਨੂੰ ਚੋਰੀ-ਛੁਪੇ ਖੇਡ**ਭਾਜਪਾ ਨੇਤਾ ਸੁਰਿੰਦਰ ਕੌਸ਼ਿਸ਼ ਬੱਬਲ ਅਤੇ ਕਰਨ ਜਦੋਂ ਸ਼ਾਮ 4 ਵਜੇ ਐਸ.ਡੀ.ਐਮ. ਦਫ਼ਤਰ ਪਹੁੰਚੇ, ਤਾਂ ਉਨ੍ਹਾਂ ਨੂੰ 5 ਵਜੇ ਇਹ ਕਹਿ ਕੇ ਭੇਜ ਦਿੱਤਾ ਗਿਆ ਕਿ ਦਫ਼ਤਰ ਬੰਦ ਹੋ ਚੁੱਕਾ ਹੈ।ਪਰ ਉਸੇ ਦਫ਼ਤਰ ਵਿੱਚ ਅੱਧੀ ਰਾਤ ਨੂੰ ਬੰਦ ਦਰਵਾਜ਼ਿਆਂ ਦੇ ਪਿੱਛੇ ਆਪ ਨੇਤਾਵਾਂ ਦੀ ਮੌਜੂਦਗੀ ਨੇ ਪੂਰੇ ਪ੍ਰਸ਼ਾਸਨਿਕ ਤੰਤਰ ਦੀ ਭੂਮਿਕਾ 'ਤੇ ਗੰਭੀਰ ਸਵਾਲ ਖੜੇ ਕਰ ਦਿੱਤੇ ਹਨ।ਰਾਤ 12 ਵਜੇ ਜਦੋਂ ਭਾਜਪਾ ਨੇਤਾ ਦੁਬਾਰਾ ਮੌਕੇ 'ਤੇ ਪਹੁੰਚੇ, ਤਾਂ ਆਪ ਨੇਤਾਵਾਂ ਦੀਆਂ ਗੱਡੀਆਂ ਉੱਥੇ ਖੜੀਆਂ ਮਿਲੀਆਂ ਅਤੇ ਖਿੜਕੀ ਅੰਦਰੋਂ ਆਪ ਦਾ ਨਯਾਗਾਂਵ ਬਲਾਕ ਪ੍ਰਧਾਨ ਸੁਨੀਲ ਸਾਫ਼ ਨਜ਼ਰ ਆਇਆ।- **ਸਰਕਾਰੀ ਅਧਿਕਾਰੀ ਵੀ ਸ਼ਾਮਲ? ਵੱਡਾ ਸਵਾਲ** ਰਾਤ ਲਗਭਗ 1:35 ਵਜੇ ਜਦੋਂ ਆਪ ਨੇਤਾ ਬਾਹਰ ਨਿਕਲੇ, ਤਾਂ ਉਨ੍ਹਾਂ ਦੇ ਨਾਲ ਨਗਰ ਕੌਂਸਲ ਦੇ ਏ.ਐਮ.ਈ. ਹਰਭਜਨ ਸਿੰਘ, ਸੈਨਿਟਰੀ ਇੰਸਪੈਕਟਰ ਸੰਤੋਸ਼ ਵਰਮਾ, ਬਿਲਡਿੰਗ ਇੰਸਪੈਕਟਰ ਮਹੇਸ਼ ਅਤੇ ਕਲਰਕ ਸੌਰਭ ਆਨੰਦ ਵਰਗੇ ਸਰਕਾਰੀ ਅਧਿਕਾਰੀ ਵੀ ਬਾਹਰ ਆਉਂਦੇ ਦਿੱਸੇ।- ਭਾਜਪਾ ਨੇ ਤਿੱਖਾ ਸਵਾਲ ਉਠਾਇਆ— ਅੱਧੀ ਰਾਤ ਨੂੰ ਸਰਕਾਰੀ ਅਧਿਕਾਰੀ ਅਤੇ ਆਪ ਪਾਰਟੀ ਦੇ ਨੇਤਾ ਬੰਦ ਦਫ਼ਤਰ ਵਿੱਚ ਕੀ ਕਰ ਰਹੇ ਸਨ ?ਕੀ ਇਹ ਪੂਰਾ ਖੇਡ ਸਰਕਾਰੀ ਸੁਰੱਖਿਆ ਹੇਠ ਚੱਲ ਰਿਹਾ ਸੀ ?- **ਵਿਧਾਇਕ 'ਤੇ ਸਿੱਧੇ ਦੋਸ਼ — ਸੱਤਾ ਬਚਾਉਣ ਲਈ ਮਸ਼ੀਨਰੀ ਦਾ ਦੁਰੁਪਯੋਗ**ਭਾਜਪਾ ਨੇ ਦੋਸ਼ ਲਗਾਇਆ ਕਿ ਖਰੜ ਦੀ ਵਿਧਾਇਕ ਅਨਮੋਲ ਗਗਨ ਮਾਨ ਆਪਣੀ ਹਾਰ ਤੋਂ ਬਚਣ ਲਈ ਸਰਕਾਰੀ ਮਸ਼ੀਨਰੀ ਦਾ ਖੁੱਲ੍ਹਾ ਦੁਰੁਪਯੋਗ ਕਰ ਰਹੀ ਹੈ। ਭਾਜਪਾ ਨੇਤਾਵਾਂ ਨੇ ਕਿਹਾ ਕਿ ਇਹ ਸਿਰਫ਼ ਚੋਣੀ ਗੜਬੜ ਨਹੀਂ, ਸਗੋਂ ਸੱਤਾ ਦੇ ਦੁਰੁਪਯੋਗ ਦਾ ਘਿਨੌਣਾ ਉਦਾਹਰਨ ਹੈ।- **ਕਾਰਵਾਈ ਨਾ ਹੋਈ ਤਾਂ ਵੱਡਾ ਅੰਦੋਲਨ**ਭਾਜਪਾ ਨੇ ਸਾਫ਼ ਚੇਤਾਵਨੀ ਦਿੱਤੀ ਹੈ ਕਿ ਜੇਕਰ ਇਸ ਵੋਟ ਹੇਰਾਫੇਰੀ ਕਾਂਡ ਦੀ ਨਿਸ਼ਪੱਖ ਜਾਂਚ ਕਰਕੇ ਦੋਸ਼ੀਆਂ 'ਤੇ ਸਖ਼ਤ ਕਾਰਵਾਈ ਨਹੀਂ ਕੀਤੀ ਗਈ, ਤਾਂ ਪਾਰਟੀ ਸੜਕਾਂ 'ਤੇ ਉਤਰ ਕੇ ਵੱਡਾ ਜਨ ਅੰਦੋਲਨ ਸ਼ੁਰੂ ਕਰੇਗੀ।

ਨਗਰ ਨਿਗਮ ਚੰਡੀਗੜ੍ਹ
ਟੈਂਡਰ ਸੂਚਨਾ

| ਲ. ਨੰ. | ਕੰਮ ਦਾ ਨਾਮ | ਬੋਲੀ ਜਮ੍ਹਾਂ ਸੂਚੀ (ਆਨਲਾਈਨ) | ਤਕਨੀਕੀ ਬੋਲੀ ਦਾ ਖੁੱਲ੍ਹਣਾ (ਆਨਲਾਈਨ) |
|---|---|---|---|
| | ਕਾਰਜਕਾਰੀ ਇੰਜੀਨੀਅਰ - ਬਾਗਬਾਨੀ ਮੰਡਲ ਨੰ. 1 | | |
| 1. | ਬਾਗਬਾਨੀ ਡਿਵੀਜ਼ਨ ਨੰਬਰ 1, ਨਗਰ ਨਿਗਮ, ਚੰਡੀਗੜ੍ਹ ਦੇ ਅਧਿਕਾਰ ਖੇਤਰ ਅਧੀਨ ਵੱਖ-ਵੱਖ ਗ੍ਰੀਨ ਬੈਲਟਾਂ/ਬਾਗਾਂ/ਪਾਰਕਾਂ ਵਿੱਚ ਫੁਹਾਰੇ ਦਾ ਸੰਚਾਲਨ, ਰੱਖ-ਰਖਾਅ ਅਤੇ ਨਿਗਰਾਨੀ ਅਤੇ ਮਾਲੀਆ ਮੁਖੀ ਅਧੀਨ। ਡੀਐਨਆਈਟੀ ਰਕਮ: ਰੁ. 84,35,232/- ਬਿਆਨਾ ਰਕਮ : 1,68,705/- ਰੁਪਏ ਟੈਂਡਰ ਫੀਸ: 3000/- ਰੁਪਏ ਸਮਾਂ ਸੀਮਾ: 12 ਮਹੀਨੇ | 15.04.2026 To 22.04.2026 at 3.00 PM | 22.04.2026 at 3.00 PM |

ਨੋਟ :- 1) ਵਿਸਥਾਰਤ ਨਿਯਮ ਅਤੇ ਸ਼ਰਤਾਂ ਸਮੇਤ ਟੈਂਡਰ ਸੂਚਨਾ ਵੈਬਸਾਈਟ www.chandigarh.gov.in ਜਾਂ etenders.chd.nic.in 'ਤੇ ਉਪਲਬਧ/ਅਪਲੋਡ ਕੀਤੀ ਗਈ ਹੈ
ਕਾਰਜਕਾਰੀ ਇੰਜੀਨੀਅਰ
ਬਾਗਬਾਨੀ ਮੰਡਲ ਨੰ 1, ਐਮ.ਸੀ. ਨਿਊ ਡੀਲਕਸ ਬਿਲਡਿੰਗ ਕਮਰਾ ਨੰ. 401, ਸੈਕਟਰ 17, ਚੰਡੀਗੜ੍ਹ

# ਹਿੰਦੂ ਵੈਲਫੇਅਰਸ ਸੁਸਾਇਟੀ ਵੱਲੋਂ ਵਰਿੰਦਾਵਨ ਯਮੁਨਾ ਨਦੀ 'ਚ ਡੁੱਬਣ ਵਾਲੇ ਲੋਕਾਂ ਨੂੰ ਸ਼ਰਧਾਂਜਲੀ



ਧਾਰੀਵਾਲ, 15 ਅਪ੍ਰੈਲ (ਅਸ਼ੋਕ ਕੁਮਾਰ): ਹਿੰਦੂ ਵੈਲਫੇਅਰ ਸੋਸਾਇਟੀ ਰਜਿਸਟਰਡ ਸਾਖਾ ਧਾਰੀਵਾਲ ਦੀ ਮੀਟਿੰਗ ਪ੍ਰਧਾਨ ਸ੍ਰੀ ਬ੍ਰਹਮ ਦੱਤ ਸਰਮਾ ਦੀ ਰਹਨੁਮਾਈ ਹੇਠ ਅੱਜ ਹੋਈ, ਜਿਸ ਵਿੱਚ ਸਭਾ ਦੇ ਸਾਰੇ ਮੈਂਬਰਾਂ ਨੇ ਹਿੱਸਾ ਲਿਆ।ਇਸ ਮੀਟਿੰਗ ਵਿੱਚ ਵਰਿੰਦਾਵਨ ਯਮੁਨਾ ਨਦੀ 'ਚ ਡੁੱਬਣ ਵਾਲੇ ਲੋਕਾਂ ਨੂੰ ਸਰਧਾਂਜਲੀ ਦੇਕੇ ਹੋਈਆਂ ਮੌਤਾਂ ਦਾ ਗਹਿਰਾ ਦੁੱਖ ਪ੍ਰਗਟ ਕਰਦੇ ਹੋਏ ਦੋ ਮਿੰਟ ਦਾ ਮੌਨ ਰੱਖ ਕੇ ਉਨ੍ਹਾਂ ਦੀ ਆਤਮਾ ਦੀ ਸਾਂਤੀ ਵਾਸਤੇ ਪ੍ਰਾਰਥਨਾ ਕੀਤੀ ਗਈ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਇਹ ਰਬ ਦਾ ਭਾਣਾ ਮਨਦੇ ਹੋਏ ਇਸ ਦੁੱਖ ਸਹਿਣ ਦੀ ਸ਼ਕਤੀ ਦੇਵੇ। ਇਸ ਤੋਂ ਬਾਅਦ ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਭਗਵਾਨ ਪਰਸ਼ੂਰਾਮ ਜੀ ਦਾ ਜਨਮ ਦਿਹਾੜਾ 19 ਅਪ੍ਰੈਲ ਨੂੰ ਬੜੀ ਸਰਧਾ ਭਾਵਨਾ ਨਾਲ ਮਨਾਇਆ ਜਾਵੇਗਾ।

ਇਸ ਮੀਟਿੰਗ ਵਿੱਚ ਦੀਪਕ ਪਾਹੜਾ, ਰਾਜੇਸ ਨੰਦਾ, ਰਘੁਨੰਦਨ ਸਰਮਾ, ਅਨਿਲ ਸਰਮਾ, ਰਵਿੰਦਰ ਮਹਾਜਨ, ਦੀਪਕ ਗੁਪਤਾਂ, ਅਸ਼ੋਕ ਜਫਰਵਾਲ, ਅਜੈ ਸਰਮਾ, ਦਵਿੰਦਰ ਸਰਮਾ, ਰਾਜ ਕੁਮਾਰ, ਰੌਕਸੀ, ਪੱਪੂ ਮਲਹੋਤਰਾ, ਸ਼ੋਮ ਨਾਥ, ਜਸਪਾਲ ਮਹਾਜਨ, ਰਿੰਕੂ ਬਲ, ਰਾਣਾ ਸਰਮਾ ਪੱਤਰਕਾਰ ਅਸ਼ੋਕ ਕੁਮਾਰ ਬੰਗ੍ਰਾਲ, ਪੱਤਰਕਾਰ ਇੰਦਰਜੀਤ ਅਤੇ ਹੋਰ ਹਾਜ਼ਰ ਸਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤ ਸਮਾਜ ਦੀ ਕੀਤੀ ਜਾ ਰਹੀ ਸਿਰਜਣਾ : ਜ਼ਿਲ੍ਹਾ ਪੁਲਿਸ ਮੁਖੀ



ਫ਼ਤਹਿਗੜ੍ਹ ਸਾਹਿਬ, 15 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ):ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਕੇ ਰੰਗਲਾ ਪੰਜਾਬ ਬਣਾਉਣ ਲਈ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਨਸ਼ਿਆਂ ਦੇ ਕਈ ਵੱਡੇ ਸਮੱਗਲਰਾਂ ਨੂੰ ਕਾਬੂ ਕਰਕੇ ਜੇਲਾਂ ਅੰਦਰ ਭੇਜਿਆ ਹੈ ਅਤੇ ਨਸ਼ਿਆਂ ਦੇ ਆਦੀ ਨੌਜਵਾਨਾਂ ਦਾ ਨਸ਼ਾ ਛੁਡਵਾ ਕੇ ਉਨ੍ਹਾਂ ਨੂੰ ਇੱਕ ਚੰਗੇ ਨਾਗਰਿਕ ਵਜੋਂ ਜੀਵਨ ਬਤੀਤ ਕਰਨ ਦਾ ਮੌਕਾ ਦਿੱਤਾ ਹੈ। ਇਹ ਪ੍ਰਗਟਾਵਾ ਜ਼ਿਲ੍ਹਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਨੇ ਰਾਣਾ ਹੈਰੀਟੇਜ, ਸਰਹਿੰਦ ਵਿਖੇ ਕਰਵਾਈ ਲੋਕ ਸੰਪਰਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਧਰਤੀ ਫਤਹਿਗੜ੍ਹ ਸਾਹਿਬ ਨੂੰ ਨਸ਼ਾ ਮੁਕਤ ਬਣਾਉਣਾ ਜ਼ਿਲ੍ਹਾ ਪੁਲਿਸ ਦੀ ਤਰਜੀਹ ਹੈ ਅਤੇ ਜਦੋਂ ਤੱਕ ਇਸ ਧਰਤੀ ਤੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਨਹੀਂ ਹੁੰਦਾ ਉਦੋਂ ਤੱਕ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਜਾਰੀ ਰਹੇਗੀ। ਜ਼ਿਲ੍ਹਾ ਪੁਲਿਸ ਮੁਖੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਵਿੱਚ ਅੱਗੇ ਆ ਕੇ ਸਹਿਯੋਗ ਦੇਣ, ਤਾਂ ਜੋ ਇੱਕ ਸੁਰੱਖਿਅਤ ਅਤੇ ਤੰਦਰੁਸਤ ਸਮਾਜ ਦੀ ਸਥਾਪਨਾ ਕੀਤੀ ਜਾ ਸਕੇ।ਇਸ ਮੀਟਿੰਗ ਦੌਰਾਨ ਬ੍ਰਾਹਮਣ ਮਾਜਰਾ ਦੇ ਸਰਕਾਰੀ ਮੁੜ ਵਸੇਬਾ ਕੇਂਦਰ ਵਿਖੇ ਨਸ਼ਿਆਂ ਤੋਂ ਪੀੜਤ ਵਿਅਕਤੀਆਂ ਦੀ ਸੰਭਾਲ ਕਰਨ ਲਈ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ, ਸਲਾਹ-ਮਸ਼ਵਰਾ ਅਤੇ ਮਾਰਗਦਰਸ਼ਨ ਬਾਰੇ ਵਿਸਥਾਰ ਸਹਿਤ ਚਰਚਾ ਕੀਤੀ ਗਈ। ਇਸ ਲੋਕ ਸੰਪਰਕ ਮੀਟਿੰਗ ਵਿੱਚ ਕਾਫ਼ੀ ਗਿਣਤੀ ਵਿੱਚ ਨੌਜਵਾਨਾਂ ਨੇ ਹਿੱਸਾ ਲਿਆ ਅਤੇ ਆਪਣੇ ਨਸ਼ਾ ਛੱਡਣ ਦੇ ਤਜਰਬੇ ਸਾਂਝੇ ਕੀਤੇ। ਉਨ੍ਹਾਂ ਦੀਆਂ ਪ੍ਰੇਰਣਾਦਾਇਕ ਕਹਾਣੀਆਂ ਨੇ ਦਿਖਾਇਆ ਕਿ ਸਮੇਂ ਸਿਰ ਸਹਾਇਤਾ, ਕੌਂਸਲਿੰਗ ਅਤੇ ਰੀਹੈਬਿਲਿਟੇਸ਼ਨ ਨਾਲ ਨਸ਼ਿਆਂ ਤੋਂ ਮੁਕਤੀ ਸੰਭਵ ਹੈ। ਨੌਜਵਾਨਾਂ ਨੇ ਪੁਲਿਸ ਅਤੇ ਮੈਡੀਕਲ ਟੀਮ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਮਦਦ ਨਾਲ ਉਹ ਅੱਜ ਨਸ਼ਾ-ਮੁਕਤ ਜੀਵਨ ਜੀ ਰਹੇ ਹਨ।ਇਸ ਮੌਕੇ ਐਸ.ਪੀ.(ਐਚ) ਹਰਵੰਤ ਕੌਰ, ਡੀ.ਐਸ.ਪੀ.ਫਤਹਿਗੜ੍ਹ ਸਾਹਿਬ ਕੁਲਬੀਰ ਸਿੰਘ, ਡਾ.ਰੁਕਿੰਦਰ ਸਿੰਘ, ਇੰਸਪੈਕਟਰ ਦਵਿੰਦਰ ਸਿੰਘ ਤੋਂ ਇਲਾਵਾ ਹੋਰ ਪੁਲਿਸ ਤੇ ਸਿਹਤ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।

ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿਚ ਰਹੋ।

ਡਾਇਰੈਕਟੋਰੇਟ ਛੋਟੀਆਂ ਬਚਤਾਂ, ਬੈਂਕਿੰਗ ਅਤੇ ਲਾਟਰੀਆਂ, ਪੰਜਾਬ
ਡਰਾਅ ਦਾ ਸਮਾਂ : ਸ਼ਾਮ 05.00 ਵਜੇ ਤੋਂ ਪੰਜਾਬ ਰਾਜ ਡੀਅਰ 50 ਬਸਟਰ ਬੁੱਧਵਾਰ ਹਫ਼ਤਾਵਾਰੀ ਲਾਟਰੀ ਦਾ ਨਤੀਜਾ ਮਿਤੀ : 15.04.2026
ਮੁੱਲ ਰੁਪਏ 50/- ਪ੍ਰਤੀ ਟਿਕਟ
ਪਹਿਲੇ ਇਨਾਮ ਦੀ ਰਾਸ਼ੀ (1) ਰੁ. 15 ਲੱਖ (ਲੜੀਆਂ ਨਾਲ 5 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 1 ਲੱਖ + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 25 ਹਜ਼ਾਰ, ਕੁੱਲ ਇਨਾਮੀ ਰਾਸ਼ੀ ਰੁਪਏ 16.25 ਲੱਖ)
E 90612
ਦੂਜੇ ਇਨਾਮ ਦੀ ਰਾਸ਼ੀ (25) ਰੁ. 9,000/- (5 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 900/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 100/-, ਕੁੱਲ ਇਨਾਮੀ ਰਾਸ਼ੀ ਰੁਪਏ 10,000/- ਹਰੇਕ)
62737 67247 78729 92129 92480
ਤੀਜੇ ਇਨਾਮ ਦੀ ਰਾਸ਼ੀ (50) ਰੁ. 4,000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 500/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 100/-, ਕੁੱਲ ਇਨਾਮੀ ਰਾਸ਼ੀ ਰੁਪਏ 4,600/- ਹਰੇਕ)
7975 8440
ਚੌਥੇ ਇਨਾਮ ਦੀ ਰਾਸ਼ੀ (125) ਰੁ. 2,000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 200/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 50/-, ਕੁੱਲ ਇਨਾਮੀ ਰਾਸ਼ੀ ਰੁਪਏ 2,250/- ਹਰੇਕ)
0086 0460 7070 9164 9198
ਪੰਜਵੇਂ ਇਨਾਮ ਦੀ ਰਾਸ਼ੀ (125) ਰੁ. 1000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 100/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 50/-, ਕੁੱਲ ਇਨਾਮੀ ਰਾਸ਼ੀ ਰੁਪਏ 1,150/- ਹਰੇਕ)
2197 4635 6299 7378 8395
ਛੇਵੇਂ ਇਨਾਮ ਦੀ ਰਾਸ਼ੀ (125) ਰੁ. 500/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 50/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 20/-, ਕੁੱਲ ਇਨਾਮੀ ਰਾਸ਼ੀ ਰੁਪਏ 570/- ਹਰੇਕ)
0449 1507 3167 7647 8547
ਸੱਤਵੇਂ ਇਨਾਮ ਦੀ ਰਾਸ਼ੀ (17,500) ਰੁ. 100/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 10/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 5/-, ਕੁੱਲ ਇਨਾਮੀ ਰਾਸ਼ੀ ਰੁਪਏ 115/- ਹਰੇਕ)

| | | | | | | | | | |
|---|---|---|---|---|---|---|---|---|---|
| 0007 | 0010 | 0013 | 0016 | 0029 | 0047 | 0048 | 0062 | 0084 | 0094 |
| 0107 | 0114 | 0131 | 0181 | 0186 | 0196 | 0219 | 0236 | 0250 | 0253 |
| 0291 | 0292 | 0298 | 0302 | 0324 | 0336 | 0363 | 0366 | 0387 | 0403 |
| 0425 | 0436 | 0437 | 0447 | 0459 | 0465 | 0488 | 0533 | 0550 | 0633 |
| 0642 | 0647 | 0652 | 0660 | 0676 | 0684 | 0717 | 0721 | 0755 | 0764 |
| 0770 | 0785 | 0798 | 0801 | 0817 | 0837 | 0865 | 0878 | 0894 | 0912 |
| 0917 | 0936 | 0960 | 0961 | 0968 | 0978 | 0980 | 0982 | 0986 | 0995 |
| 0998 | 0999 | 1030 | 1032 | 1039 | 1043 | 1061 | 1068 | 1107 | 1110 |
| 1116 | 1146 | 1147 | 1149 | 1161 | 1177 | 1181 | 1194 | 1196 | 1201 |
| 1202 | 1224 | 1231 | 1252 | 1271 | 1283 | 1290 | 1331 | 1352 | 1359 |
| 1363 | 1383 | 1410 | 1412 | 1413 | 1419 | 1440 | 1445 | 1448 | 1465 |
| 1468 | 1474 | 1478 | 1490 | 1552 | 1565 | 1569 | 1572 | 1601 | 1608 |
| 1651 | 1653 | 1668 | 1698 | 1720 | 1734 | 1741 | 1770 | 1799 | 1809 |
| 1816 | 1822 | 1823 | 1856 | 1866 | 1873 | 1874 | 1901 | 1915 | 1928 |
| 1932 | 1936 | 1937 | 1949 | 1955 | 1962 | 1968 | 1969 | 1971 | 2003 |
| 2032 | 2054 | 2092 | 2114 | 2118 | 2160 | 2193 | 2210 | 2216 | 2253 |
| 2272 | 2292 | 2293 | 2316 | 2318 | 2333 | 2352 | 2363 | 2364 | 2383 |
| 2385 | 2402 | 2415 | 2419 | 2431 | 2432 | 2434 | 2437 | 2440 | 2444 |
| 2463 | 2481 | 2507 | 2539 | 2556 | 2577 | 2589 | 2591 | 2647 | 2650 |
| 2654 | 2667 | 2670 | 2674 | 2683 | 2717 | 2727 | 2765 | 2822 | 2852 |
| 2862 | 2885 | 2890 | 2897 | 2903 | 2904 | 2962 | 2972 | 2987 | 3002 |
| 3017 | 3018 | 3020 | 3023 | 3026 | 3036 | 3048 | 3050 | 3075 | 3111 |
| 3119 | 3122 | 3147 | 3152 | 3155 | 3159 | 3185 | 3195 | 3200 | 3211 |
| 3213 | 3237 | 3259 | 3276 | 3280 | 3323 | 3341 | 3347 | 3352 | 3371 |
| 3408 | 3411 | 3437 | 3448 | 3481 | 3506 | 3510 | 3531 | 3550 | 3563 |
| 3570 | 3595 | 3596 | 3617 | 3688 | 3711 | 3714 | 3725 | 3737 | 3765 |
| 3777 | 3779 | 3780 | 3797 | 3819 | 3822 | 3872 | 3877 | 3892 | 3914 |
| 3923 | 3927 | 3938 | 3958 | 3989 | 3991 | 4019 | 4038 | 4045 | 4058 |
| 4131 | 4157 | 4161 | 4175 | 4197 | 4202 | 4234 | 4242 | 4243 | 4252 |
| 4256 | 4265 | 4267 | 4288 | 4308 | 4343 | 4352 | 4366 | 4370 | 4422 |
| 4431 | 4435 | 4442 | 4467 | 4482 | 4485 | 4499 | 4516 | 4527 | 4560 |
| 4561 | 4569 | 4579 | 4588 | 4597 | 4608 | 4630 | 4642 | 4645 | 4671 |
| 4673 | 4680 | 4698 | 4725 | 4757 | 4758 | 4765 | 4802 | 4815 | 4838 |
| 4850 | 4862 | 4867 | 4875 | 4909 | 4924 | 4945 | 4958 | 4979 | 4986 |
| 4994 | 5012 | 5016 | 5045 | 5052 | 5070 | 5084 | 5093 | 5107 | 5147 |
| 5155 | 5172 | 5199 | 5204 | 5212 | 5216 | 5282 | 5307 | 5317 | 5326 |
| 5338 | 5349 | 5354 | 5363 | 5367 | 5377 | 5385 | 5388 | 5395 | 5414 |
| 5448 | 5450 | 5454 | 5455 | 5461 | 5489 | 5507 | 5510 | 5517 | 5518 |
| 5522 | 5536 | 5540 | 5556 | 5562 | 5564 | 5573 | 5574 | 5585 | 5615 |
| 5645 | 5648 | 5669 | 5680 | 5704 | 5705 | 5740 | 5746 | 5778 | 5803 |
| 5816 | 5823 | 5835 | 5837 | 5865 | 5879 | 5882 | 5916 | 5921 | 5985 |
| 6000 | 6001 | 6002 | 6016 | 6019 | 6032 | 6042 | 6046 | 6049 | 6059 |
| 6110 | 6122 | 6131 | 6152 | 6161 | 6164 | 6186 | 6220 | 6221 | 6235 |
| 6236 | 6252 | 6295 | 6298 | 6303 | 6307 | 6312 | 6315 | 6317 | 6321 |
| 6329 | 6357 | 6370 | 6394 | 6397 | 6404 | 6409 | 6421 | 6433 | 6444 |
| 6445 | 6463 | 6493 | 6495 | 6503 | 6513 | 6537 | 6543 | 6557 | 6565 |
| 6599 | 6624 | 6643 | 6661 | 6664 | 6672 | 6688 | 6692 | 6705 | 6716 |
| 6717 | 6726 | 6735 | 6749 | 6789 | 6790 | 6815 | 6817 | 6839 | 6867 |
| 6869 | 6891 | 6897 | 6911 | 6916 | 6918 | 6924 | 6943 | 6969 | 6970 |
| 6979 | 6985 | 6988 | 6994 | 7004 | 7014 | 7024 | 7028 | 7031 | 7075 |
| 7109 | 7123 | 7127 | 7132 | 7150 | 7152 | 7170 | 7189 | 7195 | 7204 |
| 7258 | 7289 | 7309 | 7319 | 7339 | 7344 | 7356 | 7405 | 7412 | 7424 |
| 7431 | 7441 | 7445 | 7454 | 7464 | 7468 | 7480 | 7483 | 7497 | 7513 |
| 7515 | 7532 | 7534 | 7540 | 7553 | 7559 | 7613 | 7616 | 7621 | 7628 |
| 7642 | 7668 | 7694 | 7709 | 7750 | 7757 | 7803 | 7810 | 7821 | 7827 |
| 7830 | 7833 | 7898 | 7940 | 7980 | 7990 | 8014 | 8017 | 8027 | 8028 |
| 8029 | 8046 | 8054 | 8059 | 8069 | 8081 | 8118 | 8128 | 8156 | 8165 |
| 8173 | 8178 | 8194 | 8212 | 8219 | 8221 | 8227 | 8233 | 8240 | 8258 |
| 8297 | 8303 | 8318 | 8354 | 8357 | 8413 | 8419 | 8432 | 8438 | 8443 |
| 8453 | 8458 | 8470 | 8479 | 8497 | 8501 | 8504 | 8507 | 8536 | 8569 |
| 8587 | 8592 | 8616 | 8629 | 8630 | 8634 | 8649 | 8658 | 8675 | 8682 |
| 8699 | 8705 | 8709 | 8711 | 8723 | 8727 | 8733 | 8766 | 8780 | 8791 |
| 8800 | 8808 | 8820 | 8822 | 8825 | 8829 | 8831 | 8834 | 8869 | 8874 |
| 8878 | 8920 | 8938 | 8939 | 8954 | 8961 | 8988 | 9002 | 9045 | 9066 |
| 9082 | 9086 | 9107 | 9108 | 9137 | 9153 | 9157 | 9163 | 9167 | 9206 |
| 9240 | 9254 | 9275 | 9317 | 9338 | 9340 | 9348 | 9357 | 9362 | 9397 |
| 9414 | 9421 | 9441 | 9456 | 9457 | 9463 | 9482 | 9507 | 9520 | 9547 |
| 9550 | 9601 | 9622 | 9625 | 9627 | 9633 | 9638 | 9644 | 9663 | 9682 |
| 9683 | 9685 | 9727 | 9731 | 9742 | 9751 | 9755 | 9762 | 9766 | 9771 |
| 9792 | 9817 | 9821 | 9870 | 9880 | 9927 | 9936 | 9947 | 9969 | 9988 |

ਜਾਰੀ ਕਰਤਾ ਡਾਇਰੈਕਟੋਰੇਟ ਛੋਟੀਆਂ ਬਚਤਾਂ, ਬੈਂਕਿੰਗ ਅਤੇ ਲਾਟਰੀਆਂ, ਪੰਜਾਬ
ਕਿਰਪਾ ਕਰਕੇ ਅੰਤਿਮ ਨਤੀਜਾ ਅਧਿਕਾਰਤ ਗਜ਼ਟ ਅਧਿਸੂਚਨਾ ਵਿਚ ਦੇਖੋ।
RO.No.PR-Advt.No.3924/11/2026-27/10263/Dated CHD : 10.04.2026

ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ

# 10 ਦਿਨ ਪੀ ਕੇ ਵੇਖੋ ਗੁੜ ਵਾਲੀ ਚਾਹ, ਕਈ ਸਿਹਤ ਸਮੱਸਿਆਵਾਂ ਤੋਂ ਮਿਲੇਗਾ ਛੁਟਕਾਰਾ !

ਭਾਰਤ ਇਕਲੌਤਾ ਅਜਿਹਾ ਦੇਸ਼ ਹੈ ਜਿਥੇ ਸਭ ਤੋਂ ਵੱਧ ਚਾਹ ਪੀਤੀ ਜਾਂਦੀ ਹੈ। ਚਾਹ ਦ ਨਾਂ ਸੁਣਦੇ ਹੀ ਟੀ ਲਵਰਸ ਦੇ ਚਿਹਰੇ ‘ਤੇ ਮੁਸਕਾਨ ਆ ਜਾਂਦੀ ਹੈ। ਜ਼ਿਆਦਾਤਰ ਲੋਕ ਆਪਣੀ ਚਾਹ ਵਿੱਚ ਖੰਡ ਮਿਲਾਉਂਦੇ



ਹਨ, ਪਰ ਇਹ ਸ਼ੂਗਰ ਦੇ ਮਰੀਜ਼ਾਂ ਲਈ ਨੁਕਸਾਨਦੇਹ ਹੈ। ਇਸ ਦੀ ਬਜਾਏ ਗੁੜ ਵਾਲੀ ਚਾਹ ਪੀਣਾ ਵਧੇਰੇ ਫਾਇਦੇਮੰਦ ਹੋ ਸਕਦਾ ਹੈ। ਪਰ ਕੀ ਤੁਸੀਂ 10 ਦਿਨਾਂ ਤੱਕ ਗੁੜ ਵਾਲੀ ਚਾਹ ਪੀਣ ਦੇ ਫਾਇਦੇ ਜਾਣਦੇ ਹੋ?

**ਪਾਚਨ ਪ੍ਰਣਾਲੀ ਨੂੰ ਸੁਧਾਰਦਾ** ; ਗੁੜ ਕੁਦਰਤੀ ਤੌਰ ‘ਤੇ ਪਾਚਨ ਗੁਣਾਂ ਨਾਲ ਭਰਪੂਰ ਹੁੰਦਾ ਹੈ। 10 ਦਿਨਾਂ ਤੱਕ ਗੁੜ ਵਾਲੀ ਚਾਹ ਪੀਣ ਨਾਲ ਕਬਜ਼ ਤੋਂ ਰਾਹਤ ਮਿਲਦੀ ਹੈ। ਖਾਣੇ ਤੋਂ ਬਾਅਦ ਗੁੜ ਵਾਲੀ ਚਾਹ ਪੀਣ ਨਾਲ ਪਾਚਨ ਐਨਜ਼ਾਈਮ ਸਰਗਰਮ ਹੁੰਦੇ ਹਨ, ਜੋ ਭੋਜਨ ਨੂੰ ਤੇਜ਼ੀ ਨਾਲ ਪਚਾਉਣ ਵਿੱਚ ਮਦਦ ਕਰਦੇ ਹਨ। ਇਹ ਪੇਟ ਵਿੱਚ ਭਾਰੀਪਨ ਜਾਂ ਬਲੋਟਿੰਗ ਨੂੰ ਘਟਾਉਂਦਾ ਹੈ।

**ਹੀਮੋਗਲੋਬਿਨ ਦੇ ਪੱਧਰ ਨੂੰ ਸੁਧਾਰਦਾ** ; ਗੁੜ ਆਇਰਨ ਦਾ ਬਹੁਤ ਵਧੀਆ ਸਰੋਤ ਹੈ। ਇਸ ਨੂੰ ਕਿਸੇ ਵੀ ਰੂਪ ਵਿੱਚ ਨਿਯਮਿਤ ਤੌਰ ‘ਤੇ ਖਾਣ ਨਾਲ ਅਨੀਮੀਆ ਨੂੰ ਦੂਰ ਕਰਨ ਵਿੱਚ ਮਦਦ ਮਿਲਦੀ ਹੈ। ਇਹ ਥਕਾਵਟ ਅਤੇ ਕਮਜ਼ੋਰੀ ਨੂੰ ਘਟਾਉਂਦਾ ਹੈ ਅਤੇ ਤੁਹਾਨੂੰ ਵਧੇਰੇ ਊਰਜਾਵਾਨ ਮਹਿਸੂਸ ਕਰਾਉਂਦਾ ਹੈ।

**ਇਮਿਊਨਿਟੀ** ; ਗੁੜ ਵਿੱਚ ਜ਼ਿੰਕ ਅਤੇ ਸੇਲੇਨੀਅਮ ਵਰਗੇ ਐਂਟੀਆਕਸੀਡੈਂਟ ਅਤੇ ਖਣਿਜ ਹੁੰਦੇ ਹਨ। ਇਹ ਮੌਸਮੀ ਬਿਮਾਰੀਆਂ ਜਿਵੇਂ ਕਿ ਜ਼ੁਕਾਮ, ਫਲੂ ਅਤੇ ਖੰਘ ਨਾਲ ਲੜਨ ਵਿੱਚ ਮਦਦ ਕਰਦਾ ਹੈ। ਇਸ ਨੂੰ ਗਲੇ ਦੇ ਦਰਦ ਲਈ ਇੱਕ ਰਾਮਬਾਣ ਮੰਨਿਆ ਜਾਂਦਾ ਹੈ।

**ਸਰੀਰ ਦੀ ਸਫਾਈ** ; ਗੁੜ ਇੱਕ ਕੁਦਰਤੀ ਡੀਟੌਕਸ ਏਜੰਟ ਵਜੋਂ ਕੰਮ ਕਰਦਾ ਹੈ। ਇਹ ਲਿਵਰ ਵਿੱਚੋਂ ਜ਼ਹਿਰੀਲੇ ਪਦਾਰਥਾਂ ਨੂੰ ਬਾਹਰ ਕੱਢਣ ਵਿੱਚ ਮਦਦ ਕਰਦਾ ਹੈ। ਇਸ ਦੀ ਚਾਹ 10 ਦਿਨਾਂ ਤੱਕ ਪੀਣ ਨਾਲ ਤੁਹਾਡੀ ਚਮੜੀ ‘ਤੇ ਹਲਕਾ ਅਸਰ ਦਿਸ ਸਕਦਾ ਹੈ ਕਿਉਂਕਿ ਇਸ ਨਾਲ ਸਰੀਰ ਸਾਫ ਹੁੰਦਾ ਹੈ।

# ਪਾਕਿਸਤਾਨ ਵਿੱਚ ਹਿੰਦੂ ਮੈਰਿਜ ਐਕਟ ’ਚ ਸੋਧ

ਪਿਸ਼ਾਵਰ, 15 ਅਪ੍ਰੈਲ (ਚ.ਨ.ਸ.) : ਪਾਕਿਸਤਾਨ ਦੇ ਖੈਬਰ ਪਖਤੂਨਖਵਾ ਸੂਬੇ ਦੀ ਸਰਕਾਰ ਨੇ ਹਿੰਦੂ ਮੈਰਿਜ ਐਕਟ-2017 ਵਿੱਚ ਸੋਧ ਕੀਤੀ ਹੈ ਤਾਂ ਜੋ ਸਥਾਨਕ ਪੱਧਰ ’ਤੇ ਹਿੰਦੂ ਵਿਆਹਾਂ ਦੀ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਸਰਲ ਅਤੇ ਸੁਚਾਰੂ ਬਣਾਈ ਜਾ ਸਕੇ। ਇੱਕ ਅਧਿਕਾਰੀ ਅਨੁਸਾਰ ਨਵੇਂ ਲਾਗੂ ਕੀਤੇ ਹਿੰਦੂ ਮੈਰਿਜ (ਸੋਧ) ਐਕਟ-2026 ਤਹਿਤ ਹਿੰਦੂ ਭਾਈਚਾਰੇ ਦੇ ਮੈਂਬਰਾਂ ਨੂੰ ਹੁਣ ਵਿਆਹਾਂ ਦੀ ਰਸਮੀ ਰਜਿਸਟ੍ਰੇਸ਼ਨ ਦੀ ਸਹੂਲਤ ਲਈ ਜ਼ਿਲ੍ਹਾ ਪੱਧਰ ’ਤੇ ਮੈਰਿਜ ਰਜਿਸਟਰਾਰ ਨਿਯੁਕਤ ਕਰਨ ਦੀ ਇਜਾਜ਼ਤ ਹੋਵੇਗੀ। ਸੋਧੇ ਹੋਏ ਕਾਨੂੰਨ ਵਿੱਚ ਸੈਕਸ਼ਨ 1 ਦੀ ਧਾਰਾ 2



ਵਿੱਚ ਤਬਦੀਲੀਆਂ ਕੀਤੀਆਂ ਗਈਆਂ ਹਨ ਜਿਨ੍ਹਾਂ ਵਿੱਚ ਮੈਰਿਜ ਰਜਿਸਟਰਾਰ ਦੇ ਨਾਮਕਰਨ ਦੀ ਸੋਧ ਸ਼ਾਮਲ ਹੈ। ਇਸ ਸੋਧ ਵਿੱਚ ਇਹ ਵੀ ਪ੍ਰਬੰਧ ਹੈ ਕਿ ਹਿੰਦੂ ਭਾਈਚਾਰੇ ਲਈ ਬਿਹਤਰ ਪਹੁੰਚ ਤੇ ਸਹੂਲਤ ਯਕੀਨੀ ਬਣਾਉਣ ਲਈ ਹਰ ਜ਼ਿਲ੍ਹੇ ਵਿੱਚ ਇੱਕ ਜਾਂ ਵੱਧ ਰਜਿਸਟਰਾਰ ਨਿਯੁਕਤ ਕੀਤੇ ਜਾ ਸਕਦੇ ਹਨ।

# ਕੈਲੀਫੋਰਨੀਆ ਅਸੈਂਬਲੀ ਨੇ ਵਿਸਾਖੀ ਨੂੰ ਅਧਿਕਾਰਤ ਤੌਰ ’ਤੇ ਦਿੱਤੀ ਮਾਨਤਾ

ਵਾਸ਼ਿੰਗਟਨ, 15 ਅਪ੍ਰੈਲ (ਚ.ਨ.ਸ.) : ਕੈਲੀਫੋਰਨੀਆ ਅਸੈਂਬਲੀ ਨੇ ਇਕ ਮਤਾ ਪਾਸ ਕਰ ਕੇ ਵਿਸਾਖੀ ਨੂੰ ਸਿੱਖ-ਅਮਰੀਕੀਆਂ ਲਈ ਸਭ ਤੋਂ ਮਹੱਤਵਪੂਰਨ ਦਿਨਾਂ ਵਿੱਚੋਂ ਇੱਕ ਵਜੋਂ ਮਾਨਤਾ ਦਿੱਤੀ ਹੈ ਅਤੇ ਸੂਬਾ ਨਿਵਾਸੀਆਂ ਨੂੰ ਵਿਸਾਖੀ ਦੇ ਜਸ਼ਨਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਹੈ। ਅਸੈਂਬਲੀ ਮੈਂਬਰ ਜਸਮੀਤ ਕੌਰ ਬੈਂਸ ਦੁਆਰਾ ਪੇਸ਼ ਕੀਤੇ ਗਏ ਇਸ ਮਤੇ ਨੂੰ ਸਦਨ ਦੇ 80 ਮੈਂਬਰਾਂ ਵਿੱਚੋਂ 76 ਦਾ ਸਮਰਥਨ ਪ੍ਰਾਪਤ ਹੋਇਆ ਅਤੇ ਇਹ ਸੋਮਵਾਰ, ਵਿਸਾਖੀ ਦੀ ਪੂਰਵ ਸੰਧਿਆ ’ਤੇ ਪਾਸ ਹੋ ਗਿਆ। ਕੈਲੀਫੋਰਨੀਆ ਦੇ ਗਵਰਨਰ ਗੈਵਿਨ ਨਿਊਸਮ ਨੇ X ’ਤੇ ਪੋਸਟ ਕੀਤਾ, ਕੈਲੀਫੋਰਨੀਆ ਵਿੱਚ ਵਿਸਾਖੀ ਮਨਾ ਰਹੇ ਸਿੱਖ ਭਾਈਚਾਰਿਆਂ ਨੂੰ ਨਵੇਂ ਸਾਲ ਦੀਆਂ ਮੁਬਾਰਕਾਂ ਅਤੇ ਭਰਪੂਰ ਫ਼ਸਲਾਂ ਲਈ ਮੇਰੀਆਂ ਸ਼ੁਭਕਾਮਨਾਵਾਂ। ਵਿਸਾਖੀ ਦੀਆ, ਲੱਖ ਲੱਖ ਵਧਾਈਆਂ। ਮਤੇ ਵਿੱਚ ਕਿਹਾ ਗਿਆ ਹੈ ਕਿ ਅਸੈਂਬਲੀ 14 ਅਪ੍ਰੈਲ, 2026 ਨੂੰ ਮਨਾਈ ਜਾ ਰਹੀ ਵਿਸਾਖੀ ਨੂੰ ਮਾਨਤਾ ਦਿੰਦੀ ਹੈ ਅਤੇ ਇਸਨੂੰ ਸਿੱਖ ਇਤਿਹਾਸ ਅਤੇ ਸਿੱਖ-ਅਮਰੀਕੀਆਂ ਲਈ ਇੱਕ ਬਹੁਤ ਮਹੱਤਵਪੂਰਨ ਦਿਨ ਮੰਨਦੇ ਹੋਏ ਇਸ ਮੌਕੇ ’ਤੇ ਡੂੰਘਾ ਸਤਿਕਾਰ ਪ੍ਰਗਟ ਕਰਦੀ ਹੈ। ਨਾਲ ਹੀ ਇਸਨੇ ਦੁਨੀਆ ਭਰ ਦੇ ਦੱਖਣੀ ਏਸ਼ੀਆਈ ਭਾਈਚਾਰਿਆਂ ਅਤੇ ਪ੍ਰਵਾਸੀ ਭਾਰਤੀਆਂ ਨਾਲ ਇਸ ਤਿਉਹਾਰ ਨੂੰ ਮਨਾਉਣ ਵਾਲਿਆਂ ਪ੍ਰਤੀ ਸਨਮਾਨ ਪ੍ਰਗਟਾਇਆ।ਕਈ ਅਮਰੀਕੀ ਨੇਤਾਵਾਂ ਨੇ ਵੀ ਸਿੱਖ ਭਾਈਚਾਰੇ ਨੂੰ ਵਧਾਈ ਦਿੱਤੀ। ਸੈਨੇਟਰ ਚੱਕ ਸ਼ੂਮਰ ਨੇ ਕਿਹਾ ਕਿ ਇਹ ਦਿਨ 1699 ਵਿੱਚ ਖਾਲਸਾ ਪੰਥ ਦੀ ਸਥਾਪਨਾ ਦਾ ਪ੍ਰਤੀਕ ਹੈ, ਜੋ ਸਮਾਨਤਾ, ਸੇਵਾ ਅਤੇ ਹਿੰਮਤ ਦੀ ਪਰੰਪਰਾ ਨੂੰ ਦਰਸਾਉਂਦਾ ਹੈ। ਇਸ ਦੌਰਾਨ, ਟੈਕਸਾਸ ਤੋਂ ਕਾਂਗਰਸਵੂਮੈਨ ਲਿਜ਼ੀ ਫਲੈਚਰ ਅਤੇ ਕੈਲੀਫੋਰਨੀਆ ਤੋਂ ਕਾਂਗਰਸਮੈਨ ਬ੍ਰੈਡ ਸ਼ਰਮਨ ਨੇ ਸਿੱਖ ਭਾਈਚਾਰੇ ਦੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ, ਜਦੋਂ ਕਿ ਮੈਰੀਲੈਂਡ ਤੋਂ ਕਾਂਗਰਸਮੈਨ ਜੈਮੀ ਰਾਸਕਿਨ ਨੇ ਇਸਨੂੰ ਪਰਿਵਾਰ ਅਤੇ ਦੋਸਤਾਂ ਨਾਲ ਮਨਾਉਣ ਲਈ ਇੱਕ ਤਿਉਹਾਰ ਕਿਹਾ। ਹਿੰਦੂ ਅਮਰੀਕਨ ਫਾਊਂਡੇਸ਼ਨ ਨੇ ਇਸਨੂੰ ਸਿੱਖ ਅਤੇ ਹਿੰਦੂ ਭਾਈਚਾਰਿਆਂ ਲਈ ਸਤਿਕਾਰ ਦਾ ਇੱਕ ਇਤਿਹਾਸਕ ਪਲ ਦੱਸਿਆ।



**ਖਬਰ ਵਿੱਚ ਲੱਗੀ ਫੋਟੋ ਸਬੰਧੀ ਸੋਧ**

ਰੋਜ਼ਾਨਾ ਚੜ੍ਹਦੀਕਲਾ ਵਿੱਚ ਮਿਤੀ 15 ਅਪ੍ਰੈਲ ਦੇ ਅਖਵਾਰ ਵਿੱਚ "ਮਾਸਟਰ ਰਘਬੀਰ ਸਿੰਘ ਜੀ ਦੀ ਅੰਤਿਮ ਅਰਦਾਸ ਮੌਕੇ ਵੱਡੀ ਗਿਣਤੀ 'ਚ ਪਰਿਵਾਰ ਦੇ ਦੁੱਖ 'ਚ ਸ਼ਾਮਲ ਹੋਈਆਂ ਸੰਗਤਾਂ" ਦੇ ਸਿਰਲੇਖ ਹੇਠ ਛਪੀ ਖਬਰ ਵਿੱਚ ਮਾਸਟਰ ਰਘਵੀਰ ਸਿੰਘ ਦੀ ਫੋਟੋ ਦੀ ਥਾਂ ਤਕਨੀਕੀ ਗਲਤੀ ਕਾਰਨ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਦੀ ਫੋਟੋ ਲੱਗ ਗਈ ਸੀ, ਜਿਸ ਦਾ ਅਸੀਂ ਖੇਦ ਪ੍ਰਗਟ ਕਰਦੇ ਹਾਂ।

ਸੰਪਾਦਕ ।

# ਰਾਸ਼ਟਰਪਤੀ ਵੱਲੋਂ ਭਾਰਤੀ ਮਾਲੀਆ ਸੇਵਾ ਦੇ 78ਵੇਂ ਬੈਚ ਦੇ ਸਮਾਪਤੀ ਸਮਾਰੋਹ ਵਿੱਚ ਸ਼ਿਰਕਤ

ਨਾਗਪੁਰ, 15 ਅਪ੍ਰੈਲ (ਚ.ਨ.ਸ.) : ਅੱਜ ਇਸ ਮਹੱਤਵਪੂਰਨ ਮੌਕੇ @ਤੇ ਤੁਹਾਡੇ ਵਿਚਕਾਰ ਮੌਜੂਦ ਹੋਣਾ ਮੇਰੇ ਲਈ ਬਹੁਤ ਖੁਸ਼ੀ ਅਤੇ ਮਾਣ ਦੀ ਗੱਲ ਹੈ। ਮੈਂ ਸਾਰੇ ਅਧਿਕਾਰੀ ਸਿਖਿਆਰਥੀਆਂ - ਰਾਇਲ ਭੂਟਾਨ ਸੇਵਾ ਦੇ ਦੋ ਅਧਿਕਾਰੀ ਸਿਖਿਆਰਥੀਆਂ ਸਮੇਤ - ਨੂੰ ਆਪਣੀ ਇੰਡਕਸ਼ਨ ਸਿਖਲਾਈ ਸਫਲਤਾਪੂਰਵਕ ਪੂਰੀ ਕਰਨ ’ਤੇ ਦਿਲੋਂ ਵਧਾਈ ਦਿੰਦਾ ਹਾਂ। ਨੈਸ਼ਨਲ ਅਕੈਡਮੀ ਆਫ਼ ਡਾਇਰੈਕਟ ਟੈਕਸਿਜ਼ ਇੱਕ ਬਹੁਤ ਹੀ ਵੱਕਾਰੀ ਸਿਖਲਾਈ ਸੰਸਥਾ ਹੈ ਜਿਸਨੇ ਦਹਾਕਿਆਂ ਤੋਂ ਭਾਰਤੀ ਮਾਲੀਆ ਸੇਵਾ (ਇਨਕਮ ਟੈਕਸ) ਅਧਿਕਾਰੀਆਂ ਨੂੰ ਸ਼ਾਨਦਾਰ ਸਿਖਲਾਈ ਪ੍ਰਦਾਨ ਕਰਕੇ ਦੇਸ਼ ਦੀ ਸਿੱਧੀ ਟੈਕਸ ਪ੍ਰਣਾਲੀ ਨੂੰ ਮਜ਼ਬੂਤ ??ਅਤੇ ਸਸ਼ਕਤ ਬਣਾਇਆ ਹੈ। ਮੈਨੂੰ ਵਿਸ਼ਵਾਸ ਹੈ ਕਿ ਇੱਥੇ ਤੁਸੀਂ ਨਾ ਸਿਰਫ਼ ਕਾਨੂੰਨਾਂ ਅਤੇ ਪ੍ਰਕਿਰਿਆਵਾਂ ਦਾ ਡੂੰਘਾਈ ਨਾਲ ਗਿਆਨ ਪ੍ਰਾਪਤ ਕੀਤਾ ਹੈ, ਸਗੋਂ ਇੱਕ ਜਨਤਕ ਸੇਵਕ ਵਜੋਂ ਆਪਣੀ ਭੂਮਿਕਾ, ਜ਼ਿੰਮੇਵਾਰੀਆਂ ਅਤੇ ਕਦਰਾਂ-ਕੀਮਤਾਂ ਨੂੰ ਵੀ ਅੰਦਰੂਨੀ ਕੀਤਾ ਹੈ।



ਅੱਜ, ਸਾਡਾ ਦੇਸ਼ ਇੱਕ @ਵਿਕਸਤ ਭਾਰਤ@ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਵੱਲ ਤੇਜ਼ੀ ਨਾਲ ਵਧ ਰਿਹਾ ਹੈ। ਅਜਿਹੇ ਸਮੇਂ, ਪ੍ਰਸ਼ਾਸਨਿਕ ਪ੍ਰਣਾਲੀ ਅਤੇ ਇਸ ਨਾਲ ਜੁੜੇ ਹਰ ਸੰਸਥਾ ਦੀ ਜ਼ਿੰਮੇਵਾਰੀ ਹੋਰ ਵੀ ਵੱਧ ਜਾਂਦੀ ਹੈ ਕਿ ਉਹ ਕੁਸ਼ਲਤਾ ਅਤੇ ਪਾਰਦਰਸ਼ਤਾ ਦੇ ਉੱਚਤਮ ਪੱਧਰਾਂ ਨੂੰ ਅਪਣਾਉਣ ਅਤੇ ਇੱਕ ਸਮਾਵੇਸ਼ੀ ਪਹੁੰਚ ਨਾਲ ਕੰਮ ਕਰਨ। ਭਾਰਤੀ ਇਤਿਹਾਸ ਦੇ ਇੱਕ ਮਹਾਨ ਚਿੰਤਕ, ਕੌਟਿਲਯ ਨੇ ਆਪਣੇ ਅਰਥਸ਼ਾਸਤਰ ਵਿੱਚ ਸ਼ਾਸਨ ਦਾ ਇੱਕ ਸਦੀਵੀ ਸਿਧਾਂਤ ਪੇਸ਼ ਕੀਤਾ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਇੱਕ ਮਧੂ ਮੱਖੀ ਫੁੱਲਾਂ ਤੋਂ ਸ਼ਹਿਦ ਇਕੱਠਾ ਕਰਦੀ ਹੈ, ਉਨ੍ਹਾਂ ਨੂੰ ਨੁਕਸਾਨ ਪਹੁੰਚਾਏ ਬਿਨਾਂ, ਇੱਕ ਸ਼ਾਸਕ ਨੂੰ ਲੋਕਾਂ @ਤੇ ਬੇਲੋੜਾ ਬੋਝ ਪਾਏ ਬਿਨਾਂ ਟੈਕਸ ਇਕੱਠਾ ਕਰਨਾ ਚਾਹੀਦਾ ਹੈ। ਇਹ ਵਿਚਾਰ ਅੱਜ ਵੀ ਓਨਾ ਹੀ ਪ੍ਰਸੰਗਿਕ ਹੈ। ਇਹ ਸਾਨੂੰ ਸਿਖਾਉਂਦਾ ਹੈ ਕਿ ਟੈਕਸ ਨਾ ਸਿਰਫ਼ ਮਾਲੀਆ ਇਕੱਠਾ ਕਰਨ ਦਾ ਇੱਕ ਸਾਧਨ ਹੈ, ਸਗੋਂ ਰਾਜ ਅਤੇ ਨਾਗਰਿਕਾਂ ਵਿਚਕਾਰ ਵਿਸ਼ਵਾਸ ਦਾ ਪੁਲ ਵੀ ਹੈ। ਟੈਕਸ ਪ੍ਰਣਾਲੀ ਪ੍ਰਭਾਵਸ਼ਾਲੀ, ਨਿਆਂਪੂਰਨ, ਸੰਵੇਦਨਸ਼ੀਲ ਅਤੇ ਸੰਤੁਲਿਤ ਹੋਣੀ ਚਾਹੀਦੀ ਹੈ। ਹਾਲ ਹੀ ਦੇ ਸਾਲਾਂ ਵਿੱਚ ਭਾਰਤ ਦੀ ਆਰਥਿਕ ਯਾਤਰਾ ਬਹੁਤ ਗਤੀਸ਼ੀਲ ਅਤੇ ਪ੍ਰੇਰਨਾਦਾਇਕ ਰਹੀ ਹੈ। ਸਿੱਧੇ ਟੈਕਸ ਸੰਗ੍ਰਹਿ ਵਿੱਚ ਨਿਰੰਤਰ ਵਾਧਾ ਟੈਕਸ ਪਾਲਣਾ ਵਿੱਚ ਸੁਧਾਰ ਅਤੇ ਟੈਕਸ ਅਧਾਰ ਦੇ ਵਿਸਥਾਰ ਨੂੰ ਦਰਸਾਉਂਦਾ ਹੈ। ਇਹ ਨਾਗਰਿਕਾਂ ਅਤੇ ਪ੍ਰਸ਼ਾਸਨ ਵਿਚਕਾਰ ਵਧ ਰਹੇ ਵਿਸ਼ਵਾਸ ਨੂੰ ਵੀ ਦਰਸਾਉਂਦਾ ਹੈ। ਆਮਦਨ ਟੈਕਸ ਐਕਟ, 2025, ਜੋ 1 ਅਪ੍ਰੈਲ, 2026 ਤੋਂ ਲਾਗੂ ਹੁੰਦਾ ਹੈ, ਇਸ ਪਰਿਵਰਤਨਸ਼ੀਲ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਇਹ ਸੁਧਾਰ ਇੱਕ ਆਧੁਨਿਕ, ਸਰਲ ਅਤੇ ਪਾਰਦਰਸ਼ੀ ਟੈਕਸ ਪ੍ਰਣਾਲੀ ਵੱਲ ਇੱਕ ਇਤਿਹਾਸਕ ਕਦਮ ਹੈ। ਤੁਸੀਂ ਇਸ ਨਵੇਂ ਕਾਨੂੰਨ ਨੂੰ ਲਾਗੂ ਕਰਨ ਦੇ ਮੋਹਰੀ ਹੋਵੋਗੇ। ਇਸਦੀ ਅਸਲ ਸਫਲਤਾ ਸਿਰਫ ਇਸਦੇ ਸਹੀ, ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਲਾਗੂਕਰਨ ਦੁਆਰਾ ਯਕੀਨੀ ਬਣਾਈ ਜਾਵੇਗੀ - ਅਤੇ ਇਹ ਮਹੱਤਵਪੂਰਨ ਜ਼ਿੰਮੇਵਾਰੀ ਤੁਹਾਡੇ ਮੋਢਿਆਂ ’ਤੇ ਹੈ। ਭਾਰਤੀ ਮਾਲੀਆ ਸੇਵਾ ਅਧਿਕਾਰੀਆਂ ਦੇ ਤੌਰ ’ਤੇ, ਤੁਹਾਡੀ ਭੂਮਿਕਾ ਟੈਕਸ ਇਕੱਠਾ ਕਰਨ ਤੱਕ ਸੀਮਿਤ ਨਹੀਂ ਹੈ। ਤੁਸੀਂ ਜਨਤਕ ਵਿਸ਼ਵਾਸ ਦੇ ਰਖਵਾਲੇ, ਨਿਆਂ ਅਤੇ ਨਿਰਪੱਖਤਾ ਦੇ ਰਖਵਾਲੇ ਹੋ।

# ਮਨੀਸ਼ ਵਰਮਾ ਨੇ ਸੈਂਟਰਲ ਬੈਂਕ ਆਫ਼ ਇੰਡੀਆ ਲੁਧਿਆਣਾ ਦੇ ਖੇਤਰੀ ਮੁੱਖੀ ਵਜੋਂ ਅਹੁਦਾ ਸੰਭਾਲਿਆ

ਲੁਧਿਆਣਾ, 15 ਅਪ੍ਰੈਲ (ਚ.ਨ.ਸ.) : ਜਨਤਕ ਖੇਤਰ ਦੇ ਬੈਂਕਾਂ ਵਿੱਚ ਮੋਹਰੀ ਸੈਂਟਰਲ ਬੈਂਕ ਆਫ਼ ਇੰਡੀਆ ਦੇ ਖੇਤਰੀ ਮੁਖੀ ਵਜੋਂ ਮਨੀਸ਼ ਕੁਮਾਰ ਵਰਮਾ ਨੇ ਅਹੁਦਾ ਸੰਭਾਲ ਲਿਆ ਹੈ। ਲੁਧਿਆਣਾ ਦੇ ਖੇਤਰੀ ਦਫ਼ਤਰ ਪਹੁੰਚਣ ’ਤੇ ਉਨ੍ਹਾਂ ਦਾ ਸਵਾਗਤ ਸਹਾਇਕ ਜਨਰਲ ਮੈਨੇਜਰ ਮਿਥਲੇਸ਼ ਕੁਮਾਰ, ਮੁੱਖ ਪ੍ਰਬੰਧਕ ਅਜੇ ਕੁਮਾਰ, ਅਸ਼ਵਨੀ ਕੁਮਾਰ, ਅੰਕੁਰ ਮਦਾਨ, ਪ੍ਰਿਆ ਸ਼ਰਮਾ, ਜਸਕਰਨ ਬੇਦੀ ਅਤੇ ਹੋਰ ਸਟਾਫ ਮੈਂਬਰਾਂ ਨੇ ਕੀਤਾ।



ਉਨ੍ਹਾਂ ਨੇ ਭੋਪਾਲ ਵਿੱਚ ਇੱਕ ਪ੍ਰੋਬੇਸ਼ਨਰੀ ਅਫਸਰ ਵਜੋਂ ਆਪਣਾ ਬੈਂਕਿੰਗ ਕਰੀਅਰ ਸ਼ੁਰੂ ਕੀਤਾ। ਇਥੇ ਆਉਣ ਤੋਂ ਪਹਿਲਾਂ, ਉਹ ਸੂਰਤ ਵਿੱਚ ਖੇਤਰੀ ਮੁਖੀ ਵਜੋਂ ਸੇਵਾ ਨਿਭਾ ਰਹੇ ਸਨ ਅਤੇ ਉਨ੍ਹਾਂ ਨੂੰ ਦੇਸ਼ ਦੇ ਵੱਖ-ਵੱਖ ਖੇਤਰਾਂ ਵਿੱਚ ਕੰਮ ਕਰਨ ਦਾ ਵਿਆਪਕ ਤਜਰਬਾ ਹੈ। ਮਨੀਸ਼ ਵਰਮਾ ਨੇ ਦੱਸਿਆ ਕਿ ਲੁਧਿਆਣਾ ਖੇਤਰ ਵਿੱਚ ਉਨ੍ਹਾਂ ਦੇ ਅਧਿਕਾਰ ਖੇਤਰ ਅਧੀਨ 52 ਸ਼ਾਖਾਵਾਂ ਕੰਮ ਕਰ ਰਹੀਆਂ ਹਨ ਅਤੇ ਉਨ੍ਹਾਂ ਦਾ ਮੁੱਖ ਉਦੇਸ਼ ਬੈਂਕ ਦੁਆਰਾ ਗਾਹਕਾਂ ਨੂੰ ਪੇਸ਼ ਕੀਤੀਆਂ ਜਾਂਦੀਆਂ ਕਲੱਸਟਰ-ਅਧਾਰਤ ਐਮਐਸਐਮਈ ਅਤੇ ਖੇਤੀਬਾੜੀ ਯੋਜਨਾਵਾਂ ਨੂੰ ਹਰ ਸੰਭਵ ਵਧੀਆ ਸੇਵਾ ਦੇਕੇ ਬੈਂਕ ਦੇ ਕਾਰੋਬਾਰੀ ਵਿਕਾਸ ਨੂੰ ਵਧਾਉਣਾ ਹੈ।

# ਨਾਰੀ ਸ਼ਕਤੀ ਵੰਦਨ ਅਧਿਨੀਅਮ ਭਾਰਤ ਦੀ ਵਚਨਬੱਧਤਾ ਨੂੰ ਦਰਸਾਉਂਦੈ: ਓਮ ਬਿਰਲਾ

ਨਵੀਂ ਦਿੱਲੀ, 15 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਲੋਕ ਸਭਾ ਸਪੀਕਰ, ਸ਼੍ਰੀ ਓਮ ਬਿਰਲਾ, ਨੇ ਅੱਜ ਫਰਾਂਸ ਨੂੰ ਭਾਰਤ ਦੇ ਸਭ ਤੋਂ ਭਰੋਸੇਮੰਦ ਅਤੇ ਦੋਸਤਾਨਾ ਭਾਈਵਾਲਾਂ ਵਿੱਚੋਂ ਇੱਕ ਦੱਸਿਆ, ਦੋਵਾਂ ਦੇਸ਼ਾਂ ਵਿਚਕਾਰ ਡੂੰਘੇ ਅਤੇ ਸਥਾਈ ਸਬੰਧਾਂ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਅਤੇ ਫਰਾਂਸ ਦੇ ਰਾਸ਼ਟਰਪਤੀ ਸ਼੍ਰੀ ਇਮੈਨੁਅਲ ਮੈਕਰੋਨ ਵਿਚਕਾਰ ਨਿੱਘੇ ਨਿੱਜੀ ਸਬੰਧਾਂ ਨੇ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ਅਤੇ ਡੂੰਘਾ ਕਰਨ ਲਈ ਇੱਕ ਮਜ਼ਬੂਤ ਪ੍ਰੇਰਣਾ ਪ੍ਰਦਾਨ ਕੀਤੀ ਹੈ। ਸ਼੍ਰੀ ਬਿਰਲਾ ਨੇ ਇਹ ਟਿੱਪਣੀਆਂ ਫਰਾਂਸ ਦੀ ਸੈਨੇਟ ਦੇ ਫਰਾਂਸ - ਭਾਰਤ ਅੰਤਰ-ਸੰਸਦੀ ਦੋਸਤੀ ਸਮੂਹ ਨਾਲ ਗੱਲਬਾਤ ਕਰਦੇ ਹੋਏ ਕੀਤੀਆਂ, ਜਿਸਨੇ ਅੱਜ ਸੰਸਦ ਭਵਨ ਵਿੱਚ ਉਨ੍ਹਾਂ ਨਾਲ ਮੁਲਾਕਾਤ ਕੀਤੀ।



ਰਾਸ਼ਟਰਪਤੀ ਮੈਕਰੋਨ ਦੀ ਫਰਵਰੀ 2026 ਵਿੱਚ ਭਾਰਤ ਫੇਰੀ ਨੂੰ ਯਾਦ ਕਰਦੇ ਹੋਏ, ਸ਼੍ਰੀ ਬਿਰਲਾ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਦੁਵੱਲੇ ਸਬੰਧਾਂ ਨੂੰ ਵਿਸ਼ੇਸ਼ ਗਲੋਬਲ ਰਣਨੀਤਕ ਭਾਈਵਾਲੀ ਤੱਕ ਉੱਚਾ ਚੁੱਕਣਾ ਦੋਵਾਂ ਦੇਸ਼ਾਂ ਵਿਚਕਾਰ ਆਪਸੀ ਵਿਸ਼ਵਾਸ ਅਤੇ ਸਹਿਯੋਗ ਦੀ ਵਧਦੀ ਡੂੰਘਾਈ ਨੂੰ ਦਰਸਾਉਂਦਾ ਹੈ। ਫਰਾਂਸੀਸੀ ਸੰਸਦ ਵਿੱਚ ਔਰਤਾਂ ਦੀ ਮਹੱਤਵਪੂਰਨ ਪ੍ਰਤੀਨਿਧਤਾ, ਜੋ ਕਿ 36 ਪ੍ਰਤੀਸ਼ਤ ਤੋਂ ਵੱਧ ਹੈ, ਦੀ ਸ਼ਲਾਘਾ ਕਰਦੇ ਹੋਏ, ਸ਼੍ਰੀ ਬਿਰਲਾ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਸ਼ਾਸਨ ਵਿੱਚ ਔਰਤਾਂ ਦੀ ਭਾਗੀਦਾਰੀ ਨੂੰ ਵਧਾਉਣ ਲਈ ਨਿਰੰਤਰ ਵਿਧਾਨਕ ਅਤੇ ਸੰਸਥਾਗਤ ਯਤਨ ਵੀ ਕਰ ਰਿਹਾ ਹੈ। ਉਨ੍ਹਾਂ ਸੰਤੁਸ਼ਟੀ ਨਾਲ ਕਿਹਾ ਕਿ ਜ਼ਮੀਨੀ ਪੱਧਰ @ਤੇ, ਖਾਸ ਕਰਕੇ ਪੰਚਾਇਤੀ ਰਾਜ ਸੰਸਥਾਵਾਂ ਵਿੱਚ ਔਰਤਾਂ ਦੀ ਪ੍ਰਤੀਨਿਧਤਾ ਬਹੁਤ ਉਤਸ਼ਾਹਜਨਕ ਰਹੀ ਹੈ।






# ਐਡਵੋਕੇਟ ਧਾਮੀ ਨੇ ਸ਼ਰਧਾਲੂਆਂ ਨਾਲ ਵਾਪਰੇ ਹਾਦਸੇ ਪ੍ਰਤੀ ਦੁੱਖ ਪ੍ਰਗਟਾਇਆ

ਅੰਮ੍ਰਿਤਸਰ, 15 ਅਪ੍ਰੈਲ ( ਗੁਰਦਿਆਲ ਸਿੰਘ ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਤਮਸਤਕ ਹੋ ਕੇ ਵਾਪਸ ਆ ਰਹੇ ਸ਼ਰਧਾਲੂਆਂ ਦੀ ਬੱਸ ਦੇ ਬੀਤੀ ਰਾਤ ਹਾਦਸਾ-ਗ੍ਰਸਤ ਹੋਣ ਨਾਲ 6 ਸ਼ਰਧਾਲੂਆਂ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹਾਦਸੇ ਵਿਚ ਜ਼ਖ਼ਮੀ ਹੋਏ ਸ਼ਰਧਾਲੂਆਂ ਪ੍ਰਤੀ ਵੀ ਸੰਵੇਦਨਾ ਪ੍ਰਗਟ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਭਿਆਨਕ ਹਾਦਸੇ ਵਿਚ ਚਲਾਣਾ ਕਰ ਗਏ ਸ਼ਰਧਾਲੂਆਂ ਦੇ ਪਰਿਵਾਰਾਂ ਲਈ ਇਹ ਬੇਹੱਦ ਦੁਖਦਾਈ ਸਮਾਂ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਰਤਾ ਪੁਰਖ ਅੱਗੇ ਅਕਾਲ ਚਲਾਣਾ ਕਰ ਗਏ ਸ਼ਰਧਾਲੂਆਂ ਦੀ ਆਤਮਿਕ ਸ਼ਾਂਤੀ ਅਤੇ ਜ਼ਖ਼ਮੀਆਂ ਦੀ ਸਿਹਤਯਾਬਜ਼ੀ ਦੀ ਅਰਦਾਸ ਕੀਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਦੁੱਖ ਦੀ ਘੜੀ 'ਚ ਪਰਿਵਾਰਾਂ ਦੇ ਨਾਲ ਹੈ ਅਤੇ ਪੀੜ੍ਹਤਾਂ ਦੀ ਸੰਭਵ ਸਹਾਇਤਾ ਕੀਤੀ ਜਾਵੇਗੀ।

# ਚੇਅਰਮੈਨ ਸੁਰਜੀਤ ਸਿੰਘ ਕੰਗ ਨੇ ਹਾੜ੍ਹੀ ਸੀਜ਼ਨ ਦੀ ਖ੍ਰੀਦ ਸ਼ੁਰੂ ਕਰਵਾਈ



ਬਾਬਾ ਬਕਾਲਾ ਸਾਹਿਬ, 15 ਅਪ੍ਰੈਲ (ਬਲਰਾਜ ਸਿੰਘ ਰਾਜਾ) :ਅੱਜ ਪਿਛਲੇ ਕੁਝ ਦਿਨਾਂ ਤੋਂ ਚਲਦੀ ਆ ਰਹੀ ਹੜਤਾਲ ਤੋਂ ਬਾਅਦ ਦਾਣਾ ਮੰਡੀ ਰਈਆ ਵਿਖੇ ਚੇਅਰਮੈਨ ਸੁਰਜੀਤ ਸਿੰਘ ਕੰਗ, ਮੰਡੀ ਪ੍ਰਧਾਨ ਪ੍ਰਿਤਪਾਲ ਸਿੰਘ ਪੱਡਾ, ਡਿਪਟੀ ਡੀ.ਐਮ.ਓ. ਬਿਕਰਮਜੀਤ ਸਿੰਘ, ਇਸਪੈਕਟਰ ਹਰਦੀਪ ਸਿੰਘ, ਵਿਕਰਮਜੀਤ ਸਿੰਘ ਪੱਡਾ, ਅਮਰਜੀਤ ਸਿੰਘ ਮਾਰਕੀਟ ਕਮੇਟੀ, ਹਰਮਨਦੀਪ ਸਿੰਘ ਪੰਨਗ੍ਰੇਨ, ਡਾ: ਸਿਵ ਦੇਵ, ਰਾਕੇਸ਼ ਗੋਰਾ ਪਨਸਪ ਹਰਜੀਤ ਕੌਰ ਵੇਅਰਹਾਉਸ, ਪੁਸ਼ਪਿੰਦਰ ਸਿੰਘ ਮਾਰਕਫੈਡ ਅਤੇ ਸਮੂਹ ਆੜ੍ਹਤੀਆਂ ਸਾਹਬਾਨਾਂ ਵੱਲੋਂ ਮੰਡੀ ਦੀ ਖ੍ਰੀਦ ਸੇਖੋਂ ਟ੍ਰੇਡਿੰਗ ਕੰਪਨੀ ਤੋਂ ਸੁਰੂ ਕਰਵਾਈ ਗਈ, ਜਿਸ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਮਿਲੀ । ਚੇਅਰਮੈਨ ਸੁਰਜੀਤ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮੰਡੀਆਂ ਦੀ ਖ੍ਰੀਦ ਨਿਰਵਿਘਨ ਕਰਵਾਈ ਜਾਵੇਗੀ ਅਤੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸਕਿਲ ਨਹੀਂ ਆਉਣ ਦਿੱਤੀ ਜਾਵੇਗੀ। ਕੰਗ ਅਤੇ ਪੱਡਾ ਨੇ ਕਿਹਾ ਕਿ ਜੇਕਰ ਕਿਸੇ ਵੀ ਆੜ੍ਹਤੀਆਂ ਸਾਹਿਬਾਨ, ਕਿਸਾਨ, ਮਜ਼ਦੂਰ ਅਤੇ ਮੁਲਾਜਮ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਹੋਵੇ ਤਾਂ ਉਹ ਮਾਰਕੀਟ ਕਮੇਟੀ ਦਫਤਰ ਜਾਂ ਮੰਡੀ ਪ੍ਰਧਾਨ ਨਾਲ ਸੰਪਰਕ ਕਰ ਸਕਦਾ ਹੈ । ਉਹਨਾਂ ਕਿਹਾ ਕਿ ਅਸੀ 24 ਘੰਟ ਹਾੜੀ ਦੇ ਸੀਜ਼ਨ ਵਿੱਚ ਮੰਡੀ ਵਿੱਚ ਮੌਜੂਦ ਰਹਾਂਗੇ ਅਤੇ ਮੰਡੀਆਂ ਦੇ ਸਾਰੇ ਪ੍ਰਬੰਧ ਪਹਿਲਾ ਹੀ ਮੁਕੰਮਲ ਕਰ ਲਏ ਗਏ ਹਨ । ਇਸ ਮੌਕ ਚੇਅਰਮੈਨ ਸੁਰਜੀਤ ਸਿੰਘ ਕੰਗ ਦੇ ਨਾਲ ਪ੍ਰਧਾਨ ਪ੍ਰਿਤਪਾਲ ਸਿੰਘ ਪੱਡਾ, ਸਰਪਰਸਤ ਕੋਮਲ ਸਿੰਘ ਮਾਨ, ਗੁਰਮੇਜ ਸਿੰਘ ਪੱਡਾ, ਪਿਆਰਾ ਸਿੰਘ ਸੇਖੋਂ . ਨਿਮਰਲ ਸਿੰਘ ਪੱਡਾ, ਰਾਜੀਵ ਭੰਡਾਰੀ, ਸੁਖਜਿੰਦਰ ਸਿੰਘ ਲਵਲੀ, ਪਰਮਿੰਦਰ ਸਿੰਘ ਪਾਰੋਵਾਲ, ਰਾਜੇਸ਼ ਟਾਗਰੀ, ਦਵਿੰਦਰ ਸਿੰਘ ਭੰਗੂ, ਸੁਰਿੰਦਰ ਕੁਮਾਰ, ਰਾਮ ਲੁਭਾਇਆ ਮੀਆਂਵਿੰਡ, ਅਭੂ ਜੋਸ਼ੀ, ਜਸਬੀਰ ਸਿੰਘ ਨਾਹਰਾ, ਰਾਜਨ ਵਰਮਾ, ਬਾਊ ਤਿਲਕ ਰਾਜ ਜੀ, ਜਸਵਿੰਦਰ ਸਿੰਘ ਢਿੱਲੋਂ, ਮਾਸਟਰ ਸੰਤੋਖ ਸਿੰਘ ਚੀਮਾਂ, ਜੈਮਲ ਸਿੰਘ ਖੋਜਕੀਪੁਰ, ਹਰੀਪਾਲ ਉੱਪਲ, ਬਲਕਾਰ ਸਿੰਘ, ਗੱਜਣ ਸਿੰਘ ਧੂਲਕਾ, ਜਥੇਦਾਰ ਬਲਦੇਵ ਸਿੰਘ ਬੋਦੇਵਾਲ, ਕੰਵਲਜੀਤ ਕਿਸਾਨ ਟ੍ਰੇਡਿੰਗ, ਮਾਨ ਬ੍ਰਦਰਜ਼, ਗੁਰਦੇਵ ਸਿੰਘ ਖਾਲਸਾ, ਗੁਰਦੇਵ ਸਿੰਘ ਆਦਿ ਆਗੂ ਹਾਜ਼ਰ ਸਨ ।

# ਵਿਧਾਇਕ ਘੁੰਮਣ ਨੇ ਪਿੰਡ ਸੰਸਾਰਪੁਰ ਵਿੱਚ ਸਪੋਰਟਸ ਪਾਰਕ ਦਾ ਉਦਘਾਟਨ ਕੀਤਾ



ਦਸੂਹਾ, 15 ਅਪ੍ਰੈਲ (ਰਾਜਿੰਦਰ ਸਿੰਘ ਦਸੂਹਾ ) ਕੰਢੀ ਖੇਤਰ ਦੇ ਪਿੰਡ ਸੰਸਾਰਪੁਰ ਵਿੱਚ, ਦਸੂਹਾ ਦੇ ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਨੇ 16ਵੇਂ ਸਪੋਰਟਸ ਸਟੇਡੀਅਮ ਦਾ ਉਦਘਾਟਨ ਕੀਤਾ ਅਤੇ ਇਸਨੂੰ ਪਿੰਡ ਵਾਸੀਆਂ ਨੂੰ ਸੌਂਪ ਦਿੱਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਹੈ, ਇਸੇ ਕਰਕੇ ਸਰਕਾਰ ਵੱਖ-ਵੱਖ ਪਿੰਡਾਂ ਵਿੱਚ ਨਵੇਂ ਸਪੋਰਟਸ ਪਾਰਕ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਪੋਰਟਸ ਪਾਰਕ ਵਿੱਚ ਬੱਚਿਆਂ ਨੂੰ ਖੇਡਾਂ ਵਿੱਚ ਦਿਲਚਸਪੀ ਲੈਣ ਲਈ ਉਤਸ਼ਾਹਿਤ ਕਰਨ ਲਈ ਦਸ ਵੱਖ-ਵੱਖ ਖੇਡਾਂ ਅਤੇ ਵੱਖ-ਵੱਖ ਝੂਲੇ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ, ਦਸੂਹਾ ਹਲਕੇ ਵਿੱਚ ਲਗਭਗ 60 ਨਵੇਂ ਸਪੋਰਟਸ ਪਾਰਕ ਬਣਾਏ ਜਾਣਗੇ ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਬੱਚਿਆਂ ਨੂੰ ਖੇਡਾਂ ਵਿੱਚ ਦਿਲਚਸਪੀ ਲੈਣ ਲਈ ਉਤਸ਼ਾਹਿਤ ਕੀਤਾ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਸ਼ਾਮ ਦੇ ਸਮੇਂ ਬੱਚਿਆਂ ਅਤੇ ਬਜ਼ੁਰਗਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡ ਸਟੇਡੀਅਮ ਵਿੱਚ ਰੋਸ਼ਨੀ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਕੰਢੀ ਇਲਾਕੇ ਵਿੱਚ ਨਵੀਆਂ ਸੜਕਾਂ ਅਤੇ ਪੀਣ ਵਾਲੇ ਪਾਣੀ ਦੀ ਘਾਟ ਨੂੰ ਦੂਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਪਿੰਡ ਵਿੱਚ ਵਿਕਾਸ ਕਾਰਜਾਂ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। । ਇਸ ਮੌਕੇ ਸਰਪੰਚ ਸ਼ਾਰਦਾ ਦੇਵੀ, ਕੰਵਲਪ੍ਰੀਤ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਦਸੂਹਾ, ਬਲਵਿੰਦਰ ਸ਼ਾਹ, ਪੰਚ ਪਰਮਜੀਤ ਸਿੰਘ, ਪੰਚ ਤਰਸੇਮ ਸਿੰਘ, ਪੰਚ ਸੰਜੀਵ ਕੁਮਾਰ, ਪੰਚ ਸਵਿਤਾ ਚੌਧਰੀ, ਨੀਲਮ ਕੁਮਾਰੀ, ਤੇਜ ਕੌਰ, ਤਰਸੇਮ ਸਿੰਘ, ਠੇਕੇਦਾਰ ਪਰਮਜੀਤ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਵੱਖ-ਵੱਖ ਪਿੰਡਾਂ ਦੇ ਪੰਚ-ਸਰਪੰਚ ਮੌਜੂਦ ਸਨ।

# ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਵੱਲੋਂ ਅੰਮ੍ਰਿਤ ਵੇਲਾ ਸਮਾਗਮ 20 ਅਪ੍ਰੈਲ ਤੋਂ 24 ਅਪ੍ਰੈਲ ਤੱਕ



ਅੰਮ੍ਰਿਤਸਰ, 15 ਅਪ੍ਰੈਲ (ਬਬਲੂ ਮਹਾਜਨ) ਬੀਬੀ ਕੌਲਾ ਜੀ ਚੈਰੀਟੇਬਲ ਹਸਪਤਾਲ ਵੱਲੋਂ ਹਫਤਾਵਾਰੀ ਅੰਮ੍ਰਿਤ ਵੇਲਾ ਸਮਾਗਮ ਅਤੇ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦੇ ਪਵਿੱਤਰ ਮੌਕੇ ਗੰਡਾ ਸਿੰਘ ਕਲੋਨੀ ਵਿਖੇ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ। ਇਹ ਸਮਾਗਮ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਜੀ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਅਤੇ ਉਨ੍ਹਾਂ ਨੂੰ ਨਾਮ ਸਿਮਰਨ ਦੀ ਮਹੱਤਤਾ ਬਾਰੇ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਸੰਗਤਾਂ ਨੇ ਭਗਤੀ ਭਾਵ ਨਾਲ ਸ਼ਾਮਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਭਾਈ ਹਰਵਿੰਦਰ ਪਾਲ ਸਿੰਘ ਜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਈ ਗੁਰਇਕਬਾਲ ਸਿੰਘ ਜੀ ਦੀ ਅਗਵਾਈ ਹੇਠ 20 ਅਪ੍ਰੈਲ ਤੋਂ 24 ਅਪ੍ਰੈਲ ਤੱਕ ਅੰਮ੍ਰਿਤ ਵੇਲੇ ਦੇ ਵਿਸ਼ੇਸ਼ ਸਮਾਗਮ ਹਰ ਰੋਜ਼ ਸਵੇਰੇ 4 ਤੋਂ 6 ਵਜੇ ਤੱਕ ਬੀਬੀ ਕੋਲਾ ਜੀ ਚੈਰੀਟੇਬਲ ਹਸਪਤਾਲ ਵਿਖੇ ਕਰਵਾਏ ਜਾਣਗੇ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਪਵਿੱਤਰ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ

# ਖ਼ਾਲਸਾ ਕਾਲਜ ਵਿਖੇ 'ਖ਼ਾਲਸਾ ਸਾਜਨਾ ਦਿਵਸ' ਨੂੰ ਸਮਰਪਿਤ ਸੈਮੀਨਾਰ ਕਰਵਾਇਆ ਗਿਆ



ਅੰਮ੍ਰਿਤਸਰ, 15 ਅਪ੍ਰੈਲ (ਗੁਰਦਿਆਲ ਸਿੰਘ/ਬਬਲੂ ਮਹਾਜਨ)):ਖ਼ਾਲਸਾ ਕਾਲਜ ਵਿਖੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ 'ਖਾਲਸਾ ਸਾਜਨਾ ਮਹੱਤਵ ਤੇ ਮਹਾਨਤਾ' ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਜਿਸ 'ਚ ਮੁੱਖ ਮਹਿਮਾਨ ਵਜੋਂ ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਨੇ ਸ਼ਿਰਕਤ ਕਰਦਿਆਂ ਕਿਹਾ ਕਿ ਖਾਲਸਾ ਦਿਵਸ ਦੀ ਮਹੱਤਤਾ ਸਾਨੂੰ ਆਪਣੇ ਨਿੱਜੀ ਸਵਾਰਥਾਂ ਦਾ ਤਿਆਗ ਕਰਕੇ ਸਮੁੱਚੀ ਮਾਨਵਤਾ ਦੀ ਭਲਾਈ ਅਤੇ ਵਿਕਾਸ ਬਾਰੇ ਵਿਚਾਰਨ ਵੱਲ ਪ੍ਰੇਰਿਤ ਕਰਦਾ ਹੈ। ਇਸ ਤੋਂ ਪਹਿਲਾਂ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਆਏ ਮਹਿਮਾਨਾਂ 'ਚ ਡਾ. ਮਹਿਲ ਸਿੰਘ ਅਤੇ ਸਿੱਖ ਇਤਿਹਾਸ ਵਿਦਵਾਨ ਅਤੇ ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਗੋਗੋਆਣੀ ਦਾ ਫੁੱਲਾਂ ਦੇ ਗੁਲਦਸਤੇ ਭੇਂਟ ਕਰਕੇ ਸਵਾਗਤ ਕੀਤਾ। ਇਸ ਮੌਕੇ ਡਾ. ਮਹਿਲ ਸਿੰਘ ਨੇ ਕਿਹਾ ਕਿ ਖਾਲਸਾ ਸਾਜਨਾ ਸਰਬ ਸਾਂਝੀ ਵਾਲਤਾ ਦਾ ਪ੍ਰਤੀਕ ਹੈ। ਸਾਨੂੰ ਆਪਣੀਆਂ ਪ੍ਰੰਪਰਾਵਾਂ ਨੂੰ ਕਾਇਮ ਰੱਖਦਿਆਂ ਹੋਇਆ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਚੱਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਪਣੇ ਆਪ ਨੂੰ ਨਿਜਵਾਦ ਅਤੇ ਮਾਇਆਵਾਦ ਦੇ ਪ੍ਰਭਾਵ ਤੋਂ ਨਿਰਲੇਪ ਰੱਖ ਕੇ ਅਤੇ ਆਪਣੇ ਨਿੱਜੀ ਸਵਾਰਥਾਂ ਦਾ ਤਿਆਗ ਕਰਕੇ ਹੀ ਅਸੀਂ ਇਸਦੇ ਸਿਧਾਂਤ ਦੀ ਪਾਲਣਾ ਕਰ ਸਕਦੇ ਹਾਂ। ਉਕਤ ਪ੍ਰੋਗਰਾਮ ਪੰਜਾਬੀ ਅਧਿਐਨ ਵਿਭਾਗ, ਧਾਰਮਿਕ ਅਧਿਐਨ ਵਿਭਾਗ ਅਤੇ ਗੁਰਮਤਿ ਸਟਡੀ ਸੈਂਟਰ ਵੱਲੋਂ ਸਾਂਝੇ ਤੌਰ 'ਤੇ ਕਰਵਾਇਆ ਗਿਆ, ਜਿਸ 'ਚ ਡਾ. ਗੋਗੋਆਣੀ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਦੇ ਵਹਿਣ 'ਚੋਂ ਹੀ ਖਾਲਸਾ ਪੰਥ ਦਾ ਵਿਸਥਾਰ ਹੋਇਆ ਹੈ। ਉਨ੍ਹਾਂ ਨੇ ਨਿਰਮਲ ਪੰਥ ਦੀ ਸਥਾਪਨਾ ਅਤੇ ਇਸਦੇ ਇਤਿਹਾਸ ਬਾਰੇ ਵਿਸਤ੍ਰਿਤ ਜਾਣਕਾਰੀ ਸਰੋਤਿਆਂ ਨਾਲ ਸਾਂਝੇ ਕੀਤੀ। ਉਨ੍ਹਾਂ ਕਿਹਾ ਕਿ ਨਿਰਮਲ ਪੰਥ ਆਪਣੇ ਆਪ 'ਚ ਇਕ ਅਮੀਰ ਪ੍ਰੰਪਰਾ ਜਿਸ ਦੀ ਹੋਂਦ ਆਉਣ ਵਾਲੇ ਗੁਰੂ ਸਾਹਿਬ ਦੁਆਰਾ ਬਰਕਰਾਰ ਰੱਖੀ ਗਈ। ਨਿਰਮਲ ਪੰਥ ਦੀ ਨੀਂਹ ਦੀ ਸੰਪੂਰਨਤਾ ਖਾਲਸਾ ਪੰਥ ਤੱਕ ਪਹੁੰਚ ਕੇ ਸੰਪੂਰਨ ਹੁੰਦੀ ਹੈ। ਉਨ੍ਹਾਂ ਕਿਹਾ ਕਿ ਖਾਲਸਾ ਪੰਥ ਚੜ੍ਹਦੀ ਕਲਾ ਦਾ ਪ੍ਰਤੀਕ ਹੈ। ਖਾਲਸਾ ਅਕਾਲ ਦਾ ਹੀ ਸ਼੍ਰੋਮਣੀ ਰੂਪ ਹੈ ਜੋ ਕਿਸੇ ਹੋਰ ਦੇ ਅਧੀਨ ਨਹੀਂ। ਖਾਲਸਾ ਇੱਕ ਪ੍ਰਭੂ ਦੀ ਹੋਂਦ ਅਤੇ ਸਰੂਪ ਨੂੰ ਮੰਨਦਾ ਹੈ ਅਤੇ ਖਾਲਸਾ ਪੰਥ ਦੀ ਰਹਿਤ ਮਰਿਆਦਾ ਇਸਦੀ ਹੋਂਦ ਨੂੰ ਮਜਬੂਤ ਕਰਦੀ ਹੈ। ਉਨ੍ਹਾਂ ਕਿਹਾ ਕਿ ਸੰਸਾਰ 'ਚ ਕਿਸੇ ਵੀ ਤਰ੍ਹਾਂ ਦੀ ਤਾਕਤ ਇਸ ਨੂੰ ਕਿਸੇ ਕਿਸਮ ਦਾ ਕੋਈ ਨੁਕਸਾਨ ਨਹੀਂ ਪਹੁੰਚਾ ਸਕਦੀ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਸਿੱਖ ਇਤਿਹਾਸ 'ਚ ਖਾਲਸਾ ਸਿਰਜਣਾ ਦਿਵਸ ਦੀ ਇਕ ਵਿਸ਼ੇਸ਼ ਮਹੱਤਤਾ ਹੈ। ਇਹ ਅਜਿਹਾ ਸਮਾਂ ਸੀ ਜਦੋਂ ਔਰੰਗਜ਼ੇਬ ਵਰਗੇ ਸ਼ਾਸਕ ਦੀ ਕੱਟਰਤਾ ਤੋਂ ਲੋਕ ਡਰੇ ਅਤੇ ਘਬਰਾਏ ਹੋਏ ਸਨ। ਗੁਰੂ ਗੋਬਿੰਦ ਸਾਹਿਬ ਨੇ ਲੋਕਾਂ 'ਚੋਂ ਇਸ ਤਰ੍ਹਾਂ ਦੇ ਡਰ ਨੂੰ ਨਕਾਰਦਿਆਂ ਹੋਇਆਂ ਉਨ੍ਹਾਂ 'ਚ ਆਪਣੇ ਹੱਕਾਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਨਵੀਂ ਭਾਵਨਾ ਤਹਿਤ ਖਾਲਸਾ ਦਿਵਸ ਦੀ ਸਿਰਜਣਾ ਕੀਤੀ। ਉਨ੍ਹਾਂ ਕਿਹਾ ਕਿ ਇਹ ਸਿਰਜਣਾ ਅਸਲ 'ਚ ਸਿੱਖਾਂ ਦੀ ਨਵ ਸਿਰਜਣਾ ਸੀ ਜਿਸ ਦੁਆਰਾ ਉਹ ਸੁਤੰਤਰਤਾ ਦੇ ਮਹੱਤਵ ਅਤੇ ਗੌਰਵ ਨੂੰ ਕਾਇਮ ਰੱਖਦਿਆਂ ਬਿਨ੍ਹਾਂ ਕਿਸੇ ਖੌਫ ਦੇ ਜੀਵਨ ਬਤੀਤ ਕਰਨ। ਖਾਲਸਾ ਦਿਵਸ ਦੀ ਮਹਾਨਤਾ ਇਸ ਗੱਲ ਕਰਕੇ ਵੀ ਹੈ ਕਿ ਇਤਿਹਾਸ 'ਚ ਅਜਿਹੇ ਜਜ਼ਬੇ ਭਰਪੂਰ ਸੰਕਲਪ ਦੀ ਮਿਸਾਲ ਹੋਰ ਕਿਸੇ ਵੀ ਸਥਾਨ 'ਤੇ ਵੇਖਣ ਨੂੰ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ 'ਚ ਗੁਰੂ ਸਾਹਿਬਾਨ ਸਾਹਿਬ ਦੇ ਸੰਦੇਸ਼ ਅਤੇ ਸਿੱਖਿਆ ਦੀ ਪਾਲਣਾ ਕਰਨ ਦੀ ਵਿਸ਼ੇਸ਼ ਜਰੂਰਤ ਹੈ। ਸਮਕਾਲ ਦੀ ਪ੍ਰਸੰਗਤਾ ਨੂੰ ਕੇਂਦਰ ਵਿੱਚ ਰੱਖਦਿਆਂ ਹੋਇਆਂ ਅਜਿਹੀ ਵਿਚਾਰਧਾਰਾ ਦੀ ਪਾਲਣਾ ਸਮਾਜ ਲਈ ਰਾਹ ਦਸੇਰਾ ਕਾਰਜ ਹੈ। ਇਸ ਸਮਾਗਮ ਮੌਕੇ ਪੰਜਾਬੀ ਵਿਭਾਗ ਮੁਖੀ ਡਾ. ਪਰਮਿੰਦਰ ਸਿੰਘ ਨੇ ਆਏ ਮਹਿਮਾਨਾਂ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਕਾਲਜ ਦੇ ਡੀਨ ਅਕਾਦਮਿਕ ਮਾਮਲੇ ਡਾ. ਤਮਿੰਦਰ ਸਿੰਘ, ਡਾ. ਦਯਾ ਸਿੰਘ ਆਦਿ ਤੋਂ ਇਲਾਵਾ ਹੋਰ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

# ਖ਼ਾਲਸਾ ਕਾਲਜ ਗਰਲਜ਼ ਸੀ: ਸੈਕੰ: ਸਕੂਲ ਦਾ 8ਵੀਂ ਦਾ ਨਤੀਜਾ ਰਿਹਾ ਸ਼ਾਨਦਾਰ



ਅੰਮ੍ਰਿਤਸਰ, 15 ਅਪ੍ਰੈਲ (ਬਬਲੂ ਮਹਾਜਨ): ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਅਤੇ ਖ਼ਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨਿਆ ਗਿਆ ਸਲਾਨਾ ਨਤੀਜਾ ਸ਼ਤ ਪ੍ਰਤੀਸ਼ਤ ਰਿਹਾ। ਗਰਲਜ਼ ਸਕੂਲ ਦੀ ਵਿਦਿਆਰਥਣ ਭਵਾਨੀ ਨੇ 95.67%, ਯੁਵਿਕਾ ਨੇ 94.83% ਅਤੇ ਅੰਜਲੀ ਨੇ 92.17% ਨੰਬਰਾਂ ਨਾਲ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਅਤੇ ਖਾਲਸਾ ਕਾਲਜ ਸੀ: ਸੈਕੰ: ਸਕੂਲ ਦੇ ਵਿਦਿਆਰਥੀਆਂ 'ਚ ਅਭਿਮੰਨਯੂ ਨੇ 90 ਫੀਸਦੀ, ਬਘੇਲ ਸਿੰਘ ਅਤੇ ਹਰਸ਼ ਨੇ 87 ਫੀਸਦੀ ਅੰਕਾਂ ਨਾਲ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਇਸ ਦੌਰਾਨ ਖਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਵਿਦਿਆਰਥੀਆਂ ਦੀ ਉਕਤ ਉਪਲਬੱਧੀ 'ਤੇ ਸਕੂਲ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਗੋਗੋਆਣੀ ਅਤੇ ਗਰਲਜ਼ ਸਕੂਲ ਪ੍ਰਿੰਸੀਪਲ ਸ੍ਰੀਮਤੀ ਪੁਨੀਤ ਕੌਰ ਨਾਗਪਾਲ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਕਤ ਅਦਾਰਿਆਂ ਦਾ ਅਨੁਕੂਲ ਮਾਹੌਲ, ਆਧੁਨਿਕ ਅਧਿਆਪਨ ਢੰਗ ਅਤੇ ਨੈਤਿਕ ਕਦਰਾਂ-ਕੀਮਤਾਂ 'ਤੇ ਜ਼ੋਰ ਦੇਣ ਨੇ ਵਿਦਿਆਰਥੀਆਂ ਦੀ ਇਸ ਸਫ਼ਲਤਾ 'ਚ ਅਹਿਮ ਭੂਮਿਕਾ ਨਿਭਾਈ ਹੈ। ਇਸ ਮੌਕੇ ਪ੍ਰਿੰ: ਡਾ. ਗੋਗੋਆਣੀ ਨੇ ਉਕਤ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਦੇ 8ਵੀਂ ਜਮਾਤ ਦੇ 237 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ, ਇਨ੍ਹਾਂ 'ਚ ਅਭਿਮੰਨਯੂ ਨੇ 90 ਫੀਸਦੀ, ਬਘੇਲ ਸਿੰਘ ਅਤੇ ਹਰਸ਼ ਨੇ 87 ਫੀਸਦੀ ਅੰਕ ਪ੍ਰਾਪਤ ਕਰਕੇ ਕਲਾਸ 'ਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਬਾਕੀ ਵਿਦਿਆਰਥੀਆਂ ਨੇ 80 ਫੀਸਦੀ ਤੋਂ ਵਧੇਰੇ ਅੰਕ ਪ੍ਰਾਪਤ ਕੀਤੇ। ਉਨ੍ਹਾਂ ਕਿਹਾ ਕਿ ਸਕੂਲ 'ਚ ਨਰਸਰੀ ਤੋਂ 12ਵੀਂ ਜਮਾਤ ਤੱਕ 3000 ਦੇ ਕਰੀਬ ਵਿਦਿਆਰਥੀ ਵਿੱਦਿਆ ਪ੍ਰਾਪਤ ਕਰ ਰਹੇ ਹਨ ਅਤੇ ਇਹ ਵਿੱਦਿਅਕ ਖੇਤਰ ਦੇ ਨਾਲ-ਨਾਲ ਖੇਡਾਂ ਦੀਆਂ ਉੱਤਮ ਪ੍ਰਾਪਤੀਆਂ ਕਰਕੇ ਵੀ ਜਾਣਿਆ ਜਾਂਦਾ ਹੈ।ਇਸ ਮੌਕੇ ਪ੍ਰਿੰ: ਨਾਗਪਾਲ ਨੇ ਉਕਤ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੈਸ਼ਨ 2025-26 'ਚ ਉਕਤ ਜਮਾਤ ਦੀ ਸਾਲਾਨਾ ਪ੍ਰੀਖਿਆ 'ਚ 100% ਸ਼ਾਨਦਾਰ ਨਤੀਜਾ ਦਰਜ ਕੀਤਾ ਗਿਆ ਹੈ। ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ 8-ਏ ਦੀ ਭਵਾਨੀ ਨੇ 574/600 (95.67%) ਨੰਬਰਾਂ ਨਾਲ ਪਹਿਲਾ, 8-ਸੀ ਦੀ ਯੁਵਿਕਾ ਨੇ 569/600 (94.83%) ਨਾਲ ਦੂਜਾ ਅਤੇ 8-ਸੀ ਦੀ ਅੰਜਲੀ ਨੇ 553/600 (92.17%) ਨਾਲ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ ਹੈ। ਉਨ੍ਹਾਂ ਸਮੂਹ ਵਿਦਿਆਰਥਣਾਂ, ਅਧਿਆਪਕਾਂ ਅਤੇ ਮਾਪਿਆਂ ਨੂੰ ਇਸ ਸ਼ਾਨਦਾਰ ਉਪਲਬਧੀ 'ਤੇ ਵਧਾਈ ਦਿੰਦਿਆਂ ਕਿਹਾ ਕਿ ਇਹ ਸਫ਼ਲਤਾ ਵਿਦਿਆਰਥਣਾਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਦਾ ਸਾਂਝਾ ਫਲ ਹੈ।

# 'ਆਪ' ਦੇ ਐਸ ਸੀ ਵਿੰਗ ਵੱਲੋਂ ਡਾ. ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਮਨਾਇਆ ਗਿਆ



ਕਾਹਨੂੰਵਾਨ 15 ਅਪ੍ਰੈਲ ਕੁਲਜੀਤ ਸਿੰਘ ਖੋਖਰ:ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦਾ 135ਵਾਂ ਜਨਮ ਦਿਹਾੜਾ ਆਮ ਆਦਮੀ ਪਾਰਟੀ ਦੇ ਐਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰਪਾਲ ਸਿੰਘ ਦੀ ਅਗਵਾਈ ਹੇਠ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਐਸ ਸੀ ਵਿੰਗ ਦੇ ਬਲਾਕ ਪ੍ਰਧਾਨ ਅਤੇ ਆਹੁਦੇਦਾਰਾ ਨੇ ਸ਼ਿਰਕਤ ਕੀਤੀ ਅਤੇ ਬਾਬਾ ਸਾਹਿਬ ਦੇ ਦਰਸਾਏ ਮਾਰਗ ਤੇ ਚੱਲਣ ਦਾ ਪ੍ਰਣ ਲਿਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਐਸ ਸੀ ਵਿੰਗ ਵਲੋ ਚਰਨਜੀਤ ਸਿੰਘ ਡੇਰਾ ਬਾਬਾ ਨਾਨਕ, ਮਨਜੀਤ ਸਿੰਘ ਕਾਦੀਆਂ, ਰਮੇਸ਼ ਕੁਮਾਰ ਗੁਰਦਾਸਪੁਰ, ਸੁਖਜਿੰਦਰ ਸਿੰਘ ਬਿੱਟੂ, ਸੰਦੀਪ ਸਿੰਘ ,ਖ਼ਜ਼ਾਨ ਸਿੰਘ, ਤਿਲਕ ਰਾਜ ,ਸਰਪੰਚ ਬਲਵਿੰਦਰ ਸਿੰਘ, ਸਰਪੰਚ ਐਸ ਸੀ ਵਿੰਗ ਵਲੋ ਚਰਨਜੀਤ ਸਿੰਘ ਡੇਰਾ ਬਾਬਾ ਨਾਨਕ, ਮਨਜੀਤ ਸਿੰਘ ਕਾਦੀਆਂ, ਰਮੇਸ਼ ਕੁਮਾਰ ਗੁਰਦਾਸਪੁਰ, ਸੁਖਜਿੰਦਰ ਸਿੰਘ ਬਿੱਟੂ, ਸੰਦੀਪ ਸਿੰਘ ,ਖ਼ਜ਼ਾਨ ਸਿੰਘਅਵਤਾਰ ਸਿੰਘ ਆਦਿ ਹਾਜ਼ਰ ਸਨ।

# ਗੁਰਦਾਸਪੁਰ ਪੁਲਿਸ ਨੇ 110 ਗੁੰਮ ਹੋਏ ਮੋਬਾਈਲ ਫੋਨ ਬਰਾਮਦ ਕਰਕੇ ਅਸਲ ਮਾਲਕਾਂ ਨੂੰ ਸੌਂਪੇ



ਗੁਰਦਾਸਪੁਰ,15 ਅਪ੍ਰੈਲ (ਸੰਧੂ /ਬਸਰਾ ) : ਐੱਸ ਐੱਸ ਪੀ ਗੁਰਦਾਸਪੁਰ ਸ੍ਰੀ ਆਦਿੱਤਿਆ ਦੀ ਅਗਵਾਈ ਵਿੱਚ ਗੁਰਦਾਸਪੁਰ ਪੁਲਿਸ ਨੇ ਗੁੰਮ ਹੋਏ ਮੋਬਾਈਲਾਂ ਨੂੰ ਟਰੇਸ ਕਰਕੇ ਮੁੜ ਅਸਲ ਮਾਲਕਾਂ ਨੂੰ ਸੌਂਪੇ ਹਨ। ਅੱਜ ਪੁਲਿਸ ਲਾਇਨ ਗੁਰਦਾਸਪੁਰ ਵਿਖੇ ਕਰਵਾਏ ਸਮਾਗਮ ਦੌਰਾਨ ਐੱਸ ਐੱਸ ਪੀ ਆਦਿੱਤਿਆ ਵੱਲੋਂ ਅਸਲ ਮਾਲਕਾਂ ਨੂੰ ਉਨ੍ਹਾਂ ਦੇ ਗੁੰਮ ਹੋਏ ਮੋਬਾਈਲ ਫੋਨ ਦੁਬਾਰਾ ਫਿਰ ਉਨ੍ਹਾਂ ਦੇ ਹੱਥਾਂ ਵਿੱਚ ਸੌਂਪੇ ਗਏ। ਇਸ ਮੌਕੇ ਉਲੰਪੀਅਨ ਜੁਗਰਾਜ ਸਿੰਘ ਐੱਸ ਪੀ (ਐੱਚ) ਗੁਰਦਾਸਪੁਰ ਵੀ ਮੌਜੂਦ ਸਨ।ਜਿਨ੍ਹਾਂ ਲੋਕਾਂ ਦੇ ਮੋਬਾਈਲ ਫੋਨ ਗੁੰਮ ਹੋਏ ਸਨ, ਅੱਜ ਦੁਬਾਰਾ ਉਹੀ ਮੋਬਾਇਲ ਫੋਨ ਉਨ੍ਹਾਂ ਦੇ ਹੱਥਾਂ ਵਿੱਚ ਸਨ ਤਾਂ ਉਹ ਬੇਹੱਦ ਖੁਸ਼ ਦਿਖਾਈ ਦਿੱਤੇ ਅਤੇ ਉਨ੍ਹਾਂ ਦੀਆਂ ਅੱਖਾਂ ਵਿੱਚ ਗੁਰਦਾਸਪੁਰ ਪੁਲਿਸ ਪ੍ਰਤੀ ਧੰਨਵਾਦ ਸਪੱਸ਼ਟ ਝਲਕ ਰਿਹਾ ਸੀ। ਐੱਸ ਐੱਸ ਪੀ ਗੁਰਦਾਸਪੁਰ ਨੇ ਦੱਸਿਆ ਕਿ ਗੁਰਦਾਸਪੁਰ ਪੁਲਿਸ ਨੇ ਇੱਕ ਵਿਸ਼ੇਸ਼ ਮੁਹਿੰਮ ਤਹਿਤ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਗੁਰਦਾਸਪੁਰ ਅਤੇ ਟੈਕਨੀਕਲ ਸੈੱਲ ਦੇ ਯਤਨਾਂ ਨਾਲ 110 ਗੁੰਮ ਹੋਏ ਮੋਬਾਈਲ ਫੋਨ ਬਰਾਮਦ ਕੀਤੇ।ਸੀਈਆਈਆਰ ਹੈਲਪਲਾਈਨ ਪੋਰਟਲ ਦੀ ਮਦਦ ਨਾਲ, ਟੀਮ ਨੇ ਮੋਬਾਈਲ ਫੋਨਾਂ ਦਾ ਸਫਲਤਾਪੂਰਵਕ ਪਤਾ ਲਗਾਇਆ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਅਸਲ ਮਾਲਕਾਂ ਨੂੰ ਵਾਪਸ ਕਰ ਦਿੱਤਾ। ਬਰਾਮਦ ਕੀਤੇ ਗਏ ਫੋਨਾਂ ਦੀ ਕੁੱਲ ਕੀਮਤ ਲਗਭਗ 25 ਲੱਖ ਰੁਪਏ ਹੈ।ਇਹ ਰਿਕਵਰੀ ਪੁਲਿਸ ਟੀਮਾਂ ਦੁਆਰਾ ਆਈ.ਐੱਮ.ਈ.ਆਈ ਨੰਬਰਾਂ ਦੀ ਨਿਰੰਤਰ ਟਰੈਕਿੰਗ, ਤਕਨੀਕੀ ਵਿਸ਼ਲੇਸ਼ਣ ਅਤੇ ਫੀਲਡ ਵੈਰੀਫਿਕੇਸ਼ਨ ਰਾਹੀਂ ਕੀਤੀ ਗਈ।ਇਸ ਮੌਕੇ ਲਾਭਪਾਤਰੀਆਂ ਇੱਕ ਵਾਰ ਫਿਰ ਗੁਰਦਾਸਪੁਰ ਪੁਲਿਸ ਦਾ ਉਨ੍ਹਾਂ ਦੀ ਤੁਰੰਤ ਕਾਰਵਾਈ ਅਤੇ ਸਹਾਇਤਾ ਲਈ ਧੰਨਵਾਦ ਕੀਤਾ।ਗੁਰਦਾਸਪੁਰ ਪੁਲਿਸ ਜਨਤਾ ਨੂੰ ਗੁੰਮ ਹੋਏ ਜਾਂ ਚੋਰੀ ਹੋਏ ਮੋਬਾਈਲ ਫੋਨਾਂ ਦੀ ਰਿਪੋਰਟ ਤੁਰੰਤ ਸੀਈਆਈਆਰ ਪੋਰਟਲ ਜਾਂ ਨੇੜਲੇ ਪੁਲਿਸ ਸਟੇਸ਼ਨ ਤੇ ਕਰਨ ਦੀ ਅਪੀਲ ਕੀਤੀ ਹੈ।ਰਦਾਸਪੁਰ ਪੁਲਿਸ ਦਾ ਹੋਕਾ- ਤੁਹਾਡਾ ਗੁੰਮ ਹੋਇਆ ਮੋਬਾਈਲ ਹੁਣ ਮਿਲ ਸਕਦਾ ਹੈ।

# ਕਵੀਆਂ ਦੇ ਮੇਲੇ ਵਿੱਚ ਰਾਸ਼ਟਰੀ ਤ੍ਰੈ-ਭਾਸ਼ਾਈ ਮੁਸ਼ਾਇਰਾਯਾਦਗਾਰੀ ਰਿਹਾ

ਅਲੀਵਾਲ/ਗੁਰਦਾਸਪੁਰ, 15 ਅਪਰੈਲ ( ਜਗੀਰ ਸਿੰਘ ਮੰਡ ਡਾਕਟਰ ਸਤਨਾਮ ਸਿੰਘ ਸੰਧੂ ) :ਵਿਸ਼ਵ ਵਿਰਾਸਤੀ ਅਕਾਦਮੀ (ਯੂ.ਐਸ.ਏ., ਕਨੇਡਾ, ਆਸਟਰੇਲੀਆ, ਭਾਰਤ, ਦੁਬਈ, ਜਰਮਨ, ਯੂ.ਕੇ.) ਦੇ ਚੇਅਰਮੈਨ ਡਾ. ਪਰਮਜੀਤ ਸਿੰਘ ਕਲਸੀ ਨੈਸ਼ਨਲ ਐਵਾਰਡੀ ਵੱਲੋਂ ਵਿਸ਼ਵ ਪੰਜਾਬੀ ਸਭਾ ਕਨੇਡਾ (ਰਜਿ.) ਦੀ ਭਾਰਤ ਇਕਾਈ ਦੇ ਪ੍ਰਧਾਨ ਸਤਬੀਰ ਸਿੰਘ ਸਮਾਜ ਸੇਵੀ ਅਤੇ ਅੰਤਰਰਾਸ਼ਟਰੀ ਸਭਿਆਚਾਰਕ ਮੰਚ ਦੇ ਕੌਮੀ ਪ੍ਰਧਾਨ ਬਲਵਿੰਦਰ ਕੌਰ ਪੰਡੋਰੀ ਦੇ ਸਹਿਯੋਗ ਨਾਲ ਅਮੀਰਾ ਫ਼ਾਰਮ, ਏਅਰਪੋਰਟ ਰੋਡ, ਅੰਮ੍ਰਿਤਸਰ ਵਿਖੇ ਵਿਸਾਖੀ ਦੇ ਤਿਉਹਾਰ ਤੇ ਰਾਸ਼ਟਰੀ ਪੱਧਰ ਦਾ ਤ੍ਰੈ-ਭਾਸ਼ਾਈ (ਪੰਜਾਬੀ, ਹਿੰਦੀ, ਉਰਦੂ) ਮੁਸ਼ਾਇਰਾ ਕਰਵਾ ਕੇ ਕਵੀਆਂ ਦਾ ਮੇਲਾ ਲਗਾਇਆ ਗਿਆ, ਜਿਸ ਵਿੱਚ ਪੂਰੇ ਭਾਰਤ ਵਿੱਚੋਂ ਸੌ ਤੋਂ ਵੱਧ ਕਵੀਆਂ ਨੇ ਭਾਗ ਲਿਆ। ਇਸ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਯੂਥ ਸੇਵਾਵਾਂ ਵਿਭਾਗ ਦੇ ਡਾਇਰੈਕਟਰ ਡਾ. ਅਮਨਦੀਪ ਸਿੰਘ ਤੇ ਸ਼੍ਰੋਮਣੀ ਪੰਜਾਬੀ ਕਵੀ ਡਾ. ਰਵਿੰਦਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦੋਂ ਕਿ ਡਾਕਟਰ ਕੁਲਬੀਰ ਸਿੰਘ ਸੂਰੀ, ਸਮਾਜ ਸੇਵੀ ਸਤਬੀਰ ਸਿੰਘ, ਮੈਨੇਜਰ ਅਤਰ ਸਿੰਘ ਗ਼ਜ਼ਲਗੋ, ਡਾ. ਸਰਵਣ ਸਿੰਘ ਵਿਦਵਾਨ ਆਲੋਚਕ, ਕਹਾਣੀਕਾਰ ਦੇਵਿੰਦਰ ਦੀਦਾਰ, ਫ਼ਿਲਮੀ ਅਦਾਕਾਰ ਅਰਵਿੰਦਰ ਭੱਟੀ, ਜ਼ਿਲ੍ਹਾ ਸਿੱਖਿਆ ਅਫ਼ਸਰ ਤੇ ਸ਼ਾਇਰ ਹਰਪਾਲ ਸਿੰਘ ਸੰਧਾਵਾਲੀਆ ਸਟੇਟ ਐਵਾਰਡੀ, ਸਮਾਜ ਸੇਵੀ ਰਜਿੰਦਰ ਸ਼ਰਮਾ ਤੇ ਮਹਿਕਪ੍ਰੀਤ ਸਿੰਘ ਜਨਰਲ ਸਕੱਤਰ ਅੰਤਰਰਾਸ਼ਟਰੀ ਸੱਭਿਆਚਾਰਕ ਮੰਚ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਜ਼ਿਲ੍ਹਾ ਭਾਸ਼ਾ ਅਫ਼ਸਰ (ਸਾ.) ਗੁਰਦਾਸਪੁਰ ਤੇ ਅੰਮ੍ਰਿਤਸਰ ਡਾ. ਪਰਮਜੀਤ ਸਿੰਘ ਕਲਸੀ ਨੈਸ਼ਨਲ ਐਵਾਰਡੀ ਨੇ ਇਸ ਰਾਸ਼ਟਰੀ ਮੁਸ਼ਾਇਰੇ ਦੀ ਪ੍ਰਧਾਨਗੀ ਅਤੇ ਸਰਪ੍ਰਸਤੀ ਕੀਤੀ। ਕੌਮੀ ਪ੍ਰਧਾਨ ਸਤਬੀਰ ਸਿੰਘ ਨੇ ਆਏ ਸ਼ਾਇਰਾਂ ਤੇ ਵਿਦਵਾਨ ਹਸਤੀਆਂ ਨੂੰ ਜੀ ਆਇਆਂ ਕਿਹਾ, ਜਦੋਂਕਿ ਡਾਕਟਰ ਕਲਸੀ ਨੇ ਸਮਾਰੋਹ ਰੂਪ-ਰੇਖਾ ਤੋਂ ਵਾਕਫ਼ ਕਰਵਾ ਕੇ ਸਮਾਰੋਹ ਦਾ ਰਸਮੀ ਅਗਾਜ਼ ਕੀਤਾ। ਸ਼ੁਰੂਆਤ ਵਿੱਚ ਗੁਰਜੈਪਾਲ ਸਿੰਘ ਐਸ. ਡੀ. ਓ. ਦੀ ਸ਼ਾਇਰੀ ਦੀ ਪਲੇਠੀ ਪੁਸਤਕ ਗੀਤ ਦੀ ਮੌਤ ਅਤੇ ਡਾਕਟਰ ਗੁਰਚਰਨ ਗਾਂਧੀ ਦੀ ਪਤ੍ਰਿਕਾ ਸੂਹੀ ਸਵੇਰ ਮੁੱਖ ਮਹਿਮਾਨ, ਵਿਸ਼ੇਸ਼ ਮਿਹਮਾਨਾਂ ਤੇ ਪ੍ਰਧਾਨਗੀ ਮੰਡਲ ਵੱਲੋਂ ਲੋਕ-ਅਰਪਣ ਕੀਤੇ ਗਏ। ਉਪਰੰਤ ਆਧੁਨਿਕ ਪੰਜਾਬੀ ਕਵਿਤਾ ਦੇ ਖੇਤਰ ਵਿੱਚ ਵਡਮੁੱਲੀਆਂ ਉਪਲਬਧੀਆਂ ਕਾਰਨ ਨਾਮੀ ਸ਼ਾਇਰ ਦੇਵਿੰਦਰ ਸੈਫ਼ੀ ਨੂੰ ਪੰਜਾ ਬੀ ਕਵਿਤਾ ਰਤਨ ਪੁਰਸਕਾਰ ਸਨਮਾਨ ਸਹਿਤ ਪ੍ਰਦਾਨ ਕੀਤਾ ਗਿਆ, ਜਦੋਂ ਕਿ ਬਹੁਪੱਖੀ ਖੇਤਰ ਦੀਆਂ ਅੰਤਰਰਾਸ਼ਟਰੀ ਪੱਧਰ ਵਾਲੀਆਂ ਉਪਲਬਧੀਆਂ ਹਿਤ ਡਾਕਟਰ ਆਂਚਲ ਅਰੋੜਾ (ਸਹਾਇਕ ਪ੍ਰੋਫ਼ੈਸਰ, ਕਾਮਰਸ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ) ਨੂੰ ਰਤਨ-ਏ-ਪੰਜਾਬ (ਵਿਰਾਸਤੀ) ਪੁਰਸਕਾਰ ਅਤੇ ਉੱਘੇ ਵਿਦਵਾਨ ਆਲੋਚਕ ਡਾਕਟਰ ਗੁਰਵੰਤ ਸਿੰਘ ਨੂੰ ਪੰਜਾਬੀ ਆਲੋਚਨਾ ਰਤਨ ਪੁਰਸਕਾਰ ਪ੍ਰਦਾਨ ਕੀਤਾ ਗਿਆ। ਹਾਜ਼ਰ ਕਵੀਆਂ ਵਿੱਚੋਂ ਗ਼ਜ਼ਲਗੋ ਕਮਲਜੀਤ ਸਿੰਘ ਕਮਲ, ਪ੍ਰਿੰ. ਅਵਤਾਰ ਸਿੰਘ ਸਿੱਧੂ, ਡਾਕਟਰ ਗੁਰਚਰਨ ਗਾਂਧੀ, ਜਸਬੀਰ ਸਿੰਘ ਝਬਾਲ, ਗ਼ਜ਼ਲਗੋ ਮੈਨੇਜਰ ਅਤਰ ਸਿੰਘ, ਡਾਕਟਰ ਸਰਵਣ ਸਿੰਘ, ਕਰਨੈਲ ਸਿੰਘ ਅਸਪਾਲ (ਹਰਿਆਣਾ), ਡਾਕਟਰ ਰੂਬੀ ਆਰਾ (ਜੇ.ਕੇ.), ਰਾਮ ਸਿੰਘ (ਹਿਮਾਚਲ), ਦੇਵਿੰਦਰ ਸੈਫ਼ੀ (ਫਰੀਦਕੋਟ), ਡਾਕਟਰ ਗੁਰਕਿਰਪਾਲ ਸਿੰਘ ਕਾਹਲੋਂ, ਦੁੱਗਲ ਗੁਲਾਟੀ (ਦਿੱਲੀ), ਹਰਪਾਲ ਸਿੰਘ ਸੰਧਾਵਾਲੀਆ ਸਟੇਟ ਐਵਾਰਡੀ (ਤਰਨਤਾਰਨ), ਐੱਸ. ਪ੍ਰਸ਼ੋਤਮ ਸਿੰਘ ਆਦਿ ਸੈਂਕੜੇ ਸ਼ਾਇਰਾਂ ਨੇ ਸ਼ਿੱਦਤ ਨਾਲ ਭਾਗ ਲਿਆ।

# ਲਾਰੇਂਸ ਇੰਟਰਨੈਸ਼ਨਲ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ



ਕਲਾਨੌਰ, ਬਟਾਲਾ,15 ਅਪ੍ਰੈਲ (ਇਕਬਾਲ ਵਾਲੀਆ, ਕਮਲਜੀਤ ਸਿੰਘ) :ਲਾਰੇਂਸ ਇੰਟਰਨੈਸ਼ਨਲ ਸਕੂਲ, ਤਾਰਾਗੜ੍ਹ(ਡੇਰਾ ਬਾਬਾ ਨਾਨਕ ਰੋਡ) ਬਟਾਲਾ ਵਿਖੇ ਅੱਜ ਖਾਲਸਾ ਪੰਥ ਸਾਜਨਾ ਦਿਵਸ ਅਤੇ ਪੰਜਾਬੀਆਂ ਦਾ ਹਰਮਨ ਪਿਆਰਾ ਤਿਉਹਾਰ ਵਿਸਾਖੀ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਕੈਂਪਸ ਪੰਜਾਬੀ ਸੱਭਿਆਚਾਰ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਇਸ ਦਿਨ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਪ੍ਰਾਰਥਨਾ ਸਭਾ ਵਿੱਚ ਸ਼ਬਦ ਗਾਇਣ ਨਾਲ ਕੀਤੀ ਗਈ। ਵਿਦਿਆਰਥੀਆਂ ਵੱਲੋਂ ਖ਼ਾਲਸਾ ਪੰਥ ਅਤੇ ਇਸ ਤਿਉਹਾਰ ਸਬੰਧੀ ਵੱਖ ਵੱਖ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ। ਸਕੂਲ ਦੇ ਨਿੱਕੇ-ਨਿੱਕੇ ਵਿਦਿਆਰਥੀ ਪੰਜਾਬੀ ਪਹਿਰਾਵੇ (ਕੁੜਤਾ-ਪਜਾਮਾ ਅਤੇ ਫੁਲਕਾਰੀਆਂ) ਵਿੱਚ ਸਜੇ ਹੋਏ ਬਹੁਤ ਹੀ ਮਨਮੋਹਕ ਲੱਗ ਰਹੇ ਸਨ। ਸਕੂਲ ਦੇ ਪ੍ਰਿੰਸੀਪਲ ਡਾਕਟਰ ਉਪਮਾ ਮਹਾਜਨ ਜੀ ਨੇ ਇਸ ਪਵਿੱਤਰ ਦਿਹਾੜੇ ਦੀ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਵਿਸਾਖੀ ਦੀ ਵਧਾਈ ਦਿੰਦਿਆਂ ਕਿਹਾ ਕਿ ਵਿਸਾਖੀ ਸਾਡੀ ਅਮੀਰ ਵਿਰਾਸਤ ਅਤੇ ਕਿਰਤੀਆਂ ਦੀ ਮਿਹਨਤ ਦਾ ਪ੍ਰਤੀਕ ਹੈ। ਵਿਸਾਖੀ ਦਾ ਤਿਉਹਾਰ ਪੰਜਾਬੀ ਜੀਵਨ ਵਿੱਚ ਬਹੁਤ ਮਹੱਤਵ ਰੱਖਦਾ ਹੈ, ਕਿਉਂਕਿ ਵਿਸਾਖੀ ਧਾਰਮਿਕ ਪੱਖ ਹੀ ਨਹੀਂ ਸੱਭਿਆਚਾਰਕ ਅਤੇ ਇਤਿਹਾਸਿਕ ਪੱਖ ਵੀ ਰੱਖਦਾ ਹੈ। ਇਹ ਦਿਨ ਆਪਣੀ ਬੁੱਕਲ ਵਿੱਚ ਬਹੁਤ ਕੁਝ ਸਮਾਅ ਕੇ ਬੈਠਾ ਹੋਇਆ ਹੈ। ਪ੍ਰਿੰਸੀਪਲ ਮੈਮ ਵੱਲੋਂ ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਜਲਿਆਂ ਵਾਲੇ ਬਾਗ ਬਾਰੇ ਸੰਖੇਪ ਵਿੱਚ ਜਾਣਕਾਰੀ ਬੱਚਿਆਂ ਨਾਲ ਸਾਂਝੀ ਕੀਤੀ।ਅਜਿਹੇ ਸਮਾਗਮ ਕਰਵਾਉਣ ਦਾ ਮੁੱਖ ਮਕਸਦ ਬੱਚਿਆਂ ਨੂੰ ਆਪਣੀ ਮਾਂ-ਬੋਲੀ, ਇਤਿਹਾਸ ਅਤੇ ਸੱਭਿਆਚਾਰ ਨਾਲ ਜੋੜੀ ਰੱਖਣਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਮਿਹਨਤ ਕਰਨ ਅਤੇ ਆਪਣੇ ਵਿਰਸੇ ਤੇ ਮਾਣ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਚੇਅਰਮੈਨ ਚੇਅਰਮੈਨ ਸ: ਬਲਜਿੰਦਰ ਸਿੰਘ ਬੈਂਸ ਮੱਲਿਆਵਾਲ, ਵਾਈਸ ਚੇਅਰਮੈਨ ਸ: ਕੁਲਦੀਪ ਸਿੰਘ ਬੈਂਸ, ਸ:ਗੁਰਜੀਤ ਸਿੰਘ ਬੈਂਸ(ਡਾਇਰੈਕਟਰ ਐਡਵਾਈਜ਼ਰ), ਡਾਇਰੈਕਟਰ ਡਾ:ਗੁਰਿੰਦਰ ਕੌਰ ਮਾਨ, ਪ੍ਰਿੰਸੀਪਲ ਡਾ: ਉਪਮਾ ਮਹਾਜਨ ਜੀ ਵੱਲੋਂ ਵਿਸਾਖੀ ਦੀਆਂ ਸਾਰੇ ਸਕੂਲ ਨੂੰ ਮੁਬਾਰਕਾਂ ਦਿੱਤੀਆਂ ਗਈਆਂ ਅਤੇ ਅਕਾਲ ਪੁਰਖ ਅੱਗੇ ਸਕੂਲ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।

# ਬਾਬਾ ਹਜ਼ਾਰਾ ਸਿੰਘ ਦੀ ਯਾਦ ਨੂੰ ਸਮਰਪਿਤ ਅੱਜ ਮਨਾਇਆ ਜਾਵੇਗਾ ਵਿਸਾਖੀ ਦਾ ਤਿਉਹਾਰ



ਜੰਡਿਆਲਾ ਗੁਰੂ, 15 ਅਪ੍ਰੈਲ ਵਿੱਚ (ਰਾਮ ਸ਼ਰਨਜੀਤ ਸਿੰਘ ) : ਬਟਾਲਾ ਨੇੜਲੇ ਪਿੰਡ ਤਲਵੰਡੀ ਭਰਥ ਵਿਖੇ ਵੈਦਿਕ ਸੁੱਖ ਸਾਗਰ ਆਯੁਰਵੈਦਿਕ ਹਰਬਲ ਹਸਪਤਾਲ ਵਿਖੇ 16 ਅਪ੍ਰੈਲ ਦਿਨ ਵੀਰਵਾਰ ਨੂੰ ਖਾਲਸਾ ਸਾਜਨਾ ਦਿਵਸ ਵਿਸਾਖੀ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸਮਾਗਮ ਦੀਆਂ ਤਿਆਰੀਆਂ ਸ਼ੁਰੂ ਹੋ ਚੁੱਕੀਆਂ ਹਨ। ਇਹ ਜਾਣਕਾਰੀ ਹਸਪਤਾਲ ਦੇ ਐੱਮ.ਡੀ ਡਾ. ਸਤਨਾਮ ਸਿੰਘ ਸੰਧੂ ਨੇ ਸਾਂਝੀ ਕੀਤੀ। ਉਹਨਾਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸੰਤ ਬਾਬਾ ਹਜ਼ਾਰਾ ਸਿੰਘ ਜੀ ਅਤੇ ਸੰਤ ਵੀਰ ਸਿੰਘ ਜੀ ਦੀ ਮਿੱਠੀ ਯਾਦ ਨੂੰ ਸਮਰਪਿਤ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਜਾਵੇਗਾ। ਹਸਪਤਾਲ ਦੇ ਐਮ.ਡੀ ਡਾ. ਕੁਲਵਿੰਦਰ ਕੌਰ ਸੰਧੂ ਨੇ ਦੱਸਿਆ ਕਿ ਕਈ ਸਾਲਾਂ ਤੋਂ ਇਹ ਵਿਸਾਖੀ ਦਿਹਾੜਾ ਗੁਰੂ ਸਾਹਿਬ ਦੀ ਓਟ ਲੈਕੇ ਮਨਾਇਆ ਜਾਂਦਾ ਹੈ। ਵਿਸਾਖੀ ਵਾਲੇ ਦਿਨ ਇਸ ਸਥਾਨ ਤੇ ਦੇਸ਼-ਵਿਦੇਸ਼ ਤੋਂ ਰਾਜਨੀਤਿਕ, ਸਮਾਜ ਸੇਵੀ ਸੰਗਠਨ, ਪ੍ਰਸਿੱਧ ਪੁਲਿਸ ਪ੍ਰਸ਼ਾਸਨਕ ਅਧਿਕਾਰੀ, ਪੱਤਰਕਾਰ, ਸੰਤ ਮਹਾਤਮਾ ਅਤੇ ਨਾਲ ਹੀ ਇਲਾਕੇ ਦੇ ਸ਼ਰਧਾਲੂ ਸ਼ਾਮਲ ਹੁੰਦੇ ਹਨ। ਡਾ. ਸਤਨਾਮ ਸਿੰਘ ਸੰਧੂ ਨੇ ਸਮੇਂ ਦੀ ਪਾਬੰਦੀ ਬਾਰੇ ਅਪੀਲ ਕਰਦੇ ਹੋਏ ਬੇਨਤੀ ਕੀਤੀ ਕਿ ਸਮਾਗਮ ਵਿੱਚ ਸਿਰਫ ਉਹਨਾਂ ਰਾਗੀ ਜੱਥਿਆਂ ਨੂੰ ਹੀ ਸਮਾਂ ਦਿੱਤਾ ਜਾਵੇਗਾ, ਜਿਹਨਾਂ ਨੂੰ ਹਸਪਤਾਲ ਪ੍ਰਬੰਧਕਾਂ ਵੱਲੋਂ ਖੁਦ ਬੁਲਾਇਆ ਗਿਆ ਹੈ। ਬਿਨਾਂ ਬੁਲਾਏ ਰਾਗੀ ਜੱਥਿਆਂ ਨੂੰ ਇਸ ਸਮਾਗਮ ਵਿੱਚ ਸਟੇਜ ਤੇ ਆਉਣ ਲਈ ਸਮਾਂ ਨਹੀਂ ਦਿੱਤਾ ਜਾਵੇਗਾ। ਸਮਾਗਮ ਵਿੱਚ ਸਿਰਫ ਉਹਨਾਂ ਰਾਗੀ ਜੱਥਿਆਂ ਨੂੰ ਹੀ ਸਮਾਂ ਦਿੱਤਾ ਜਾਵੇਗਾ ਜਿਹਨਾਂ ਨੂੰ ਹਸਪਤਾਲ ਪ੍ਰਬੰਧਕਾਂ ਵੱਲੋਂ ਖੁਦ ਬੁਲਾਇਆ ਗਿਆ ਹੈ। ਬਿਨਾਂ ਬੁਲਾਏ ਰਾਗੀ ਜੱਥਿਆਂ ਨੂੰ ਇਸ ਸਮਾਗਮ ਵਿੱਚ ਸਟੇਜ ਤੇ ਆਉਣ ਲਈ ਸਮਾਂ ਨਹੀਂ ਦਿੱਤਾ ਜਾਵੇਗਾਸ਼ਾਮ ਤੱਕ ਗੁਰੂ ਸਾਹਿਬ ਜੀ ਦਾ ਲੰਗਰ ਅਟੁੱਟ ਸੰਗਤ ਵਰਤਾਇਆ ਜਾਵੇਗਾ।

# ਵਿਸਾਖੀ ਨੂੰ ਸਮਰਪਿਤ ਗੁਰਦੁਆਰਾ ਦਮਦਮਾ ਸਾਹਿਬ ਸ੍ਰੀ ਹਰਗੋਬਿੰਦਪੁਰ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ



ਘੁਮਾਣ /ਸ੍ਰੀ ਹਰਗੋਬਿੰਦਪੁਰ, 15 ਅਪ੍ਰੈਲ ( ਡਾਕਟਰ ਨਰਿੰਦਰ ਸਿੰਘ ਘੁਮਾਣ /ਜਗੀਰ ਸਿੰਘ ਮੰਡ) :ਵਿਸਾਖੀ ਦੇ ਪਵਿੱਤਰ ਤਿਉਹਾਰ ਨੂੰ ਸਮਰਪਿਤ ਗੁਰਦੁਆਰਾ ਦਮਦਮਾ ਸਾਹਿਬ ਸ੍ਰੀ ਹਰਗੋਬਿੰਦਪੁਰ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸ਼ਹੀਦ ਭਗਤ ਸਿੰਘ ਵੈਲਫੇਅਰ ਬਲੱਡ ਸੇਵਾ ਸੁਸਾਇਟੀ ਹਰਚੋਵਾਲ ਅਤੇ ਅਕਾਲ ਪੁਰਖ ਕੀ ਫੌਜ ਵੱਲੋਂ ਲਗਾਇਆ ਗਿਆ।ਕੈਂਪ ਦੌਰਾਨ ਇਲਾਕੇ ਦੇ ਲੋਕਾਂ ਅਤੇ ਨੌਜਵਾਨਾਂ ਨੇ ਵੱਡੀ ਗਿਣਤੀ ਵਿੱਚ ਸਵੈਇੱਛਕ ਤੌਰ 'ਤੇ ਖ਼ੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ। ਖ਼ੂਨਦਾਨ ਕਰਨ ਵਾਲੇ ਨੂੰ ਸੁਸਾਇਟੀ ਵੱਲੋਂ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਮਾਜਸੇਵੀ ਅਤੇ ਕਾਂਗਰਸ ਪਾਰਟੀ ਕਿਸਾਨ ਵਿੰਗ ਦੇ ਜਰਨਲ ਸਕੱਤਰ ਇੰਜੀ. ਹਰਵਿੰਦਰਪਾਲ ਸਿੰਘ ਸ਼ਾਹਬਾਦ ਨੇ ਵਿਸ਼ੇਸ਼ ਤੌਰ 'ਤੇ ਕੈਂਪ ਵਿੱਚ ਪਹੁੰਚ ਕੇ ਖ਼ੂਨਦਾਨ ਕਰਨ ਵਾਲਿਆਂ ਦਾ ਹੋਸਲਾ ਵਧਾਇਆ ਅਤੇ ਸੁਸਾਇਟੀ ਨੂੰ ਸਹਿਯੋਗ ਦਿੱਤਾ ਗਿਆ।ਇਸ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੇ ਨੇਤਾ ਐਡਵੋਕੇਟ ਐਸ.ਐਸ. ਮਾਨ ਵੱਲੋਂ ਵੀ ਕੈਂਪ ਵਿੱਚ ਪਹੁੰਚ ਕੇ ਸੁਸਾਇਟੀ ਨੂੰ ਸਹਿਯੋਗ ਦਿੱਤਾ ਗਿਆ ਅਤੇ ਡੋਨਰਾਂ ਦੀ ਹੋਂਸਲਾ ਅਫ਼ਜ਼ਾਈ ਕੀਤੀ ਗਈ। ਉਨ੍ਹਾਂ ਨੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖ਼ੂਨ ਇੱਕ ਐਸੀ ਨੇਮਤ ਹੈ ਜੋ ਮਸ਼ੀਨਾਂ ਨਾਲ ਨਹੀਂ ਬਣ ਸਕਦੀ, ਇਹ ਸਿਰਫ਼ ਮਨੁੱਖ ਦੇ ਸਰੀਰ ਵਿੱਚ ਬਣਦੀ ਹੈ ਅਤੇ ਖ਼ੂਨਦਾਨ ਕਰਕੇ ਅਨੇਕਾਂ ਲੋੜਵੰਦ ਮਰੀਜ਼ਾਂ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਨਵਦੀਪ ਸਿੰਘ ਪੰਨੂ ਨੇ ਵੀ ਕੈਂਪ ਵਿੱਚ ਪਹੁੰਚ ਕੇ ਡੋਨਰਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਇਸ ਦੇ ਨਾਲ ਹੀ ਅਕਾਲ ਪੁਰਖ ਕੀ ਫੌਜ ਵੱਲੋਂ ਹਰਪ੍ਰੀਤ ਸਿੰਘ ਨੇ ਖ਼ੂਨਦਾਨ ਕਰਨ ਵਾਲਿਆਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ ਅਤੇ ਖ਼ੂਨ ਦਾਨੀਆਂ ਨੂੰ ਸਨਮਾਨਿਤ ਕੀਤਾ ਗਿਆਅੰਤ ਵਿੱਚ ਸੁਸਾਇਟੀ ਚੇਅਰਮੈਨ ਪ੍ਰਦੀਪ ਸਿੰਘ ਬੇਦੀ ਅਤੇ ਸੁਸਾਇਟੀ ਪ੍ਰਧਾਨ ਡਾ. ਸਤਨਾਮ ਸਿੰਘ ਵੱਲੋਂ ਗੁਰਦੁਆਰਾ ਦਮਦਮਾ ਸਾਹਿਬ ਦੇ ਪ੍ਰਬੰਧਕ ਕਮੇਟੀ ਦੇ ਮੈਨੇਜਰ ਸ: ਮਲਕੀਤ ਸਿੰਘ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਦੇ ਸਹਿਯੋਗ ਨਾਲ ਹਰ ਸਾਲ ਇਹ ਖ਼ੂਨਦਾਨ ਕੈਂਪ ਲਗਾ ਕੇ ਮਨੁੱਖਤਾ ਦੀ ਸੇਵਾ ਦਾ ਵੱਡਾ ਉਪਰਾਲਾ ਕੀਤਾ ਜਾਂਦਾ ਹੈ।

## ਕਮਿਊਨਿਟੀ ਹੈਲਥ ਸੈਂਟਰ ਵਿਖੇ ਹਰਪਾਲ ਸਿੰਘ ਚੀਮਾ, ਡਾ.ਬਲਬੀਰ ਸਿੰਘ ਤੇ ਬਰਿੰਦਰ ਕੁਮਾਰ ਗੋਇਲ ਵੱਲੋਂ ਓ.ਪੀ.ਡੀ. ਤੇ ਆਈ.ਪੀ.ਡੀ. ਸੇਵਾਵਾਂ ਸ਼ੁਰੂ





ਲਹਿਰਾਗਾਗਾ, 15 ਅਪ੍ਰੈਲ (ਰਾਮੇਸ਼ਵਰ ਸ਼ਰਮਾ/ਖੁਸ਼ਵਿੰਦਰ ਸ਼ਰਮਾ/ ਗੁਰਦੀਪ ਸਿੰਘ): ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਡਾ. ਬਲਬੀਰ ਸਿੰਘ ਤੇ ਬਰਿੰਦਰ ਕੁਮਾਰ ਗੋਇਲ ਵੱਲੋਂ ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਅਤੇ ਹਸਪਤਾਲ ਖੋਲ੍ਹਣ ਦੇ ਪੰਜਾਬ ਸਰਕਾਰ ਵੱਲੋਂ ਲਏ ਗਏ ਇਤਿਹਾਸਕ ਫੈਸਲੇ ਦੇ ਪਹਿਲੇ ਕਦਮ ਤੇ ਲੋਕਾਂ ਨੂੰ ਫੌਰੀ ਤੌਰ ਉੱਤੇ ਮੈਡੀਕਲ ਸਹੂਲਤਾਂ ਦੇਣ ਲਈ ਲਹਿਰਾਗਾਗਾ ਵਿਚਲੇ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ.ਸੀ) ਵਿਖੇ, ਜਿਹੜਾ ਕਿ ਪਹਿਲਾਂ ਕਾਫੀ ਖਸਤਾ ਹਾਲ ਵਿੱਚ ਸੀ, ਦੀ ਕਾਇਆ ਕਲਪ ਉਪਰੰਤ, ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਦੀ ਸਹੂਲਤ ਸਮੇਤ ਓ.ਪੀ. ਡੀ. ਅਤੇ ਆਈ.ਪੀ.ਡੀ. ਸੇਵਾਵਾਂ ਸ਼ੁਰੂ ਕਰਵਾਈਆਂ ਗਈਆਂ। ਇਸ ਨਾਲ ਲਹਿਰਾਗਾਗਾ ਸਮੇਤ ਇਸ ਦੇ 50 ਕਿਲੋਮੀਟਰ ਘੇਰੇ ਵਿਚਲੇ ਪਿੰਡਾਂ ਤੇ ਕਸਬਿਆਂ ਨੂੰ ਲਾਭ ਹੋਵੇਗਾ। ਸੀ.ਐਚ. ਸੀ. ਲਹਿਰਾਗਾਗਾ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਮੈਡੀਕਲ ਸੇਵਾਵਾਂ ਜਨਹਿਤ ਟਰੱਸਟ ਦੇ ਯੂਨਿਟ, ਅਚਾਰਿਆ ਵਿਦਿਆਨੰਦ ਜੈਨ ਇੰਸਟੀਟਿਊਟ ਆਫ ਮੈਡੀਕਲ ਸਾਇੰਸਜ਼ ਐਂਡ ਰਿਸਰਚ ਵੱਲੋਂ ਨਿਭਾਈਆਂ ਜਾਣਗੀਆਂ। ਇਸ ਉਪਰਾਲੇ ਨਾਲ ਲਹਿਰਾਗਾਗਾ ਦੀ ਪਛਾਣ ਹੁਣ ਸੰਗਰੂਰ ਤਕ ਨਹੀਂ ਪੂਰੀ ਦੁਨੀਆਂ ਵਿੱਚ ਸਥਾਪਤ ਹੋਵੇਗੀ। ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸਪੱਸ਼ਟ ਦੱਸਿਆ ਕਿ ਇਸ ਸਿਹਤ ਸੰਸਥਾ ਨੂੰ ਕਿਸੇ ਵੀ ਰੂਪ ਵਿੱਚ ਨਿੱਜੀ ਹੱਥਾਂ ਵਿੱਚ ਨਹੀਂ ਦਿੱਤਾ ਜਾ ਰਿਹਾ। ਸਰਕਾਰ ਦਾ ਫਰਜ਼ ਹੈ ਕਿ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦਿੱਤੀਆਂ ਜਾਣ, ਇਸੇ ਤਹਿਤ ਜਨਹਿਤ ਟਰੱਸਟ ਦੇ ਯੂਨਿਟ, ਅਚਾਰਿਆ ਵਿਦਿਆਨੰਦ ਜੈਨ ਇੰਸਟੀਟਿਊਟ ਆਫ ਮੈਡੀਕਲ ਸਾਇੰਸਜ਼ ਐਂਡ ਰਿਸਰਚ ਨੂੰ ਸੌਂਪੀਆਂ ਗਈਆਂ ਹਨ, ਜਿਨ੍ਹਾਂ ਦਾ ਮਕਸਦ ਸਿਰਫ ਮਨੁੱਖਤਾ ਦੀ ਸੇਵਾ ਹੈ ਨਾ ਕਿ ਮੁਨਾਫ਼ਾ ਕਮਾਉਣਾ ਹੈ।

ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿਨ-ਰਾਤ ਇੱਕ ਕਰ ਕੇ ਕੀਤੇ ਯਤਨਾਂ ਸਦਕਾ ਬੰਦ ਪਏ ਬਾਬਾ ਹੀਰਾ ਸਿੰਘ ਭੱਠਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਨੂੰ ਮੈਡੀਕਲ ਕਾਲਜ ਤੇ ਹਸਪਤਾਲ ਦੇ ਰੂਪ ਵਿੱਚ ਮੁੜ ਸ਼ੁਰੂ ਕੀਤਾ ਜਾ ਰਿਹਾ ਹੈ। ਇਹ ਮੈਡੀਕਲ ਕਾਲਜ ਮੂਨਕ ਤੇ ਖਨੌਰੀ ਦੋਵਾਂ ਖੇਤਰਾਂ ਨੂੰ ਕਵਰ ਕਰੇਗਾ ਤੇ ਉੱਥੋਂ ਦੇ ਹਸਪਤਾਲ ਵੀ ਇਸ ਕਾਲਜ ਜ਼ਰੀਏ ਚੱਲਣਗੇ। ਸਿਹਤ ਮੰਤਰੀ ਨੇ ਕਿਹਾ ਕਿ ਕਦੇ ਇਸ ਖੇਤਰ ਵਿੱਚ ਮਾਹਰ ਡਾਕਟਰਾਂ ਤੇ ਸਿਹਤ ਸਹੂਲਤਾਂ ਦੀ ਵੱਡੀ ਕਮੀ ਸੀ ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਖੇਤਰ ਵੱਲ ਵਿਸ਼ੇਸ਼ ਧਿਆਨ ਦਿੰਦੇ ਹੋਏ ਇਥੇ ਮੈਡੀਕਲ ਕਾਲਜ ਤੇ ਹਸਪਤਾਲ ਦੀ ਸਥਾਪਤ ਕਰ ਰਹੀ ਹੈ। ਇਸ ਨਾਲ ਇਸ ਖੇਤਰ ਨੂੰ ਨਾ ਸਿਰਫ ਬਿਹਤਰ ਸਿਹਤ ਸਹੂਲਤਾਂ ਮਿਲਣਗੀਆਂ, ਸਗੋਂ ਇਸ ਸਮੁੱਚੇ ਹਲਕੇ ਦਾ ਵੱਡੇ ਪੱਧਰ ਉੱਤੇ ਆਰਥਿਕ ਵਿਕਾਸ ਹੋਵੇਗਾ ਤੇ ਵੱਡੇ ਪੱਧਰ ਉੱਤੇ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ। ਸਿਹਤ ਮੰਤਰੀ ਵੱਲੋਂ ਇਸ ਕਮਿਊਨਿਟੀ ਹੈਲਥ ਸੈਂਟਰ ਵਿਖੇ ਸੇਵਾਵਾਂ ਨਿਭਾਉਣ ਵਾਲੇ ਸਪੈਸ਼ਲਿਸਟ ਡਾਕਟਰਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਮੈਡੀਕਲ ਕਾਲਜ ਦੇ ਪ੍ਰੋਜੈਕਟ ਨੂੰ ਇੱਥੇ ਤਕ ਲੈ ਕੇ ਆਉਣ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਬਹੁਤ ਸਹਿਯੋਗ ਰਿਹਾ, ਜਿਸ ਲਈ ਉਹ ਉਹਨਾਂ ਦੇ ਧੰਨਵਾਦੀ ਹਨ। ਗੋਇਲ ਨੇ ਦੱਸਿਆ ਕਿ ਅਗਲੇ ਸਾਲ ਮੈਡੀਕਲ ਕਾਲਜ ਵਿਖੇ ਨਰਸਿੰਗ ਦੀਆਂ ਕਲਾਸਾਂ ਸ਼ੁਰੂ ਹੋਣਗੀਆਂ। ਇਸ ਦੇ ਨਾਲ-ਨਾਲ ਐਮ.ਡੀ. ਅਤੇ ਐਮ.ਐਸ. ਦੀਆਂ ਕਲਾਸਾਂ ਵੀ ਸ਼ੁਰੂ ਕੀਤੀਆਂ ਜਾਣਗੀਆਂ। ਕੈਬਨਿਟ ਮੰਤਰੀ ਨੇ ਕਿਹਾ ਕਿ ਬਹੁਤੀ ਵਾਰ ਇਸ ਖੇਤਰ ਨਾਲ ਸਬੰਧਤ ਵਿਦਿਆਰਥੀ, ਜਿਹੜੇ ਬਹੁਤ ਕਾਬਲ ਹੁੰਦੇ ਸਨ ਪਰ ਸਹੂਲਤਾਂ ਦੀ ਘਾਟ ਕਰ ਕੇ ਉਹ ਡਾਕਟਰ ਬਣਨ ਤੋਂ ਰਹਿ ਜਾਂਦੇ ਸਨ, ਪਰ ਹੁਣ ਉਹ ਵਿਦਿਆਰਥੀ ਆਪਣੇ ਸੁਫ਼ਨੇ ਸਾਕਾਰ ਕਰ ਸਕਣਗੇ।ਕੈਬਨਿਟ ਮੰਤਰੀ ਨੇ ਕਿਹਾ ਕਿ ਸਭ ਤੋਂ ਅਹਿਮ ਗੱਲ ਇਹ ਹੈ ਕਿ ਪਹਿਲਾਂ ਐਮਰਜੈਂਸੀ ਸੇਵਾਵਾਂ ਦੀ ਘਾਟ ਕਾਰਨ ਕਈ ਵਾਰ ਲੋਕਾਂ ਨੂੰ ਆਪਣੀ ਜਾਨ ਵੀ ਗਵਾਉਣੀ ਪੈ ਜਾਂਦੀ ਸੀ ਕਿਉਂਕਿ ਬਿਹਤਰ ਤੇ ਐਮਰਜੈਂਸੀ ਮੈਡੀਕਲ ਸਹੂਲਤਾਂ ਲਈ ਸੰਗਰੂਰ ਜਾਂ ਪਟਿਆਲਾ ਜਾਣਾ ਪੈਂਦਾ ਸੀ। ਸਮੇਂ ਸਿਰ ਉਥੇ ਨਾ ਪੁੱਜਣ ਕਾਰਨ ਲੋਕਾਂ ਦਾ ਜਾਨੀ ਨੁਕਸਾਨ ਹੋ ਜਾਂਦਾ ਸੀ। ਪਰ ਹੁਣ ਮੈਡੀਕਲ ਸਹੂਲਤਾਂ ਦੀ ਘਾਟ ਕਿਸੇ ਦੇ ਵੀ ਜਾਨੀ ਨੁਕਸਾਨ ਦਾ ਕਾਰਨ ਨਹੀਂ ਬਣੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਜੈਨ ਭਾਈਚਾਰੇ ਵੱਲੋਂ ਸਥਾਪਤ ਕੀਤੇ ਜਾਣ ਵਾਲੇ ਇਸ ਮੈਡੀਕਲ ਕਾਲਜ ਵਿੱਚ ਵਿਦਿਆਰਥੀਆਂ ਦਾ ਦਾਖ਼ਲਾ ਤੇ ਸੀਟਾਂ ਦੀ ਵੰਡ ਬਾਰੇ ਸੂਬਾ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਦਿਸ਼ਾ- ਨਿਰਦੇਸ਼ਾਂ/ ਨੋਟੀਫਿਕੇਸ਼ਨਾਂ ਦੀਆਂ ਸ਼ਰਤਾਂ ਦੀ ਸਖ਼ਤੀ ਨਾਲ ਪਾਲਣਾ ਹੋਵੇਗੀ।ਸਾਰੀਆਂ ਸ਼੍ਰੇਣੀਆਂ ਦੀਆਂ ਸੀਟਾਂ ਲਈ ਫੀਸ ਢਾਂਚਾ ਸੂਬਾ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ/ ਨੋਟੀਫਿਕੇਸ਼ਨਾਂ ਅਨੁਸਾਰ ਹੀ ਲਿਆ ਜਾਵੇਗਾ।ਮੈਡੀਕਲ ਕਾਲਜ ਦੀ ਸਥਾਪਨਾ ਅਤੇ ਸੰਚਾਲਨ 100 ਐਮ.ਬੀ.ਬੀ.ਐਸ. ਸੀਟਾਂ ਦੀ ਦਾਖਲਾ ਸਮਰੱਥਾ ਤੇ ਘੱਟੋ-ਘੱਟ 440 ਬਿਸਤਰਿਆਂ ਨਾਲ ਕੀਤਾ ਜਾਵੇਗਾ। ਇਸ ਕਦਮ ਦਾ ਉਦੇਸ਼ ਇਕ ਪਾਸੇ ਸੂਬੇ ਦੇ ਵਸਨੀਕਾਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ ਅਤੇ ਦੂਜੇ ਪਾਸੇ ਪੰਜਾਬ ਨੂੰ ਮੈਡੀਕਲ ਸਿੱਖਿਆ ਦੇ ਕੇਂਦਰ ਵਜੋਂ ਉਭਾਰਨਾ ਹੈ। ਇਸ ਮੌਕੇ ਜਨਹਿਤ ਟਰੱਸਟ ਦੇ ਚੇਅਰਮੈਨ ਡਾ. ਧਰਮਪਾਲ ਜੈਨ, ਟਰੱਸਟ ਮੈਂਬਰ ਡਾ. ਰਜਨੀਸ਼ ਜੈਨ, ਐੱਸ.ਡੀ.ਐਮ. ਰਾਕੇਸ਼ ਪ੍ਰਕਾਸ਼ ਗਰਗ, ਸਿਵਲ ਸਰਜਨ ਡਾ. ਅਮਰਜੀਤ ਕੌਰ,ਨਗਰ ਕੌਂਸਲ ਪ੍ਰਧਾਨ ਕਾਂਤਾ ਗੋਇਲ, ਗੌਰਵ ਗੋਇਲ,ਆਸ਼ੂ ਗਰਗ, ਪ੍ਰਿੰਸ ਗਰਗ, ਮਾਰਕਿਟ ਚੇਅਰਮੈਨ ਸ਼ੀਸ਼ਪਾਲ ਆਨੰਦ, ਵੱਖ-ਵੱਖ ਸੰਸਥਾਵਾਂ ਦੇ ਅਹੁਦੇਦਾਰ, ਪਤਵੰਤੇ ਤੇ ਵੱਡੀ ਗਿਣਤੀ ਸ਼ਹਿਰ ਤੇ ਪਿੰਡਾਂ ਦੇ ਲੋਕ ਹਾਜ਼ਰ ਸਨ।

## ਬਿਜਲੀ ਗਰਿੱਡ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ



ਬਰੇਟਾ, 15 ਅਪ੍ਰੈਲ (ਨਰਿੰਦਰ ਬਾਂਸਲ, ਵਿਨੋਦ ਸਿੰਗਲਾ): ਸਥਾਨਕ ਬਿਜਲੀ 66 ਕੇ ਵੀ ਬਿਜਲੀ ਗਰਿੱਡ ਵਿਖੇ ਸਰਬਤ ਦੇ ਭਲੇ ਤੇ ਸੁੱਖ ਸ਼ਾਂਤੀ ਲਈ ਸ੍ਰੀ ਸੁੱਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ।ਇਸ ਮੌਕੇ ਵਿਸ਼ੇਸ਼ ਤੌਰ ਤੇ ਪੁੱਜੇ ਹਲਕਾ ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਬਿਜਲੀ ਮੁਲਾਜਮ ਆਪਣੀ ਡਿਊਟੀ ਚੰਗੇ ਢੰਗ ਨਾਲ ਨਿਭਾ ਕੇ ਲੋਕਾਂ ਨੂੰ ਨਿਰਵਿਘਨ ਸਪਲਾਈ ਦਿੰਦੇ ਹਨ ਜਿਹਨਾਂ ਦੀ ਸ਼ਲਾਘਾ ਕਰਨੀ ਬਣਦੀ ਹੈ ਉਹਨਾਂ ਕਿਹਾ ਕਿ ਬਿਜਲੀ ਬੋਰਡ ਦੇ ਨਵੇਂ ਦਫਤਰ ਦਾ ਕੰਮ ਤਿੰਨ ਮਹੀਨਿਆਂ ਦੇ ਅੰਦਰ ਸ਼ੁਰੂ ਹੋ ਜਾਵੇਗਾ। ਇਸ ਮੌਕੇ ਪੁੱਜੇ ਐਕਸਿਅਨ ਬੁਢਲਾਡਾ ਰੋਹਿਤ ਮੋਂਗਾ ਅਤੇ ਐਸ ਡੀ ਓ ਬਰੇਟਾ ਗੁਰਸੇਵਕ ਸਿੰਘ ਨੇ ਵਿਧਾਇਕ ਬੁੱਧ ਰਾਮ ਅਤੇ ਆਏ ਸਾਰੇ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਗ੍ਰੰਥੀ ਸਿੰਘ ਅਤੇ ਸਬਾਕਾ ਜੇ ਈ ਭਾਨਾ ਸਿੰਘ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਐਸ ਡੀ ਓ ਜਗਵੰਤ ਸਿੰਘ, ਜੇ ਈ ਸੁਖਦਰਸ਼ਨ ਸਿੰਘ, ਜੇ ਈ ਜਗਜੀਤ ਸਿੰਘ, ਜੇ ਈ ਅਮਨਦੀਪ, ਏ ਜੇ ਈ ਰਣਜੀਤ ਕੁਮਾਰ, ਜੇ ਈ ਗਰਿੱਡ ਅਵਤਾਰ ਸਿੰਘ ਤੋਂ ਇਲਾਵਾ ਸ਼ਮੂਹ ਕਰਮਚਾਰੀ ਹਾਜ਼ਰ ਸਨ।

## ਬਰਿੰਦਰ ਕੁਮਾਰ ਗੋਇਲ ਨੇ "ਮੇਰਾ ਘਰ ਮੇਰੇ ਨਾਮ" ਸਕੀਮ ਤਹਿਤ 42 ਲਾਭਪਾਤਰੀਆਂ ਨੂੰ ਮਾਲਕਾਨਾ ਹੱਕ ਦੇ ਕਾਰਡ ਸੌਂਪੇ



ਮੂਨਕ, 15 ਅਪ੍ਰੈਲ (ਸਮਸ਼ੇਰ ਸਿੰਘ ਭੁਟਾਲ): ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਆਪਣੇ ਰਹਾਇਸ਼ੀ ਮਕਾਨਾਂ ਦੇ ਕਾਨੂੰਨੀ ਮਾਲਕਾਨਾ ਹੱਕ ਪ੍ਰਦਾਨ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ ਲੋਕ-ਭਲਾਈ ਯੋਜਨਾ "ਮੇਰਾ ਘਰ ਮੇਰੇ ਨਾਮ" ਤਹਿਤ ਅੱਜ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਵਿਧਾਨ ਸਭਾ ਹਲਕਾ ਲਹਿਰਾ ਦੇ ਪਿੰਡ ਬੰਗਾ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ 42 ਲਾਭਪਾਤਰੀਆਂ ਨੂੰ ਮਾਲਕਾਨਾ ਹੱਕ ਦੇ ਕਾਰਡ ਤਕਸੀਮ ਕੀਤੇ ਗਏ। ਇਸ ਮੌਕੇ ਪਿੰਡ ਵਾਸੀਆਂ 'ਚ ਖੁਸ਼ੀ ਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ, ਕਿਉਂਕਿ ਇਹ ਸਕੀਮ ਉਨ੍ਹਾਂ ਨੂੰ ਆਪਣੇ ਘਰਾਂ 'ਤੇ ਕਾਨੂੰਨੀ ਹੱਕ ਪ੍ਰਦਾਨ ਕਰਦੀ ਹੈ, ਜੋ ਲੰਮੇ ਸਮੇਂ ਤੋਂ ਉਨ੍ਹਾਂ ਦੀ ਲੋੜ ਸੀ। ਇਸ ਮੌਕੇ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਹੈ ਤੇ ਸਰਕਾਰ ਵੱਲੋਂ ਲੋਕ-ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤਕ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ "ਮੇਰਾ ਘਰ ਮੇਰੇ ਨਾਮ" ਸਕੀਮ ਰਾਹੀਂ ਪਿੰਡਾਂ ਵਿੱਚ ਰਹਿੰਦੇ ਲੋਕਾਂ ਨੂੰ ਉਹਨਾਂ ਦੇ ਘਰਾਂ ਦੇ ਮਾਲਕਾਨਾ ਹੱਕ ਮੁਹੱਈਆ ਕਰਵਾ ਕੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਸਥਿਰਤਾ ਤੇ ਸੁਰੱਖਿਆ ਦਾ ਅਹਿਸਾਸ ਪੈਦਾ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਹਰ ਵਰਗ ਤਕ ਸੁਵਿਧਾਵਾਂ ਪਹੁੰਚਾਉਣਾ ਹੈ ਅਤੇ ਕਿਸੇ ਵੀ ਯੋਗ ਵਿਅਕਤੀ ਨੂੰ ਇਸ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ। ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਸਕੀਮ ਦਾ ਲਾਭ ਹਰ ਯੋਗ ਵਿਅਕਤੀ ਤਕ ਪਹੁੰਚਾਉਣ ਲਈ ਪੂਰੀ ਪਾਰਦਰਸ਼ਤਾ ਤੇ ਤੀਵਰਤਾ ਨਾਲ ਕੰਮ ਕੀਤਾ ਜਾਵੇ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ਮਰਦਮਸ਼ੁਮਾਰੀ 'ਚ ਅਧਿਆਪਕਾਂ ਦੀਆਂ ਥੋਕ ਡਿਊਟੀਆਂ ਲੱਗਣ ਕਾਰਨ ਸਕੂਲ ਹੋਣਗੇ ਖਾਲ਼ੀ



ਤਲਵੰਡੀ ਸਾਬੋ, 15 ਅਪ੍ਰੈਲ (ਰਾਮ ਜਿੰਦਲ ਜਗਾਂ): ਸਕੂਲਾਂ ਦੇ ਨਵੇਂ ਸੈਸ਼ਨ ਦੀ ਸ਼ੁਰੂਆਤ ਵਿੱਚ ਹੀ ਸਰਕਾਰ ਨੇ ਅਧਿਆਪਕਾਂ ਨੂੰ ਵਿਦਿਆਰਥੀਆਂ ਤੋਂ ਦੂਰ ਕਰ ਦਿੱਤਾ ਹੈ। ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਬਠਿੰਡਾ ਜ਼ਿਲ੍ਹੇ ਦੇ ਪ੍ਰਧਾਨ ਬਲਜਿੰਦਰ ਸਿੰਘ ਸਕੱਤਰ ਜਸਵਿੰਦਰ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 20 ਅਪ੍ਰੈਲ ਤੋਂ 5 ਮਈ ਤਕ ਮਰਦਮਸ਼ੁਮਾਰੀ ਦੇ ਗਿਣਤੀ ਕਾਰਾਂ ਤੇ ਸੁਪਰਵਾਈਜ਼ਰਾਂ ਦੀ ਟ੍ਰੇਨਿੰਗ ਚੱਲੇਗੀ। 15 ਮਈ ਤੋਂ 13 ਜੂਨ ਤਕ ਮਰਦਮਸ਼ੁਮਾਰੀ ਦੇ ਪਹਿਲੇ ਪੜਾ ਵਿੱਚ ਵੱਡੀ ਗਿਣਤੀ ਵਿੱਚ ਅਧਿਆਪਕਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ। ਮਰਦਮਸ਼ੁਮਾਰੀ ਦੀ ਇਹ ਐਕਸਰਸਾਇਜ਼ ਦਾ ਦੌਰ 31 ਮਾਰਚ 2027 ਤੱਕ ਚੱਲੇਗਾ। ਜਿਸ ਕਾਰਨ ਪੂਰੇ ਵਿਦਿਅਕ ਸ਼ੈਸ਼ਨ ਵਿੱਚ ਅਧਿਆਪਕ ਮਰਦਮਸ਼ੁਮਾਰੀ ਵਿੱਚ ਉਲਝ ਕੇ ਸਕੂਲਾਂ ਤੋਂ ਬਾਹਰ ਕੱਢ ਲਏ ਜਾਣਗੇ। ਆਗੂਆਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਬੀ.ਐੱਲ.ਓ. ਲੱਗੇ ਵੱਡੀ ਗਿਣਤੀ ਅਧਿਆਪਕਾਂ ਨੂੰ ਐੱਸ.ਆਈ.ਆਰ. ਸਰਵੇ ਲਈ ਸਕੂਲਾਂ ਤੋਂ ਬਾਹਰ ਵੋਟਾਂ ਦੇ ਸੁਧਾਈ ਅਤੇ ਵੋਟਾਂ ਬਣਾਉਣ ਦੇ ਕੰਮਾਂ ਵਿੱਚ ਲਾ ਰੱਖਿਆ ਹੈ। ਬਲਾਕ ਪ੍ਰਧਾਨ ਭੋਲਾ ਰਾਮ, ਕੁਲਵਿੰਦਰ ਸਿੰਘ ਵਿਰਕ, ਭੁਪਿੰਦਰ ਸਿੰਘ ਮਾਈਸਰਖਾਨਾ, ਰਾਜਵਿੰਦਰ ਜਲਾਲ ਵਿਕਾਸ ਗਰਗ ਤੇ ਬਲਕਰਨ ਕੋਟਸ਼ਮੀਰ ਨੇ ਕਿਹਾ ਕਿ ਆਪਣੀਆਂ ਜਿੰਮੇਵਾਰੀਆਂ 'ਤੇ ਅਧਿਆਪਕਾਂ ਵੱਲੋਂ ਨਵੇਂ ਦਾਖਿਲ ਕੀਤੇ ਬੱਚਿਆਂ ਦੇ ਮਾਪੇ ਇਸ ਸਾਰੇ ਵਰਤਾਰੇ ਨੂੰ ਲੈ ਕੇ ਦੁਚਿਤੀ ਵਿੱਚ ਹਨ। ਅਧਿਆਪਕ ਸਕੂਲਾਂ ਚ ਪੜ੍ਹਾਉਣ ਦੀ ਥਾਂ ਵਾਧੂ ਦੇ ਕੰਮਾਂ ਵਿੱਚ ਉਲਝਾ ਰੱਖੇ ਹਨ।

ਜਥੇਬੰਦੀ ਦੇ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖੇਮੂਆਣਾ, ਜਿਲਾ ਕਮੇਟੀ ਮੈਂਬਰ ਜਗਦੀਪ ਸਿੰਘ ਮਾਨ, ਅਨਿਲ ਭੱਟ, ਦਰਸ਼ਨ ਸਿੰਘ ਭਗਤਾ ਰਣਦੀਪ ਕੌਰ ਖਾਲਸਾ ਅਤੇ ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 10 ਮਈ ਨੂੰ ਨਗਰ ਨਿਗਮ ਨਗਰ ਕੌਂਸਲਾਂ ਅਤੇ ਦੀਆਂ ਡਿਊਟੀਆਂ ਵਿੱਚ ਵੀ ਅਧਿਆਪਕਾਂ ਨੂੰ ਲਿਆ ਕੇ ਰੱਖਿਆ ਜਾਵੇਗਾ। ਓਹਨਾ ਸਰਕਾਰ ਤੋਂ ਮੰਗ ਕੀਤੀ ਕਿ ਮਰਦਮਸ਼ੁਮਾਰੀ ਦਾ ਕੰਮ ਕੇਂਦਰ ਸਰਕਾਰ ਦਾ ਹੈ ਇਸ ਲਈ ਇਸ ਕੰਮ ਵਿੱਚ ਸਾਰੇ ਵਿਭਾਗਾਂ ਦੀਆਂ ਡਿਊਟੀਆਂ ਅਨੁਪਾਤ ਦੇ ਅਧਾਰ 'ਤੇ ਲਗਾਈਆਂ ਜਾਣ । ਜਿਥੋਂ ਤੱਕ ਸੰਭਵ ਹੋ ਸਕੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਮੁੱਖ ਰੱਖਦਿਆਂ ਹੋਇਆ ਅਧਿਆਪਕਾਂ ਨੂੰ ਇਸ ਡਿਊਟੀ ਤੋਂ ਛੋਟ ਦਿੱਤੀ ਜਾਵੇ।ਅੱਜ ਦੀ ਮੀਟਿੰਗ ਵਿੱਚ ਜਸਵਿੰਦਰ ਸੰਦੋਹਾ, ਗੁਰਬਾਜ ਸਿੰਘ, ਹਰਸ਼ਰਨ ਸਿੰਘ, ਪਰਮਜੀਤ ਸੰਗਤ, ਜਗਤਾਰ ਗਿਆਨਾ, ਜਸਕਰਨ ਸਿੰਘ, ਦਰਸ਼ਨ ਸਿੰਘ, ਗੁਰਜਿੰਦਰ ਬੁਰਜ,ਰੂਪ ਸਿੰਘ, ਹਰਮੇਸ਼ ਕੁਮਾਰ, ਰਾਜੇਸ਼ ਕੁਮਾਰ ਆਦਿ ਆਗੂ ਹਾਜ਼ਰ ਸਨ।

## ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਖਨੌਰੀ ਮੰਡੀ 'ਚ ਕਣਕ ਦੀ ਖਰੀਦ ਦੀ ਸ਼ੁਰੂਆਤ

ਖਨੌਰੀ, 15 ਅਪ੍ਰੈਲ (ਓਮਪ੍ਰਕਾਸ ਮੁਆਲ): ਪੰਜਾਬ ਸਰਕਾਰ ਵੱਲੋਂ ਰਬੀ ਸੀਜ਼ਨ ਦੌਰਾਨ ਕਿਸਾਨਾਂ ਦੀ ਫਸਲ ਦੀ ਸੁਚੱਜੀ ਖਰੀਦ ਨੂੰ ਯਕੀਨੀ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਖਨੌਰੀ ਅਨਾਜ ਮੰਡੀ ਵਿੱਚ ਕਣਕ ਦੀ ਸਰਕਾਰੀ ਖਰੀਦ ਦੀ ਵਿਧਿਵਤ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਬੇਮੌਸਮੀ ਬਰਸਾਤ ਕਰਨ ਇਕ ਤਾਂ ਲਸਟਰ ਲੌਸ ਹੋਇਆ, ਦੂਜਾ ਦਾਣੇ ਦਾ ਸਾਈਜ਼ ਪ੍ਰਭਾਵਿਤ ਹੋਇਆ ਅਤੇ ਤੀਜਾ ਬੱਲੀ ਕਾਲੀ ਹੋਣ ਦੀ ਦਿੱਕਤ ਆਈ ਹੈ। ਕੇਂਦਰ ਸਰਕਾਰ ਫੌਰੀ ਤੌਰ ਉੱਤੇ ਇਹਨਾਂ ਮੁਸ਼ਕਲਾਂ ਸਬੰਧੀ ਰਾਹਤ ਦੇਵੇ, ਜਿਵੇਂ ਕੇਂਦਰ ਨੇ ਰਾਜਸਥਾਨ ਨੂੰ ਰਾਹਤ ਦਿੱਤੀ ਹੈ। ਪੰਜਾਬ ਸਰਕਾਰ ਵੱਲੋਂ 125 ਲੱਖ ਮੀਟ੍ਰਿਕ ਟਨ ਕਣਕ ਖਰੀਦੀ ਜਾਂਦੀ ਹੈ, ਜਿਸ ਵਿੱਚੋਂ ਪੰਜਾਬ ਵਿੱਚ ਸਿਰਫ 8 ਲੱਖ ਮੀਟ੍ਰਿਕ ਟਨ ਕਣਕ ਦੀ ਖਪਤ ਹੁੰਦੀ ਹੈ। 117 ਲੱਖ ਮੀਟ੍ਰਿਕ ਟਨ ਕਣਕ ਪੂਰੇ ਭਾਰਤ ਵਿੱਚ ਭੇਜੀ ਜਾਂਦੀ ਹੈ, ਜਿਹੜੀ ਕਿ ਐੱਫ.ਸੀ. ਆਈ ਦੇ ਮਾਪ ਦੰਡਾਂ ਮੁਤਾਬਕ ਭੇਜਣੀ ਪੈਂਦੀ ਹੈ। ਸਪੈਸ਼ਲਾਂ ਰੁਕਣ ਦਾ ਮਾਮਲਾ ਵੀ ਆਉਂਦਾ ਹੈ ਤੇ ਸੀ.ਸੀ. ਲਿਮਿਟ ਦਾ ਸਾਰਾ ਹਿਸਾਬ ਅਗਲੀ ਫਸਲ ਤੋਂ ਪਹਿਲਾਂ ਕਲੀਅਰ ਕਰਨਾ ਪੈਂਦਾ ਹੈ। ਇਸ ਲਈ ਕੇਂਦਰ ਸਰਕਾਰ ਇਹਨਾਂ ਮਾਪਦੰਡਾਂ ਸਬੰਧੀ ਛੋਟ ਬਾਬਤ ਫੌਰੀ ਰਾਹਤ ਦੇਵੇ ਜਿਵੇਂ ਕਿ ਰਾਜਸਥਾਨ ਨੂੰ ਦਿੱਤੀ ਗਈ ਹੈ।

ਕੈਬਨਿਟ ਮੰਤਰੀ ਨੇ ਇਹ ਵੀ ਕਿਹਾ ਕਿ ਵਿਰੋਧੀਆਂ ਵੱਲੋਂ ਕਣਕ ਦੀ ਖਰੀਦ ਸਬੰਧੀ ਤੱਥਹੀਣ ਬਿਆਨਬਾਜ਼ੀ ਕੀਤੀ ਜਾ ਰਹੀ ਹੈ, ਜਿਸ ਵੱਲ ਲੋਕਾਂ ਨੂੰ ਬਿਲਕੁਲ ਧਿਆਨ ਨਹੀਂ ਦੇਣਾ ਚਾਹੀਦਾ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਦੀ ਫਸਲ ਦਾ ਇਕ-ਇਕ ਦਾਣਾ ਖਰੀਦਣ ਲਈ ਵਚਨਬੱਧ ਹੈ ਅਤੇ ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀ ਅਸੁਵਿਧਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਖਰੀਦ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਸੁਚਾਰੂ ਬਣਾਉਣ ਲਈ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ।

ਗੋਇਲ ਨੇ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਲਈ ਪੀਣ ਵਾਲੇ ਪਾਣੀ, ਬਿਜਲੀ, ਸਫਾਈ, ਬੈਠਣ ਦੀ ਵਧੀਆ ਵਿਵਸਥਾ ਅਤੇ ਛਾਂ ਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ। ਇਸ ਤੋਂ ਇਲਾਵਾ ਫਸਲ ਦੀ ਤੁਰੰਤ ਚੁਕਾਈ ਤੇ ਸਮੇਂ ਸਿਰ ਭੁਗਤਾਨ ਨੂੰ ਯਕੀਨੀ ਬਣਾਉਣ ਲਈ ਸਬੰਧਤ ਵਿਭਾਗਾਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਸਹੂਲਤ ਲਈ ਆੜ੍ਹਤੀਆਂ, ਖਰੀਦ ਏਜੰਸੀਆਂ ਅਤੇ ਪ੍ਰਸ਼ਾਸਨ ਵਿਚਕਾਰ ਪੂਰੇ ਤਾਲਮੇਲ ਨਾਲ ਕੰਮ ਕੀਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਨੇ ਮੌਕੇ 'ਤੇ ਮੰਡੀ ਦਾ ਦੌਰਾ ਕਰਦੇ ਹੋਏ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਹੱਲ ਕੀਤਾ ਜਾਵੇ। ਉਨ੍ਹਾਂ ਕਿਸਾਨਾਂ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਮੌਕੇ 'ਤੇ ਹੀ ਹੱਲ ਕਰਨ ਲਈ ਸੰਬੰਧਿਤ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ।

ਕੈਬਨਿਟ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਖਰੀਦ ਏਜੰਸੀਆਂ ਦੇ ਨੁਮਾਇੰਦੇ, ਆੜ੍ਹਤੀ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

## ਆਕਸਫੋਰਡ ਸਕੂਲ ਵਿਖੇ ਮਨਾਈ ਵਿਸਾਖੀ ਦਾ ਤਿਉਹਾਰ ਤੇ ਡਾ.ਅੰਬੇਦਕਰ ਜੈਯੰਤੀ



ਭਗਤਾ ਭਾਈ ਕਾ 15 ਅਪ੍ਰੈਲ (ਸਵਰਨ ਸਿੰਘ ਭਗਤਾ): 'ਦ ਆਕਸਫੋਰਡ ਸਕੂਲ ਆਫ ਐਜੂਕੇਸ਼ਨ' ਭਗਤਾ ਭਾਈ ਕਾ ਇੱਕ ਅਜਿਹੀ ਵਿੱਦਿਅਕ ਸੰਸਥਾ ਹੈ, ਜਿਸ ਵਿੱਚ ਦੇਸ਼ ਦੇ ਹਰ ਪਵਿੱਤਰ ਦਿਹਾੜੇ, ਦਿਵਸ, ਤਿਉਹਾਰ ਨੂੰ ਬੜੀ ਸ਼ਰਧਾ ਪੂਰਵਕ, ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਇਸ ਸੰਸਥਾ ਵਿੱਚ ਖਾਲਸੇ ਦਾ ਜਨਮ ਦਿਹਾੜਾ ਭਾਵ "ਖ਼ਾਲਸਾ-ਸਿਰਜਨਾ ਦਿਵਸ" ਭਾਵ ਵਿਸਾਖੀ ਦਾ ਤਿਉਹਾਰ ਅਤੇ ਡਾ.ਅੰਬੇਦਕਰ ਜੈਯੰਤੀ ਨੂੰ ਬੜੀ ਹੀ ਸ਼ਰਧਾ ਤੇ ਚਾਅ ਨਾਲ ਮਨਾਇਆ ਗਿਆ। ਸਵੇਰ ਦੀ ਸਭਾ ਦੌਰਾਨ ਸ਼ੁਰੂ ਹੋਏ ਰੰਗਾ-ਰੰਗ ਪ੍ਰੋਗਰਾਮ ਦਾ ਆਗਮਨ ਸ਼ਬਦ "ਵਾਹਿਗੁਰੂ-ਵਾਹਿਗੁਰੂ" ਨਾਲ ਹੋਇਆ।

ਇਸ ਸਮੇਂ ਸਕੂਲ ਦੇ ਜੂਨੀਅਰ ਤੇ ਸੀਨੀਅਰ ਵਿਦਿਆਰਥੀਆਂ ਵੱਲੋਂ ਗਿੱਧਾ, ਭੰਗੜਾ ਪੇਸ਼ ਕੀਤੇ ਗਏ। ਗਿੱਧਾ-ਭੰਗੜਾ ਪੇਸ਼ ਕਰਦੇ ਵਿਦਿਆਰਥੀਆਂ ਨੇ ਤਾਂ ਸਾਰਾ ਪੰਡਾਲ ਹੀ ਝੂਮਣ ਲਾ ਦਿੱਤਾ। ਨਰਸਰੀ ਜਮਾਤ ਦੇ ਨੰਨ੍ਹੇ ਵਿਦਿਆਰਥੀਆਂ ਨੇ ਫੈਂਸੀ ਡਰੈੱਸ ਵਿੱਚ ਸਭ ਦਾ ਮਨ ਮੋਹ ਲਿਆ।ਇਸ ਸਮੇਂ ਖਾਲਸਾ ਪੰਥ ਨੂੰ ਸਮਰਪਿਤ ਇੱਕ ਕਵੀਸ਼ਰੀ ਅਤੇ ਮਾਣਯੋਗ ਡਾ.ਅੰਬੇਦਕਰ ਜੈਯੰਤੀ ਦੇ ਯੋਗਦਾਨ ਨੂੰ ਇੱਕ ਗੀਤ ਵਿੱਚ ਪੇਸ਼ ਕੀਤਾ ਗਿਆ।ਪ੍ਰੋਗਰਾਮ ਉਦੋਂ ਸਿਖਰ ਤੇ ਪਹੁੰਚ ਗਿਆ ਜਦੋਂ ਨਿਹੰਗ-ਸਿੰਘਾਂ ਦੀ ਪੁਸ਼ਾਕ ਵਿੱਚ ਸਜੇ ਵਿਦਿਆਰਥੀਆਂ ਨੇ ਗਤਕੇ ਦੀ ਪੇਸ਼ਕਾਰੀ ਕੀਤੀ।ਗੁਰਸਿੱਖੀ ਬਾਣੇ ਵਿੱਚ ਸਜੇ ਵਿਦਿਆਰਥੀਆਂ ਨੇ ਗਤਕੇ ਵਿੱਚ ਅਨੇਕਾਂ ਹੀ ਦਿਲ ਕੰਬਾਊ ਜੌਹਰ ਵਿਖਾਏ। ਇਸ ਮੌਕੇ ਤੇ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਇੱਕ ਕੋਰੀਓਗ੍ਰਾਫੀ ਵੀ ਪੇਸ਼ ਕੀਤੀ ਗਈ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਸੰਬੋਧਨ ਹੁੰਦੇ ਕਿਹਾ ਕਿ ਇਹ ਤਿਉਹਾਰ ਸਾਨੂੰ ਵਿਰਸੇ ਵਿੱਚ ਮਿਲੇ ਹਨ ਅਤੇ ਅਸੀਂ ਬਹੁਤ ਭਾਗਾਂ ਵਾਲੇ ਹਾਂ ਕਿ ਅਸੀਂ ਇੱਕ ਅਮੀਰ ਵਿਰਸੇ ਦੇ ਮਾਲਕ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਵਿਰਸੇ, ਸੱਭਿਆਚਾਰ ਨਾਲ ਜੁੜੇ ਰਹਿਣਾ ਚਾਹੀਦਾ ਹੈ। "ਖ਼ਾਲਸਾ ਸਿਰਜਨਾ ਦਿਵਸ"ਤੇ ਚਾਨਣਾ ਪਾਉਂਦਿਆਂ ਬਾਂਸਲ ਨੇ ਕਿਹਾ ਕਿ ਇਹ ਦਿਵਸ ਸਾਨੂੰ ਜਾਤ-ਪਾਤ ਦਾ ਖੰਡਨ ਕਰਕੇ ਇੱਕ ਹੋਣ ਦਾ ਸੁਨੇਹਾ ਦਿੰਦਾ ਹੈ। ਇਸ ਲਈ ਸਾਨੂੰ"ਸਭੈ ਸਾਂਝੀਵਾਲ ਸਦਾਇਣ" ਦੀ ਧਾਰਨਾ ਤੇ ਪਹਿਰਾ ਦੇਣਾ ਚਾਹੀਦਾ ਹੈ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ),ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਅਤੇ ਸੱਭਿਆਚਾਰ ਨਾਲ ਜੁੜਨ ਦਾ ਸੁਨੇਹਾ ਦਿੱਤਾ ਅਤੇ ਹਰ ਵਿਦਿਆਰਥੀ ਨੂੰ ਕਿਸੇ ਨਾ ਕਿਸੇ ਐਕਟੀਵਿਟੀ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ।

## ਸੁਖਦੀਪ ਸਿੰਘ ਰਾਮਨਗਰ ਦੂਜੀ ਵਾਰ ਕਾਂਗਰਸ ਕਮੇਟੀ ਮੌੜ ਦੇ ਪ੍ਰਧਾਨ ਨਿਯੁਕਤ



ਮੌੜ ਮੰਡੀ 15 ਅਪ੍ਰੈਲ (ਭੋਲਾ ਸਿੰਘ ਮਾਨ): ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਸੰਗਠਨਾਤਮਕ ਢਾਂਚੇ ਨੂੰ ਮਜ਼ਬੂਤ ਕਰਨ ਦੇ ਮਕਸਦ ਨਾਲ ਸੂਬੇ ਭਰ 'ਚ ਬਲਾਕ ਪ੍ਰਧਾਨਾਂ ਦੇ ਕੀਤੇ ਐਲਾਨ ਦੀ ਲੜੀ ਤਹਿਤ ਵਿਧਾਨ ਸਭਾ ਹਲਕਾ ਮੌੜ ਤੋਂ ਸੁਖਦੀਪ ਸਿੰਘ ਰਾਮਨਗਰ ਨੂੰ ਬਲਾਕ ਕਾਂਗਰਸ ਕਮੇਟੀ ਮੌੜ ਦਾ ਪ੍ਰਧਾਨ ਨਿਯੁਕਤ ਕਰਨ 'ਤੇ ਹਲਕਾ ਮੌੜ ਅੰਦਰ ਕਾਂਗਰਸੀ ਵਰਕਰਾਂ 'ਚ ਵਧੇਰੇ ਖੁਸ਼ੀ ਪਾਈ ਜਾ ਰਹੀ ਹੈ। ਇਸ ਨਿਯੁਕਤੀ 'ਤੇ ਕਾਂਗਰਸੀ ਵਰਕਰਾਂ ਨੇ ਰਾਹੁਲ ਗਾਂਧੀ, ਪੰਜਾਬ ਪ੍ਰਦੇਸ਼ ਕਾਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜ਼ਿਲ੍ਹਾ ਪ੍ਰਧਾਨ ਪ੍ਰੀਤਮ ਸਿੰਘ ਕੋਟਭਾਈ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ, ਜਿੰਨ੍ਹਾਂ ਨੇ ਹਲਕਾ ਮੌੜ ਦੇ ਇੱਕ ਮੇਹਨਤੀ ਅਤੇ ਇਮਾਨਦਰ ਨੌਜਵਾਨ ਆਗੂ ਨੂੰ ਬਲਾਕ ਕਾਂਗਰਸ ਕਮੇਟੀ ਦਾ ਪ੍ਰਧਾਨ ਨਿਯੁਕਤ ਕਰਕੇ ਹਲਕਾ ਮੌੜ ਦੇ ਵਰਕਰਾਂ ਦਾ ਮਾਣ ਵਧਾਇਆ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਪ੍ਰਧਾਨ ਸੁਖਦੀਪ ਸਿੰਘ ਰਾਮਨਗਰ ਪਾਰਟੀ ਵਰਕਰਾਂ ਨੂੰ ਇੱਕ ਮਾਲਾ 'ਚ ਪਰੋ ਕੇ ਕਾਂਗਰਸ ਦੀ ਮਜਬੂਤੀ ਲਈ ਦਿਨ ਰਾਤ ਮੇਹਨਤ ਕਰੇਗਾ ਅਤੇ ਪਾਰਟੀ ਵਰਕਰਾਂ ਨਾਲ ਮੋਢੇ ਨਾਲ ਮੋਢਾ ਮਿਲਾ ਕੇ ਚੱਲੇਗਾ। ਦੱਸਣਾ ਬਣਦਾ ਹੈ ਕਿ ਸੁਖਦੀਪ ਸਿੰਘ ਰਾਮਨਗਰ ਨੇ ਯੂਥ ਕਾਂਗਰਸ ਤੋਂ ਆਪਣੀ ਸਿਆਸਤ ਦੀ ਪਾਰੀ ਸ਼ੁਰੂ ਕੀਤੀ ਅਤੇ ਸਭ ਤੋਂ ਪਹਿਲਾ ਉਹ ਯੂਥ ਕਾਂਗਰਸ ਦੇ ਹਲਕਾ ਪ੍ਰਧਾਨ ਬਣੇ। ਉਹਨਾਂ ਦੀ ਮੇਹਨਤ ਅਤੇ ਲਗਨ ਨੂੰ ਦੇਖਦੇ ਹੋਏ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਛੋਟੀ ਉਮਰ ਵਿਚ ਹੀ ਸੁਖਦੀਪ ਸਿੰਘ ਰਾਮਨਗਰ ਨੂੰ ਮੌੜ ਬਲਾਕ ਕਾਂਗਰਸ ਕਮੇਟੀ ਦਾ ਪ੍ਰਧਾਨ ਨਿਯੁਕਤ ਅਤੇ ਹੁਣ ਪਾਰਟੀ ਪ੍ਰਤੀ ਨਿਭਾਈਆਂ ਗਈਆਂ ਸੇਵਾਵਾਂ ਨੂੰ ਦੇਖਦੇ ਹੋਏ ਮੁੜ ਸੁਖਦੀਪ ਸਿੰਘ ਰਾਮਨਗਰ ਨੂੰ ਦੂਜੀ ਵਾਰ ਬਲਾਕ ਕਾਂਗਰਸ ਕਮੇਟੀ ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਉੱਧਰ ਪ੍ਰਧਾਨ ਸੁਖਦੀਪ ਸਿੰਘ ਨੇ ਰਾਹੁਲ ਗਾਂਧੀ, ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਜਿਲ੍ਹਾ ਪ੍ਰਧਾਨ ਪ੍ਰੀਤਮ ਸਿੰਘ ਕੋਟਭਾਈ ਦਾ ਧੰਨਵਾਦ ਕਰਦੇ ਹੋਏ ਵਿਸ਼ਵਾਸ਼ ਦਿਵਾਇਆ ਕਿ ਜਿਨ੍ਹਾਂ ਉਮੀਦਾਂ ਨਾਲ ਉਸ ਨੂੰ ਬਲਾਕ ਪ੍ਰਧਾਨ ਨਿਯੁਕਤ ਕੀਤਾ ਹੈ, ਉਹ ਉਹਨਾਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰਾ ਉਤਰੇਗਾ।

## ਗੁਰਦੀਪ ਸਿੰਘ ਘਰਾਚੋਂ ਕਾਂਗਰਸ ਦੇ ਲਗਾਤਾਰ ਦੂਜੀ ਵਾਰ ਬਲਾਕ ਪ੍ਰਧਾਨ ਨਿਯੁਕਤ



ਭਵਾਨੀਗੜ੍ਹ, 15 ਅਪ੍ਰੈਲ (ਅਮਨਦੀਪ ਸਿੰਘ ਮਾੜ੍ਹਾ): ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਗੁਰਦੀਪ ਸਿੰਘ ਘਰਾਚੋਂ ਨੂੰ ਪਾਰਟੀ ਹਾਈ ਕਮਾਂਡ ਵੱਲੋਂ ਲਗਾਤਾਰ ਦੂਸਰੀ ਵਾਰ ਬਲਾਕ ਭਵਾਨੀਗੜ੍ਹ ਦਾ ਪ੍ਰਧਾਨ ਨਿਯੁਕਤ ਕੀਤਾ ਹੈ।ਇਸ ਮੌਕੇ ਬਲਾਕ ਪ੍ਰਧਾਨ ਗੁਰਦੀਪ ਸਿੰਘ ਘਰਾਚੋਂ ਨੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮੈਨੂੰ ਦੂਜੀ ਵਾਰ ਕਾਂਗਰਸ ਪਾਰਟੀ ਦਾ ਬਲਾਕ ਪ੍ਰਧਾਨ ਬਣਾਉਣ ਤੇ ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਵਿਜੈ ਇੰਦਰ ਸਿੰਗਲਾ, ਜ਼ਿਲ੍ਹਾ ਪ੍ਰਧਾਨ ਜਗਦੇਵ ਗਾਗਾ, ਜਗਤਾਰ ਸ਼ਰਮਾ ਨਮਾਦਾ ਦਾ ਅਤੇ ਮੇਰੇ ਬਲਾਕ ਦੇ ਸਾਰੇ ਕਾਂਗਰਸੀ ਵਰਕਰਾਂ ਸਾਹਿਬਾਨਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨਾਂ ਨੇ ਮੈਨੂੰ ਮਾਣ ਬਖਸ਼ਿਆ ਹੈ। ਉਹਨਾਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਜਿੰਮੇਵਾਰੀ ਨੂੰ ਉਹ ਤਨਦੇਹੀ ਅਤੇ ਮਿਹਨਤ ਨਾਲ ਨਿਭਾਉਣਗੇ ਤੇ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਨੂੰ ਮਜਬੂਤ ਕਰਨ ਲਈ ਵੱਡੇ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਕਾਂਗਰਸ ਪਾਰਟੀ ਦੇ ਆਗੂਆਂ ਨੇ ਗੁਰਦੀਪ ਘਰਾਚੋ ਨੂੰ ਲਗਾਤਾਰ ਦੂਜੀ ਵਾਰ ਬਲਾਕ ਪ੍ਰਧਾਨ ਲਗਾਉਣ ਤੇ ਹਾਈ ਕਮਾਂਡ ਦੇ ਫੈਸਲੇ ਦਾ ਸਵਾਗਤ ਕੀਤਾ ਹੈ।

## ਵਿਸਾਖੀ ਦੇ ਪਵਿੱਤਰ ਤਿਉਹਾਰ ਮੌਕੇ ਬੱਚਿਆਂ ਨੇ ਗੁਰਦੁਆਰਾ ਸਾਹਿਬ ਮੱਥਾ ਟੇਕਿਆ



ਨਥਾਣਾ ਭੁੱਚੋ ਮੰਡੀ, 16 ਅਪ੍ਰੈਲ (ਹਰਬੰਸ ਸਿੰਘ ਭੋਲਾ): ਟੌਪ ਰੈਂਕਰ ਇੰਟਰਨੈਸ਼ਨਲ ਸਕੂਲ, ਨਥਾਣਾ ਦੇ ਵਿਦਿਆਰਥੀਆਂ ਨੇ ਵਿਸਾਖੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਹੋਇਆਂ ਸਥਾਨਕ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਿਆ 'ਤੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਇੰਦਰਜੀਤ ਕੌਰ ਬਰਾੜ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਇਤਿਹਾਸ ਦੀ ਮਹੱਤਵ ਬਾਰੇ ਜਾਣਕਾਰੀ ਦਿੰਦਿਆ ਹੋਇਆ ਦੱਸਿਆ ਕਿ ਵਿਸਾਖੀ ਦਾ ਤਿਉਹਾਰ ਜੀਵੰਤ ਵਾਢੀ ਦੇ ਕੇ ਸੀਜ਼ਨ ਨੂੰ ਦਰਸਾਉਂਦਾ ਹੋਇਆ ਕਿਸਾਨਾਂ ਦੀ ਖੁਸ਼ੀ ਤੇ ਨਵੀਨੀਕਰਨ ਦੀ ਭਾਵਨਾ ਨੂੰ ਵੀ ਦਰਸਾਉਂਦਾ ਹੈ ਇਹ ਸਾਡੇ ਸਿੱਖ ਭੈਣ ਭਰਾਵਾਂ ਦੀ ਖੁਸ਼ੀ ਦਾ ਅਹਿਮ ਮੌਕਾ ਹੈ ਸਕੂਲ ਦੇ ਚੇਅਰਮੈਨ ਪ੍ਰਮਿੰਦਰ ਸ਼ਰਮਾ ਜੀ ਨੇ ਬੱਚਿਆਂ ਨੂੰ ਸਿੱਖ ਧਰਮ ਦੀਆਂ ਸਿੱਖਿਆਵਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਤੇ ਕਿਹਾ ਕਿ ਇਹ ਸਾਨੂੰ ਸਬੰਧਿਤ ਧਾਰਮਿਕ ਤੇ ਇਤਿਹਾਸਕ ਮਹੱਤਤਾ ਦੀ ਵੀ ਯਾਦ ਦਿਵਾਉਂਦਾ ਹੈ। ਗੁਰਦੁਆਰਾ ਸਾਹਿਬ ਵੱਲੋਂ ਵਿਦਿਆਰਥੀਆਂ ਨੇ ਖੀਰ ਦੇ ਲੰਗਰ ਵੀ ਛਕਿਆ ਤੇ ਵਹਿਗੁਰੂ ਦਾ ਸ਼ੁਕਰਾਨਾ ਕੀਤਾ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਰਹਿਣਗੀਆਂ।

## ਭਾਜਪਾ ਵੱਲੋਂ 8 ਨਵੇਂ ਸਰਕਲ ਪ੍ਰਧਾਨਾਂ ਦੀ ਨਿਯੁਕਤੀ



ਧੂਰੀ, 15 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਭਾਰਤੀ ਜਨਤਾ ਪਾਰਟੀ ਨੇ ਪੰਜਾਬ ਵਿੱਚ ਆਪਣੀ ਸਿਆਸੀ ਪਕੜ ਮਜ਼ਬੂਤ ਕਰਨ ਲਈ ਜ਼ਿਲ੍ਹਾ ਸੰਗਰੂਰ ਵਿੱਚ ਵੱਡੀਆਂ ਨਿਯੁਕਤੀਆਂ ਕੀਤੀਆਂ ਹਨ। ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਸਰਜੀਵਨ ਜਿੰਦਲ ਨੇ ਐਲਾਨ ਕੀਤਾ ਕਿ ਪਾਰਟੀ ਦੇ ਹੇਠਲੇ ਪੱਧਰ ਨੂੰ ਵਧੇਰੇ ਸਰਗਰਮ ਤੇ ਸ਼ਕਤੀਸ਼ਾਲੀ ਬਣਾਉਣ ਦੇ ਮਕਸਦ ਨਾਲ 8 ਸਰਕਲ ਪ੍ਰਧਾਨ ਨਿਯੁਕਤ ਕੀਤੇ ਗਏ ਹਨ। ਇਹ ਫੈਸਲਾ ਸੂਬਾ ਪ੍ਰਧਾਨ ਸੁਨੀਲ ਜਾਖੜ, ਅਸ਼ਵਨੀ ਸ਼ਰਮਾ ਤੇ ਸੰਗਠਨ ਮਹਾਂਮੰਤਰੀ ਮੰਥਰੀ ਨਿਵਾਸਲੂ ਨਾਲ ਡੂੰਘੀ ਵਿਚਾਰ-ਚਰਚਾ ਤੋਂ ਬਾਅਦ ਲਿਆ ਗਿਆ ਹੈ। ਜ਼ਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਵੀਆਂ ਨਿਯੁਕਤੀਆਂ ਤਹਿਤ ਰੋਮੀ ਗੋਇਲ ਨੂੰ ਸੰਗਰੂਰ ਸ਼ਹਿਰੀ ਅਤੇ ਲਛਮਣ ਦਾਸ ਸਚਦੇਵਾ ਨੂੰ ਭਵਾਨੀਗੜ੍ਹ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸੇ ਤਰ੍ਹਾਂ ਪਰਮਜੀਤ ਸ਼ਰਮਾ ਨੂੰ ਘਰਾਚੋਂ, ਅਸ਼ੀਸ਼ ਗਰਗ ਨੂੰ ਧੂਰੀ ਸ਼ਹਿਰੀ, ਗੁਰਦੀਪ ਸਿੰਘ ਨੂੰ ਘਨੌਰੀ ਕਲਾਂ (ਧੂਰੀ), ਕੁਲਵਿੰਦਰ ਕੁਮਾਰ ਨੂੰ ਬੇਨੜਾ (ਧੂਰੀ), ਸੁਖਪਾਲ ਸ਼ਰਮਾ ਨੂੰ ਬਾਲੀਆ (ਧੂਰੀ) ਤੇ ਮਨਜੀਤ ਸਿੰਘ ਨੂੰ ਮੀਮਸਾ (ਧੂਰੀ) ਸਰਕਲ ਦਾ ਪ੍ਰਧਾਨ ਬਣਾਇਆ ਗਿਆ ਹੈ। ਇਨ੍ਹਾਂ ਨਿਯੁਕਤੀਆਂ ਵਿੱਚ ਧੂਰੀ ਖੇਤਰ ਦੇ ਪਿੰਡਾਂ ਤੇ ਸ਼ਹਿਰੀ ਇਕਾਈਆਂ 'ਤੇ ਖਾਸ ਧਿਆਨ ਦਿੱਤਾ ਗਿਆ ਹੈ।

ਸਰਜੀਵਨ ਜਿੰਦਲ ਨੇ ਭਵਿੱਖ ਦੀ ਰਣਨੀਤੀ ਸਪੱਸ਼ਟ ਕਰਦਿਆਂ ਕਿਹਾ ਕਿ ਭਾਜਪਾ ਹੁਣ ਪੰਜਾਬ ਵਿੱਚ ਕਿਸੇ ਵੀ ਹੋਰ ਪਾਰਟੀ 'ਤੇ ਨਿਰਭਰ ਨਹੀਂ ਹੈ। ਪਾਰਟੀ 2027 ਦੀਆਂ ਵਿਧਾਨ ਸਭਾ ਚੋਣਾਂ ਆਪਣੇ ਦਮ 'ਤੇ ਲੜਨ ਦੀ ਤਿਆਰੀ ਕਰ ਰਹੀ ਹੈ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਨਿਯੁਕਤ ਕੀਤੇ ਗਏ ਆਗੂ ਪੂਰੀ ਮਿਹਨਤ ਨਾਲ ਕੰਮ ਕਰਨਗੇ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਗੇ, ਤਾਂ ਜੋ ਸੂਬੇ ਵਿੱਚ ਅਗਲੀ ਸਰਕਾਰ ਭਾਜਪਾ ਦੀ ਬਣ ਸਕੇ।

## ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ




ਭਗਤਾ ਭਾਈ ਕਾ, 15 ਅਪ੍ਰੈਲ (ਸਵਰਨ ਸਿੰਘ ਭਗਤਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਵਿੱਚ ਵਿਸਾਖੀ ਦਾ ਤਿਉਹਾਰ ਬੜੇ ਉਤਸ਼ਾਹ ਤੇ ਰੌਣਕ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਗੁਰਿੰਦਰ ਕੌਰ ਦੀ ਅਗਵਾਈ ਹੇਠ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਜੂਨੀਅਰ ਵਿੰਗ ਦੇ ਵਿਦਿਆਰਥੀਆਂ ਵੱਲੋਂ ਵਿਸਾਖੀ ਸਬੰਧੀ ਖੂਬਸੂਰਤ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ। ਨਰਸਰੀ ਤੋਂ ਯੂ.ਕੇ. ਜੀ. ਤੱਕ ਦੇ ਬੱਚੇ ਪੰਜਾਬੀ ਪਹਿਰਾਵੇ ਵਿੱਚ ਸਜੇ ਹੋਏ ਬਹੁਤ ਹੀ ਸੁਹਣੇ ਲੱਗ ਰਹੇ ਸਨ। ਇਨ੍ਹਾਂ ਛੋਟੇ ਛੋਟੇ ਬੱਚਿਆਂ ਨੇ ਵਿਸਾਖੀ ਨਾਲ ਸਬੰਧਤ ਪੰਜਾਬੀ ਕਵਿਤਾਵਾਂ ਵੀ ਬੜੇ ਆਤਮ-ਵਿਸ਼ਵਾਸ ਨਾਲ ਸੁਣਾਈਆਂ। ਜਮਾਤ ਪਹਿਲੀ ਤੇ ਦੂਜੀ ਦੇ ਮੁੰਡਿਆਂ ਨੇ ਕੁਰਤਾ-ਪਜਾਮਾ ਤੇ ਕੇਸਰੀ ਦਸਤਾਰ ਪਹਿਨ ਕੇ ਤੇ ਕੁੜੀਆਂ ਨੇ ਪੰਜਾਬੀ ਸੂਟ ਪਹਿਨ ਕੇ ਸਮਾਗਮ ਦੀ ਰੌਣਕ ਵਧਾਈ। ਇਨ੍ਹਾਂ ਵਿਦਿਆਰਥੀਆਂ ਵੱਲੋਂ ਰੰਗਾਰੰਗ ਗਤੀਵਿਧੀਆਂ ਪੇਸ਼ ਕੀਤੀਆਂ ਗਈਆਂ ਅਤੇ ਵਿਸਾਖੀ ਬਾਰੇ 4-5 ਲਾਈਨਾਂ ਵੀ ਬੋਲੀਆਂ ਗਈਆਂ। ਇਸ ਮੌਕੇ ਜਮਾਤ ਬਾਰ੍ਹਵੀਂ ਦੀ ਵਿਦਿਆਰਥਣ ਗਗਨਦੀਪ ਕੌਰ ਵੱਲੋਂ ਵਿਸਾਖੀ ਦੇ ਮਹੱਤਵ ਬਾਰੇ ਭਾਸ਼ਣ ਪੇਸ਼ ਕੀਤਾ ਤੇ ਵਿਸਾਖੀ ਨਾਲ ਸਬੰਧਤ ਜਾਣਕਾਰੀ ਦਿੱਤੀ। ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਐਕਟੀਵਿਟੀ ਇੰਚਾਰਜ ਅਮਨਦੀਪ ਕੌਰ ਤੇ ਰਾਜੀਵ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ। ਅੰਤ ਵਿੱਚ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾਲ ਬੱਚਿਆਂ ਨੂੰ ਸੱਭਿਆਚਾਰਕ ਤੇ ਸੰਸਕ੍ਰਿਤੀ ਨਾਲ ਜੋੜਿਆ ਜਾਂਦਾ ਹੈ।

## ਸ਼ਿਵ ਮੰਦਿਰ ਵਿਖੇ ਪਰਸ਼ੂਰਾਮ ਜੈਯੰਤੀ ਮਨਾਈ



ਸੁਨਾਮ, 15 ਮੋਹਣ (ਸ਼ਰਮਾ/ ਰਾਊਵਰਿੰਦਰ ਮਠਾੜੂ): ਭਗਵਾਨ ਪਰਸ਼ੂਰਾਮ ਜੀ ਦਾ ਜਨਮ ਉਤਸਵ ਸਿਵਕੁਟੀ ਮੰਦਰ ਵਿਚ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਨਾਇਆ ਜਾ ਰਿਹਾ ਇਸ ਪ੍ਰੋਗਰਾਮ ਦੇ ਸੱਦਾ ਪੱਤਰ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ, ਆਲ ਇੰਡੀਆ ਬ੍ਰਾਹਮਣ ਫੈਡਰੇਸ਼ਨ ਦੇ ਰਾਸ਼ਟਰੀ ਸਪੋਕਸਮੈਨ ਤੇ ਉਪ ਪ੍ਰਧਾਨ ਪ੍ਰਦੀਪ ਮੈਨਨ, ਬੀਜੇਪੀ ਜਿਲਾ ਪ੍ਰਧਾਨ ਦਾਮਨ ਥਿੰਦ ਬਾਜਵਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ ਤੇ ਸਨਮਾਨਿਤ ਸ਼ਖ਼ਸੀਅਤਾਂ ਨੂੰ ਦਿੱਤੇ ਗਏ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਭਗਵਾਨ ਪਰਸ਼ੂਰਾਮ ਜੀ ਦਾ ਜਨਮ ਉਤਸਵ ਮਨਾਇਆ ਜਾ ਰਿਹਾ ਹੈ।

## ਅਣਪਛਾਤਿਆਂ ਵੱਲੋਂ ਐਨਆਰਆਈ ਦੇ ਘਰ 'ਤੇ ਪੱਥਰਬਾਜ਼ੀ

ਬਰੇਟਾ, 15 ਅਪ੍ਰੈਲ (ਵਿਨੋਦ ਸਿੰਗਲਾ): NRI ਭਾਰਤੀਆ ਤੇ ਹੋ ਰਹੇ ਹਮਲੇ ਰੁਕਣ ਦਾ ਨਾਮ ਨਹੀ ਲੈ ਰਹੇ ਬੀਤੀ ਦਿਨ ਪਿੰਡ ਰੰਘੜਿਆਲ ਦੀ ਹਰਜੀਤ ਕੌਰ ਪਤਨੀ ਗੁਰਸੇਵਕ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਕੁੱਝ ਅਣਪਛਾਤੇ ਵਿਅਕਤੀਆ ਵੱਲੋ ਦੇਰ ਰਾਤ ਉਹਨਾਂ ਦੇ ਘਰ ਪੱਥਰ ਬਾਜੀ ਕੀਤੀ ਗਈ। ਜਿਸ ਨਾਲ ਪਰਿਵਾਰ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਗੁਰਸੇਵਕ ਸਿੰਘ ਜੋ ਕਿ USA ਵਿੱਚ ਰਹਿੰਦਾ ਹੈ ਉਸ ਨਾਲ ਫੋਨ ਤੇ ਸੰਪਰਕ ਕੀਤਾ ਗਿਆ ਤਾ ਉਸ ਨੇ ਦੱਸਿਆ ਕਿ ਉਹ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਨਾਲ ਸੰਬੰਧ ਰੱਖਦੇ ਹਨਕੋਈ ਵੀ ਪ੍ਰਸ਼ਾਸਨ ਉਹਨ੍ਹਾ ਦੀ ਸੁਣਵਾਈ ਨਹੀ ਕਰਦਾ।ਪਹਿਲਾ ਵੀ ਉਹਨਾ ਦੇ ਘਰ ਤੇ ਕਈ ਵਾਰ ਹਮਲੇ ਹੋ ਚੁੱਕੇ ਹਨ ਜਿਸ ਕਾਰਨ ਉਨ੍ਹਾਂ ਦਾ ਪਰਿਵਾਰ ਸੁਰੱਖਿਅਤ ਮਹਿਸੂਸ ਨਹੀ ਕਰ ਰਿਹਾ।

## ਪੰਜਾਬ ਕਾਂਗਰਸ ਪਾਰਟੀ ਨੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੂੰ ਤੀਸਰੀ ਵਾਰ ਬਣਾਇਆ ਬਲਾਕ ਪ੍ਰਧਾਨ



ਤਲਵੰਡੀ ਸਾਬੋ, 15 ਅਪ੍ਰੈਲ (ਰਾਮ ਕੁਮਾਰ ਜਿੰਦਲ): ਸੰਗਠਨ ਸਿਰਜਣ ਅਭਿਆਨ ਦੇ ਤਹਿਤ ਪੰਜਾਬ ਕਾਂਗਰਸ ਪਾਰਟੀ ਵੱਲੋਂ ਪਾਰਟੀ ਦੀਆਂ ਨੀਤੀਆਂ ਅਤੇ ਜ਼ਮੀਨੀ ਪੱਧਰ 'ਤੇ ਕੀਤੇ ਗਏ ਸਰਗਰਮ ਕੰਮਾਂ ਨੂੰ ਦੇਖਦੇ ਹੋਏ ਮਿਹਨਤੀ ਅਤੇ ਲੋਕਪ੍ਰਿਯ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੂੰ ਤੀਜੀ ਵਾਰ ਬਲਾਕ ਤਲਵੰਡੀ ਸਾਬੋ ਤੋਂ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਹਲਕੇ ਦੇ ਕਾਂਗਰਸੀ ਵਰਕਰਾਂ ਅਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਅਤੇ ਵੱਖ-ਵੱਖ ਥਾਵਾਂ 'ਤੇ ਵਧਾਈਆਂ ਦਾ ਤਾਨਾ-ਬਾਣਾ ਲੱਗ ਗਿਆ। ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਇਹ ਸਨਮਾਨ ਸਿਰਫ਼ ਉਹਨਾਂ ਦਾ ਨਹੀਂ, ਸਗੋਂ ਪੂਰੇ ਬਲਾਕ ਦੇ ਮਿਹਨਤੀ ਵਰਕਰਾਂ ਦੀ ਲਗਾਤਾਰ ਮਿਹਨਤ ਅਤੇ ਵਿਸ਼ਵਾਸ ਦਾ ਨਤੀਜਾ ਹੈ।

ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਜੋ ਭਰੋਸਾ ਉਨ੍ਹਾਂ 'ਤੇ ਜਤਾਇਆ ਗਿਆ ਹੈ, ਉਹ ਉਸ 'ਤੇ ਪੂਰਾ ਖਰਾ ਉਤਰਨ ਲਈ ਦਿਨ-ਰਾਤ ਮਿਹਨਤ ਕਰਨਗੇ ਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਜਾਰੀ ਰੱਖਣਗੇ। ਉਨ੍ਹਾਂ ਅੱਗੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਨੌਜਵਾਨਾਂ ਨੂੰ ਵੱਧ ਤੋਂ ਵੱਧ ਪਾਰਟੀ ਨਾਲ ਜੋੜਿਆ ਜਾਵੇਗਾ ਅਤੇ ਹਰ ਵਰਗ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਇਆ ਜਾਵੇਗਾ। ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਸੁਣ ਕੇ ਉਨ੍ਹਾਂ ਦਾ ਹੱਲ ਕਰਵਾਉਣਾ ਉਨ੍ਹਾਂ ਦੀ ਪਹਿਲ ਰਹੇਗੀ। ਇਸ ਮੌਕੇ ਉਨ੍ਹਾਂ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜਨਰਲ ਸਕੱਤਰ ਕੈਪਟਨ ਸੰਦੀਪ ਸਿੰਘ ਸੰਧੂ ਅਤੇ ਜ਼ਿਲ੍ਹਾ ਪ੍ਰਧਾਨ ਪ੍ਰੀਤਮ ਸਿੰਘ ਕੋਟਭਾਈ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਦਿੱਤਾ ਗਿਆ ਸਹਿਯੋਗ ਅਤੇ ਵਿਸ਼ਵਾਸ ਹੀ ਉਨ੍ਹਾਂ ਲਈ ਸਭ ਤੋਂ ਵੱਡੀ ਤਾਕਤ ਹੈ।

## ਅਨੁ ਸ਼ਰਮਾ ਕਾਂਗਰਸ ਦੇ ਜ਼ਿਲ੍ਹਾ ਮੀਡੀਆ ਇੰਚਾਰਜ ਨਿਯੁਕਤ



ਬਰੇਟਾ, 15 ਅਪ੍ਰੈਲ (ਨਰਿੰਦਰ ਬਾਂਸਲ, ਵਿਨੋਦ ਸਿੰਗਲਾ): ਪੰਜਾਬ ਕਾਂਗਰਸ ਵੱਲੋਂ ਜਿਲਾ ਮਾਨਸਾ ਦੀ ਟੀਮ ਦਾ ਐਲਾਨ ਕੀਤਾ ਗਿਆ ਹੈ ਜਿਸ ਵਿੱਚ ਨੌਜਵਾਨ ਆਗੂ ਅਨੁ ਸ਼ਰਮਾਂ ਬਰੇਟਾ ਨੂੰ ਜਿਲਾ ਮਾਨਸਾ ਦਾ ਮੀਡੀਆ ਇੰਚਾਰਜ ਨਿਯੁਕਤ ਕੀਤਾ ਗਿਆ। ਇਸ ਮੌਕੇ ਅਨੁ ਸ਼ਰਮਾਂ ਨੇ ਜਿਲਾ ਮਾਨਸਾ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਤੇ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਜੁੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣਗੇ।

## ਸੇਂਟ ਜ਼ੇਵੀਅਰਜ਼ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ




ਰਾਮਪੁਰਾ ਫੂਲ, 15 ਅਪ੍ਰੈਲ (ਮਨਪ੍ਰੀਤ ਮਿੰਟੂ): ਸੇਂਟ ਜ਼ੇਵੀਅਰਜ ਸਕੂਲ ਰਾਮਪੁਰਾ ਫੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਜੋਤੀ ਪੂਜਣ ਕਰਕੇ ਕੀਤੀ ਗਈ। ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਸ਼ਬਦ ਗਾਇਨ ਰਾਹੀਂ ਪ੍ਰਮਾਤਮਾ ਨੂੰ ਧਿਆਇਆ ਤੇ ਪੰਡਾਲ ਵਿੱਚ ਬੈਠੇ ਸਾਰੇ ਸਰੋਤਿਆਂ ਨੂੰ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ। ਪ੍ਰੋਗਰਾਮ ਨੂੰ ਅੱਗੇ ਵਧਾਉਂਦੇ ਹੋਏ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਗੀਤ ਪੇਸ਼ ਕੀਤਾ। ਗੀਤ ਰਾਹੀਂ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਦੀ ਤਸਵੀਰ ਹਰ ਇੱਕ ਦੇ ਮਨ ਵਿੱਚ ਉਜਾਗਰ ਕਰ ਦਿੱਤੀ। ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬ ਦੇ ਇਸ ਦਿਨ ਦੇ ਇਤਿਹਾਸ ਨੂੰ ਦਰਸਾਉਂਦਾ ਇੱਕ ਨਾਟਕ ਪੇਸ਼ ਕੀਤਾ। ਜਿਸ ਰਾਹੀਂ ਵਿਦਿਆਰਥੀਆਂ ਨੇ ਜਲਿਆਂਵਾਲੇ ਬਾਗ ਦੀ ਘਟਨਾ ਨੂੰ ਹੂਬਹੂ ਪੇਸ਼ ਕਰਕੇ ਸ਼ਹੀਦਾਂ ਨੂੰ ਨਮਨ ਕੀਤਾ। ਸਕੂਲ ਦੇ ਮੈਨੇਜਰ ਫਾਦਰ ਆਂਦਰੇ ਫਰਨਾਂਡਿਜ ਨੇ ਆਪਣੇ ਪ੍ਰੇਰਨਾਦਾਇਕ ਭਾਸ਼ਣ ਰਾਹੀ ਵਿਦਿਆਰਥੀਆਂ ਨੂੰ ਵਿਸਾਖੀ ਦੀ ਮਹੱਤਤਾ, ਗੁਰੂਆਂ, ਪੰਜਾਬੀ ਸੱਭਿਆਚਾਰ, ਕਿਰਸਾਨੀ ਜੀਵਨ, ਵੀਰਤਾ ਤੇ ਨਵੇਂ ਸਾਲ ਦੀ ਸ਼ੁਰੂਆਤ ਬਾਰੇ ਦੱਸਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂਆਂ ਦੀਆਂ ਦਿੱਤੀਆਂ ਸਿੱਖਿਆਵਾਂ ਤੇ ਚੱਲਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਫਾਦਰ ਯੂਲਾਲੀਓ ਫਰਨਾਂਡਿਜ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਪਵਿੱਤਰ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ ਤੇ ਗੁਰੂਆਂ ਦੀਆਂ ਸਿੱਖਿਆਵਾਂ ਨੂੰ ਅਪਨਾ ਕੇ ਆਪਣਾ ਜੀਵਨ ਸਫਲ ਬਣਾਉਣ ਦਾ ਨਿੱਘਾ ਸੱਦਾ ਦਿੱਤਾ। ਕੋਆਰਡੀਨੇਟਰ ਪ੍ਰੇਮ ਲਤਾ ਨੇ ਆਪਣੇ ਭਾਸ਼ਣ ਰਾਹੀਂ ਵਿਦਿਆਰਥੀਆਂ ਨੂੰ ਚੰਗੇ ਨਾਗਰਿਕ ਬਣਨ ਤੇ ਦੇਸ ਦੀ ਸੇਵਾ ਕਰਨ ਲਈ ਪ੍ਰੇਰਿਆ। ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਕੀਤੀ ਗਈ।

# ਗਰੀਨ ਫੀਲਡ ਕਾਨਵੈਂਟ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ



ਧਨੌਲਾ, 15 ਅਪ੍ਰੈਲ (ਚਮਕੌਰ ਸਿੰਘ ਗੱਗੀ) : ਗਰੀਨ ਫੀਲਡ ਕਾਨਵੈਂਟ (ਸੀਨੀਅਰ ਸੈਕੰਡਰੀ) ਸਕੂਲ ਦਾਨਗੜ੍ਹ ਵਿਖੇ ਵਿਸਾਖੀ ਦਾ ਤਿਉਹਾਰ ਬਹੁਤ ਉਤਸ਼ਾਹ ਅਤੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਕੋਆਰਡੀਨੇਟਰ ਮੈਡਮ ਸੰਜੀਤ ਕੌਰ ਵੱਲੋਂ ਬੱਚਿਆਂ ਨੂੰ ਵਿਸਾਖੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਚਾਨਣਾ ਪਾਉਦਿਆਂ ਦੱਸਿਆ ਕਿ ਵਿਸਾਖੀ ਵਾਲੇ ਦਿਨ 1699 ਈ: ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੀ ਸਥਾਪਨਾ ਕੀਤੀ ਸੀ ਅਤੇ ਇਹ ਤਿਉਹਾਰ ਕਣਕ ਦੀ ਫ਼ਸਲ ਪੱਕਣ ਦੀ ਖੁਸ਼ੀ ਵਿੱਚ ਵੀ ਮਨਾਇਆ ਜਾਂਦਾ ਹੈ। ਇਸ ਦਿਨ ਉਸ ਦੁਖਦਾਈ ਪਲਾਂ ਨਾਲ ਵੀ ਜੁੜਿਆ ਹੋਇਆ ਹੈ ਜਦੋਂ ਵਿਸਾਖੀ ਵਾਲੇ ਦਿਨ ਸੰਨ 1919 'ਚ ਵਿੱਚ ਅੰਮ੍ਰਿਤਸਰ ਸਾਹਿਬ ਵਿਖੇ ਜਨਰਲ ਡਾਇਰ ਨੇ ਜ਼ਲ੍ਹਿਆਂਵਾਲੇ ਬਾਗ਼ ਵਿਖੇ ਗੋਲੀਆਂ ਚਲਾ ਕੇ ਬਹੁਤ ਸਾਰੇ ਨਿਹੱਥੇ ਲੋਕਾਂ ਨੂੰ ਸ਼ਹੀਦ ਕਰ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਵਿਸਾਖੀ ਵਾਲੇ ਦਿਨ ਪੰਜਾਬ ਦੀਆਂ ਵੱਖ-ਵੱਖ ਥਾਵਾਂ 'ਤੇ ਮੇਲੇ ਲੱਗਦੇ ਹਨ ਅਤੇ ਲੋਕ ਗੁਰਦੁਆਰਾ ਸਾਹਿਬਾਨਾਂ ਵਿੱਚ ਪਵਿੱਤਰ ਅਸਥਾਨਾਂ 'ਤੇ ਜਾ ਕੇ ਇਸ਼ਨਾਨ ਵੀ ਕਰਦੇ ਹਨ। ਇਸ ਉਪਰੰਤ ਇੰਚਾਰਜ ਅਜਿੰਦਰਪਾਲ ਟਿਵਾਣਾ ਨੇ ਦੱਸਿਆ ਕਿ ਬੱਚਿਆਂ ਦਾ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ 'ਮਾਰਦਾ ਦਮਾਮੇ ਜੱਟ ਮੇਲੇ ਆ ਗਿਆ' ਵਰਗੇ ਗੀਤਾਂ ਤੇ ਛੋਟੇ-ਛੋਟੇ ਬੱਚਿਆਂ ਨੇ ਬਹੁਤ ਹੀ ਦਿਲ ਖਿੱਚਵਾਂ ਗਿੱਧਾ, ਭੰਗੜਾ, ਗੀਤਾਂ ਨੂੰ ਪੇਸ਼ ਕੀਤਾ ਅਤੇ ਬੱਚੇ ਸੱਭਿਆਚਾਰਕ ਪਹਿਰਾਵੇ ਵਿੱਚ ਬਹੁਤ ਜ਼ਿਆਦਾ ਪਿਆਰੇ ਲੱਗ ਰਹੇ ਸਨ। ਇਸ ਸਮੇਂ ਸਕੂਲ ਦਾ ਮਾਹੌਲ ਬਹੁਤ ਜ਼ਿਆਦਾ ਖੁਸ਼ੀਆਂ ਭਰਿਆ ਸੀ। ਬੱਚਿਆਂ ਨੇ ਇਸ ਤਰ੍ਹਾਂ ਰੰਗ ਬੰਨਿਆ ਜਿਵੇਂ ਸਮਾਂ ਹੀ ਰੁਕ ਗਿਆ ਹੋਵੇ। ਇਸ ਮੌਕੇ ਨੰਨੇ-ਮੁੰਨੇ ਬੱਚਿਆਂ ਨੇ ਸਭ ਦਾ ਦਿਲ ਜਿੱਤ ਲਿਆ ਅਤੇ ਵਿਦਿਆਰਥਣ ਹੁਸਨਪ੍ਰੀਤ ਕੌਰ ਨੇ ਸਟੇਜ ਐਂਕਰਿੰਗ ਕੀਤੀ ਗਈ। ਇਸ ਮੌਕੇ ਚੇਅਰਮੈਨ ਸ. ਸੁਖਮਿੰਦਰ ਸਿੰਘ ਗਿੱਲ ਨੇ ਵਿਸਾਖੀ ਦੀਆਂ ਸਭ ਨੂੰ ਲੱਖ-ਲੱਖ ਵਧਾਈਆਂ ਦਿੰਦਿਆਂ ਨੰਨੇ-ਮੁੰਨੇ ਬੱਚਿਆਂ ਦੀ ਅਤੇ ਅਧਿਆਪਕਾਂ ਦੀ ਬਹੁਤ ਹੀ ਜ਼ਿਆਦਾ ਪ੍ਰਸ਼ੰਸਾ ਕੀਤੀ। ਇਸ ਮੌਕੇ ਪ੍ਰਿੰਸੀਪਲ ਪ੍ਰੀਤ ਕਮਲ ਸ਼ਰਮਾ, ਡਾ. ਮਨਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਜਸਵੀਰ ਕੌਰ, ਮੈਡਮ ਅਮਨਦੀਪ, ਜਸਪ੍ਰੀਤ, ਹਰਮੋਹਨ, ਰੁਪਿੰਦਰ ਸ਼ਰਮਾ ਅਤੇ ਮੈਡਮ ਹਰਪ੍ਰੀਤ ਆਦਿ ਹਾਜ਼ਰ ਸਨ।

# ਸਿਲਵਰ ਓਕਸ ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਮਨਾਇਆ

ਭੁੱਚੋ ਮੰਡੀ ਨਥਾਣਾ 15 ਅਪ੍ਰੈਲ (ਹਰਬੰਸ ਸਿੰਘ ਭੋਲਾ) : ਜੀਵੰਤ ਵਾਢੀ ਦੇ ਸੀਜ਼ਨ ਨੂੰ ਦਰਸਾਉਂਦਾ ਹੋਇਆ। ਜਿੱਥੇ ਕਿਸਾਨਾਂ ਦੀ ਖੁਸ਼ੀ ਹੈ ਅਤੇ ਨਵੀਨੀਕਰਨ ਦੀ ਭਾਵਨਾ ਨੂੰ ਵੀ ਦਰਸਾਉਂਦਾ ਹੈ ਇਹ ਸਾਡੇ ਸਿੱਖ ਭੈਣ ਭਰਾਵਾਂ ਦੀ ਖੁਸ਼ੀ ਦਾ ਬੜਾ ਅਹਿਮ ਮੌਕਾ ਹੈ ਜ਼ਤਰਜਮਾਨੀ ਕਰਦਾ ਹੈ ਉੱਥੇ ਹੀ ਸਾਨੂੰ ਇਸ ਨਾਲ ਸਬੰਧਿਤ ਧਾਰਮਿਕ ਅਤੇ ਇਤਿਹਾਸਕ ਮਹੱਤਤਾ ਦੀ ਵੀ ਯਾਦ ਦਿਵਾਉਂਦਾ ਹੈ। ਵਿਦਿਆਰਥੀਆਂ ਨੂੰ ਵਿਸਾਖੀ ਦਾ ਮੁੱਖ ਮੰਤਵ ਅਤੇ ਇਤਿਹਾਸਿਕ ਪਿਛੋਕੜ ਦੱਸਣ ਦੇ ਮੱਦੇ ਨਜ਼ਰ ਸਿਲਵਰ ਓਕਸ ਸਕੂਲ ਵਿੱਚ ਵਿਸਾਖੀ ਦਾ ਦਿਹਾੜਾ ਬਹੁਤ ਧੂਮ-ਧਾਮ ਨਾਲ ਮਨਾਇਆ ਗਿਆ। ਵਿਸਾਖੀ ਦਾ ਤਿਉਹਾਰ ਜੋ ਕਿ ਉਮੀਦ ਦਾ ਤਿਉਹਾਰ ਹੈ ਹਰ ਸਾਲ 13 ਅਪ੍ਰੈਲ ਨੂੰ ਬੜੀ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ। ਸਿੱਖ ਧਰਮ ਵਿੱਚ ਇਹ ਇੱਕ ਇਤਿਹਾਸਿਕ ਤੇ ਧਾਰਮਿਕ ਤਿਉਹਾਰ ਹੈ , ਜੋ ਕਿ 1699 ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਧੀਨ ਯੋਧਿਆਂ ਦੇ ਖਾਲਸਾ ਪੰਥ ਦੀ ਸਥਾਪਨਾ ਦੀ ਯਾਦ ਦਿਵਾਉਂਦਾ ਹੈ। ਇਸ ਦੇ ਨਾਲ ਨਾਲ ਇਹ ਬਸੰਤ ਦੀ ਵਾਢੀ ਦਾ ਤਿਉਹਾਰ ਵੀ ਮੰਨਿਆ ਜਾਂਦਾ ਹੈ। ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਵਿਖੇ ਇਸ ਵਾਢੀ ਦੇ ਤਿਉਹਾਰ ਵਿਸਾਖੀ ਨੂੰ ਧੂਮ ਧਾਮ ਅਤੇ ਉਤਸ਼ਾਹ ਨਾਲ ਮਨਾਉਣ ਲਈ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਪੰਜਾਬ ਦੇ ਅਮੀਰ ਸੱਭਿਆਚਾਰਿਕ ਵਿਰਸੇ ਅਤੇ ਸਾਡੀ ਆਜ਼ਾਦੀ ਦੇ ਘੁਲਾਟੀਆਂ ਵੱਲੋਂ ਜ਼ਲ੍ਹਿਆਂ ਵਾਲਾ ਬਾਗ ਅੰਮ੍ਰਿਤਸਰ ਵਿੱਚ ਦਿੱਤੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਇਆ। ਵਿਦਿਆਰਥੀਆਂ ਨੂੰ ਨਵੇਂ ਸਾਲ ਦੀ ਸ਼ੁਰੂਆਤ ਅਤੇ ਖਾਲਸਾ ਪੰਥ ਦੀ ਨੀਹ ਰੱਖਣ ਵਾਲੀ ਵਿਸਾਖੀ ਮਨਾਉਣ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ ਗਿਆ। ਰੰਗ ਬਿਰੰਗੇ ਪੰਜਾਬੀ ਪਹਿਰਾਵੇ ਵਿੱਚ ਸੱਜ ਕੇ ਆਏ ਛੋਟੇ ਬੱਚਿਆਂ ਨੇ ਇਸ ਸਮਾਗਮ ਨੂੰ ਹੋਰ ਵੀ ਰੰਗੀਲਾ ਬਣਾ ਦਿੱਤਾ ਵਿਦਿਆਰਥੀਆਂ ਨੇ ਬਹੁਤ ਜੋਸ਼ ਅਤੇ ਉਤਸ਼ਾਹ ਨਾਲ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ। ਛੋਟੇ ਬੱਚਿਆਂ ਦੁਆਰਾ ਲੋਕ ਗੀਤ ਤੇ ਭੰਗੜਾ ਪੇਸ਼ ਕੀਤਾ ਗਿਆ। ਕਈ ਵਿਦਿਆਰਥੀਆਂ ਦੁਆਰਾ ਵਿਸਾਖੀ ਦੇ ਇਸ ਪਵਿੱਤਰ ਤਿਉਹਾਰ ਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਵਿਸਾਖੀ ਦੇ ਇਸ ਸਮਾਗਮ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਛਾਇਆ ਵਿਨੋਚਾ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੀ ਮਹੱਤਤਾ ਬਾਰੇ ਦੱਸਦੇ ਹੋਏ ਹਮੇਸ਼ਾ ਸ਼ਾਂਤੀ ਅਤੇ ਅਹਿੰਸਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਅਤੇ ਪੰਜਾਬ ਦੇ ਇਸ ਅਮੀਰ ਅਤੇ ਵਿਭਿੰਨ ਸੱਭਿਆਚਾਰ ਅਤੇ ਵਿਰਸੇ ਦੀ ਕਦਰ ਕਰਨ ਲਈ ਪ੍ਰੇਰਿਤ ਕਰਦੇ ਹੋਏ ਰਾਸ਼ਟਰੀ ਗਾਣ ਨਾਲ ਸਮਾਗਮ ਨੂੰ ਅੰਤ ਵੱਲ ਲਿਆਂਦਾ ਗਿਆ।

# ਪੰਜਾਬ ਸਰਕਾਰ ਵੱਲੋਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਨੂੰ ਕਰਵਾਈਆਂ ਜਾ ਰਹੀਆਂ ਹਨ ਮੁਫ਼ਤ ਸੁਵਿਧਾਵਾਂ ਮੁਹੱਈਆ : ਚੇਅਰਮੈਨ ਭੱਲਾ



ਭਗਤਾ ਭਾਈ ਕਾ, 15 ਅਪ੍ਰੈਲ (ਸਵਰਨ ਸਿੰਘ ਭਗਤਾ) : ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੂਬੇ ਦੇ ਆਮ ਲੋਕਾਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਦੇ ਠਹਿਰਣ ਅਤੇ ਖਾਣ-ਪੀਣ ਆਦਿ ਲਈ ਮੁਫ਼ਤ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਨਗਰ ਟਰੱਸਟ ਸੁਧਾਰ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ ਨੇ ਪਵਿੱਤਰ ਸ਼ਹਿਰ ਅੰਮ੍ਰਿਤਸਰ ਲਈ ਜ਼ਿਲ੍ਹੇ ਪਿੰਡ ਮਲੂਕਾ ਤੋਂ ਬੱਸ ਨੂੰ ਰਵਾਨਾ ਕਰਦਿਆਂ ਕੀਤਾ।ਇਸ ਦੌਰਾਨ ਨਗਰ ਟਰੱਸਟ ਸੁਧਾਰ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਜਿੱਥੇ ਆਮ ਲੋਕਾਂ ਨੂੰ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰਾ ਮੌਕਾ ਮਿਲ ਰਿਹਾ ਹੈ,ਉੱਥੇ ਹੀ ਉਨ੍ਹਾਂ ਨੂੰ ਮਹਾਨ ਗੁਰੂ ਸਾਹਿਬਾਨਾਂ ਦੀਆਂ ਉੱਚੀਆਂ ਅਤੇ ਜੀਵਨ ਮਾਰਗ ਦਰਸ਼ਕ ਸਿੱਖਿਆਵਾਂ ਬਾਰੇ ਵੀ ਜਾਣਕਾਰੀ ਪ੍ਰਾਪਤ ਹੋ ਰਹੀ ਹੈ।ਇਸੇ ਤਰ੍ਹਾਂ ਹੀ ਅੱਜ ਹਲਕਾ ਬਠਿੰਡਾ ਸ਼ਹਿਰੀ ਤੋਂ ਬੀਬੀ ਵਾਲਾ ਰੋਡ ਤੋਂ,ਹਲਕਾ ਤਲਵੰਡੀ ਸਾਬੋ ਦੇ ਪਿੰਡ ਚੱਠੇਵਾਲਾ, ਹਲਕਾ ਮੌੜ ਦੇ ਪਿੰਡ ਮੰਡੀ ਕਲਾਂ,ਹਲਕਾ ਭੁੱਚੋ ਮੰਡੀ ਦੇ ਪਿੰਡ ਮਹਿਮਾ ਸਰਜਾ ਅਤੇ ਹਲਕਾ ਬਠਿੰਡਾ ਦਿਹਾਤੀ ਦੇ ਪਿੰਡ ਤਿਓਣਾ ਤੋਂ ਵੀ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਬੱਸਾਂ ਨੂੰ ਰਵਾਨਾ ਕੀਤਾ ਗਿਆ।

# ਬਾਬਾ ਸਾਹਿਬ ਦੇ ਮਹਾਨ ਯੋਗਦਾਨ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ : ਡੀ.ਸੀ. ਹਰਪ੍ਰੀਤ ਸਿੰਘ



ਬਰਨਾਲਾ, 15 ਅਪ੍ਰੈਲ ( ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵੱਲੋਂ ਸੰਵਿਧਾਨ ਨਿਰਮਾਤਾ ਅਤੇ ਆਜ਼ਾਦ ਭਾਰਤ ਦੇ ਪਹਿਲੇ ਕਾਨੂੰਨ ਮੰਤਰੀ ਡਾ. ਬੀ ਆਰ ਅੰਬੇਡਕਰ ਨੂੰ ਉਨ੍ਹਾਂ ਦੇ 135ਵੇਂ ਜਨਮ ਦਿਹਾੜੇ ਮੌਕੇ ਯਾਦ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਰਨਾਲਾ ਵਿਖੇ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਵਲੋਂ ਬਾਬਾ ਸਾਹਿਬ ਦੇ ਬੁੱਤ 'ਤੇ ਫੁੱਲ ਮਾਲਾ ਭੇਟ ਕੀਤੀ ਗਈ। ਉਨ੍ਹਾਂ ਬਾਬਾ ਸਾਹਿਬ ਦੇ ਦੇਸ਼ ਨੂੰ ਮਜ਼ਬੂਤ ਗਣਤੰਤਰ ਦੇ ਰੂਪ 'ਚ ਦੁਨੀਆ ਭਰ 'ਚ ਵਿਲੱਖਣ ਪਛਾਣ ਦੇਣ ਲਈ ਸੰਵਿਧਾਨ ਕਮੇਟੀ ਦੇ ਮੁਖੀ ਵਜੋਂ ਦਿੱਤੇ ਯੋਗਦਾਨ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਸੰਵਿਧਾਨ ਨੂੰ ਲੋਕਰਾਜੀ, ਧਰਮ ਨਿਰਪੱਖ ਅਤੇ ਸਮਾਜਵਾਦੀ ਰੂਪ ਦੇਣ 'ਚ ਉਨ੍ਹਾਂ ਦੀ ਦੇਣ ਨੂੰ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਸਾਨੂੰ ਦੇਸ਼ ਦੀ ਇਸ ਮਹਾਨ ਸ਼ਖ਼ਸੀਅਤ ਨੂੰ ਆਪਣੇ ਆਦਰਸ਼ ਵਜੋਂ ਲੈਂਦਿਆਂ ਹਮੇਸ਼ਾਂ ਸਮਾਜਿਕ ਬਰਾਬਰੀ ਲਈ ਕੰਮ ਕਰਨਾ ਚਾਹੀਦਾ ਹੈ। ਇਸ ਮੌਕੇ ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਬਰਨਾਲਾ ਗੁਰਿੰਦਰਜੀਤ ਸਿੰਘ, ਡਿਪਟੀ ਕਮਿਸ਼ਨਰ ਦੇ ਪੀ ਏ ਚੰਚਲ ਕੌਸ਼ਲ, ਡੀ ਸੀ ਦਫ਼ਤਰ ਦੇ ਹੋਰ ਸਟਾਫ਼ ਅਤੇ ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਦਫ਼ਤਰ ਦੇ ਸਟਾਫ਼ ਨੇ ਵੀ ਬਾਬਾ ਸਾਹਿਬ ਅੰਬੇਡਕਰ ਨੂੰ ਫੁੱਲ ਅਰਪਣ ਕੀਤੇ।

# ਵਾਈਐਸ ਪਬਲਿਕ ਸਕੂਲ ਵੱਲੋਂ 'ਵਿਸਾਖੀ ਬੂਮ' ਆਯੋਜਨ




ਬਰਨਾਲਾ, 15 ਅਪ੍ਰੈਲ (ਹਮੀਰ ਸਿੰਘ) : ਵਾਈਐਸ ਪਬਲਿਕ ਸਕੂਲ, ਜੋ ਭਾਰਤ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਹੈ, ਵੱਲੋਂ ਸਕੂਲ ਕੈਂਪਸ ਵਿੱਚ 'ਵਿਸਾਖੀ ਬੂਮ' ਨਾਮਕ ਰੰਗਾਰੰਗ ਅਤੇ ਸਿੱਖਿਆਤਮਕ ਵਿਸਾਖੀ ਸਮਾਰੋਹ ਮਨਾਇਆ ਗਿਆ। ਇਸ ਸਮਾਗਮ ਵਿੱਚ ਪ੍ਰੀ- ਨਰਸਰੀ ਤੋਂ ਲੈ ਕੇ ਜਮਾਤ 12 ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ 'ਤੇ ਸੱਭਿਆਚਾਰਕ ਗਤੀਵਿਧੀਆਂ ਦੇ ਨਾਲ ਵਿਦਿਆਰਥੀਆਂ ਨੂੰ ਜੀਵਨ ਨਾਲ ਜੁੜੀ ਸਿੱਖਿਆ ਵੀ ਦਿੱਤੀ ਗਈ। ਪ੍ਰੀ-ਨਰਸਰੀ ਤੋਂ ਜਮਾਤ ਦੂਸਰੀ ਤੱਕ ਦੇ ਵਿਦਿਆਰਥੀਆਂ ਨੇ ਰੰਗ-ਬਿਰੰਗੇ ਪੰਜਾਬੀ ਰਿਵਾਇਤੀ ਲਿਬਾਸ ਪਹਿਨ ਕੇ ਸਮਾਰੋਹ ਦੀ ਰੌਣਕ ਵਧਾਈ। ਛੋਟੇ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਫਸਲ ਕਿਵੇਂ ਉਗਾਈ ਜਾਂਦੀ ਹੈ, ਕਣਕ ਦੀ ਕਟਾਈ ਕਿਵੇਂ ਕੀਤੀ ਜਾਂਦੀ ਹੈ, ਇਸ ਨੂੰ ਕਿਵੇਂ ਪੀਸ ਕੇ ਆਟਾ ਬਣਾਇਆ ਜਾਂਦਾ ਹੈ ਅਤੇ ਆਖ਼ਰਕਾਰ ਇਹ ਸਾਡੀ ਥਾਲੀ ਤੱਕ ਕਿਵੇਂ ਪਹੁੰਚਦਾ ਹੈ। ਅਧਿਆਪਕਾਂ ਵੱਲੋਂ ਕਿਸਾਨਾਂ ਦੀ ਮਿਹਨਤ ਅਤੇ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ ਗਈ, ਤਾਂ ਜੋ ਵਿਦਿਆਰਥੀਆਂ ਵਿੱਚ ਕਿਸਾਨਾਂ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਹੋਵੇ। ਨਾਲ ਹੀ ਵਿਦਿਆਰਥੀਆਂ ਨੂੰ ਭੋਜਨ ਦੀ ਬਰਬਾਦੀ ਨਾ ਕਰਨ ਅਤੇ ਹਰ ਦਾਣੇ ਦੀ ਕਦਰ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਭੰਗੜਾ ਅਤੇ ਗਿੱਧਾ ਵਰਗੇ ਰਿਵਾਇਤੀ ਨਾਚ ਵੀ ਪੇਸ਼ ਕੀਤੇ ਗਏ, ਜਿਸ ਨਾਲ ਪੂਰੇ ਸਕੂਲ ਵਿੱਚ ਖੁਸ਼ੀ ਅਤੇ ਤਿਉਹਾਰ ਦਾ ਮਾਹੌਲ ਬਣ ਗਿਆ। ਸਾਰੇ ਵਿਦਿਆਰਥੀਆਂ ਨੇ ਇਸ ਸਮਾਗਮ ਦਾ ਖੂਬ ਆਨੰਦ ਮਾਣਿਆ। ਇਸ ਮੌਕੇ ਸਕੂਲ ਦੇ ਪ੍ਰਿੰਸਿਪਲ ਮੋਹਿਤ ਜਿੰਦਲ ਨੇ ਕਿਹਾ, 'ਵਿਸਾਖੀ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਇਹ ਸਾਡੇ ਵਿਦਿਆਰਥੀਆਂ ਨੂੰ ਆਪਣੀਆਂ ਜੜ੍ਹਾਂ, ਸੱਭਿਆਚਾਰ ਅਤੇ ਖੇਤੀਬਾੜੀ ਦੇ ਮਹੱਤਵ ਨਾਲ ਜੋੜਦੀ ਹੈ।

'ਵਿਸਾਖੀ ਬੂਮ' ਰਾਹੀਂ ਅਸੀਂ ਵਿਦਿਆਰਥੀਆਂ ਵਿੱਚ ਕਿਸਾਨਾਂ ਪ੍ਰਤੀ ਸਤਿਕਾਰ ਅਤੇ ਭੋਜਨ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਚਾਹੁੰਦੇ ਹਾਂ।' ਸਮਾਗਮ ਦਾ ਸਮਾਪਨ ਖੁਸ਼ੀ ਅਤੇ ਉਤਸ਼ਾਹ ਨਾਲ ਹੋਇਆ, ਜਿਸ ਨਾਲ ਵਿਦਿਆਰਥੀ ਗਿਆਨ ਅਤੇ ਸੱਭਿਆਚਾਰਕ ਮੁੱਲਾਂ ਨਾਲ ਭਰਪੂਰ ਹੋ ਕੇ ਘਰ ਵਾਪਸ ਗਏ।

# ਨਗਰ ਕੌਂਸਲ ਚੋਣਾਂ ਲਈ ਸ਼੍ਰੋਮਣੀ ਅਕਾਲੀ ਦਲ ਨੇ ਕਸੀ ਕਮਰ

## ਧੂਰੀ ਦੇ ਰਤਨ ਪੈਲੇਸ ਵਿਖੇ ਅੱਜ ਹੋਵੇਗੀ ਮੀਟਿੰਗ : ਕਾਤਰੋਂ



ਧੂਰੀ, 15 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਪੰਜਾਬ ਵਿੱਚ ਜਲਦੀ ਹੋਣ ਜਾ ਰਹੀਆਂ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਪਣੀ ਚੋਣ ਮੁਹਿੰਮ ਨੂੰ ਹੁਲਾਰਾ ਦੇਣ ਲਈ ਵਿਸ਼ੇਸ਼ ਤਿਆਰੀਆਂ ਵਿੱਢ ਦਿੱਤੀਆਂ ਗਈਆਂ ਹਨ। ਹਲਕਾ ਧੂਰੀ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਨੇ ਅੱਜ ਪੱਤਰਕਾਰਾਂ ਨਾਲ ਰੂ-ਬ-ਰੂ ਹੁੰਦਿਆਂ ਦੱਸਿਆ ਕਿ ਪਾਰਟੀ ਹਾਈਕਮਾਂਡ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਧੂਰੀ ਸ਼ਹਿਰ ਦੇ ਵਿਕਾਸ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਮੁੱਖ ਰੱਖਦਿਆਂ ਰਣਨੀਤੀ ਉਲੀਕੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਪਾਰਟੀ ਵਰਕਰਾਂ ਵਿੱਚ ਨਵਾਂ ਜੋਸ਼ ਭਰਨ ਅਤੇ ਚੋਣਾਂ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ 16 ਅਪ੍ਰੈਲ, ਦਿਨ ਵੀਰਵਾਰ ਨੂੰ ਦੁਪਹਿਰ 2 ਵਜੇ ਮਾਨਵਾਲਾ ਰੋਡ 'ਤੇ ਸਥਿਤ ਰਤਨ ਪੈਲੇਸ, ਧੂਰੀ ਵਿਖੇ ਇੱਕ ਵਿਸ਼ਾਲ ਮੀਟਿੰਗ ਰੱਖੀ ਗਈ ਹੈ। ਇਸ ਮੀਟਿੰਗ ਵਿੱਚ ਸਾਬਕਾ ਵਿਧਾਇਕ ਅਰਵਿੰਦ ਖੰਨਾ, ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ ਅਤੇ ਮੁੱਖ ਆਗੂ ਵਿੰਨਰਜੀਤ ਸਿੰਘ ਗੋਲਡੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋ ਕੇ ਵਰਕਰਾਂ ਦਾ ਮਾਰਗਦਰਸ਼ਨ ਕਰਨਗੇ। ਇਸ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੀ ਸਥਾਨਕ ਲੀਡਰਸ਼ਿਪ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਰਹੇਗੀ।

ਮੀਟਿੰਗ ਦੇ ਏਜੰਡੇ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੀਆਂ ਲੋਕ-ਮਾਰੂ ਨੀਤੀਆਂ ਅਤੇ ਸ਼ਹਿਰਾਂ ਵਿੱਚ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਜਨਤਾ ਦੀ ਕਚਹਿਰੀ ਵਿੱਚ ਲਿਜਾਣ ਲਈ ਯੋਜਨਾ ਤਿਆਰ ਕੀਤੀ ਜਾਵੇਗੀ। ਉਨ੍ਹਾਂ ਸਮੂਹ ਅਹੁਦੇਦਾਰਾਂ ਅਤੇ ਸਰਗਰਮ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੀਟਿੰਗ ਵਿੱਚ ਵੱਧ-ਚੜ੍ਹ ਕੇ ਪਹੁੰਚਣ ਤਾਂ ਜੋ ਵਾਰਡ ਪੱਧਰ @ਤੇ ਮਜ਼ਬੂਤ ਉਮੀਦਵਾਰਾਂ ਦੀ ਚੋਣ ਅਤੇ ਚੋਣ ਪ੍ਰਚਾਰ ਸਬੰਧੀ ਠੋਸ ਰੂਪ ਰੇਖਾ ਤਿਆਰ ਕੀਤੀ ਜਾ ਸਕੇ। ਉਨ੍ਹਾਂ ਦਾਅਵਾ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਨਗਰ ਕੌਂਸਲ ਚੋਣਾਂ ਵਿੱਚ ਵੱਡੀ ਜਿੱਤ ਦਰਜ ਕਰਕੇ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੋਵੇਗਾ।

# ਸਹਿਜਦੀਪ ਜੇਠੀ ਨੇ ਕਾਂਸੀ ਦਾ ਤਮਗ਼ਾ ਜਿੱਤ ਕੇ ਕੀਤਾ ਪੰਜਾਬ ਦਾ ਨਾਮ ਰੋਸ਼ਨ



ਬਰਨਾਲਾ, 15 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਮਹਾਰਾਸ਼ਟਰ ਦੇ ਨਾਗਪੁਰ ਵਿੱਚ ਹੋਈ ਨੈਸ਼ਨਲ ਜੂਨੀਅਰ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਨੌਜਵਾਨ ਬਾਕਸਰ ਸਹਿਜਦੀਪ ਜੇਠੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਗਮਾ ਆਪਣੇ ਨਾਮ ਕੀਤਾ। ਇਹ ਚੈਂਪੀਅਨਸ਼ਿਪ ਬੌਕਸਿੰਗ ਫੈਡਰੇਸ਼ਨ ਆਫ ਇੰਡੀਆ ਦੀ ਅਗਵਾਈ ਹੇਠ ਕਰਵਾਈ ਗਈ। ਸਹਿਜਦੀਪ ਨੇ ਮਣੀਪੁਰ, ਛੱਤੀਸਗੜ੍ਹ ਅਤੇ ਝਾਰਖੰਡ ਦੇ ਮਜ਼ਬੂਤ ਖਿਡਾਰੀਆਂ ਨੂੰ ਹਰਾ ਕੇ ਇਹ ਮੁਕਾਮ ਹਾਸਿਲ ਕੀਤਾ।ਉਹ ਇਸ ਸਮੇਂ ਇੰਟਰਨੈਸ਼ਨਲ ਕੋਚ ਹਰੀਅੰਤ ਕੁਮਾਰ ਤੋਂ ਟ੍ਰੇਨਿੰਗ ਲੈ ਰਿਹਾ ਹੈ। ਇਸ ਤੋਂ ਪਹਿਲਾਂ ਵੀ ਸਹਿਜਦੀਪ ਨੇ ਤਰਨਤਾਰਨ ਵਿੱਚ ਹੋਈ ਪੰਜਾਬ ਸਟੇਟ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਗਮਾ ਜਿੱਤਿਆ ਸੀ।ਸਹਿਜਦੀਪ ਦਾ ਕਹਿਣਾ ਹੈ ਕਿ ਉਹ ਬਚਪਨ ਤੋਂ ਹੀ ਬਾਕਸਿੰਗ ਦਾ ਸ਼ੌਕੀਨ ਸੀ, ਪਰ ਲਾਕਡਾਊਨ ਦੌਰਾਨ ਉਸਨੇ ਇਸ ਖੇਡ ਨੂੰ ਗੰਭੀਰਤਾ ਨਾਲ ਅਪਣਾਇਆ। ਆਪਣੇ ਵੱਡੇ ਭਰਾ ਸਾਹਿਲ ਜੇਠੀ ਨੂੰ ਬਾਕਸਿੰਗ ਕਰਦੇ ਵੇਖ ਕੇ ਉਸਨੇ ਪ੍ਰੇਰਣਾ ਲਈ ਅਤੇ ਅੱਜ ਨੈਸ਼ਨਲ ਪੱਧਰ ਤੱਕ ਪਹੁੰਚ ਗਿਆ ਹੈ।

ਉਸਦੀ ਇਸ ਸਫਲਤਾ ਵਿੱਚ ਕੋਚ ਰਣਜੀਤ ਮਾਨ (ਕੈਨੇਡਾ), ਇੰਟਰਨੈਸ਼ਨਲ ਬਾਕਸਰ ਹਰਪ੍ਰੀਤ ਸਿੰਘ, ਇੰਟਰਨੈਸ਼ਨਲ ਬਾਕਸਰ ਕੁਲਵਿੰਦਰ ਸਿੰਘ, ਕੋਚ ਜਸਵੀਰ ਜੱਸੀ, ਕੋਚ ਗੁਰਦਿੱਤਪੁਰੀ, ਕੋਚ ਦਵਿੰਦਰ ਗਰੇਵਾਲ, ਕੋਚ ਕੇਵਲ ਰਾਜਪਾਲ ਅਤੇ ਐਡਵੋਕੇਟ ਗੁਰਪ੍ਰੀਤ ਸਿੰਘ ਦਾ ਵੱਡਾ ਯੋਗਦਾਨ ਰਿਹਾ ਹੈ।

ਸਹਿਜਦੀਪ ਦੇ ਪਿਤਾ ਸੰਦੀਪ ਜੇਠੀ ਬੈਂਕ ਵਿੱਚ ਕਰਮਚਾਰੀ ਹਨ, ਜਦਕਿ ਮਾਤਾ ਮੀਰਾ ਲਕਸ਼ਮੀ ਜੇਠੀ ਗ੍ਰਹਿਣੀ ਹਨ।ਇਸ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਹੋਰ ਖਿਡਾਰੀਆਂ ਨੇ ਵੀ ਵਧੀਆ ਪ੍ਰਦਰਸ਼ਨ ਕੀਤਾ। ਪੰਜਾਬ ਬਾਕਸਿੰਗ ਐਸੋਸੀਏਸ਼ਨ ਦੇ ਜਨਰਲ ਸਕੱਤਰ ਸੰਤੋਸ਼ ਦੱਤਾ ਨੇ ਸਾਰੇ ਜੇਤੂ ਖਿਡਾਰੀਆਂ ਨੂੰ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ ਤਹਿਤ 3079 ਲਾਭਪਾਤਰੀਆਂ ਨੂੰ ਸਹਾਇਤਾ ਰਾਸ਼ੀ ਜਾਰੀ : ਡਿਪਟੀ ਕਮਿਸ਼ਨਰ



ਬਰਨਾਲਾ, 15 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਵਲੋਂ ਏਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਵੱਖ ਵੱਖ ਵਿਭਾਗਾਂ ਨਾਲ ਮੀਟਿੰਗ ਕਰਕੇ ਵਿਕਾਸ ਕਾਰਜਾਂ/ ਸਕੀਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ ਅਤੇ ਵਰਤੋਂ ਸਰਟੀਫਿਕੇਟ ਜਮ੍ਹਾਂ ਕਰਾਉਣ ਦੀ ਹਦਾਇਤ ਕੀਤੀ ਗਈ।ਇਸ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਮਨਰੇਗਾ ਤਹਿਤ 25 ਆਂਗਣਵਾੜੀ ਕੇਂਦਰਾਂ ਦੀਆਂ ਇਮਾਰਤਾਂ ਦੀ ਉਸਾਰੀ ਕੀਤੀ ਜਾਣੀ ਸੀ ਜਿਨ੍ਹਾਂ ਵਿਚੋਂ ਬਹੁਤਾ ਕੰਮ ਮੁਕੰਮਲ ਹੋ ਚੁੱਕਿਆ ਹੈ। ਇਸ ਤੋਂ ਇਲਾਵਾ ਆਈ ਸੀ ਡੀ ਐੱਸ ਸਕੀਮ ਤਹਿਤ 16 ਆਂਗਨਵਾੜੀ ਕੇਂਦਰਾਂ ਦੀਆਂ ਇਮਾਰਤਾਂ ਨੂੰ ਅਪਗ੍ਰੇਡ ਕੀਤਾ ਜਾਣਾ ਸੀ ਜਿਸ ਵਿੱਚੋਂ ਬਹੁਤਾ ਕੰਮ ਮੁਕੰਮਲ ਹੋ ਚੁੱਕਿਆ ਹੈ।ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ ਜਿਸ ਤਹਿਤ ਪਹਿਲੀ ਵਾਰ ਮਾਂ ਬਣਨ ਵਾਲੀਆਂ ਔਰਤਾਂ ਨੂੰ 5000 ਰੁਪਏ ਦੀ ਵਿੱਤੀ ਸਹਾਇਤਾ ਅਤੇ ਦੂਜਾ ਬੱਚਾ ਸਿਰਫ ਲੜਕੀ ਹੋਣ ਦੀ ਸੂਰਤ ਵਿਚ 6000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ। ਇਸ ਸਕੀਮ ਤਹਿਤ 2024-25 ਵਿੱਚ 2879 ਲਾਭਪਾਤਰੀ ਰਜਿਸਟਰਡ ਹੋਏ ਅਤੇ 2025-26 ਵਿੱਚ 3079 ਲਾਭਪਾਤਰੀ ਰਜਿਸਟਰਡ ਹੋਏ ਹਨ। ਇਸ ਮੌਕੇ ਡਿਪਟੀ ਕਮਿਸ਼ਨਰ ਵਲੋਂ ਸਖੀ ਵਨ ਸਟਾਪ ਸੈਂਟਰ ਦੀਆਂ ਸੇਵਾਵਾਂ ਦਾ ਵੀ ਜਾਇਜ਼ਾ ਲਿਆ ਗਿਆ। ਇਸ ਸੈਂਟਰ ਵਿੱਚ 2025 - 26 ਵਿੱਚ ਕੁੱਲ 282 ਕੇਸ ਪ੍ਰਾਪਤ ਹੋਏ ਜਿਨ੍ਹਾਂ ਵਿਚ 20 ਵਿੱਚ ਕਾਨੂੰਨੀ ਸਹਾਇਤਾ, 42 ਵਿੱਚ ਪੁਲਿਸ ਸਹਾਇਤਾ, 179 ਵਿੱਚ ਮੈਡੀਕਲ ਅਤੇ ਮਨੋਵਿਗਿਆਨਕ ਸਹਾਇਤਾ, 49 ਵਿੱਚ ਆਰਜ਼ੀ ਰਿਹਾਇਸ਼ ਦੀ ਸਹਾਇਤਾ ਦਿੱਤੀ ਗਈ। ਇਸ ਤੋਂ ਇਲਾਵਾ ਮਾਰਚ 2026 ਵਿੱਚ ਕੁੱਲ 28 ਕੇਸ ਪ੍ਰਾਪਤ ਹੋਏ ਜਿਨ੍ਹਾਂ ਵਿਚ 3 ਵਿੱਚ ਕਾਨੂੰਨੀ ਸਹਾਇਤਾ, 3 ਵਿੱਚ ਪੁਲਿਸ ਸਹਾਇਤਾ, 19 ਵਿੱਚ ਮੈਡੀਕਲ ਅਤੇ ਮਨੋਵਿਗਿਆਨਕ ਸਹਾਇਤਾ, 4 ਵਿੱਚ ਆਰਜ਼ੀ ਰਿਹਾਇਸ਼ ਦੀ ਸਹਾਇਤਾ ਦਿੱਤੀ ਗਈ।ਇਸ ਤੋਂ ਇਲਾਵਾ ਮਿਸ਼ਨ ਵਾਤਸਲਿਆ ਸਕੀਮ ਤਹਿਤ ਸਪਾਂਸਰਸ਼ਿਪ ਅਧੀਨ ਲਾਭਪਾਤਰੀ ਬੱਚੇ ਨੂੰ 4000 ਰੁਪਏ ਪ੍ਰਤੀ ਮਹੀਨਾ ਦਿੱਤੇ ਜਾਂਦੇ ਹਨ ਜਿਸ ਤਹਿਤ 780 ਲਾਭਪਾਤਰੀ ਰਜਿਸਟਰਡ ਹਨ।ਡਿਪਟੀ ਕਮਿਸ਼ਨਰ ਨੇ ਰੰਗਲਾ ਪੰਜਾਬ ਵਿਕਾਸ ਸਕੀਮ ਦਾ ਵੀ ਜਾਇਜ਼ਾ ਲਿਆ ਜਿਸ ਦੇ ਪਹਿਲੇ ਪੜਾਅ ਤਹਿਤ ਪੇਂਡੂ ਖੇਤਰਾਂ ਲਈ 689 ਲੱਖ ਰੁਪਏ ਦੇ ਫੰਡ ਜਾਰੀ ਕਰਕੇ ਵਿਕਾਸ ਕਾਰਜ ਕਰਵਾਏ ਹਨ। ਡਿਪਟੀ ਕਮਿਸ਼ਨਰ ਵੱਲੋਂ ਬੀਡੀਪੀਓਜ਼ ਨੂੰ ਵਰਤੋਂ ਸਰਟੀਫਿਕੇਟ ਜਮ੍ਹਾਂ ਕਰਾਉਣ ਦੀ ਹਦਾਇਤ ਕੀਤੀ ਗਈ। ਓਹਨਾਂ ਕਿਹਾ ਕਿ ਐਮ ਪੀ ਲੈਡ ਤਹਿਤ ਜਾਰੀ ਫੰਡਾਂ ਨਾਲ ਹੋਏ ਕੰਮਾਂ ਦੇ ਵਰਤੋਂ ਸਰਟੀਫਿਕੇਟ ਵੀ ਜਲਦ ਜਮ੍ਹਾ ਕਰਾਏ ਜਾਣ। ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਵਲੋਂ ਠੋਸ ਕੂੜਾ ਪ੍ਰਬੰਧਨ, ਤਰਲ ਕੂੜਾ ਪ੍ਰਬੰਧਨ, ਜ਼ਿਲ੍ਹੇ ਵਿੱਚ 25 ਕਰੋੜ ਦੀ ਲਾਗਤ ਨਾਲ ਬਣ ਰਹੇ 94 ਖੇਡ ਮੈਦਾਨ ਦੀ ਪ੍ਰਗਤੀ ਦਾ ਵੀ ਜਾਇਜ਼ਾ ਲਿਆ ਗਿਆ।

ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਤਿੰਦਰਪਾਲ ਕੌਰ, ਬੀ ਡੀ ਪੀ ਓ ਬਰਨਾਲਾ ਜਗਤਾਰ ਸਿੰਘ, ਬੀ ਡੀ ਪੀ ਓ ਸ਼ਹਿਣਾ ਜੁਗਰਾਜ ਸਿੰਘ, ਵਨ ਸਟਾਪ ਸੈਂਟਰ ਇੰਚਾਰਜ ਜਯੋਤੀ ਵੰਸ਼, ਐੱਸ ਡੀ ਓ ਪੰਚਾਇਤੀ ਰਾਜ ਜਸਜੀਤ ਸਿੰਘ ਤੇ ਹੋਰ ਅਧਿਕਾਰੀ/ਕਰਮਚਾਰੀ ਮੌਜੂਦ ਸਨ।

# ਅਧਿਆਪਕਾਂ ਦੁਆਰਾ ਜਾਗਰੂਕਤਾ ਮੁਹਿੰਮ




ਬਰਨਾਲਾ, 15 ਅਪ੍ਰੈਲ (ਇਸ਼ੇਨ ਕੰਗ) : ਮਦਰ ਟੀਚਰ ਕਰੈਚ ਅਤੇ ਪ੍ਰੀ-ਸਕੂਲ ਸਟਾਫ ਨੇ ਸਾਡੀ ਧਰਤੀ ਨੂੰ ਹਰਿਆ ਭਰਿਆ ਬਣਾਉਣ ਲਈ ਇੱਕ ਪ੍ਰੋਜੈਕਟ ਦੀ ਸ਼ੁਰੂਆਤ ਬੜੇ ਉਤਸ਼ਾਹ ਨਾਲ ਕੀਤੀ। ਸਾਰੇ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਦੀ ਮਦਦ ਨਾਲ ਪੌਦਿਆਂ ਨੂੰ ਪਾਣੀ ਦੇਣ ਦਾ ਸਮਾਂ-ਸਾਰਣੀ ਬਣਾਈ। ਸਕੂਲ ਦੇ ਹਰ ਵਿਅਕਤੀ, ਜਿਸ ਵਿੱਚ ਵਿਦਿਆਰਥੀ, ਅਧਿਆਪਕ ਅਤੇ ਸਹਾਇਕ ਸਟਾਫ ਸ਼ਾਮਲ ਹਨ, ਨੇ ਇਸ 'ਗੋ ਗ੍ਰੀਨ' ਪਹਿਲਕਦਮੀ ਵਿੱਚ ਹਿੱਸਾ ਲਿਆ। ਅਧਿਆਪਕਾਂ ਨੇ ਨੌਜਵਾਨ ਮਨਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਵਾਤਾਵਰਣ-ਅਨੁਕੂਲ ਆਦਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੂੰ ਕੂੜੇ ਨੂੰ ਘਟਾਉਣ, ਰਚਨਾਤਮਕ ਤੌਰ 'ਤੇ ਸਮੱਗਰੀ ਦੀ ਮੁੜ ਵਰਤੋਂ ਕਰਨ ਅਤੇ ਜ਼ਿੰਮੇਵਾਰੀ ਨਾਲ ਰੀਸਾਈਕਲ ਕਰਨ ਲਈ ਉਤਸ਼ਾਹਿਤ ਕੀਤਾ ਗਿਆ ਤਾਂ ਜੋ ਇੱਕ ਸਾਫ਼ ਅਤੇ ਹਰਾ-ਭਰਾ ਭਵਿੱਖ ਬਣਾਇਆ ਜਾ ਸਕੇ। ਇਸ ਮੁਹਿੰਮ ਨੇ ਨਾ ਸਿਰਫ਼ ਵਿਦਿਆਰਥੀਆਂ ਦੀ ਵਾਤਾਵਰਣ ਸੰਭਾਲ ਪ੍ਰਤੀ ਸਮਝ ਨੂੰ ਵਧਾਇਆ, ਸਗੋਂ ਉਨ੍ਹਾਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਲਈ ਵੀ ਪ੍ਰੇਰਿਤ ਕੀਤਾ। ਅਧਿਆਪਕਾਂ ਅਤੇ ਵਿਦਿਆਰਥੀਆਂ ਦੋਵਾਂ ਦੇ ਉਤਸ਼ਾਹ ਅਤੇ ਸਰਗਰਮ ਭਾਗੀਦਾਰੀ ਨੇ ਇਸ ਪਹਿਲਕਦਮੀ ਨੂੰ ਬਹੁਤ ਸਫਲ ਬਣਾਇਆ।

## ਵਰ੍ਹੇਗੰਢ ਮੁਬਾਰਕ



ਸਮਾਜ ਸੇਵੀ ਭੂਸ਼ਨ ਕੁਮਾਰ ਸ਼ਹਿਣੇ ਵਾਲੇ ਅਤੇ ਕ੍ਰਿਸ਼ਨਾ ਰਾਣੀ ਵਿਆਹ ਦੀ 50ਵੀਂ ਵਰ੍ਹੇਗੰਢ ਮਨਾਈ

# ਵਾਈ.ਐਸ. ਪਬਲਿਕ ਸਕੂਲ ਵੱਲੋਂ 'ਐਜੂਵਿਕ' ਟਰਾਂਸਪੋਰਟ ਟ੍ਰੈਕਿੰਗ ਸਿਸਟਮ ਨਾਲ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਮਿਲੀ ਹੋਰ ਮਜ਼ਬੂਤੀ




ਬਰਨਾਲਾ, 15 ਅਪ੍ਰੈਲ ( ਹਮੀਰ ਸਿੰਘ) : ਭਾਰਤ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਵਾਈਐਸ ਪਬਲਿਕ ਸਕੂਲ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਮਾਪਿਆਂ ਦੀ ਸੁਵਿਧਾ ਨੂੰ ਪਹਿਲ ਦਿੰਦਾ ਹੋਇਆ ਆਪਣੇ 'ਐਜੂਵਿਕ' ਟਰਾਂਸਪੋਰਟ ਟ੍ਰੈਕਿੰਗ ਸਿਸਟਮ ਰਾਹੀਂ ਇੱਕ ਸ਼ਾਨਦਾਰ ਮਿਸਾਲ ਕਾਇਮ ਕਰ ਰਿਹਾ ਹੈ। ਇਹ ਆਧੁਨਿਕ ਡਿਜ਼ਿਟਲ ਸਿਸਟਮ ਪਿਛਲੇ ਇੱਕ ਸਾਲ ਤੋਂ ਸਫਲਤਾਪੂਰਵਕ ਚੱਲ ਰਿਹਾ ਹੈ। ਸਕੂਲ ਇਸ ਸਮਾਰਟ ਪਲੇਟਫਾਰਮ ਦੀ ਮਦਦ ਨਾਲ ਸਕੂਲ ਬੱਸਾਂ ਦੀ ਰੀਅਲ-ਟਾਈਮ ਟ੍ਰੈਕਿੰਗ ਮੁਹੱਈਆ ਕਰਵਾ ਰਿਹਾ ਹੈ, ਜਿਸ ਨਾਲ ਮਾਪੇ ਆਪਣੇ ਬੱਚਿਆਂ ਦੇ ਰੋਜ਼ਾਨਾ ਸਫ਼ਰ ਬਾਰੇ ਪੂਰੀ ਜਾਣਕਾਰੀ ਰੱਖ ਸਕਦੇ ਹਨ। ਇਹ ਪਹੁੰਚ ਸਕੂਲ ਦੀ ਤਕਨਾਲੋਜੀ ਰਾਹੀਂ ਬਿਹਤਰ ਸੁਰੱਖਿਆ ਅਤੇ ਸੰਚਾਰ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। 'ਐਜੂਵਿਕ' ਐਪ ਵਿੱਚ ਲਾਈਵ ਬੱਸ ਟ੍ਰੈਕਿੰਗ, ਪਿਕ-ਅੱਪ ਅਤੇ ਡਰਾਪ ਕੈਂਸਲੇਸ਼ਨ ਦੇ ਵਿਕਲਪ, ਸਟਾਪੇਜ ਨੋਟੀਫਿਕੇਸ਼ਨ ਅਤੇ ਤੁਰੰਤ ਅਲਰਟ ਵਰਗੀਆਂ ਕਈ ਸੁਵਿਧਾਵਾਂ ਹਨ। ਇਹ ਸਭ ਫੀਚਰ ਮਾਪਿਆਂ ਨੂੰ ਸਮੇਂ-ਸਿਰ ਅਪਡੇਟ ਦਿੰਦੇ ਹਨ, ਜਿਸ ਨਾਲ ਉਹ ਬਿਨਾਂ ਕਿਸੇ ਅਣਸ਼ਚਿਤਾ ਦੇ ਆਪਣੀ ਯੋਜਨਾ ਬਣਾ ਸਕਦੇ ਹਨ। ਪਿਛਲੇ ਇੱਕ ਸਾਲ ਦੌਰਾਨ ਇਹ ਸਿਸਟਮ ਕਾਫ਼ੀ ਲਾਭਕਾਰੀ ਸਾਬਤ ਹੋਇਆ ਹੈ, ਜਿਸ ਨਾਲ ਟਰਾਂਸਪੋਰਟ ਪ੍ਰਬੰਧ ਵਿੱਚ ਪਾਰਦਰਸ਼ਤਾ, ਭਰੋਸੇਯੋਗਤਾ ਅਤੇ ਕਾਰਗੁਜ਼ਾਰੀ ਵਿੱਚ ਸੁਧਾਰ ਆਇਆ ਹੈ। ਮਾਪਿਆਂ ਨੇ ਵੀ ਇਸ ਪਹਿਲ ਦੀ ਕਦਰ ਕੀਤੀ ਹੈ ਅਤੇ ਇਸਨੂੰ ਮਨ ਦੀ ਸ਼ਾਂਤੀ ਅਤੇ ਵਧੀਆ ਸਮਨਵੇ ਦਾ ਸਾਧਨ ਦੱਸਿਆ ਹੈ। ਸਕੂਲ ਪ੍ਰਬੰਧਨ ਅਨੁਸਾਰ ਇਸ ਤਰ੍ਹਾਂ ਦੇ ਡਿਜ਼ਟਿਲ ਸਾਧਨ ਉੱਚ ਪੱਧਰ ਦੀ ਸੁਰੱਖਿਆ ਅਤੇ ਕਾਰਗੁਜ਼ਾਰੀ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ 'ਤੇ ਪ੍ਰਿੰਸੀਪਲ ਮੋਹਿਤ ਜਿੰਦਲ ਨੇ ਕਿਹਾ, 'ਵਾਈਐਸ ਪਬਲਿਕ ਸਕੂਲ ਵਿੱਚ ਅਸੀਂ ਆਪਣੇ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਭਲਾਈ ਲਈ ਹਮੇਸ਼ਾ ਹਾਜਰ ਰਹਿੰਦੇ ਹਾਂ। 'ਐਜੂਵਿਕ' ਟਰਾਂਸਪੋਰਟ ਟ੍ਰੈਕਿੰਗ ਸਿਸਟਮ ਪਿਛਲੇ ਇੱਕ ਸਾਲ ਤੋਂ ਸਾਡੇ ਟਰਾਂਸਪੋਰਟ ਪ੍ਰਬੰਧ ਦਾ ਅਹਿਮ ਹਿੱਸਾ ਬਣਿਆ ਹੋਇਆ ਹੈ, ਜਿਸ ਨਾਲ ਮਾਪੇ ਹਮੇਸ਼ਾ ਜੁੜੇ ਅਤੇ ਜਾਣੂ ਰਹਿੰਦੇ ਹਨ। ਅਸੀਂ ਭਵਿੱਖ ਵਿੱਚ ਵੀ ਤਕਨਾਲੋਜੀ ਦੀ ਮਦਦ ਨਾਲ ਹਰ ਬੱਚੇ ਲਈ ਸੁਰੱਖਿਅਤ ਵਾਤਾਵਰਣ ਪ੍ਰਦਾਨ ਕਰਨ ਲਈ ਵਚਨਬੱਧ ਹਾਂ।' ਨਵੀਂ ਸੋਚ ਅਤੇ ਵਿਦਿਆਰਥੀ ਭਲਾਈ ਵੱਲ ਲਗਾਤਾਰ ਕੋਸ਼ਿਸ਼ਾਂ ਨਾਲ ਵਾਈਐਸ ਪਬਲਿਕ ਸਕੂਲ ਆਧੁਨਿਕ, ਸੁਰੱਖਿਅਤ ਅਤੇ ਭਰੋਸੇਯੋਗ ਸਿੱਖਿਆਈ ਸਹੂਲਤਾਂ ਪ੍ਰਦਾਨ ਕਰਨ ਵਿੱਚ ਨਵੇਂ ਮਾਪਦੰਡ ਸਥਾਪਤ ਕਰ ਰਿਹਾ ਹੈ।

# ਲਿਖਤੀ ਟੈਸਟ ਦਸਤਾਰ ਸਜਾਓ ਤੇ ਲੰਬੇ ਕੇਸ ਮੁਕਾਬਲੇ ਕਰਵਾਏ



ਬਰਨਾਲਾ , 15 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਖ਼ਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਮੌਕੇ ਗੁਰਦੁਆਰਾ ਬ੍ਰਹਮ ਗਿਆਨੀ ਬਾਬਾ ਨਾਮਦੇਵ ਜੀ ਬਰਨਾਲਾ ਦੀ ਪ ?ਬੰਧਕ ਕਮੇਟੀ ਵੱਲੋਂ ਕਰਮ ਸਿੰਘ ਭੰਡਾਰੀ ਦੀ ਅਗਵਾਈ ਹੇਠ ਲਿਖਤੀ ਟੈਸਟ ਦਸਤਾਰ ਸਜਾਓ ਤੇ ਲੰਬੇ ਕੇਸ ਮੁਕਾਬਲੇ ਕਰਵਾਏ ਗਏ ਇਸ ਦੀ ਜਾਣਕਾਰੀ ਦਿੰਦਿੰਆ ਪ੍ਰਧਾਨ ਜੋਗਿੰਦਰ ਸਿੰਘ ਕੈਥ ਅਤੇ ਨਿੱਜੀ ਸਕੱਤਰ ਗੁਰਜੰਟ ਸਿੰਘ ਸੋਨਾ ਨੇ ਦੱਸਿਆ ਕਿ ਜਿਸ ਵਿੱਚ 25 ਸਕੂਲਾਂ ਦੇ 250 ਵਿਦਿਆਰਥੀਆਂ ਨੇ ਭਾਗ ਲਿਆ ਇਸ ਤੋ ਪਹਿਲਾਂ ਸ਼੍ਰੀ ਅਖੰਡ ਪਾਠ ਦੇ ਭੋਗ ਉਪਰੰਤ ਭਾਈ ਗੁਰਦੀਪ ਸਿੰਘ ਰਾਗੀ ਜਥੇ ਨੇ ਮਹਾਨ ਕੀਰਤਨ ਦਰਬਾਰ ਸਜਾਇਆ ਗਿਆ। ਇਸ ਮੌਕੇ ਜਥੇਦਾਰ ਪਰਮਜੀਤ ਸਿੰਘ ਖਾਲਸਾ ਨੇ ਖਾਲਸਾ ਸਾਜਨਾ ਦਿਵਸ ਦੀ ਸੰਗਤਾ ਨੂੰ ਕਿਹਾ ਕਿ ਅਮ੍ਰਿਤ ਛਕੋ ਅਤੇ ਸਿੰਘ ਬਣੋ ਅਤੇ ਸਿੱਖ ਇਤਿਹਾਸ ਬਾਰੇ ਚਾਨਣਾ ਪਾਇਆ ਅਤੇ ਸੰਗਤਾ ਨੂੰ ਲੱਖ ਲੱਖ ਵਧਾਈਆਂ ਦਿੱਤੀਆਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋ ਖਾਲਸਾ ਜੀ ਅਤੇ ਮੈਨੇਜਰ ਸਾਹਿਬ ਦਾ ਸਨਮਾਨ ਕੀਤਾ ਜੇਤੂਆਂ ਵਿਦਿਆਰਥੀਆਂ ਨੂੰ ਜਥੇਦਾਰ ਪਰਮਜੀਤ ਸਿੰਘ ਖਾਲਸਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਿਰਮਲ ਸਿੰਘ ਰਾਜੀਆ, ਕਰਮ ਸਿੰਘ ਭੰਡਾਰੀ, ਮੈਨੇਜਰ ਕੌਰ ਸਿੰਘ ਉੱਪਲੀ, ਕੁਲਵਿੰਦਰ ਸਿੰਘ ਕਾਲਾ, ਡਾ ਅਮਨਦੀਪ ਸਿੰਘ ਟੱਲੇਵਾਲੀਆ, ਕੇਵਲ ਸਿੰਘ ਵੀਨਸ, ਪਰਮਿੰਦਰ ਸਿੰਘ, ਧਰਮਿੰਦਰ ਸਿੰਘ ਬਿੱਟੂ, ਅਰਜਨ ਸਿੰਘ, ਗੁਰਜੰਟ ਸਿੰਘ ਸੋਨਾ ਆਦਿ ਨੇ ਯਾਦਗਾਰੀ ਚਿੰਨ ਦਸਤਾਰਾਂ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁਕਾਬਲੇ ਦੀ ਪਰਖ ਰਮਨਦੀਪ ਸਿੰਘ ਚੰਨਪ੍ਰੀਤ ਸਿੰਘ ਮਨਜੋਤ ਸਿੰਘ ਅਮਰਿੰਦਰ ਸਿੰਘ ਆਦਿ ਨੇ ਕੀਤੀ । ਇਸ ਦੌਰਾਨ ਮੈਨੇਜਰ ਜਰਨੈਲ ਸਿੰਘ, ਰਾਜਿੰਦਰ ਸਿੰਘ ਬਾਬਰ, ਭੁਪਿੰਦਰ ਸਿੰਘ ਬੇਦੀ, ਯਾਦਵਿੰਦਰ ਸਿੰਘ ਟੋਨੀ, ਬੇਅੰਤ ਸਿੰਘ ਧਾਲੀਵਾਲ ਆਦਿ ਸੰਗਤਾਂ ਹਾਜ਼ਰ ਸਨ।

# ਸਕਿਓਰਟੀ ਟ੍ਰੇਡ ਅਧੀਨ 'ਸਕੂਲ ਆਫ਼ ਐਮੀਨੈਂਸ' ਵਿਖੇ ਵਿਦਿਆਰਥੀਆਂ ਨੂੰ ਵੰਡੀਆਂ ਸਟੂਡੈਂਟ ਕਿੱਟਾਂ



ਬਰਨਾਲਾ, 15 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) :ਪੰਜਾਬ ਸਕੂਲ ਸਿੱਖਿਆ ਵਿਭਾਗ ਅਤੇ ਸੁਨੀਤਇੰਦਰ ਸਿੰਘ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਬਰਨਾਲਾ ਅਤੇ ਡਾ. ਬਰਜਿੰਦਰਪਾਲ ਸਿੰਘ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਬਰਨਾਲਾ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਜ਼ਿਲ੍ਹਾ ਵੋਕੇਸ਼ਨਲ ਕੋਆਰਡੀਨੇਟਰ ਪਾਵੇਲ ਬਾਂਸਲ ਦੀ ਦੇਖ-ਰੇਖ ਅਤੇ ਪ੍ਰਿੰਸੀਪਲ ਹਰੀਸ਼ ਬਾਂਸਲ ਜੀ ਦੀ ਯੋਗ ਅਗਵਾਈ ਹੇਠ ਸਕਿਊਰਟੀ ਟ੍ਰੇਡ ਨਾਲ ਸਬੰਧਿਤ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਕਮਲੇਸ਼ ਕੁਮਾਰ (ਰਿਟਾਇਰਡ ਡਰਾਇੰਗ ਟੀਚਰ, ਗੁਰੂ ਜੀ) ਵੱਲੋਂ ਆਪਣੇ ਕਰ ਕਮਲਾਂ ਨਾਲ ਸਟੂਡੈਂਟ ਕਿੱਟਸ ਵੰਡੀਆਂ ਗਈਆਂ। ਇਸ ਮੌਕੇ ਮਨਜੀਤ ਸਿੰਘ (ਵੋਕੇਸ਼ਨਲ ਟ੍ਰੇਨਰ ਸਕਿਊਰਟੀ) ਅਤੇ ਹਰਪ੍ਰੀਤ ਸਿੰਘ (ਵੋਕੇਸ਼ਨਲ ਟ੍ਰੇਨਰ ਕੰਸਟ੍ਰਕਸ਼ਨ) ਵੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਪਿਛਲੇ ਤਿੰਨ ਸਾਲਾਂ ਤੋਂ ਜ਼ਿਲ੍ਹਾ ਪੱਧਰੀ ਹੁਨਰ ਮੁਕਾਬਲੇ ਵਿੱਚ ਸਕੂਲ ਆਫ਼ ਐਮੀਨੈਂਸ, ਬਰਨਾਲਾ ਦੇ ਸਕਿਊਰਟੀ ਟ੍ਰੇਡ ਦੇ ਵਿਦਿਆਰਥੀਆਂ ਨੇ ਲਗਾਤਾਰ ਪਹਿਲੀ ਪੁਜੀਸ਼ਨ ਪ੍ਰਾਪਤ ਕਰਕੇ 150 ਸਾਲ ਪੁਰਾਣੇ ਵਿੱਦਿਆ ਮੰਦਰ ਦਾ ਮਾਣ ਵਧਾਇਆ ਹੈ। ਪ੍ਰਿੰਸੀਪਲ ਹਰੀਸ਼ ਬਾਂਸਲ ਜੀ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਐੱਨ ਐਸ ਕਿਉ ਐੱਫ ਸਕੀਮ ਤਹਿਤ ਸਕਿਊਰਟੀ, ਕੰਸਟ੍ਰਕਸ਼ਨ, ਬਿਊਟੀ ਐਂਡ ਵੈਲਨੈਸ ਅਤੇ ਬੈਂਕਿੰਗ ਫਾਇਨੈਂਸ ਐਂਡ ਸਰਵਿਸਿਜ਼ ਇਨਸ਼ਿਉਰੈਂਸ਼ ਆਦਿ ਕਿੱਤਾਮੁਖੀ ਕੋਰਸਾਂ ਵਿੱਚ ਵੱਡੀ ਗਿਣਤੀ ਵਿੱਚ ਦਾਖਲੇ ਲਈ ਅਤੇ ਭਵਿੱਖ ਵਿੱਚ ਆਪਣੇ ਹੁਨਰ ਦਾ ਲਾਭ ਲੈਂਦੇ ਹੋਏ ਸਟੂਡੈਂਟ ਕਿੱਟਸ ਦੀ ਵਰਤੋਂ ਨਾਲ ਹੋਰ ਜ਼ਿਆਦਾ ਪ੍ਰਾਪਤੀਆਂ ਕਰਨ ਲਈ ਪ੍ਰੇਰਿਤ ਕੀਤਾ।



# ਪਟਿਆਲਾ-ਆਸ/ਪਾਸ



## ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਧਰਮਕੋਟ ਤੇ ਖਾਂਸੀਆ ਦੇ ਸਕੂਲਾਂ 'ਚ ਆਧੁਨਿਕ ਕਲਾਸ ਰੂਮਾਂ ਦਾ ਉਦਘਾਟਨ

ਭੁਨਰਹੇੜੀ, 15 ਅਪ੍ਰੈਲ (ਗੁਰਜੀਤ ਸਿੰਘ ਢੋਟ) : ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ



ਅਗਵਾਈ ਹੇਠ ਪੰਜਾਬ ਵਿੱਚ ਚੱਲ ਰਹੀ ਸਿੱਖਿਆ ਕ੍ਰਾਂਤੀ ਦੇ ਮਿਆਰ ਨੂੰ ਹੋਰ ਉੱਪਰ ਚੁੱਕਣ ਲਈ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਅੱਜ ਹਲਕੇ ਦੇ ਦੋ ਪਿੰਡਾਂ ਵਿੱਚ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਵਾਲੇ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਗਿਆ, ਜਿਸ ਤਹਿਤ ਹਡਾਣਾ ਵੱਲੋਂ ਪਿੰਡ ਧਰਮਕੋਟ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਆਧੁਨਿਕ ਕਲਾਸ ਰੂਮ ਬਣਾਉਣ ਲਈ 39.80 ਲੱਖ ਅਤੇ ਪਿੰਡ ਖਾਂਸੀਆ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਆਧੁਨਿਕ ਕਲਾਸ ਰੂਮ ਬਣਾਉਣ ਲਈ 9.51 ਹਜ਼ਾਰ ਨਾਲ ਹੋਏ ਕੰਮਾਂ ਦਾ ਉਦਘਾਟਨ ਸ਼ਾਮਲ ਸੀ। ਚੇਅਰਮੈਨ ਹਡਾਣਾ ਨੇ ਦੱਸਿਆ ਕਿ ਹੁਣ ਸਰਕਾਰੀ ਸਕੂਲਾਂ ਦੇ ਬੱਚੇ ਵੀ ਪ੍ਰਾਈਵੇਟ ਸਕੂਲਾਂ ਵਰਗੀਆਂ ਸਹੂਲਤਾਂ ਅਤੇ ਵਧੀਆ ਮਾਹੌਲ ਵਿੱਚ ਸਿੱਖਿਆ ਹਾਸਲ ਕਰ ਸਕਣਗੇ। ਹਡਾਣਾ ਨੇ ਕਿਹਾ ਕਿ ਮਾਨ ਸਰਕਾਰ ਦਾ ਮੁੱਖ ਟੀਚਾ ਪੰਜਾਬ ਦੇ ਭਵਿੱਖ ਯਾਨੀ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਹਲਕਾ ਸਨੌਰ ਦੇ ਹਰ ਪਿੰਡ ਦੇ ਸਕੂਲ ਨੂੰ ਆਧੁਨਿਕ ਸੁਵਿਧਾਵਾਂ ਨਾਲ ਲੈਸ ਕੀਤਾ ਜਾਵੇਗਾ ਤਾਂ ਜੋ ਗਰੀਬ ਤੋਂ ਗਰੀਬ ਬੱਚਾ ਵੀ ਉੱਚ ਸਿੱਖਿਆ ਪ੍ਰਾਪਤ ਕਰਕੇ ਦੇਸ਼ ਦਾ ਨਾਂ ਰੌਸ਼ਨ ਕਰ ਸਕੇ। ਸਕੂਲਾਂ ਵਿੱਚ ਪਹੁੰਚਣ 'ਤੇ ਸਮੂਹ ਸਕੂਲ ਪ੍ਰਬੰਧਕੀ ਕਮੇਟੀਆਂ, ਅਧਿਆਪਕਾਂ ਅਤੇ ਖ਼ਾਸ ਕਰਕੇ ਨਿੱਕੇ-ਨਿੱਕੇ ਸਕੂਲੀ ਬੱਚਿਆਂ ਵੱਲੋਂ ਸਰਦਾਰ ਹਡਾਣਾ ਦਾ ਬਹੁਤ ਹੀ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ। ਬੱਚਿਆਂ ਦੇ ਚਿਹਰਿਆਂ 'ਤੇ ਨਵੀਆਂ ਕਲਾਸਾਂ ਦੇਖ ਕੇ ਜੋ ਖ਼ੁਸ਼ੀ ਸੀ, ਉਹ ਦੇਖਣਯੋਗ ਸੀ। ਇਸ ਮੌਕੇ ਉਨ੍ਹਾਂ ਨਾਲ ਪਾਰਟੀ ਦੇ ਸੀਨੀਅਰ ਆਗੂ ਅਤੇ ਨਗਰ ਕੌਂਸਲ ਦੇ ਪ੍ਰਧਾਨ ਪ੍ਰਦੀਪ ਜੋਸਨ, ਰਾਜਾ ਧੰਜੂ ਸਰਪੰਚ, ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀਮਤੀ ਮਨਵਿੰਦਰ ਕੌਰ ਭੁੱਲਰ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍ਰੀ ਦਵਿੰਦਰ ਸਿੰਘ, ਡੀਪੀਈਓ ਭੁਨਰਹੇੜੀ-2 ਸ੍ਰੀ ਦਵਿੰਦਰ ਸਿੰਘ, ਸ੍ਰੀ ਸੁਰਜੀਤ ਸਿੰਘ ਮੁੱਖ ਅਧਿਆਪਕ, ਸਕੂਲ ਇੰਚਾਰਜ ਮਿਸਟ੍ਰੈਸ ਨੇਹਾ ਗੁਲਾਟੀ ਸੀਐਚਟੀ ਖਾਸੀਆ, ਮਿਸਟ੍ਰੈਸ ਰੇਨੂ ਗੌਤਮ, ਸ੍ਰੀ ਲਖਵਿੰਦਰ ਸਿੰਘ, ਸਕੂਲ ਸਟਾਫ ਮਿਸਟ੍ਰੈਸ ਸੁਖਜੀਤ ਕੌਰ, ਸਟੇਟ ਕੌਰ ਕਮੇਟੀ ਮੈਂਬਰ ਜਗਜੀਤ ਸਿੰਘ ਵਾਲੀਆ, ਸਮਾਰਟ ਸਕੂਲ ਕੁਆਡੀਨੇਟਰ, ਸ੍ਰੀ ਹਿਤੇਸ਼ ਥਾਪਰ, ਸ੍ਰੀ ਸੁਖਵਿੰਦਰ ਸਿੰਘ, ਜਸਪਾਲ ਸ਼ਰਮਾ ਜੀ, ਅਵਤਾਰ ਸਿੰਘ, ਨਰਿੰਦਰ ਕੌਰ, ਗੁਰਮੀਤ ਕੌਰ, ਸ਼ੋਭਾ ਰਾਨੀ ਮਿਸ਼ਰਾ, ਸਕੂਲ ਮੈਨੇਜਮੈਂਟ ਕਮੇਟੀ ਚੇਅਰਮੈਨ ਅਤੇ ਬਾਕੀ ਕਮੇਟੀ ਮੈਂਬਰ, ਬੀ.ਆਰ.ਸੀ. ਪਰਮਿੰਦਰ ਸਿੰਘ ਤੋਂ ਇਲਾਵਾ ਕੌਂਸਲਰ ਸਾਹਿਬਾਨ, ਬਲਾਕ ਪ੍ਰਧਾਨ, ਹੋਰਨਾਂ ਪਿੰਡਾਂ ਦੇ ਸਰਪੰਚ ਅਤੇ ਭਾਰੀ ਗਿਣਤੀ ਵਿੱਚ ਪਿੰਡ ਨਿਵਾਸੀ ਮੌਜੂਦ ਸਨ।

## ਡਾ.ਬਲਬੀਰ ਸਿੰਘ ਨੇ ਤੀਰਥ ਯਾਤਰਾ ਲਈ ਬੱਸ ਰਵਾਨਾ ਕੀਤੀ



ਨਾਭਾ, 15 ਅਪ੍ਰੈਲ (ਬਲਜਿੰਦਰ ਮਾਨ) : ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਦਿਹਾਤੀ ਪਟਿਆਲਾ ਦੇ ਪਿੰਡ ਧੰਗੇੜਾ ਤੋਂ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ,ਦੁਰਗਿਆਨਾ ਮੰਦਿਰ, ਅਟਾਰੀ ਵਾਹਗਾ ਬਾਰਡਰ, ਰਾਮ ਤੀਰਥ ਮੰਦਿਰ ਦੇ ਦਰਸ਼ਨਾਂ ਲਈ ਕੈਬਨਿਟ ਮੰਤਰੀ ਡਾ.ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ ਵੱਲੋਂ ਸੰਗਤਾਂ ਦੀ ਬੱਸ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਅਤੇ ਉਸ ਤੋਂ ਬਾਅਦ ਯਾਤਰਾ ਦਾ ਪਿੰਡ ਪਹੁੰਚਣ 'ਤੇ ਡਾ ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ ਨੇ ਆਪ ਆ ਕੇ ਸੰਗਤਾਂ ਦੇ ਦਰਸ਼ਨ ਕੀਤੇ। ਸਾਰੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਸਾਹਿਬ ਤੇ ਡਾ. ਬਲਬੀਰ ਸਿੰਘ ਦਾ ਬਹੁਤ-ਬਹੁਤ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਜਗਦੀਪ ਸਿੰਘ ਧੰਗੇੜਾ ਬਲਾਕ ਪ੍ਰਧਾਨ ਪਟਿਆਲਾ ਦਿਹਾਤੀ, ਹਰਵਿੰਦਰ ਸਿੰਘ ਪ੍ਰਧਾਨ ਕੋਪ: ਸੁਸਾਇਟੀ ਧੰਗੇੜਾ, ਕਰਤਾਰ ਸਿੰਘ ਸਾਬਕਾ ਸਰਪੰਚ, ਹਰਮੇਲ ਸਿੰਘ, ਖਜਾਨ ਸਿੰਘ, ਕੇਵਲ ਕ੍ਰਿਸ਼ਨ, ਗੁਰਪ੍ਰੀਤ ਸਿੰਘ, ਗੁਰਮੀਤ ਸਿੰਘ ਖਰੌੜ, ਸ਼ਾਮ ਸਿੰਘ ਪੰਚ,ਇੰਦਰਜੀਤ ਸਿੰਘ ਪੰਚ, ਚਮਕੌਰ ਸਿੰਘ ,ਪ੍ਰੀਤਮ ਸਿੰਘ, ਅੰਗਰੇਜ ਸਿੰਘ ਆਦਿ ਹਾਜ਼ਰ ਸਨ।

## ਗਿਆਨ ਭਾਰਤਮ ਮਿਸ਼ਨ ਤਹਿਤ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ

### ➢ਪੁਰਾਤਨ ਹੱਥ-ਲਿਖਤ, ਪਾਂਡੂਲਿਪੀਆਂ ਤੇ ਵਿਰਾਸਤੀ ਧਰੋਹਰ ਦੇ ਸਰਵੇ ਨੂੰ ਮਿਲੇਗੀ ਰਫ਼ਤਾਰ : ਡੀ.ਸੀ.



ਮਲੇਰਕੋਟਲਾ, 15 ਅਪ੍ਰੈਲ (ਬਲਜੀਤ ਸਿੰਘ ਟਿੱਬਾ/ਗੁਰਮੀਤ ਮੰਨਵੀ) : ਪੰਜਾਬ ਸਰਕਾਰ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ, ਚੰਡੀਗੜ੍ਹ ਵੱਲੋਂ ਭਾਰਤ ਸਰਕਾਰ ਦੇ ਸੱਭਿਆਚਾਰ ਮੰਤਰਾਲੇ ਦੇ ਸਹਿਯੋਗ ਨਾਲ ਚਲਾਏ ਜਾ ਰਹੇ 'ਗਿਆਨ ਭਾਰਤਮ ਮਿਸ਼ਨ ਤਹਿਤ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪੱਧਰੀ ਕਮੇਟੀ ਦੀ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦਾ ਮੁੱਖ ਉਦੇਸ਼ ਜ਼ਿਲ੍ਹੇ ਅੰਦਰ ਪੁਰਾਤਨ ਹੱਥ-ਲਿਖਤ, ਪਾਂਡੂਲਿਪੀਆਂ, ਇਤਿਹਾਸਕ ਦਸਤਾਵੇਜ਼ਾਂ ਅਤੇ ਸੱਭਿਆਚਾਰਕ ਧਰੋਹਰ ਦੀ ਪਹਿਚਾਣ ਅਤੇ ਸੰਭਾਲ ਲਈ ਸਰਵੇ ਕਾਰਜ ਨੂੰ ਸੁਚਾਰੂ ਢੰਗ ਨਾਲ ਅੱਗੇ ਵਧਾਉਣਾ ਸੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਗਿਆਨ ਭਾਰਤਮ ਮਿਸ਼ਨ ਦੇ ਤਹਿਤ ਦੇਸ਼ ਭਰ ਵਿੱਚ ਪੁਰਾਣੀਆਂ ਹੱਥ-ਲਿਖਤ ਪਾਂਡੂਲਿਪੀਆਂ, ਧਾਰਮਿਕ ਗ੍ਰੰਥਾਂ ਅਤੇ ਵਿਰਾਸਤੀ ਵਸਤਾਂ ਦੀ ਖੋਜ ਕਰਕੇ ਉਨ੍ਹਾਂ ਨੂੰ ਆਧੁਨਿਕ ਤਕਨਾਲੋਜੀ ਰਾਹੀਂ ਸੰਭਾਲਿਆ ਜਾ ਰਿਹਾ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਇਤਿਹਾਸ ਅਤੇ ਸੱਭਿਆਚਾਰ ਬਾਰੇ ਪ੍ਰਮਾਣਿਕ ਜਾਣਕਾਰੀ ਮਿਲ ਸਕੇ। ਇਸ ਲਈ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਜਾ ਰਿਹਾ ਹੈ ਜੋ ਘਰ-ਘਰ ਅਤੇ ਸੰਸਥਾਵਾਂ ਤੱਕ ਪਹੁੰਚ ਕਰਕੇ ਡਾਟਾ ਇਕੱਠਾ ਕਰਨਗੀਆਂ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ Gyan Bharatam Mission" ਐਪ ਨੂੰ ਪਲੇ ਸਟੋਰ ਤੋਂ ਡਾਊਨਲੋਡ ਕਰਨ ਅਤੇ ਆਪਣੇ ਕੋਲ ਮੌਜੂਦ ਪੁਰਾਤਨ ਹਸਤਲਿਖਤ ਗ੍ਰੰਥਾਂ, ਦਸਤਾਵੇਜ਼ਾਂ ਅਤੇ ਵਿਰਾਸਤੀ ਸਮੱਗਰੀ ਦੀ ਜਾਣਕਾਰੀ ਇਸ ਐਪ 'ਤੇ ਅਪਲੋਡ ਕਰਨ ਜਾਂ ਸਰਵੇ ਟੀਮ ਨਾਲ ਸਾਂਝੀ ਕਰਨ, ਤਾਂ ਜੋ ਸਾਡੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਿਆ ਜਾ ਸਕੇ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਕਮ ਨੋਡਲ ਅਫਸਰ ਰਾਜਦੀਪ ਸਿੰਘ ਬਰਾੜ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿੰਪੀ ਗਰਗ, ਬਾਲ ਵਿਕਾਸ ਅਤੇ ਪ੍ਰੋਜੈਕਟ ਅਫ਼ਸਰ ਪਵਨ ਕੁਮਾਰ, ਜ਼ਿਲ੍ਹਾ ਸਿੱਖਿਆ ਅਫਸਰ ਮਨਜੀਤ ਕੌਰ ਕੌਰ,ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਹਥਨ ਕੇਵਲ ਸਿੰਘ, ਸਰਕਾਰੀ ਗਰਲਜ਼ ਕਾਲਜ ਦੇ ਪ੍ਰਿੰਸੀਪਲ ਡਾ ਅਨੀਲਾ ਸੁਲਤਾਨਾ , ਮੁਹੰਮਦ ਸਾਦਿਕ ਸਮੇਤ ਹੋਰ ਅਧਿਕਾਰੀ ਅਤੇ ਗੈਰ-ਸਰਕਾਰੀ ਮੈਂਬਰ ਮਹਈਓਦੀਨ, ਮੁਹੰਮਦ ਰਫੀ ਹਾਜ਼ਰ ਸਨ।

## ਘਰ 'ਚ ਦਾਖ਼ਲ ਹੋ ਕੇ ਕੀਤੀ ਕੁੱਟਮਾਰ

ਪਟਿਆਲਾ, 15 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਕੋਲ ਸੰਗੀਤਾ ਦੇਵੀ ਪਤਨੀ ਰਿੰਕੂ ਰਾਮ ਵਾਸੀ ਪਿੰਡ ਨਨਾਨਸੂ ਨੇ ਕਥਿਤ ਦੋਸ਼ੀਆਂ ਕ੍ਰਿਸ਼ਨ ਕੁਮਾਰ ਪੁੱਤਰ ਇੰਦਰ ਰਾਮ, ਮੱਖਣ ਰਾਮ ਪੁੱਤਰ ਚੰਦ ਰਾਮ, ਇੱਛਰ ਰਾਮ ਪੁੱਤਰ ਚਾਨਣ ਰਾਮ, ਮਨਪ੍ਰੀਤ ਕੌਰ ਪਤਨੀ ਕ੍ਰਿਸ਼ਨ ਕੁਮਾਰ, ਦੀਪੋ ਰਾਣੀ ਪਤਨੀ ਪੰਮਾ ਰਾਮ, ਸੀਮਾ ਰਾਣੀ ਪਤਨੀ ਮੱਖਣ ਰਾਮ, ਅਜੈ ਕੁਮਾਰ ਪੁੱਤਰ ਚੰਦ ਰਾਮ ਵਾਸੀ ਪਿੰਡ ਨਨਾਨਸੂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀਆਂ ਨੇ ਉਸ ਦੇ ਘਰ ਅੰਦਰ ਦਾਖਲ ਹੋ ਕੇ ਉਸ ਅਤੇ ਉਸਦੀ ਸੱਸ ਪ੍ਰੇਮੋ ਦੇਵੀ ਦੀ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆ ਧਮਕੀਆਂ ਦੇ ਕੇ ਮੌਕਾ ਤੋਂ ਫਰਾਰ ਹੋ ਗਏ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਮੰਡੀਆਂ 'ਚ ਕਣਕ ਦੀ ਖ਼ਰੀਦ ਦੀ ਰਫ਼ਤਾਰ ਸੁਸਤ, ਲੱਗੇ ਅੰਬਾਰ : ਰਛਪਾਲ ਜੌੜਾਮਾਜਰਾ



ਸਮਾਣਾ, 15 ਅਪ੍ਰੈਲ (ਹਰਜਿੰਦਰ ਸਿੰਘ) : ਸੂਬੇ ਦੀਆਂ ਅਨਾਜ ਮੰਡੀਆਂ ਵਿੱਚ ਕਣਕ ਦੀ ਭਾਰੀ ਆਮਦ ਦੇ ਚਲਦੇ ਹਰ ਪਾਸੇ ਫਸਲ ਦੇ ਅੰਬਾਰ ਲੱਗੇ ਹੋਏ ਹਨ, ਪਰ ਸਰਕਾਰੀ ਖਰੀਦ ਦੀ ਰਫ਼ਤਾਰ ਕਾਫੀ ਸੁਸਤ ਨਜ਼ਰ ਆ ਰਹੀ ਹੈ। ਇਸ ਕਾਰਨ ਕਿਸਾਨਾਂ ਨੂੰ ਵੱਡੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਮੰਡੀਆਂ ਵਿੱਚ ਫਸਲ ਦੀ ਸਮੇਂ ਸਿਰ ਖਰੀਦ ਨਾ ਹੋਣ ਕਾਰਨ ਉਨ੍ਹਾਂ ਨੂੰ ਲੰਬੇ ਸਮੇਂ ਤੱਕ ਆਪਣੀ ਉਪਜ ਨਾਲ ਬੈਠਣਾ ਪੈ ਰਿਹਾ ਹੈ, ਜਿਸ ਨਾਲ ਨਾ ਸਿਰਫ਼ ਆਰਥਿਕ ਨੁਕਸਾਨ ਹੋ ਰਿਹਾ ਹੈ, ਸਗੋਂ ਪ੍ਰਬੰਧਕੀ ਦਿੱਕਤਾਂ ਵੀ ਵੱਧ ਰਹੀਆਂ ਹਨ। ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਕਾਂਗਰਸੀ ਆਗੂ ਰਛਪਾਲ ਜੌੜਾਮਾਜਰਾ ਨੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਉਠਾਏ ਹਨ। ਉਨ੍ਹਾਂ ਕਿਹਾ ਕਿ ਜੇ ਖਰੀਦ ਪ੍ਰਕਿਰਿਆ ਨੂੰ ਤੁਰੰਤ ਤੇਜ਼ ਨਾ ਕੀਤਾ ਗਿਆ ਤਾਂ ਕਿਸਾਨਾਂ ਨੂੰ ਭਾਰੀ ਨੁਕਸਾਨ ਝੱਲਣਾ ਪੈ ਸਕਦਾ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਮੰਡੀਆਂ ਵਿੱਚ ਤੁਰੰਤ ਪ੍ਰਬੰਧ ਸੁਧਾਰੇ ਜਾਣ ਅਤੇ ਕਣਕ ਦੀ ਖਰੀਦ ਪ੍ਰਕਿਰਿਆ ਨੂੰ ਤੇਜ਼ ਕੀਤਾ ਜਾਵੇ, ਤਾਂ ਜੋ ਕਿਸਾਨਾਂ ਨੂੰ ਰਾਹਤ ਮਿਲ ਸਕੇ।

## 26 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਕਾਬੂ

ਘਨੌਰ, 15 ਅਪ੍ਰੈਲ (ਰਾਜਿੰਦਰ ਸਿੰਘ ਕੰਬੋਜ) : ਥਾਣਾ ਘਨੌਰ ਦੀ ਪੁਲਿਸ ਵੱਲੋਂ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਵੱਡੀ ਕਾਰਵਾਈ ਕਰਦਿਆਂ 26 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ ਹੈ।ਜਾਣਕਾਰੀ ਮੁਤਾਬਕ ਸਹਾਇਕ ਥਾਣੇਦਾਰ ਇਸ਼ਵਰ ਸਿੰਘ ਪੁਲਿਸ ਪਾਰਟੀ ਸਮੇਤ ਬੱਸ ਅੱਡਾ ਲਾਛੜੂ ਕਲਾਂ ਵਿਖੇ ਗਸ਼ਤ ਕਰ ਰਹੇ ਸਨ। ਇਸ ਦੌਰਾਨ ਇੱਕ ਸ਼ੱਕੀ ਵਿਅਕਤੀ ਨੂੰ ਰੋਕ ਕੇ ਚੈਕਿੰਗ ਕੀਤੀ ਗਈ, ਜਿਸ ਕੋਲੋਂ 26 ਬੋਤਲਾਂ ਦੇਸੀ ਸ਼ਰਾਬ (ਮਾਲਟਾ ਹਰਿਆਣਾ) ਬਰਾਮਦ ਹੋਈਆਂ।ਪੁਲਿਸ ਨੇ ਮੌਕੇ 'ਤੇ ਹੀ ਦੋਸ਼ੀ ਗੁਰਮੇਲ ਸਿੰਘ ਪਿੰਡ ਕਾਮੀ ਕਲਾਂ, ਥਾਣਾ ਘਨੌਰ ਨੂੰ ਕਾਬੂ ਕਰ ਲਿਆ। ਦੋਸ਼ੀ ਖਿਲਾਫ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਲਾਕੇ ਵਿੱਚ ਗੈਰਕਾਨੂੰਨੀ ਸ਼ਰਾਬ ਦੇ ਖ਼ਿਲਾਫ਼ ਮੁਹਿੰਮ ਲਗਾਤਾਰ ਜਾਰੀ ਰਹੇਗੀ ਅਤੇ ਕਿਸੇ ਨੂੰ ਵੀ ਕਾਨੂੰਨ ਦੀ ਉਲੰਘਣਾ ਨਹੀਂ ਕਰਨ ਦਿੱਤੀ ਜਾਵੇਗੀ।

## ਜੇਲ੍ਹ 'ਚੋਂ ਮੋਬਾਇਲ ਫੋਨ ਤੇ ਸਿਮ ਬ੍ਰਾਮਦ

ਪਟਿਆਲਾ, 15 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਰਾਜੀਵ ਕੁਮਾਰ ਸਹਾਇਕ ਸੁਪਰਡੈਂਟ ਕੇਂਦਰੀ ਜੇਲ ਪਟਿਆਲਾ ਨੇ ਕਥਿਤ ਦੋਸ਼ੀ ਹਵਾਲਾਤੀ ਅਕਾਸ਼ ਪੁੱਤਰ ਵਿਨੋਦ ਕੁਮਾਰ ਵਾਸੀ ਪਿੰਡ ਭਵੀਸ਼ਾ ਸ਼ਾਮਲੀ ਯੂ.ਪੀ. ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਜੋ ਗੁਪਤ ਸੂਚਨਾ ਦੇ ਅਧਾਰ 'ਤੇ ਕਥਿਤ ਦੋਸ਼ੀ ਦੀ ਜਿਸਮਾਨੀ ਤਲਾਸ਼ੀ ਕਰਨ ਪਰ 1 ਪੋਕੋ ਕੰਪਨੀ ਦਾ ਟੱਚ ਸਕਰੀਨ ਮੋਬਾਇਲ ਸਮੇਤ ਏਅਰਟੈਲ ਕੰਪਨੀ ਦਾ ਸਿਮ ਕਾਰਡ ਬ੍ਰਾਮਦ ਹੋਇਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਗੱਜੂਮਾਜਰਾ ਮੰਡੀ ਵਿਖੇ ਵਿਧਾਇਕ ਜੌੜਾਮਾਜਰਾ ਤੇ ਚੇਅਰਮੈਨ ਗੱਜੂਮਾਜਰਾ ਨੇ ਕਣਕ ਦੀ ਸਰਕਾਰੀ ਖ਼ਰੀਦ ਸ਼ੁਰੂ ਕਰਵਾਈ

ਸਮਾਣਾ, 15 ਅਪ੍ਰੈਲ (ਜਵੰਦਾ/ ਵਿਜੇ ਕੁਮਾਰ) : ਹਲਕਾ ਸਮਾਣਾ ਦੇ ਪਿੰਡ ਗੱਜੂਮਾਜਰਾ ਦੀ ਅਨਾਜ ਮੰਡੀ ਵਿੱਚ ਅੱਜ ਕਣਕ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਵਿਧਾਇਕ ਸ. ਚੇਤਨ ਸਿੰਘ ਜੌੜਾਮਾਜਰਾ ਖਾਸ ਤੌਰ 'ਤੇ ਮੌਜੂਦ ਰਹੇ ਅਤੇ



ਉਨ੍ਹਾਂ ਨੇ ਮਾਰਕੇਟ ਕਮੇਟੀ ਦੇ ਚੇਅਰਮੈਨ ਸ. ਬਲਕਾਰ ਸਿੰਘ ਗੱਜੂਮਾਜਰਾ ਨਾਲ ਮਿਲ ਕੇ ਖਰੀਦ ਪ੍ਰਕਿਰਿਆ ਦੀ ਸ਼ੁਰੂਆਤ ਕਰਵਾਈ। ਇਸ ਦੌਰਾਨ ਵਿਧਾਇਕ ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫਸਲ ਦੀ ਖਰੀਦ ਨੂੰ ਸੁਚਾਰੂ ਅਤੇ ਪਾਰਦਰਸ਼ੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ ਅਤੇ ਉਨ੍ਹਾਂ ਦੀ ਫਸਲ ਦੀ ਸਮੇਂ ਸਿਰ ਖਰੀਦ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਮਿਹਨਤ ਦਾ ਪੂਰਾ ਮੁੱਲ ਦੇਣਾ ਸਰਕਾਰ ਦੀ ਪਹਿਲ ਹੈ ਅਤੇ ਖਰੀਦ ਪ੍ਰਕਿਰਿਆ ਦੌਰਾਨ ਸਾਰੀਆਂ ਬੁਨਿਆਦੀ ਸਹੂਲਤਾਂ ਮੰਡੀ ਵਿੱਚ ਉਪਲਬਧ ਕਰਵਾਈਆਂ ਜਾਣਗੀਆਂ। ਇਸ ਮੌਕੇ ਮਾਰਕੇਟ ਕਮੇਟੀ ਦੇ ਚੇਅਰਮੈਨ ਸ. ਬਲਕਾਰ ਸਿੰਘ ਗੱਜੂਮਾਜਰਾ ਨੇ ਵੀ ਭਰੋਸਾ ਦਿੱਤਾ ਕਿ ਮੰਡੀ ਵਿੱਚ ਖਰੀਦ ਪ੍ਰਕਿਰਿਆ ਬਿਨਾਂ ਕਿਸੇ ਰੁਕਾਵਟ ਦੇ ਚੱਲੇਗੀ ਅਤੇ ਕਿਸਾਨਾਂ ਨੂੰ ਪੂਰੀ ਸਹੂਲਤ ਦਿੱਤੀ ਜਾਵੇਗੀ। ਇਸ ਸਮੇਂ ਮੰਡੀ ਵਿੱਚ ਆਏ ਕਿਸਾਨਾਂ ਨੇ ਸਰਕਾਰ ਵੱਲੋਂ ਕੀਤੇ ਪ੍ਰਬੰਧਾਂ 'ਤੇ ਸੰਤੁਸ਼ਟੀ ਜਤਾਈ ਅਤੇ ਉਮੀਦ ਜਤਾਈ ਕਿ ਖਰੀਦ ਪ੍ਰਕਿਰਿਆ ਇਨ੍ਹਾਂ ਹੀ ਤਰ੍ਹਾਂ ਸੁਚਾਰੂ ਤਰੀਕੇ ਨਾਲ ਜਾਰੀ ਰਹੇਗੀ।



ਪਿੰਡ ਕੁਲਾਰਾਂ ਵਿਖੇ ਭਾਰਤ ਦੇ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਨ ਕੇਕ ਕੱਟ ਕੇ ਮਨਾਇਆ। (ਫੋਟੋ ਤੇ ਵੇਰਵਾ : ਸੁਖਜਿੰਦਰ ਕੁਲਾਰਾਂ)

## ਸਾਂਝਾ ਅਧਿਆਪਕ ਮੋਰਚਾ ਨੇ ਬੀ.ਐਲ.ਓ. ਪ੍ਰਦੀਪ ਕੁਮਾਰ ਦੇ ਪਰਿਵਾਰ ਨੂੰ ਮੁਆਵਜ਼ਾ ਦਿਵਾਉਣ ਲਈ ਕੱਢਿਆ ਕੈਂਡਲ ਮਾਰਚ



ਦੇਵੀਗੜ੍ਹ, 15 ਅਪ੍ਰੈਲ (ਗੁਰਜੀਤ ਸਿੰਘ ਢੋਟ) : ਬੀਤੇ ਚਾਰ ਅਪ੍ਰੈਲ ਨੂੰ ਈਟੀਟੀ ਅਧਿਆਪਕ ਪ੍ਰਦੀਪ ਕੁਮਾਰ ਜੋ ਕਿ ਸਰਕਾਰੀ ਪ੍ਰਾਇਮਰੀ ਸਕੂਲ ਹਸਨਪੁਰ ਕੰਬੋਆ ਬਲਾਕ ਦੇਵੀਗੜ੍ਹ ਜ਼ਿਲ੍ਹਾ ਪਟਿਆਲਾ ਵਿਖੇ ਨੌਕਰੀ ਤੇ ਤੈਨਾਤ ਸਨ। ਉਹਨਾਂ ਕੋਲ ਬੀਐਲਓ ਦਾ ਵੀ ਵਾਧੂ ਚਾਰਜ ਸੀ। ਬੀ ਐਲ ਓ ਹੋਣ ਕਰਕੇ ਉਹਨਾਂ ਤੇ ਐਸਆਈਆਰ ਦਾ ਕੰਮ ਨੇਪਰੇ ਚਾੜਨ ਲਈ ਵਿਭਾਗ ਵੱਲੋਂ ਦਬਾਅ ਪਾਇਆ ਜਾ ਰਿਹਾ ਸੀ ਇਸ ਦਬਾਅ ਕਰਕੇ ਉਹ ਮਾਨਸਿਕ ਤੌਰ 'ਤੇ ਬਹੁਤ ਜਿਆਦਾ ਪਰੇਸ਼ਾਨ ਸਨ। ਇਹ ਮਾਨਸਿਕ ਪਰੇਸ਼ਾਨੀ ਨਾ ਝੱਲਣ ਕਾਰਨ ਚਾਰ ਅਪ੍ਰੈਲ ਸ਼ਾਮੀ 4.30 ਵਜੇ ਉਹਨਾਂ ਨੂੰ ਦਿਲ ਦਾ ਦੌਰਾ ਪਿਆ ਤੇ ਉਹਨਾਂ ਦੀ ਮੌਤ ਹੋ ਗਈ। ਸਾਂਝਾ ਅਧਿਆਪਕ ਮੋਰਚਾ ਪੰਜਾਬ ਜ਼ਿਲ੍ਹਾ ਪਟਿਆਲਾ ਵੱਲੋਂ ਜਸਵਿੰਦਰ ਸਿੰਘ ਸਮਾਣਾ, ਪਰਮਜੀਤ ਸਿੰਘ ਪਟਿਆਲਾ ਨੇ ਦੱਸਿਆ ਕਿ ਪ੍ਰਦੀਪ ਕੁਮਾਰ ਨੂੰ ਬਣਦਾ ਮੁਆਵਜ਼ਾ ਦਵਾਉਣ ਲਈ ਐਸ ਡੀ ਐਮ ਦੁੱਧਨਸਾਧਾਂ ਮੈਡਮ ਹਰਜੋਤ ਕੌਰ ਮਾਵੀ ਨੂੰ ਮੰਗ ਪੱਤਰ ਦਿੱਤਾ ਗਿਆ ਸੀ, ਪੰਤੂ ਹੁਣ ਤੱਕ ਕਿਸੇ ਕਿਸਮ ਦੀ ਮੰਗ ਪੱਤਰ ਤੇ ਕਾਰਵਾਈ ਨਹੀਂ ਹੋ ਰਹੀ।ਉਹਨਾਂ ਕਿਹਾ ਕਿ ਪ੍ਰਦੀਪ ਕੁਮਾਰ ਡਿਊਟੀ ਤੇ ਹੁੰਦੇ ਹੋਏ ਪਰਿਵਾਰ ਨੂੰ ਅਲਵਿਦਾ ਆਖ ਗਏ ਹਨ। ਇਸ ਕਰਕੇ ਉਹਨਾਂ ਨੂੰ ਇੱਕ ਕਰੋੜ ਦਾ ਮੁਆਵਜ਼ਾ ਛੇਤੀ ਦਿੱਤਾ ਜਾਵੇ ਅਤੇ ਪਰਿਵਾਰ ਦੇ ਮੈਂਬਰ ਨੂੰ ਸਰਕਾਰੀ ਨੌਕਰੀ ਛੇਤੀ ਤੋਂ ਛੇਤੀ ਦਿੱਤੀ ਜਾਵੇ। ਅੱਜ ਸਨੌਰ ਦੇ ਬਸ ਸਟੈਂਡ ਤੋਂ ਲੈ ਕੇ ਸਾਰੇ ਬਾਜ਼ਾਰ ਵਿੱਚ ਪ੍ਰਦੀਪ ਕੁਮਾਰ ਜੀ ਨੂੰ ਇਨਸਾਫ ਦਵਾਉਣ ਲਈ ਕੈਂਡਲ ਮਾਰਚ ਕੱਢਿਆ ਗਿਆ। ਇਸ ਸਮੇਂ ਪਰਮਿੰਦਰ ਸਿੰਘ ਰਾਠੀਆਂ,ਦੀਦਾਰ ਸਿੰਘ ਪਟਿਆਲਾ, ਹਰਪ੍ਰੀਤ ਸਿੰਘ ਉੱਪਲ, ਹਰਦੀਪ ਸਿੰਘ ਪਟਿਆਲਾ, ਸ਼ਿਵਪ੍ਰੀਤ ਪਟਿਆਲਾ, ਗੁਰਪ੍ਰੀਤ ਸਿੰਘ ਸਿੱਧੂ, ਮਨਦੀਪ ਸਿੰਘ ਕਾਲੇਕੇ, ਅਮਨਦੀਪ ਸਿੰਘ ਬੋਪਾਰਾਏ, ਗੁਰਵਿੰਦਰ ਸਿੰਘ ਖੰਗੂੜਾ, ਵਰਿੰਦਰ ਸਿੰਘ ਮਰੋੜੀ,ਸੁਖਜਿੰਦਰ ਸਿੰਘ,ਮੇਹਰ ਸਿੰਘ, ਨਰਿੰਦਰ ਸਿੰਘ,ਹਰਪਾਲ ਸਿੰਘ, ਕਾਂਗਰਸ ਪਾਰਟੀ ਤੋਂ ਗੌਰਵ ਸੰਧੂ, ਨੌਜਵਾਨ ਆਗੂ ਸ਼ੈਰੀ ਰਿਆੜ,ਸਮਾਜ ਸੇਵਕ ਰਾਜੇਸ਼ ਬੱਗਾ, ਸਫ਼ਾਈ ਯੂਨੀਅਨ ਨਗਰ ਕੌਂਸਲ ਸਨੌਰ ਦੇ ਪ੍ਰਧਾਨ ਨੰਦ ਲਾਲ, ਹਰਜੀਤ ਟਾਂਕ ਦੇ ਨਾਲ ਪ੍ਰਦੀਪ ਕੁਮਾਰ ਜੀ ਦੇ ਸਾਰੇ ਪਰਿਵਾਰ ਦੇ ਮੈਂਬਰ ਸ਼ਾਮਲ ਹੋਏ।

## ਨਵੀਨ ਗੋਇਲ ਟਿੰਕੂ ਨੂੰ ਅਗਰਵਾਲ ਧਰਮਸ਼ਾਲਾ ਪ੍ਰਬੰਧਕ ਕਮੇਟੀ ਦੇ ਮੈਂਬਰ ਚੁਣੇ ਜਾਣ 'ਤੇ ਭਾਈਚਾਰੇ ਵੱਲੋਂ ਵਧਾਈਆਂ

ਸਮਾਣਾ, 15 ਅਪ੍ਰੈਲ (ਜਵੰਦਾ) : ਅਗਰਵਾਲ ਧਰਮਸ਼ਾਲਾ ਦੀਆਂ ਚੱਲ ਰਹੀਆਂ ਚੋਣਾਂ ਦੌਰਾਨ ਸ਼ਿਵਾ ਜੀ ਮਹਾਰਾਜ ਜ਼ੋਨ 'ਜੇ' ਤੋਂ ਉਮੀਦਵਾਰ ਨਵੀਨ ਗੋਇਲ ਟਿੰਕੂ ਨਿਰਵਿਰੋਧ ਮੈਂਬਰ ਚੁਣੇ ਗਏ ਹਨ।ਜਾਣਕਾਰੀ ਮੁਤਾਬਕ ਇਸ ਜ਼ੋਨ ਦੇ ਸਮੂਹ ਅਗਰਵਾਲ ਭਾਈਚਾਰੇ ਵੱਲੋਂ ਨਵੀਨ ਗੋਇਲ ਨੂੰ ਪੂਰਾ ਸਮਰਥਨ ਮਿਲਿਆ। ਉਨ੍ਹਾਂ ਦੇ ਵਿਰੋਧ ਵਿੱਚ ਕਿਸੇ ਵੀ ਹੋਰ ਉਮੀਦਵਾਰ ਵੱਲੋਂ ਨਾਮਜ਼ਦਗੀ ਦਾਖਲ ਨਾ ਹੋਣ ਕਾਰਨ ਉਹ ਬਿਨਾਂ ਮੁਕਾਬਲੇ ਦੇ ਜੇਤੂ ਘੋਸ਼ਿਤ ਹੋਏ। ਨਵੀਨ ਗੋਇਲ ਦੀ ਇਸ ਨਿਰਵਿਰੋਧ ਜਿੱਤ 'ਤੇ ਅਗਰਵਾਲ ਭਾਈਚਾਰੇ ਵੱਲੋਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਇਲਾਕਾ ਵਾਸੀਆਂ ਵੱਲੋਂ



ਉਨ੍ਹਾਂ ਦਾ ਫੁੱਲਾਂ ਦੇ ਹਾਰ ਪਾ ਕੇ ਭਰਵਾਂ ਸਵਾਗਤ ਕੀਤਾ ਗਿਆ।ਇਸ ਦੌਰਾਨ ਨਵੀਨ ਗੋਇਲ ਨੇ ਭਰੋਸਾ ਦਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਉਣਗੇ। ਇਸ ਮੌਕੇ ਦਰਸ਼ਨ ਮਿੱਤਲ, ਜੀਵਨ ਗਰਗ ਅਤੇ ਗੋਪਲ ਕ੍ਰਿਸ਼ਨ ਗਰਗ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਗਰਵਾਲ ਭਾਈਚਾਰੇ ਦੇ ਲੋਕ ਹਾਜ਼ਰ ਸਨ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਡਾ. ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ

ਪਟਿਆਲਾ, 15 ਅਪ੍ਰੈਲ (ਚ.ਨ.ਸ.) :ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਅਵਤਾਰ ਸਿੰਘ ਅਤੇ ਚੀਫ ਜੁਡੀਸ਼ੀਅਲ ਮੈਜ ਸਟਰੇਟ ਕਮ ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਇੱਕ ਵਿਸ਼ੇਸ਼ ਪ੍ਰੋਗਰਾਮ ਲੇਬਰ ਚੌਂਕ ਤ੍ਰਿਪੜੀ ਪਟਿਆਲਾ ਵਿਖੇ ਆਯੋਜਿਤ ਕੀਤਾ ਗਿਆ।ਪ੍ਰੋਗਰਾਮ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਪੀਐਲਵੀ ਪਰਮਜੀਤ ਸਿੰਘ, ਪੀਐਲਵੀ ਗੁਰਕੀਰਤ ਸਿੰਘ,ਪੀਐਲਵੀ ਅਮਨਿੰਦਰ ਸਿੰਘ, ਪੀਐਲਵੀ ਰਾਜੇਸ



ਮਿੱਤਲ,ਪੀਐਲਵੀ ਕੁਲਵੰਤ ਧੀਮਾਨ ਅਤੇ ਪੀਐਲਵੀ ਭਜਨ ਪ੍ਰਕਾਸ਼ ਵਲੋਂ ਸਹਿਯੋਗ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਡਾ.ਅੰਬੇਦਕਰ ਜੀ ਨੂੰ ਸਰਧਾਂਜਲੀ ਭੇਂਟ ਕਰਦਿਆਂ ਕੀਤੀ ਗਈ। ਇਸ ਮੌਕੇ ਪਰਮਜੀਤ ਸਿੰਘ ਨੇ ਕਿਹਾ ਕਿ ਡਾ.ਅੰਬੇਡਕਰ ਨੇ ਦੇਸ਼ ਨੂੰ ਅਜਿਹਾ ਸੰਵਿਧਾਨ ਦਿੱਤਾ ਜੋ ਹਰ ਨਾਗਰਿਕ ਨੂੰ ਬਰਾਬਰ ਦੇ ਅਧਿਕਾਰ ਪ੍ਰਦਾਨ ਕਰਦਾ ਹੈ। ਗੁਰਕੀਰਤ ਸਿੰਘ ਨੇ ਦੱਸਿਆ ਕਿ ਅਥਾਰਟੀ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਨਾਗਰਿਕ ਆਰਥਿਕ ਤੰਗੀ ਕਾਰਨ ਇਨਸਾਫ਼ ਤੋਂ ਵਾਂਝਾ ਨਾ ਰਹੇ।ਇਹੋ ਡਾ. ਅੰਬੇਦਕਰ ਜੀ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

## ਸਰਕਾਰਾਂ ਦੀ ਇੱਛਾ ਸ਼ਕਤੀ ਹੋਵੇ ਤਾਂ ਹੀ ਬਣ ਸਕਦਾ ਬੇਅਦਬੀ 'ਤੇ ਕਾਨੂੰਨ : ਪ੍ਰੋ. ਬਡੂੰਗਰ

ਪਟਿਆਲਾ, 15 ਅਪ੍ਰੈਲ (ਰੁਪਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪੰਜਾਬ ਵਿਧਾਨ ਸਭਾ ਵੱਲੋਂ ਸਰਬ ਸੰਮਤੀ ਨਾਲ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿੱਲ 2026 ਪਾਸ ਕੀਤਾ ਜਾਣਾ ਸਵਾਗਤ ਕਰਨ ਦੇ ਨਾਲ ਸਵਾਲ ਚੁੱਕਦਿਆਂ ਕਿਹਾ ਕਿ ਅਜਿਹਾ ਤਾਂ ਹੀ ਸੰਭਵ ਹੋ ਸਕਦਾ, ਜੇ ਸਰਕਾਰਾਂ ਦੀ ਇੱਛਾ ਸ਼ਕਤੀ ਹੋਵੇ। ਇਸ ਸਬੰਧ ਵਿਚ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪੰਜਾਬ ਦੇ ਰਾਜਪਾਲ ਨੂੰ ਬਿੱਲ ਨੂੰ ਪ੍ਰਵਾਨਗੀ ਦੇਣ ਲਈ ਅਪੀਲ ਕਰਦਿਆਂ ਕਿਹਾ ਕਿ ਦੇਸ਼ ਅੰਦਰ ਕਨੂੰਨ ਬਹੁਤ ਮੌਜੂਦ ਹਨ, ਪਰੰਤੂ ਸਰਕਾਰਾਂ ਦੀ ਇੱਛਾ ਸ਼ਕਤੀ ਘੱਟ ਹੋਣ ਕਾਰਨ ਇਨ੍ਹਾਂ ਕਨੂੰਨਾਂ ਨੂੰ ਲਾਗੂ ਨਹੀਂ ਕੀਤਾ ਜਾਂਦਾ ਰਿਹਾ।ਸਾਬਕਾ ਪ੍ਰਧਾਨ ਪ੍ਰੋ. ਬਡੂੰਗਰ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਤਿਕਾਰ ਸੋਧ ਬਿੱਲ 2026 ਨੂੰ ਮਾਨਯੋਗ ਰਾਜਪਾਲ ਦੀ ਪ੍ਰਵਾਨਗੀ ਮਿਲਣ ਉਪਰੰਤ ਕਨੂੰਨ ਨੂੰ ਪੂਰੀ ਤਰ੍ਹਾਂ ਲਾਗੂ ਕਰੇ। ਬੇਅਦਬੀ ਦੇ ਦੋਸ਼ੀਆਂ ਦੀਆਂ ਸਖਤ ਸਜਾਵਾਂ ਨੂੰ ਯਕੀਨੀ ਬਣਾਉਣ ਤਾਂ ਹੀ ਜੋ ਇਸ ਨਿੰਦਣਯੋਗ ਘਿਨਾਉਣੀ ਨੀਚ ਕਾਰਵਾਈ ਨੂੰ ਬੰਦ ਕੀਤਾ ਜਾ ਸਕੇ।



## ਡਾ. ਅੰਬੇਡਕਰ ਦੇ ਜਨਮ ਦਿਨ ਅਤੇ ਵਿਸਾਖੀ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ

### ਵਿੱਕੀ ਘਨੌਰ ਵੱਲੋਂ ਸ਼ਮੂਲੀਅਤ

ਘਨੌਰ, 15 ਅਪ੍ਰੈਲ (ਰਾਜਿੰਦਰ ਸਿੰਘ ਕੰਬੋਜ) : ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਨ ਅਤੇ ਵਿਸਾਖੀ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਪਿੰਡ ਕਪੂਰੀ ਵਿਖੇ ਸ੍ਰੀ ਗੁਰੂ ਰਵਿਦਾਸ ਮੰਦਰ ਪ੍ਰਬੰਧਕ ਕਮੇਟੀ, ਬਲਰਾਮ ਸਿੰਘ ਗੋਲੂ, ਸਰਪੰਚ ਪਰਮਜੀਤ ਸਿੰਘ ਪੰਮਾ ਅਤੇ ਗੁਰਵਿੰਦਰ ਸਿੰਘ ਪੰਚ ਵੱਲੋਂ ਸਾਂਝੇ ਤੌਰ 'ਤੇ ਦੂਜਾ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਪਿੰਡ ਦੀ ਧਰਮਸ਼ਾਲਾ ਵਿੱਚ



ਲਗਾਏ ਗਏ। ਇਸ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸਪੋਰਟਸ ਵਿੰਗ ਦੇ ਸੂਬਾ ਪ੍ਰਧਾਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਸ਼ਿਰਕਤ ਕਰਕੇ ਖ਼ੂਨਦਾਨੀਆਂ ਦੀ ਹੌਸਲਾ ਅਫਜ਼ਾਈ ਕੀਤੀ।ਪਿੰਡ ਕਪੂਰੀ ਦੀ ਮਿੱਟੀ ਦੇ ਜੰਮਪਲ ਅਤੇ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਮਨਿੰਦਰਜੀਤ ਸਿੰਘ ਵਿੱਕੀ ਘਨੌਰ, ਜੋ ਅੱਜ ਪੰਜਾਬ ਸਰਕਾਰ ਵਿੱਚ ਅਹਿਮ ਅਹੁਦੇ 'ਤੇ ਬਿਰਾਜਮਾਨ ਹਨ, ਦੇ ਪਹੁੰਚਣ 'ਤੇ ਪਿੰਡ ਵਾਸੀਆਂ ਨੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ। ਉਹਨਾਂ ਕਿਹਾ ਕਿ ਕੈਂਪ ਦੌਰਾਨ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਤੋਂ ਡਾ. ਮਰਿਯਾਦਾ ਦੀ ਅਗਵਾਈ ਹੇਠ ਪਹੁੰਚੀ ਟੀਮ ਵੱਲੋਂ 70 ਯੂਨਿਟ ਸਵੈਇੱਛਕ ਖ਼ੂਨ ਇਕੱਤਰ ਕੀਤਾ ਗਿਆ। ਵਾਈਸ ਚੇਅਰਮੈਨ ਵਿੱਕੀ ਘਨੌਰ ਵੱਲੋਂ ਖ਼ੂਨਦਾਨ ਕਰਨ ਵਾਲੇ ਹਰੇਕ ਨੌਜਵਾਨ ਨੂੰ ਸਨਮਾਨ ਵਜੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀ ਤਸਵੀਰ ਅਤੇ ਪ੍ਰਸ਼ੰਸਾ ਪੱਤਰ ਭੇਂਟ ਕੀਤੇ ।ਇਸ ਮੌਕੇ ਉਨ੍ਹਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਪਤਾਨ ਸਿੰਘ ਚਮਾਰੂ, ਬਲਾਕ ਸੰਮਤੀ ਚੇਅਰਮੈਨ ਸਤਨਾਮ ਹਰਪਾਲਾ, ਬਲਾਕ ਪ੍ਰਧਾਨ ਸੰਦੀਪ ਸਿੰਘ ਮਰਦਾਂਪੁਰ, ਸਰਪੰਚ ਹਰਚਰਨ ਸਿੰਘ ਸੌਂਟਾਂ, ਬਲਾਕ ਸੰਮਤੀ ਮੈਂਬਰ ਗੋਬਿੰਦ ਸਿੰਘ ਚਮਾਰੂ, ਅੰਤਰਰਾਸ਼ਟਰੀ ਕਬੱਡੀ ਖਿਡਾਰੀ ਟਿੰਕੂ ਘਨੌਰ ਅਤੇ ਮਨਵੀਰ ਸਿੰਘ ਸਰਵਾਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਗਰੀਸ਼ ਪ੍ਰਸ਼ਾਦ ਜੀ ਦੀ ਯਾਦ 'ਚ ਲੰਗਰ ਲਗਾਇਆ

ਅਮਰਗੜ੍ਹ, 15 ਅਪ੍ਰੈਲ (ਗੁਰਮੀਤ ਮੰਨਵੀਂ ਲਵਦੀਪ ਮੰਨਵੀਂ) : ਹਰ ਸਮੇਂ ਸਮਾਜ ਸੇਵੀ ਲਈ ਤੱਤਪਰ ਰਿਟਾਇਰ ਕਾਨੂੰਨਗੋ ਪੰਡਿਤ ਗਰੀਸ਼ ਪ੍ਰਸ਼ਾਦ ਜੀ ਦੀ ਯਾਦ 'ਚ ਉਨ੍ਹਾਂ ਦੇ ਸਪੁੱਤਰ ਮਹੰਤ ਸਰੂਪ ਦਾਸ ਜੀ ਬਿਹਾਰੀ ਸ਼ਰਨ ਵੱਲੋਂ ਸਥਾਨਕ ਸ੍ਰੀ ਹਨੂੰਮਾਨ ਮੰਦਿਰ ਵਿਖੇ ਲੰਗਰ ਲਗਾਇਆ ਗਿਆ, ਜਿੱਥੇ ਉਨ੍ਹਾਂ ਦੇ ਨਾਲ ਸ੍ਰੀ ਲੰਗਰ ਕਮੇਟੀ ਦੇ ਪ੍ਰਧਾਨ ਮੋਹਨ ਲਾਲ ਸਿੰਗਲਾ, ਕ੍ਰਿਸ਼ਨ ਗੋਪਾਲ ਕੰਨਾ, ਮਾ: ਵਿਜੈ ਸ਼ਰਮਾ, ਹਰਿ ਓਮ ਪ੍ਰਸ਼ਾਦ, ਸਪੁੱਤਰ ਸਮੀਰ ਕੌਸ਼ਿਕ, ਗੀਤੂ ਭਾਰਦਵਾਜ, ਪ੍ਰਭਵੀਰ ਨੇ ਲੋੜਵੰਦਾਂ ਨੂੰ ਲੰਗਰ ਵੰਡਿਆ ਉਪਰੰਤ ਮਹੰਤ ਸਰੂਪ ਦਾਸ ਬਿਹਾਰੀ ਸ਼ਰਨ ਨੇ ਕਿਹਾ ਕਿ ਸਮਾਜ 'ਚ ਸੇਵਾ ਦੀ ਭਾਵਨਾ ਦੀ ਗੁੜਤੀ ਉਨ੍ਹਾਂ ਨੂੰ ਉਨ੍ਹਾਂ ਦੇ ਪਿਤਾ ਸਵ: ਗਰੀਸ਼ ਪ੍ਰਸ਼ਾਦ ਜੀ ਤੋਂ ਮਿਲੀ ਹੈ, ਜਿਨ੍ਹਾਂ ਆਪਣੀ ਸਾਰੀ ਜ਼ਿੰਦਗੀ ਸਮਾਜ ਸੇਵਾ ਨੂੰ ਸਮਰਪਿਤ ਕੀਤੀ ਹੈ। ਇਸ ਮੌਕੇ ਲੰਗਰ ਕਮੇਟੀ ਦੇ ਪ੍ਰਧਾਨ ਮੋਹਨ ਲਾਲ ਸਿੰਗਲਾ ਨੇ ਕਿਹਾ ਕਿ ਮਹੰਤ ਸਰੂਪ ਦਾਸ ਜੀ ਆਪਣੇ ਪਿਤਾ ਜੀ ਦੇ ਨਕਸ਼ੇ ਕਦਮਾਂ 'ਤੇ ਚੱਲ ਕੇ ਸੇਵਾ ਭਾਵਨਾ ਨਾਲ ਸਮਾਜ ਦੀ ਸੇਵਾ ਕਰ ਰਹੇ ਹਨ ਇਹੋ ਕਾਰਨ ਹੈ ਕਿ ਅੱਜ ਉਨ੍ਹਾਂ ਲੰਗਰ ਕਮੇਟੀ (ਰਜਿ.), ਆਲ ਇੰਡੀਆ ਬ੍ਰਾਹਮਣ ਫਰੰਟ, ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਆਦਿ ਸੰਸਥਾਵਾਂ 'ਚ ਮੁੱਖ ਅਹੁਦਿਆਂ 'ਤੇ ਵਿਰਾਜਮਾਨ ਹੋ ਕੇ ਸਮਾਜ ਦੀ ਸੇਵਾ ਕਰ ਰਹੇ ਹਨ।



## ਨਸ਼ਾ ਤਸਕਰਾਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪਬਲਿਕ ਦਾ ਸਹਿਯੋਗ ਜ਼ਰੂਰੀ: ਐਸ.ਪੀ. ਬੈਂਸ

ਪਟਿਆਲਾ, 15 ਅਪ੍ਰੈਲ (ਚ.ਨ.ਸ.) : ਪੰਜਾਬ ਅਤੇ ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਜੋ ਕਿ ਲੰਮੇ ਸਮੇਂ ਤੋਂ ਨਸ਼ਿਆਂ ਵਿਰੁੱਧ ਪੰਜਾਬ ਪੁਲਿਸ ਨਾਲ ਮਿਲਕੇ ਕੰਮ ਕਰ ਰਹੀਆਂ ਹਨ ਵੱਲੋਂ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕੇਂਦਰ ਪਟਿਆਲਾ ਪੁਲਿਸ , ਮੈਂਬਰ ਵੂਮੈਨ ਕੌਂਸਲਿਗ ਸੈਲ ਪਟਿਆਲਾ ਪੁਲਿਸ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਐਸ ਪੀ ਪਟਿਆਲਾ ਇਨਵੈਸਟੀਗੇਸ਼ਨ ਗੁਰਬੰਸ ਸਿੰਘ ਬੈਂਸ ਨਾਲ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਜਾਗਰੂਕਤਾ ਪ੍ਰੋਗਰਾਮਾਂ ਸਬੰਧੀ ਮੁਲਾਕਾਤ ਕੀਤੀ । ਇਸ ਮੌਕੇ ਵਿਸ਼ੇਸ਼ ਤੌਰ 'ਤੇ ਅਰਮਾਨ ਮਲਿਕ, ਸ਼ੇਖਰ ਚੋਰਸੀਆ, ਰੁਦਰਪ੍ਰਤਾਪ ਸਿੰਘ ਬੀ.ਸੀ. ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ,ਗੁਰਜੀਤ ਸਿੰਘ ਲੱਕੀ ਹਰਦਾਸਪੁਰ ਵੀ ਹਾਜ਼ਰ ਸਨ। ਇਸ ਮੌਕੇ ਐਸ ਪੀ ਇਨਵੈਸਟੀਗੇਸ਼ਨ ਪਟਿਆਲਾ ਗੁਰਬੰਸ ਸਿੰਘ ਬੈਂਸ ਨੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਵੱਲੋਂ ਬਹੁਤ ਲੰਮੇ ਸਮੇਂ ਤੋਂ ਪੰਜਾਬ ਪੁਲਿਸ ਨਾਲ ਮਿਲਕੇ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮ ਪ੍ਰਸ਼ੰਸਾਯੋਗ ਹਨ। ਉਹਨਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪਬਲਿਕ ਦਾ ਸਹਿਯੋਗ ਜ਼ਰੂਰੀ ਹੈ। ਉਹਨਾਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਅਤੇ ਉਨ੍ਹਾਂ ਦੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹਨਾਂ ਵੱਲੋਂ ਜੋ ਨਸ਼ਿਆਂ ਵਿਰੁੱਧ ਮੁਹਿੰਮ ਛੇੜੀ ਹੋਈ ਹੈ। ਉਸ ਵਿੱਚ ਹੋਰਨਾਂ ਨੂੰ ਵੀ ਅੱਗੇ ਆ ਕੇ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।



## ਸੇਂਟ ਥੈਰੇਸਾ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ



ਸਮਾਣਾ, 15 ਅਪ੍ਰੈਲ (ਹਰਜਿੰਦਰ ਸਿੰਘ ਜਵੰਦਾ) : ਅੱਜ ਸੇਂਟ ਥੈਰੇਸਾ ਕਾਨਵੈਂਟ ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਬੜੇ ਹੀ ਉਤਸਾਹ ਤੇ ਧੂਮ ਧਾਮ ਨਾਲ ਮਨਾਇਆ ਗਿਆ ।ਇਸ ਮੌਕੇ ਬੱਚਿਆਂ ਨੇ ਭਾਸ਼ਣ, ਸੰਗੀਤ, ਗਿੱਧਾ ਭੰਗੜਾ ਤੇ ਬੋਲੀਆਂ ਪਾ ਕੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਅਤੇ ਸਾਰਿਆਂ ਨੇ ਹੀ ਇਸ ਪ੍ਰੋਗਰਾਮ ਦਾ ਆਨੰਦ ਮਾਣਿਆ। ਵਿਸਾਖੀ ਦੇ ਇਸ ਮੌਕੇ ਤੇ ਜਿੱਥੇ ਸਾਰੇ ਬੱਚੇ ਖੁਸ਼ ਦਿਖਾਈ ਦੇ ਰਹੇ ਸਨ, ਉਥੇ ਹੀ ਛੋਟੇ ਬੱਚੇ ਰੰਗ ਬਿਰੰਗੇ ਕੱਪੜਿਆਂ ਵਿੱਚ ਬਹੁਤ ਹੀ ਸੁੰਦਰ ਤੇ ਖੁਸ਼ ਦਿਖਾਈ ਦੇ ਰਹੇ ਸਨ ।ਇਸ ਮੌਕੇ ਸਿਸਟਰ ਸੁਨੀਤਾ ਨੇ ਬੱਚਿਆਂ ਨੂੰ ਇਸ ਦਿਨ ਦਾ ਮਹੱਤਵ ਦੱਸਦੇ ਹੋਏ ਕਿਹਾ ਕਿ ਇਹ ਤਿਉਹਾਰ ਜਿੱਥੇ ਪੰਜਾਬੀਆਂ ਲਈ ਵਿਸ਼ੇਸ਼ ਇਤਿਹਾਸਿਕ ਮਹੱਤਵ ਰੱਖਦਾ ਹੈ ਉੱਥੇ ਹੀ ਇਹ ਸਾਨੂੰ ਨੇਕੀ ਇਮਾਨਦਾਰੀ ਅਤੇ ਮਿਲ ਜੁਲ ਕੇ ਰਹਿਣ ਦੀ ਪ੍ਰੇਰਨਾ ਵੀ ਦਿੰਦਾ ਹੈ।

## ਨਿਰਮਲ ਸਿੰਘ ਭੱਟੀਆਂ ਵੱਲੋਂ ਅਨਾਜ ਮੰਡੀ ਭੁਨਰਹੇੜੀ ਦਾ ਦੌਰਾ

ਭੁਨਰਹੇੜੀ, 15 ਅਪ੍ਰੈਲ (ਗੁਰਜੀਤ ਸਿੰਘ ਢੋਟ) : ਅੱਜ ਹਲਕਾ ਸਨੌਰ ਦੇ ਸੀਨੀਅਰ ਆਗੂ ਨਿਰਮਲ ਸਿੰਘ ਭੱਟੀਆ ਵੱਲੋਂ ਅਨਾਜ ਮੰਡੀ ਭੁੱਨਰਹੇੜੀ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਮੰਡੀ ਵਿੱਚ ਆਪਣੀ ਫ਼ਸਲ ਵੇਚਣ ਆਏ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਿਲਾਂ ਬਾਰੇ ਜਾਣਕਾਰੀ ਹਾਸਲ ਕੀਤੀ। ਮੰਡੀ ਦਾ ਜਾਇਜ਼ਾ ਲੈਣ ਉਪਰੰਤ ਚੜ੍ਹਦੀਕਲਾ ਦੇ ਪ੍ਰਤੀਨਿਧੀ ਨਾਲ ਗੱਲਬਾਤ ਕਰਦਿਆਂ ਨਿਰਮਲ ਸਿੰਘ ਭੱਟੀਆ ਨੇ ਕਿਹਾ ਕਿ ਸਰਕਾਰ ਵੱਲੋਂ ਕੀਤੇ ਗਏ ਖ਼ਰੀਦ ਦੇ ਵੱਡੇ-ਵੱਡੇ ਦਾਅਵੇ ਸਿਰਫ਼ ਕਾਗਜ਼ਾਂ ਤੱਕ ਹੀ ਸੀਮਤ ਨਜ਼ਰ ਆ ਰਹੇ ਹਨ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਚੁਕਾਈ (ਲਿਫਟਿੰਗ) ਦੀ ਰਫ਼ਤਾਰ ਬਹੁਤ ਸੁਸਤ ਹੈ, ਜਿਸ ਕਾਰਨ ਮੰਡੀ ਵਿੱਚ ਫ਼ਸਲ ਦੇ ਅੰਬਾਰ ਲੱਗ ਗਏ ਹਨ ਅਤੇ ਕਿਸਾਨਾਂ ਨੂੰ ਨਵੀਂ ਫ਼ਸਲ ਉਤਾਰਨ ਲਈ ਥਾਂ ਨਹੀਂ ਮਿਲ ਰਹੀ।। ਕਿਸਾਨ ਦੱਸ ਦਿਨਾਂ ਤੋਂ ਮੰਡੀਆਂ ਵਿੱਚ ਬੈਠੇ ਹਨ। ਨਿਰਮਲ ਸਿੰਘ ਭੱਟੀਆ ਨੇ ਪ੍ਰਸ਼ਾਸਨ ਅਤੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਕਿਸਾਨਾਂ ਦੀ ਖ਼ੁਆਰੀ ਨੂੰ ਦੇਖਦੇ ਹੋਏ ਖ਼ਰੀਦ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਅਦਾਇਗੀ ਤੁਰੰਤ ਕਿਸਾਨਾਂ ਦੇ ਖਾਤਿਆਂ ਵਿੱਚ ਪਾਈ ਜਾਵੇ। ਇਸ ਮੌਕੇ ਗੁਰਮੀਤ ਬਾਵਾ ਪੀ ਏ ਭੱਟੀਆਂ , ਪ੍ਰਧਾਨ ਪਿਰਥੀਪਾਲ ਸਿੰਘ ਭੁੱਨਰਹੇੜੀ, ਰਾਜੀਵ ਮਿੱਤਲ, ਨਿਰਮਲ ਸਿੰਘ , ਜਗਮੋਹਨ ਸਿੰਘ , ਸੁਨੀਲ ਕੁਮਾਰ , ਸਤਿਨਾਮ ਸਿੰਘ ਜਨਰਲ ਸੈਕਟਰੀ, ਗੁਰਨਾਮ ਸਿੰਘ ਸੈਕਟਰੀ, ਕਾਹਨ ਸਿੰਘ ਮੰਜਾਲ, ਰਾਮਕ੍ਰਿਸ਼ਨ ਸਰਪੰਚ, ਟੋਨੀ ਲਾਲੀਨਾ, ਅਵਤਾਰ ਸਿੰਘ, ਕਸ਼ਮੀਰੀ ਲਾਲ, ਜਸਪਾਲ ਸ਼ਰਮਾ, ਸਤੀਸ਼ ਸ਼ਰਮਾ, ਮਹਿੰਦਰ ਸਿੰਘ, ਗੁਰਮੀਤ ਬਾਵਾ, ਦੇਸ਼ ਰਾਜ ਸ਼ਰਮਾ, ਸੁਖਵਿੰਦਰ ਗਿਰੀ, ਗੁਰਸੇਵਕ ਸਿੰਘ, ਰਮਨ ਕੁਮਾਰ ਹਾਜ਼ਰ ਸਨ ।





# ਪਟਿਆਲਾ-ਆਸ/ਪਾਸ



## ਕਾਰਡਨ ਅਤੇ ਸਰਚ ਅਭਿਆਨ ਦੌਰਾਨ ਦੋ ਸ਼ੱਕੀ ਵਿਅਕਤੀ ਰਾਊਂਡ ਅੱਪ

### ਨਸ਼ਾ ਤਸਕਰੀ ਖ਼ਿਲਾਫ਼ ਪੁਲਿਸ ਦੀ ਸਖ਼ਤ ਕਾਰਵਾਈ ਜਾਰੀ, ਵੱਖ-ਵੱਖ ਇਲਾਕਿਆਂ 'ਚ ਤਲਾਸ਼ੀ ਮੁਹਿੰਮ



ਮਲੇਰਕੋਟਲਾ, 15 ਅਪ੍ਰੈਲ (ਬਲਜੀਤ ਸਿੰਘ ਟਿੱਬਾ): ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਡਾਇਰੈਕਟਰ ਜਨਰਲ ਪੁਲਿਸ, ਪੰਜਾਬ (ਚੰਡੀਗੜ੍ਹ) ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਕਾਰਡਨ ਅਤੇ ਸਰਚ ਅਭਿਆਨ ਚਲਾਇਆ ਗਿਆ। ਇਹ ਸਰਚ ਅਭਿਆਨ ਆਈ.ਜੀ (ਜੀ.ਆਰ.ਪੀ) ਪਟਿਆਲਾ ਬਲਜੋਤ ਸਿੰਘ ਰਾਠੌਰ ਦੀ ਨਿਗਰਾਨੀ ਹੇਠ ਸੀਨੀਅਰ ਕਪਤਾਨ ਪੁਲਿਸ ਗਗਨ ਅਜੀਤ ਸਿੰਘ ਦੀ ਅਗਵਾਈ ਵਿੱਚ ਚਲਾਇਆ ਗਿਆ। ਇਸ ਸਰਚ ਅਭਿਆਨ ਦੌਰਾਨ ਡੀ.ਐਸ.ਪੀ (ਇਨਵੈਸਟੀਗੇਸ਼ਨ) ਸਤੀਸ਼ ਕੁਮਾਰ ਅਤੇ ਡੀ.ਐਸ.ਪੀ (ਸਬ ਡਵੀਜ਼ਨ ਮਲੇਰਕੋਟਲਾ) ਮਨਵਜੀਤ ਸਿੰਘ ਸਿੱਧੂ ਸਮੇਤ ਸਮੂਹ ਮੁੱਖ ਅਧਿਕਾਰੀਆਂ ਅਤੇ ਭਾਰੀ ਪੁਲਿਸ ਫੋਰਸ ਵੱਲੋਂ ਮੁਹੱਲਾ ਜਮਾਲਪੁਰਾ ਅਤੇ ਪੱਕਾ ਦਰਵਾਜ਼ਾ ਖੇਤਰਾਂ ਦੇ ਸ਼ੱਕੀ ਇਲਾਕਿਆਂ ਅਤੇ ਟਿਕਾਣਿਆਂ 'ਤੇ ਗਹਿਰਾਈ ਨਾਲ ਤਲਾਸ਼ੀ ਮੁਹਿੰਮ ਚਲਾਈ ਗਈ। ਮਾਲੇਰਕੋਟਲਾ ਦੀ ਤਰ੍ਹਾਂ ਹੀ ਅਹਿਮਦਗੜ੍ਹ ਵਿਖੇ ਡੀ.ਐਸ.ਪੀ (ਸਬ ਡਵੀਜ਼ਨ ਅਹਿਮਦਗੜ੍ਹ) ਸੁਖਦੇਵ ਸਿੰਘ ਬਰਾੜ ਵੱਲੋਂ ਪੁਲਿਸ ਫੋਰਸ ਸਮੇਤ ਰੇਲਵੇ ਸਟੇਸ਼ਨ ਅਹਿਮਦਗੜ੍ਹ ਅਤੇ ਵਾਰਡ ਨੰਬਰ 2 ਵਿਖੇ ਸਰਚ ਅਭਿਆਨ ਚਲਾਇਆ ਗਿਆ। ਇਸੇ ਤਰ੍ਹਾਂ ਅਮਰਗੜ੍ਹ ਵਿਖੇ ਡੀ.ਐਸ.ਪੀ (ਸਬ ਡਿਵਿਜ਼ਨ ਅਮਰਗੜ੍ਹ) ਸੰਜੀਵ ਕੁਮਾਰ ਵੱਲੋਂ ਵੀ ਆਪਣੀ ਟੀਮ ਸਮੇਤ ਵੱਖ-ਵੱਖ ਇਲਾਕਿਆਂ ਵਿੱਚ ਕਾਰਡਨ ਐਂਡ ਸਰਚ ਆਪਰੇਸ਼ਨ ਕੀਤੇ ਗਏ। ਸੀਨੀਅਰ ਕਪਤਾਨ ਪੁਲਿਸ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਪੰਜਾਬ ਪੁਲਿਸ ਵੱਲੋਂ ਸੂਬਾ ਪੱਧਰ 'ਤੇ ਨਸ਼ਾ ਤਸਕਰੀ ਦੇ ਖ਼ਾਤਮੇ ਲਈ ਇਹ ਮੁਹਿੰਮ ਲਗਾਤਾਰ ਜਾਰੀ ਹੈ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਖ਼ਤ ਕਾਰਵਾਈ ਕੀਤੀ ਜਾਂਦੀ ਰਹੇਗੀ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ 2 ਸ਼ੱਕੀ ਵਿਅਕਤੀਆਂ ਨੂੰ ਰਾਊਂਡ ਅੱਪ ਕੀਤਾ ਗਿਆ ਹੈ, ਜਿਨ੍ਹਾਂ ਤੋਂ ਗਹਿਰਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਨਸ਼ਾ ਤਸਕਰੀ ਸੰਬੰਧੀ ਕੋਈ ਵੀ ਜਾਣਕਾਰੀ ਸੇਫ ਪੰਜਾਬ ਵਟਸਐਪ ਚੈਟਬੋਟ ਨੰਬਰ 9779-100-200 'ਤੇ ਸਾਂਝੀ ਕੀਤੀ ਜਾਵੇ। ਲੋਕਾਂ ਦੇ ਸਹਿਯੋਗ ਨਾਲ ਇਸ ਮੁਹਿੰਮ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕਦਾ ਹੈ।

## ਡੀ.ਸੀ. ਵੱਲੋਂ ਅਨਾਜ ਮੰਡੀ ਅਮਰਗੜ੍ਹ ਦਾ ਦੌਰਾ

ਅਮਰਗੜ੍ਹ/ਮਲੇਰਕੋਟਲਾ, 15 ਅਪ੍ਰੈਲ (ਬਲਜੀਤ ਸਿੰਘ ਟਿੱਬਾ/ ਗੁਰਮੀਤ ਮੰਨਵੀ) : ਵਿਸਾਖੀ ਦੇ ਪਵਿੱਤਰ ਤਿਉਹਾਰ ਮੌਕੇ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ. ਤਿੜਕੇ ਵੱਲੋਂ ਅਨਾਜ ਮੰਡੀ ਅਮਰਗੜ੍ਹ ਦਾ ਦੌਰਾ ਕਰਕੇ ਕਣਕ ਦੀ ਚੱਲ ਰਹੀ ਖਰੀਦ ਪ੍ਰਕਿਰਿਆ ਅਤੇ ਪ੍ਰਬੰਧਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਗਿਆ। ਦੌਰੇ ਦੌਰਾਨ ਉਨ੍ਹਾਂ ਮੰਡੀਆਂ ਵਿੱਚ ਕੀਤੇ ਗਏ ਪ੍ਰਬੰਧਾਂ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਤੋਂ ਬਚਾਉਣ ਲਈ ਪ੍ਰਸ਼ਾਸਨ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਅਨਾਜ ਮੰਡੀਆਂ ਵਿੱਚ ਕਣਕ ਦੀ ਖਰੀਦ ਨਿਰਵਿਘਨ ਢੰਗ ਨਾਲ ਜਾਰੀ ਹੈ ਅਤੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹਰ ਇਕ ਦਾਣਾ ਪਾਰਦਰਸ਼ੀ ਅਤੇ ਸੁਚਾਰੂ ਪ੍ਰਕਿਰਿਆ ਰਾਹੀਂ ਖਰੀਦਿਆ ਜਾ ਰਿਹਾ ਹੈ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਢੋਆ-ਢੁਆਈ, ਲਿਫਟਿੰਗ ਅਤੇ ਭੁਗਤਾਨ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਦੇਰੀ ਨਾ ਹੋਵੇ ਇਸ ਮੌਕੇ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਡੇਜੀ ਮਹਿਤਾ, ਇੰਸਪੈਕਟਰ ਮਨੋਜ ਕੁਮਾਰ ਸਮੇਤ ਵੱਖ-ਵੱਖ ਖਰੀਦ ਏਜੰਸੀਆਂ ਦੇ ਨੁਮਾਇੰਦੇ ਅਤੇ ਆੜ੍ਹਤੀਏ ਮੌਜੂਦ ਸਨ।

## ਪੰਜ ਪਿਆਰਿਆਂ ਪਾਸੋਂ 40 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਲੈ ਕੇ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗੇ

### ➢ਪੰਜਾਬ ਸਿੱਖ ਕੌਂਸਲ ਵੱਲੋਂ ਸੰਗਤ ਨੂੰ ਸਿੱਖ ਧਰਮ ਨਾਲ ਜੋੜਨ ਦਾ ਉਪਰਾਲਾ ਸ਼ਲਾਘਯੋਗ : ਬਾਬਾ ਲਖਵਿੰਦਰ ਸਿੰਘ



ਬਲਬੇੜ੍ਹਾ/ਡਕਾਲਾ, 15 ਅਪ੍ਰੈਲ (ਗੁਰਸੇਵਕ ਸਿੰਘ ਕਰਹਾਲੀ ਸਾਹਿਬ ): ਹਲਕਾ ਸਨੌਰ ਦੇ ਉੱਘੇ ਕਸਬਾ ਬਲਬੇੜਾ 'ਚ ਪੰਜਾਬ ਸਿੱਖ ਕੌਂਸਲ ਵੱਲੋਂ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਖਾਲਸਾ ਸਾਜਣਾ ਦਿਵਸ ਨੂੰ ਸਮਰਪਿਤ ਮਹਾਨ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪੰਜ ਪਿਆਰਿਆਂ ਪਾਸੋਂ 40 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਕੇ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗੇ। ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲਿਆਂ 'ਚ ਮਹਿਲਾਵਾਂ, ਬਜ਼ੁਰਗ, ਨੌਜਵਾਨ ਸ਼ਾਮਲ ਸਨ।ਅੰਮ੍ਰਿਤ ਸੰਚਾਰ ਮੌਕੇ ਪੰਜ ਪਿਆਰਿਆਂ ਸਹਿਬਾਨ ਵੱਲੋਂ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਨ ਵਾਲੀਆਂ ਸੰਗਤਾਂ ਨੂੰ ਪੰਜ ਕਕਾਰਾਂ ਦੀ ਮਹੱਤਤਾ ਅਤੇ ਸਿੱਖ ਇਤਿਹਾਸ ਵਿਚ ਖਾਲਸਾ ਸਾਜਨਾ ਦਿਵਸ ਦੀ ਮਹੱਤਤਾ ਤੋਂ ਜਾਣੂੰ ਕਰਵਾਇਆਂ। ਉਨ੍ਹਾਂ ਕਿਹਾ ਕਿ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲੀਆਂ ਸੰਗਤਾਂ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲਕੇ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਨੂੰ ਪਹਿਲ ਦੇਣ। ਇਸ ਮੌਕੇ ਭਾਈ ਲਖਵਿੰਦਰ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸਾਹਿਬ ਨੇ ਦੱਸਿਆ ਕਿ ਪੰਜਾਬ ਸਿੱਖ ਕੌਂਸਲ ਸੰਗਤਾਂ ਨੂੰ ਸਿੱਖ ਧਰਮ ਨਾਲ ਜੋੜਨ ਦਾ ਕਾਰਜ਼ ਪਿਛਲੇ ਲੰਬੇ ਤੋਂ ਕਰ ਕੇ ਗੁਰੂ ਦੀਆਂ ਖੁਸ਼ੀਆਂ ਲੈ ਰਹੇ ਹਨ, ਜੋ ਬਹੁਤ ਸ਼ਲਾਘਾਯੋਗ ਉਪਰਾਲਾ ਹੈ ਸਾਡਾ ਸੱਭ ਦਾ ਫਰਜ਼ ਹੈ ਕਿ ਆਪਣੇ ਕਰਮ ਦੇ ਨਾਲ ਆਪਣੇ ਗੁਰੂ ਸਹਿਬਾਨ ਜੀ ਦੇ ਦਰਸਾਏ ਮਾਰਗ ਤੇ ਚੱਲ ਕੇ ਆਪਣਾ ਜੀਵਨ ਬਤੀਤ ਕਰੀਏ। ਪੰਜਾਬ ਸਿੱਖ ਕੌਂਸਲ ਦੇ ਪ੍ਰਧਾਨ ਜਥੇਦਾਰ ਮੋਹਣ ਸਿੰਘ ਕਰਤਾਰਪੁਰ ਨੇ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਤੇ ਸਮੁੱਚੀਆਂ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਪੰਜ ਪਿਆਰੇ ਸਹਿਬਾਨ ਦਾ ਧੰਨਵਾਦ ਕੀਤਾ।ਪ੍ਰਧਾਨ ਕਰਤਾਰਪੁਰ ਨੇ ਕਿਹਾ ਕਿ ਵਾਹਿਗੁਰੂ ਜੀ ਦੀ ਆਪਾਰ ਕ੍ਰਿਪਾ ਨਾਲ ਪੰਜਾਬ ਸਿੱਖ ਕੌਂਸਲ ਪਿਛਲੇ ਲੰਮੇ ਸਮੇਂ ਤੋਂ ਧਰਮ ਪ੍ਰਚਾਰ ਵਿਚ ਸੇਵਾਵਾਂ ਨਿਭਾ ਰਹੀ ਤੇ ਹਮੇਸ਼ਾ ਧਰਮ ਦੇ ਕਾਰਜਾਂ 'ਤੇ ਪਹਿਰਾ ਦਿੰਦੀ ਰਹੇਗੀ। ਇਸ ਮੌਕੇ ਬਾਬਾ ਲਖਵਿੰਦਰ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸਾਹਿਬ, ਪ੍ਰਧਾਨ ਜਥੇ. ਮੋਹਣ ਸਿੰਘ ਕਰਤਾਰਪੁਰ,ਜਥੇ.ਸੰਤੋਖ ਸਿੰਘ ਮਵੀਸੱਪਾਂ,ਪ੍ਰਧਾਨ ਸੁਖਵੀਰ ਸਿੰਘ ਬਲਬੇੜ੍ਹਾ,ਸਤਪਾਲ ਸਿੰਘ ਬਲਬੇੜ੍ਹਾ, ਗੁਰਮੀਤ ਸਿੰਘ ਮਾਨ, ਬਿੰਦਰ ਸਿੰਘ ਬਲਬੇੜ੍ਹਾ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਮੌਜੂਦ ਸਨ।

## ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਨੇ ਨਾਭਾ-ਭਾਦਸੋਂ ਰੋਡ ਕੀਤਾ ਜਾਮ

ਨਾਭਾ, 15 ਅਪ੍ਰੈਲ (ਬਲਜਿੰਦਰ ਮਾਨ) : ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਜ਼ਿਲ੍ਹਾ ਪਟਿਆਲਾ ਵੱਲੋਂ ਪਿੰਡ ਧੰਗੇੜਾ ਨਾਭਾ ਭਾਦਸੋਂ ਰੋਡ ਧਗੇੜਾ ਮੰਡੀ ਵਿੱਚ ਖਰੀਦ ਨਾ ਹੋਣ ਕਰਨ ਜਾਮ ਕਰ ਦਿੱਤਾ ਹੈ ਇਸ ਮੌਕੇ ਸੂਬਾ ਆਗੂ ਕਰਨੈਲ ਸਿੰਘ ਲੰਗ ਅਤੇ ਜ਼ਿਲਾ ਆਗੂ ਪਰਵਿੰਦਰ ਸਿੰਘ ਬਾਬਰਪੁਰ ਨੇ ਬੋਲਦਿਆਂ ਕਿਹਾ ਕਿ ਜੇਕਰ ਮੰਡੀਆਂ ਵਿੱਚ ਖਰੀਦ ਮੁਕੰਮਲ ਤੌਰ ਤੇ ਨਾ ਹੋਈ ਤਾਂ 17 ਅਪ੍ਰੈਲ ਨੂੰ 12 ਤੋਂ 3 ਵਜੇ ਤੱਕ ਪੂਰੇ ਪੰਜਾਬ ਵਿੱਚ ਰੇਲ ਰੋਕਿਆ ਜਾਣਗੀਆਂ ਕਿਉਂਕਿ ਜੋ ਖਰੀਦ 1 ਅਪ੍ਰੈਲ ਤੋਂ ਸ਼ੁਰੂ ਹੋਣੀ ਸੀ ਅੱਜ 15 ਅਪ੍ਰੈਲ ਹੋ ਗਈ ਹੈ ਅਤੇ ਖਰੀਦ ਨਹੀਂ ਹੋ ਰਹੀ ਅਤੇ ਲਗਾਤਾਰ ਕਿਸਾਨ ਮੰਡੀਆਂ ਵਿੱਚ ਆਪਣੀ ਫ਼ਸਲ ਨਾਲ ਖੱਜਲ ਖੁਆਰ ਹੋ ਰਿਹਾ ਹੈ ਅਤੇ ਕਿਸਾਨੀ ਪਹਿਲਾਂ ਹੀ ਬਹੁਤ ਮਾੜੇ ਹਾਲਾਤ ਵਿੱਚੋਂ ਵੀ ਗੁਜ਼ਰ ਰਹੀ ਹੈ, ਜੇਕਰ ਸਰਕਾਰ ਨੇ ਖਰੀਦ ਪ੍ਰਬੰਧ ਨਾ ਦਰੁਸਤ ਕੀਤਾ ਤਾਂ ਵੱਡੇ ਸੰਘਰਸ਼ ਪੰਜਾਬ ਅਤੇ ਸੈਂਟਰ ਸਰਕਾਰ ਵਿਰੁੱਧ ਉਲੀਕੇ ਜਾਣਗੇ ਇਸ ਸਮੇਂ ਬਲਾਕ ਆਗੂ ਗਮਦੂਰ ਸਿੰਘ, ਚਮਕੌਰ ਸਿੰਘ ਘਨੁੰੜਕੀ, ਹਰਬੰਸ ਬਾਰਨ,ਪਿਆਰਾ ਸਿੰਘ, ਹਰਬੰਸ ਰੀਠਖੇੜੀ, ਮਨਜੀਤ ਬੀਨਾਹੇੜੀ ਅਤੇ ਹੋਰ ਕਿਸਾਨ ਆਗੂ ਅਤੇ ਕਿਸਾਨ ਮਜ਼ਦੂਰ ਸਾਥੀ ਹਾਜ਼ਰ ਸਨ।



## ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਨੇ ਡੀ.ਸੀ. ਰਾਹੀਂ ਮੁੱਖ ਮੰਤਰੀ ਦੇ ਨਾਮ ਦਿੱਤਾ ਮੰਗ ਪੱਤਰ

### ➢ਕਣਕ ਦੀ ਖ਼ਰੀਦ ਤੁਰੰਤ ਸ਼ੁਰੂ ਕਰਵਾਈ ਜਾਵੇ : ਸ਼ਾਦੀਪੁਰ



ਭੁਨਰਹੇੜੀ, 15 ਅਪ੍ਰੈਲ (ਗੁਰਜੀਤ ਸਿੰਘ ਢੋਟ) : ਭਾਰਤੀ ਕਿਸਾਨ ਯੂਨੀਅਨ (ਸ਼ਾਦੀਪੁਰ) ਵੱਲੋਂ ਅੱਜ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਕਿਸਾਨਾਂ ਦੀ ਮੰਡੀਆਂ ਵਿੱਚ ਰੁਲ ਰਹੀ ਕਣਕ ਦੀ ਬੋਲੀ ਤੁਰੰਤ ਸ਼ੁਰੂ ਕਰਵਾਉਣ ਸਬੰਧੀ ਮੰਗ ਪੱਤਰ ਦਿੱਤਾ ਗਿਆ ਉਹਨਾਂ ਕਿਹਾ ਕਿ ਪਿਛਲੇ ਕਾਫੀ ਦਿਨਾਂ ਤੋਂ ਕਿਸਾਨਾਂ ਵੱਲੋਂ ਪੂਰੀ ਤਰ੍ਹਾਂ ਪਕਾ ਕੇ ਕਣਕ ਮੰਡੀਆਂ ਵਿੱਚ ਲਿਆਂਦੀ ਗਈ ਹੈ ਪਰੰਤੂ ਹਜੇ ਤੱਕ ਸਰਕਾਰ ਵੱਲੋਂ ਮੰਡੀਆਂ ਵਿੱਚ ਕਿਸਾਨਾਂ ਦੀ ਕਣਕ ਦੀ ਖਰੀਦ ਅਜੇ ਤੱਕ ਢੰਗ ਨਾਲ ਸ਼ੁਰੂ ਨਹੀਂ ਹੋਈ, ਜਿਸ ਕਾਰਨ ਕਿਸਾਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਸ਼ਾਦੀਪੁਰ ਨੇ ਕਿਹਾ ਕਿ ਪਿਛਲੇ ਦਿਨਾਂ ਦੌਰਾਨ ਹੋਈ ਬੇਮੌਸਮੀ ਬਾਰਿਸ਼ ਨੇ ਪਹਿਲਾਂ ਹੀ ਕਿਸਾਨਾਂ ਦੀ ਚਿੰਤਾ ਵਧਾ ਦਿੱਤੀ ਹੈ। ਇਸ ਦੇ ਬਾਵਜੂਦ ਦਾਣੇ ਦੇ ਬਦਰੰਗ ਹੋਣ ਦਾ ਬਹਾਨਾ ਬਣਾ ਕੇ ਖਰੀਦ ਵਿੱਚ ਦੇਰੀ ਕੀਤੀ ਜਾ ਰਹੀ ਹੈ, ਜੋ ਕਿ ਕਿਸਾਨਾਂ ਨਾਲ ਨਾਇਨਸਾਫੀ ਹੈ। ਉਨਾਂ ਮੁੱਖ ਮੰਤਰੀ ਨੂੰ ਬੇਨਤੀ ਕੀਤੀ ਹੈ ਕਿ ਪੰਜਾਬ ਸਰਕਾਰ ਤੁਰੰਤ ਫੈਸਲਾ ਲਵੇ ਅਤੇ ਕੇਂਦਰ ਸਰਕਾਰ ਤੇ ਦਬਾਅ ਬਣਾ ਕੇ ਮੰਡੀਆਂ ਵਿੱਚੋਂ ਕਣਕ ਦੀ ਖਰੀਦ ਜਲਦੀ ਤੋਂ ਜਲਦੀ ਸ਼ੁਰੂ ਕਰਵਾਈ ਜਾਵੇ, ਤਾਂ ਜੋ ਕਿਸਾਨਾਂ ਨੂੰ ਰਾਹਤ ਮਿਲ ਸਕੇ। ਉਹਨਾਂ ਕਿਹਾ ਕਿ ਜੇਕਰ 17 ਤਾਰੀਖ ਤੱਕ ਕਣਕ ਦੀ ਬੋਲੀ ਸ਼ੁਰੂ ਨਾ ਹੋਈ, ਤਾਂ ਭਾਰਤੀ ਕਿਸਾਨ ਯੂਨੀਅਨ (ਸ਼ਾਦੀਪੁਰ) ਵੱਲੋਂ 17 ਤਾਰੀਖ ਨੂੰ ਟ੍ਰੇਨਾਂ ਜਾਮ ਕਰਨ ਲਈ ਮਜਬੂਰ ਹੋਣਾ ਪਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।

## ਪੀ.ਆਰ.ਟੀ.ਸੀ. ਪੈਨਸ਼ਨਰਾਂ ਦੀ ਮਾਸਿਕ ਮੀਟਿੰਗ

### ➢ਪੈਨਸ਼ਨ ਸਮੇਂ-ਸਿਰ ਪਾਉਣ ਤੇ ਬਕਾਇਆਂ ਦੀ ਮੰਗ

ਪਟਿਆਲਾ, 15 ਅਪ੍ਰੈਲ (ਚ.ਨ.ਸ.): ਅੱਜ ਇੱਥੇ ਪੀ.ਆਰ.ਟੀ.ਸੀ. ਪੈਨਸ਼ਨਰਾਂ ਦੀ ਮਾਸਿਕ ਮੀਟਿੰਗ ਕੇਂਦਰੀ ਬਾਡੀ ਦੇ ਵਾਇਸ ਚੇਅਰਮੈਨ ਬਚਿੱਤਰ ਸਿੰਘ ਅਤੇ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਦੀ ਅਗਵਾਈ ਹੇਠ ਹੋਈ। , ਜਿਸ ਵਿੱਚ ਵੱਖ—ਵੱਖ ਡਿਪੂਆਂ ਤੋਂ ਭਾਰੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਸ਼ਮੂਲੀਅਤ ਕੀਤੀ। ਵੱਖ—ਵੱਖ ਡਿਪੂਆਂ ਦੇ ਬੁਲਾਰਿਆਂ ਨੇ ਮਾਸਿਕ ਪੈਨਸ਼ਨ ਹਰ ਮਹੀਨੇ ਦੀ 10 ਤਰੀਕ ਤੋਂ ਪਹਿਲਾਂ—ਪਹਿਲਾਂ, 2016 ਦੇ ਪੇ ਗਰੇਡ ਦੇ ਬਕਾਇਆਂ ਦੀ ਅਦਾਇਗੀ, ਮੈਡੀਕਲ ਬਿੱਲਾਂ ਦੀ ਅਦਾਇਗੀ ਅਤੇ ਨਵੇਂ ਰਿਟਾਇਰੀਆਂ ਦੇ ਬਕਾਏ ਦੇਣ ਦੀ ਮੰਗ ਕੀਤੀ। ਰੈਲੀ ਰੂਪੀ ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਨੇ ਕਿਹਾ ਕਿ ਮਾਸਿਕ ਪੈਨਸ਼ਨ ਲੈਣ ਲਈ ਸਾਨੂੰ ਵਾਰ—ਵਾਰ ਮੈਨੇਜਮੈਂਟ ਦਾ ਦਰਵਾਜਾ ਖੜਕਾਉਣਾ ਪੈਂਦਾ ਹੈ ਜੋ ਕਿ ਇਹ ਉਸ ਦੀ ਜਿੰਮੇਵਾਰੀ ਹੈ, ਉਨ੍ਹਾਂ ਨੇ ਕਿਹਾ ਕਿ ਮੈਡੀਕਲ ਬਿੱਲਾਂ ਦੀ ਅਦਾਇਗੀ ਨੂੰ ਇੱਕ ਸਾਲ ਲੰਘ ਗਿਆ ਹੈ ਜੋ ਕਿ ਹਰ ਮਹੀਨੇ ਹੋਣੀ ਚਾਹੀਦੀ ਹੈ। ਸਕੱਤਰ ਜਨਰਲ ਹਰੀ ਸਿੰਘ ਚਮਕ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ 9 ਅਪ੍ਰੈਲ ਨੂੰ ਮਾਨਯੋਗ ਚੇਅਰਮੈਨ ਸਾਹਿਬ ਨਾਲ ਫੋਨ ਤੇ ਹੋਈ ਗੱਲ ਬਾਤ ਵਿੱਚ ਉਨ੍ਹਾਂ ਭਰੋਸਾ ਦਿਵਾਇਆ ਸੀ ਕਿ ਪੈਨਸ਼ਨ ਹਰ ਹਾਲਤ ਵਿੱਚ ਸਮੇਂ ਸਿਰ ਪਾਉਣ ਅਤੇ ਰਹਿੰਦੇ ਬਕਾਏ ਦੇਣ ਦੀ ਜਿੰਮੇਵਾਰੀ ਮੇਰੀ ਹੈ। ਜਲਦੀ ਹੀ ਦੇ ਦਿੱਤੀ ਜਾਵੇਗੀ। ਵਾਇਸ ਚੇਅਰਮੈਨ ਬਚਿੱਤਰ ਸਿੰਘ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਕਿਹਾ ਕਿ ਪੈਨਸ਼ਨ ਲਾਗੂ ਕਰਵਾਉਣ ਲਈ ਬਹੁਤ ਮਿਹਨਤ ਕਰਨੀ ਪਈ ਹੈ। ਇਸ ਨੂੰ ਬਰਕਰਾਰ ਰੱਖਣ ਲਈ ਏਕੇ ਦੀ ਬਹੁਤ ਜ਼ਰੂਰਤ ਹੈ। ਇਸ ਮੀਟਿੰਗ ਨੂੰ ਸਰਵ ਸ੍ਰੀ ਬਚਨ ਸਿੰਘ ਅਰੋੜਾ ਜਨਰਲ ਸਕੱਤਰ ਕੇਂਦਰੀ ਬਾਡੀ, ਹਰਭਜਨ ਸਿੰਘ ਚੰਡੀਗੜ੍ਹ ਡਿਪੂ, ਸੁਖਜੀਤ ਸਿੰਘ ਬਠਿੰਡਾ, ਮਦਨ ਮੋਹਨ ਸ਼ਰਮਾ ਬਰਨਾਲਾ, ਹਾਕਮ ਸਿੰਘ ਬੁੱਢਲਾਡਾ, ਬਲਵੰਤ ਸਿੰਘ ਜੋਗਾ ਸੰਗਰੂਰ, ਜੋਗਿੰਦਰ ਸਿੰਘ ਪਟਿਆਲਾ, ਜਲੌਰ ਸਿੰਘ ਫਰੀਦਕੋਟ ਨੇ ਵੀ ਸੰਬੋਧਨ ਕੀਤਾ। ਇਸ ਮੀਟਿੰਗ ਨੂੰ ਸਫਲ ਬਣਾਉਣ ਲਈ ਸਰਵ ਸ੍ਰੀ ਬਖਸ਼ੀਸ਼ ਸਿੰਘ ਦਫਤਰ ਸਕੱਤਰ, ਸੰਤੋਸ਼ ਕ੍ਰਿਸ਼ਨ ਚਪੜ, ਪਰਮਜੀਤ ਸਿੰਘ ਇੰਸਪੈਕਟਰ, ਗੁਰਦੀਪ ਸਿੰਘ, ਬਲਵੀਰ ਸਿੰਘ ਬੁੱਟਰ, ਸੂਰਜ ਭਾਨ ਜਨਰਲ ਸਕੱਤਰ ਪਟਿਆਲਾ ਡਿਪੂ, ਸ਼ਿਆਮ ਸੁੰਦਰ, ਰਮੇਸ਼ਵਰ ਦਾਸ, ਮਹਿੰਦਰ ਸਿੰਘ ਸੋਹੀ, ਅਮੋਲਕ ਸਿੰਘ, ਬਲਵੰਤ ਸਿੰਘ ਕੈਸ਼ੀਅਰ, ਨਿਰਪਾਲ ਸਿੰਘ ਅਤੇ ਬੀਰ ਸਿੰਘ ਨੇ ਭਰਪੂਰ ਯੋਗਦਾਨ ਪਾਇਆ। ਸਟੇਜ ਦੀ ਜਿੰਮੇਵਾਰੀ ਬਚਨ ਸਿੰਘ ਅਰੋੜਾ ਨੇ ਬਾਖੂਬੀ ਨਿਭਾਈ।



## ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਢੈਂਠਲ ਨੇ ਦਾਣਾ ਮੰਡੀ 'ਚ ਪਹੁੰਚ ਕੇ ਕਿਸਾਨਾਂ ਦੀਆਂ ਮੁਸ਼ਕਿਲਾਂ ਸੁਣੀਆਂ



ਸਮਾਣਾ, 15 ਅਪ੍ਰੈਲ (ਸੁਖਜਿੰਦਰ ਸਿੰਘ ਕੁਲਾਰਾਂ) : ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਢੈਂਠਲ ਦੀ ਅਗਵਾਈ ਵਿੱਚ ਕਿਸਾਨਾਂ ਦੀ ਵੱਡੀ ਟੀਮ ਨੇ ਪਿੰਡ ਢੈਂਠਲ ਦੀ ਦਾਣਾ ਮੰਡੀ ਵਿੱਚ ਪਹੁੰਚ ਕੇ ਕਿਸਾਨਾਂ ਦੀਆਂ ਮੁਸ਼ਕਿਲਾਂ ਸੁਣੀਆਂ।ਇਸ ਮੌਕੇ ਗੁਰਨਾਮ ਸਿੰਘ ਢੈਂਠਲ ਨੇ ਕਿਹਾ ਕਿ ਪੰਜਾਬ ਸਰਕਾਰ ਜਿਹੜੀ ਇਹ ਗੱਲ ਕਹਿੰਦੀ ਸੀ ਕਿ ਕਿਸਾਨ ਦੀ ਟਰਾਲੀ ਦਾ ਡਾਲਾ ਖੋਲਦੇ ਸਾਰ ਕਿਸਾਨ ਦੀ ਫਸਲ ਸਰਕਾਰ ਦੇ ਥੈਲਿਆਂ ਵਿੱਚ ਪੈ ਜਾਵੇਗੀ ਪਰ ਅੱਜ ਸਰਕਾਰ ਦੀਆਂ ਗਲਤ ਨੀਤੀਆਂ ਸਾਹਮਣੇ ਆ ਰਹੀਆਂ ਨੇ ਮੰਡੀਆਂ ਵਿੱਚ ਕਿਸਾਨਾਂ ਵਾਸਤੇ ਪੀਣ ਯੋਗ ਪਾਣੀ,ਬਾਥਰੂਮ ਦਾ ਕੋਈ ਖਾਸ ਪ੍ਰਬੰਧ ਨਹੀਂ ਹੈ ਉਲਟਾ 15 ਦਿਨ ਤੋਂ ਕਿਸਾਨ ਮੰਡੀਆਂ ਵਿੱਚ ਰੁਲਣ ਨੂੰ ਮਜਬੂਰ ਹਨ ਜੇਕਰ ਸਰਕਾਰ ਕਿਸੇ ਕਿਸਮ ਦਾ ਵੀ ਕਿਸਾਨ ਨੂੰ ਕੋਈ ਕੱਟ ਲਾਉਣ ਦੀ ਸੋਚ ਰਹੀ ਹੋਵੇ ਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਖਰਾਬ ਮੌਸਮ ਦੇ ਚੱਲਦਿਆਂ ਜਲਦੀ ਤੋਂ ਜਲਦੀ ਕਿਸਾਨਾਂ ਦੀ ਕਣਕ ਦੀ ਤਲਾਈ ਕੀਤੀ ਜਾਵੇ। ਕਿਸਾਨਾਂ ਦੇ ਵਿਰੋਧ ਮਗਰੋਂ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਢੈਂਠਲ ਨੇ ਐਸ.ਡੀ.ਐਮ ਸਮਾਣਾ ਨਾਲ ਫੋਨ 'ਤੇ ਗੱਲ ਕਰਕੇ ਮੰਡੀ ਦੇ ਹਾਲਾਤਾਂ ਬਾਰੇ ਦੱਸਿਆ ਤਾਂ ਉਨਾਂ ਨੇ ਤੁਰੰਤ ਕਣਕ ਦੀ ਬੋਲੀ ਅਤੇ ਤਲਾਈ ਦਾ ਕੰਮ ਸ਼ੁਰੂ ਕਰਾ ਦਿੱਤਾ। ਇਸ ਮੌਕੇ ਅਮਰਜੀਤ ਸਿੰਘ ਬਿਜਲਪੁਰ,ਕਸ਼ਮੀਰ ਸਿੰਘ ਢੈਂਠਲ, ਬਖਵਿੰਦਰ ਸਿੰਘ ਢੈਂਠਲ, ਜਰਨੈਲ ਸਿੰਘ ਬਿਜਲਪੁਰ, ਕਾਲਾ ਸਿੰਘ ਬਾਦਸ਼ਾਹਪੁਰ, ਮਨਜੀਤ ਸਿੰਘ ਮੱਟੂ ਬਾਦਸ਼ਾਹਪੁਰ,ਅਮਰੀਕ ਸਿੰਘ ਢੈਂਠਲ, ਬਖਸ਼ੀਸ਼ ਸਿੰਘ ਢੈਂਠਲ,ਗੁਰਦੇਵ ਸਿੰਘ ਚੌਹਠ, ਗੁਰਬਚਨ ਸਿੰਘ ਢੈਂਠਲ, ਜਿਲ੍ਹਾ ਪ੍ਰੈਸ ਸਕੱਤਰ ਸੁਖਜਿੰਦਰ ਸਿੰਘ ਕੁਲਾਰਾਂ ਆਦਿ ਕਿਸਾਨ ਆਗੂ ਹਾਜ਼ਰ ਸਨ।

## ਹਲਕਾ ਵਿਧਾਇਕ ਨੇ 90 ਲੱਖ ਦੀ ਲਾਗਤ ਨਾਲ ਬਣਨ ਵਾਲੇ ਪਾਰਕਾਂ ਦਾ ਕੰਮ ਸ਼ੁਰੂ ਕਰਵਾਇਆ



ਸਮਾਣਾ, 15 ਅਪ੍ਰੈਲ (ਵਿਜੇ ਕੁਮਾਰ/ਜਵੰਦਾ) : ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਸ਼ਹਿਰ ਦੇ ਰਾਮਲੀਲਾ ਗਰਾਊਂਡ ਅਤੇ ਵਾਰਡ ਨੰਬਰ 12 ਵਿੱਚ ਦੋ ਆਧੁਨਿਕ ਪਾਰਕਾਂ ਦਾ ਟੱਕ ਲਗਾ ਕੇ ਕੰਮ ਸ਼ੁਰੂ ਕਰਵਾਇਆ। ਇਸ ਮੌਕੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਇਹ ਆਧੁਨਿਕ ਪਾਰਕ ਕਰੀਬ 90 ਲੱਖ ਰੁਪਏ ਦੀ ਲਾਗਤ ਨਾਲ ਛੇ ਮਹੀਨਿਆਂ ਵਿੱਚ ਤਿਆਰ ਹੋ ਜਾਣਗੇ। ਇਸ ਮੌਕੇ ਕਾਰਜ ਸਾਧਕ ਅਫਸਰ ਅਪਰ ਅਪਾਰ ਸਿੰਘ ਨੇ ਦੱਸਿਆ ਕਿ ਰਾਮਲੀਲਾ ਗਰਾਊਂਡ ਵਾਲੇ ਪਾਰਕ 'ਤੇ 49 ਲੱਖ 99 ਹਜਾਰ ਅਤੇ ਵਾਰਡ ਨੰਬਰ 12 ਅਮਾਮਗੜ੍ਹ ਵਾਲੇ ਪਾਰਕ ਵਿੱਚ ਕਰੀਬ 40 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਮੌਕੇ ਮਾਰਕੀਟ ਕਮੇਟੀ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਅਗਰਵਾਲ ਧਰਮਸ਼ਾਲਾ ਪ੍ਰਧਾਨ ਡਾ. ਮਦਨ ਮਿੱਤਲ, ਵਿਸ਼ਾਲ ਜਿੰਦਲ, ਰਾਜ ਕੁਮਾਰ ਸੱਚਦੇਵਾ, ਹੀਰਾ ਜੈਨ, ਸੰਜੇ ਮੰਤਰੀ, ਰਾਜੂ ਛਾਵੜਾ, ਰੰਮੀ ਸ਼ਰਮਾ, ਸੋਨੂ ਕਲਿਆਣ, ਹਰਪ੍ਰੀਤ ਕੂਕਾ, ਗੋਪਾਲ ਕ੍ਰਿਸ਼ਨ ਬਿੱਟੂ, ਬੱਬੂ ਲਾਹੌਰੀਆ, ਜਤਿਨ ਵਰਮਾ ਆਦਿ ਹਾਜ਼ਰ ਸਨ।

## ਰਾਜਿੰਦਰਾ ਹਸਪਤਾਲ ਦੀ ਨਵ-ਨਿਯੁਕਤ ਦਰਜਾ ਚਾਰ ਯੂਨੀਅਨ ਦੀ ਪ੍ਰਧਾਨ ਮੋਨਿਕਾ ਨੇ ਦਫ਼ਤਰ ਦਾ ਚਾਰਜ ਸੰਭਾਲਿਆ



ਪਟਿਆਲਾ, 15 ਅਪ੍ਰੈਲ (ਰੁਪਾਣਾ) : ਇੱਥੇ ਯੂਨੀਅਨ ਦਫ਼ਤਰ, ਰਾਜਿੰਦਰਾ ਹਸਪਤਾਲ, ਪਟਿਆਲਾ ਵਿਖੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ 135ਵੇਂ ਜਨਮ ਦਿਵਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਇਸ ਮੌਕੇ 'ਤੇ ਸਾਂਝੇ ਮੋਰਚੇ ਦੇ ਪ੍ਰਮੁੱਖ ਆਗੂ ਸ੍ਰ. ਦਰਸ਼ਨ ਸਿੰਘ ਬੇਲੂਮਾਜਰਾ, ਐਸ ਸੀ ਬੀ ਸੀ ਲੋਕ ਏਕਤਾ ਫਰੰਟ ਦੇ ਕਨਵੀਨਰ ਅਵਤਾਰ ਸਿੰਘ ਕੈਂਥ, ਐਸ ਬੀ ਆਈ ਦੇ ਪ੍ਰਧਾਨ ਹੁਸ਼ਿਆਰ ਚੰਦ , ਹਰਦੀਪ ਚੁੰਬਰ, ਪ੍ਰਧਾਨ ਏਕਤਾ ਫਰੰਟ ਅਤੇ ਰਾਜਿੰਦਰਾ ਹਸਪਤਾਲ/ ਮੈਡੀਕਲ ਕਾਲਜ ਦੇ ਪ੍ਰਮੁੱਖ ਆਗੂ ਸਵਰਨ ਸਿੰਘ ਬੰਗਾ ਪ੍ਰਧਾਨ ਜੁਆਇੰਟ ਐਕਸ਼ਨ ਕਮੇਟੀ ਸਮੇਤ ਅਨੇਕਾਂ ਡਾਕਟਰ ਸਾਹਿਬਾਨ, ਅਧਿਕਾਰੀਆਂ, ਸਮਾਜ ਸੇਵਕਾਂ ਅਤੇ ਰਾਜਨੀਤਕ ਸ਼ਖ਼ਸੀਅਤਾਂ ਨੇ ਹਾਜ਼ਰੀ ਲਗਵਾਈ। ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਲਈ ਅਤੇ ਕੱਚੇ ਕਾਮਿਆਂ ਦੇ ਪੱਕੇ ਹੋਣ ਲਈ ਅਰਦਾਸ ਕੀਤੀ ਗਈ, ਬਾਅਦ ਵਿਚ ਰਾਜਿੰਦਰਾ ਹਸਪਤਾਲ ਦੇ 35 ਸਾਲਾਂ ਦੇ ਯੂਨੀਅਨ ਇਤਿਹਾਸ ਵਿੱਚ ਸ਼੍ਰੀਮਤੀ ਮੋਨਿਕਾ ਨੇ ਪਹਿਲੀ ਮਹਿਲਾ ਪ੍ਰਧਾਨ ਦੇ ਤੌਰ 'ਤੇ ਆਪਣਾ ਚਾਰਜ ਸੰਭਾਲਿਆ ਅਤੇ ਬਾਬਾ ਸਾਹਿਬ ਦੇ ਪਾਏ ਪੂਰਨਿਆਂ 'ਤੇ ਚੱਲਣ ਦਾ ਅਹਿਦ ਲੈਂਦਿਆਂ ਮੁਲਾਜ਼ਮਾਂ ਦੀ ਭਲਾਈ ਲਈ 24 ਘੰਟੇ ਕੰਮ ਕਰਨ ਲਈ ਤਿਆਰ-ਬਰ-ਤਿਆਰ ਰਹਿਣ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਕਰਮਜੀਤ ਕੌਰ ਔਲਖ ਪ੍ਰਧਾਨ ਨਰਸਿੰਗ ਐਸੋਸੀਏਸ਼ਨ, ਰਾਕੇਸ਼ ਕੁਮਾਰ ਕਲਿਆਣ, ਪ੍ਰਧਾਨ ਐਲ ਏ ਐਸੋਸੀਏਸ਼ਨ, ਅਰੁਣ ਕੁਮਾਰ, ਮੈਡੀਕਲ ਕਾਲਜ, ਸੁਰਜੀਤ ਸਿੰਘ ਗੋਰੀਆ, ਜਸਵੀਰ ਸਿੰਘ ਖੋਖਰ, ਹਰਵਿੰਦਰ ਸਿੰਘ ਨਰੜੂ, ਲਖਵਿੰਦਰ ਸਿੰਘ ਖ਼ਾਨਪੁਰ, ਜ਼ਿਲ੍ਹਾ ਪ੍ਰਧਾਨ ਨੀਂ ਐਸ ਐਸ ਐਫ, ਪਟਿਆਲਾ, ਜਸਵਿੰਦਰ ਸਿੰਘ ਸੌਜਾ, ਜਨਰਲ ਸਕੱਤਰ ਰਾਜਪਾਲ ਸਿੰਘ ਲਸੋਈ, ਸੁਖਵਿੰਦਰ ਸਿੰਘ ਕਲੇਰ, ਧਰਮਪਾਲ ਲੌਟ, ਰਾਜਿੰਦਰ ਸਿੰਘ ਧਾਲੀਵਾਲ, ਗੁਰਮੇਲ ਸਿੰਘ ਬੁੰਮਣਾ, ਸਤਨਾਮ ਸੌਜਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਜੀ.ਐਸ.ਏ. ਇੰਡਸਟਰੀਜ਼ ਦਾ ਉਦਯੋਗ ਮੰਤਰੀ ਸੰਜੀਵ ਅਰੋੜਾ ਵੱਲੋਂ ਸਨਮਾਨ



ਪਟਿਆਲਾ, 15 ਅਪ੍ਰੈਲ (ਰੁਪਾਣਾ) : ਜੀ ਐਸ ਏ ਇੰਡਸਟਰੀਜ਼ ਇੰਡੀਆ ਪ੍ਰਾਈਵੇਟ ਲਿਮਿਟਡ (ਐਗਰੀਜ਼ੋਨ) ਨੂੰ ਪੰਜਾਬ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਵੱਲੋਂ ਰਾਜ ਦੇ ਉਦਯੋਗਿਕ ਵਿਕਾਸ, ਨਿਵੇਸ਼ ਅਤੇ ਰੋਜ਼ਗਾਰ ਸਿਰਜਣ ਵਿੱਚ ਮਹੱਤਵਪੂਰਨ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਕੰਪਨੀ ਦੇ ਓਰੋਂ ਜਨਰਲ ਮੈਨੇਜਰ ਮੋਨਿਸ਼ ਸ਼ਰਮਾ ਅਤੇ ਮੈਨੇਜਰ ਸਰਬਜੀਤ ਕੌਰ ਨੇ ਚੰਡੀਗੜ੍ਹ ਵਿਖੇ ਰੱਖੇ ਇਕ ਸਨਮਾਨ ਸਮਾਗਮ ਦੌਰਾਨ ਇਹ ਸਨਮਾਨ ਹਾਸਿਲ ਕੀਤਾ। ਦੱਸਣਯੋਗ ਹੈ ਕਿ ਜੀ.ਐਸ.ਏ. ਇੰਡਸਟਰੀਜ਼ ਇਸ ਸਮੇਂ 2200 ਤੋਂ ਵੱਧ ਲੋਕਾਂ ਨੂੰ ਰੋਜ਼ਗਾਰ ਪ੍ਰਦਾਨ ਕਰ ਰਹੀ ਹੈ ਅਤੇ ਭਾਰਤ ਵਿੱਚ ਵਿਲੱਖਣ ਸਿੰਗਲ ਸੋਰਸ ਉਤਪਾਦ ਵਿਕਸਤ ਕਰਨ ਲਈ ਜਾਣੀ ਜਾਂਦੀ ਹੈ। ਕੰਪਨੀ ਖੇਤੀਬਾੜੀ ਮਸ਼ੀਨਰੀ ਵਿੱਚ ਅਧੁਨਿਕ ਤਕਨੀਕ ਨਾਲ ਕਿਸਾਨਾਂ ਦੀ ਮਜ਼ਬੂਤੀ ਲਈ ਕੰਮ ਕਰ ਰਹੀ ਹੈ। ਸਮਾਜਿਕ ਜ਼ਿੰਮੇਵਾਰੀ ਤਹਿਤ ਕੰਪਨੀ ਗਰੀਬ ਬੱਚਿਆਂ ਦੀ ਪੜ੍ਹਾਈ ਵਿੱਚ ਸਹਾਇਤਾ ਕਰਦੀ ਹੈ, ਹਰ ਸਾਲ 3000 ਤੋਂ ਵੱਧ ਬਲੱਡ ਯੂਨਿਟ ਥੈਲੇਸੀਮੀਆ ਪੀੜਤ ਬੱਚਿਆਂ ਲਈ ਦਾਨ ਕਰਦੀ ਹੈ ਅਤੇ ਵਿਧਵਾ ਮਹਿਲਾਵਾਂ ਨੂੰ ਸਿਲਾਈ ਮਸ਼ੀਨਾਂ ਦੇ ਕੇ ਉਨ੍ਹਾਂ ਨੂੰ ਆਤਮਨਿਰਭਰ ਬਣਾਉਂਦੀ ਹੈ। ਕੰਪਨੀ ਦੇ ਐਮਡੀ ਜਤਿੰਦਰ ਪਾਲ ਸਿੰਘ ਨੇ ਪੰਜਾਬ ਸਰਕਾਰ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਦਾ ਧੰਨਵਾਦ ਕੀਤਾ।

## ਮਲੇਰਕੋਟਲਾ ਦੇ ਵਿਕਾਸ ਲਈ ਸਿਆਸਤਦਾਨ ਗੰਭੀਰ ਨਹੀਂ : ਜ਼ਾਹਿਦਾ ਸੁਲੇਮਾਨ



ਮਲੇਰਕੋਟਲਾ, 15 ਅਪ੍ਰੈਲ (ਅਸ਼ਰਫ ਅਨਸਾਰੀ) : ਮਾਲੇਰਕੋਟਲਾ ਹਲਕੇ ਦੀ ਸਿਆਸਤ ਮੁੱਦਾ-ਹੀਣ ਹੋ ਚੁੱਕੀ ਹੈ ਅਤੇ ਇਥੋਂ ਦੇ ਸਿਆਸਤਦਾਨ ਸ਼ਹਿਰ ਦੇ ਵਿਕਾਸ ਸਬੰਧੀ ਗੰਭੀਰ ਨਹੀਂ ਹਨ। ਸਿਆਸਤਦਾਨਾਂ ਨੂੰ ਲੋਕਾਂ ਦੀ ਫ਼ਿਕਰ ਘੱਟ ਹੈ, ਜਦਕਿ ਅਪਣੇ ਨਿੱਜੀ ਮੁਫ਼ਾਦਾਂ ਦੀ ਚਿੰਤਾ ਜ਼ਿਆਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਹਲਕਾ ਇੰਚਾਰਜ ਬੀਬਾ ਜ਼ਾਹਿਦਾ ਸੁਲੇਮਾਨ ਨੇ ਖੰਨਾ ਰੋਡ ਉਤੇ ਸਥਿਤ ਇਕ ਵਰਕਸ਼ਾਪ ਵਿਚ ਇਕੱਤਰ ਹੋਏ ਸੈਂਕੜੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ। ਬੀਬਾ ਜ਼ਾਹਿਦਾ ਸੁਲੇਮਾਨ ਨੇ ਕਿਹਾ ਕਿ ਮਲੇਰਕੋਟਲਾ ਹਲਕਾ ਵਿਕਾਸ ਪੱਖੋਂ ਪੂਰੀ ਤਰ੍ਹਾਂ ਪੱਛੜ ਚੁੱਕਾ ਹੈ, ਕਿਉਂਕਿ ਕਿਸੇ ਵੀ ਪਾਰਟੀ ਨੂੰ ਹਲਕੇ ਦੇ ਵਿਕਾਸ ਦੀ ਚਿੰਤਾ ਨਹੀਂ ਹੈ, ਸਗੋਂ ਆਗੂ ਨਿੱਜੀ ਮੁਫ਼ਾਦਾਂ ਨੂੰ ਮੁੱਖ ਰੱਖ ਰਹੇ ਹਨ ਅਤੇ ਛੋਟੀਆਂ-ਛੋਟੀਆਂ ਆਪਸੀ ਲੜਾਈਆਂ ਵਿਚ ਉਲਝੇ ਹੋਏ ਹਨ। ਬੀਬਾ ਜ਼ਾਹਿਦਾ ਸੁਲੇਮਾਨ ਨੇ ਕਿਹਾ ਕਿ ਮਾਲੇਰਕੋਟਲਾ ਦਾ ਜਿੰਨਾ ਵੀ ਵਿਕਾਸ ਹੋਇਆ ਹੈ, ਉਹ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਕਾਰਾਂ ਨੇ ਹੀ ਕੀਤਾ ਹੈ। ਲੋਕ ਬੇਸਬਰੀ ਨਾਲ 2027 ਨੂੰ ਉਡੀਕ ਰਹੇ ਹਨ। ਬੀਬਾ ਜ਼ਾਹਿਦਾ ਸੁਲੇਮਾਨ ਨੇ ਕਿਹਾ ਕਿ ਜਿਸ ਤਰ੍ਹਾਂ ਪੰਚਾਇਤ ਸੰਮਤੀ ਚੋਣਾਂ ਵਿਚ ਅਕਾਲੀ ਦਲ ਦੀ ਜਿੱਤ ਹੋਈ ਹੈ, ਉਸੇ ਤਰ੍ਹਾਂ ਅਗਾਮੀ ਨਗਰ ਕੌਂਸਲ ਚੋਣਾਂ ਵਿਚ ਵੀ ਅਕਾਲੀ ਦਲ ਅਪਣਾ ਨਗਰ ਕੌਂਸਲ ਪ੍ਰਧਾਨ ਬਣਾਏਗੀ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਚੋਣਾਂ ਤੋਂ ਬਾਅਦ ਸ਼ਹਿਰ ਨੂੰ ਸਾਫ਼ ਸੁਥਰਾ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਸਾਥ ਸੁਥਰਾ ਪੀਣਯੋਗ ਪਾਣੀ ਮੁਹੱਈਆ ਕਰਾਇਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚੌਧਰੀ ਮੁਹੰਮਦ ਸੁਲੇਮਾਨ ਨੋਨਾ, ਆਜ਼ਾਦ ਸਿਦੀਕੀ, ਅਬੁਦਲ ਸੱਤਾਰ ਪੋਟਰ, ਬੀਬੀ ਅਕਬਰੀ ਬੇਗਮ ਅਤੇ ਹੋਰ ਕਈ ਅਕਾਲੀ ਆਗੂ ਹਾਜ਼ਰ ਸਨ।

## 45 ਗ੍ਰਾਮ ਹੈਰੋਇਨ ਬ੍ਰਾਮਦ

ਪਟਿਆਲਾ, 15 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਜਸਪਾਲ ਬਿਰਸਵਾਲ ਵਾਸੀ ਗਲੀ ਨੰ. 11 ਨੇੜੇ ਰਵੀਦਾਸ ਮੰਦਰ ਰਾਧਾ ਸੁਆਮੀ ਕਲੋਨੀ ਥਾਣਾ ਸਿਟੀ ਫਾਜਿਲਕਾ ਜਿਲਾ ਫਾਜਿਲਕਾ ਵਿਰੁੱਧ ਧਾਰਾ 21, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਸਤਨਾਮ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਸ਼ੀਸ਼ ਮਹਿਲ ਪਟਿ. ਪਾਸ ਮੌਜੂਦ ਸੀ, ਜੋ ਦੋਸ਼ੀ ਦੇ ਮੋਟਰਸਾਇਕਲ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 45 ਗ੍ਰਾਮ ਹੈਰੋਇਨ ਬ੍ਰਾਮਦ ਹੋਈ।

## ਸਤਨਾਮ ਸਿੰਘ ਸੰਧੂ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਰੂਰਲ ਦੇ ਜਨਰਲ ਸਕੱਤਰ ਨਿਯੁਕਤ



ਸਮਾਣਾ, 15 ਅਪ੍ਰੈਲ (ਜਵੰਦਾ): ਪੰਜਾਬ ਕਾਂਗਰਸ ਦੇ ਪ੍ਰਧਾਨ ਸ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪੰਜਾਬ ਮਹਿਲਾ ਕਾਂਗਰਸ ਦੀ ਪ੍ਰਧਾਨ ਬੀਬੀ ਗੁਰਸ਼ਰਨ ਕੌਰ ਰੰਧਾਵਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਚੱਲ ਰਹੇ ਸੰਗਠਨ ਸਿਰਜਣ ਅਭਿਆਨ ਤਹਿਤ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਅਹਿਮ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਕੜੀ ਵਿੱਚ ਪਿੰਡ ਚੌਹਠ ਦੇ ਵਸਨੀਕ ਸ. ਸਤਨਾਮ ਸਿੰਘ ਸੰਧੂ ਨੂੰ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਰੂਰਲ ਵਿੱਚ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ। ਪਾਰਟੀ ਆਗੂਆਂ ਨੇ ਉਨ੍ਹਾਂ ਦੀ ਨਿਯੁਕਤੀ ਨੂੰ ਸੰਗਠਨ ਲਈ ਮਜ਼ਬੂਤੀ ਦਾ ਕਦਮ ਦੱਸਦੇ ਹੋਏ ਉਮੀਦ ਜਤਾਈ ਹੈ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਨਵੀਂ ਜ਼ਿੰਮੇਵਾਰੀ ਮਿਲਣ 'ਤੇ ਸਤਨਾਮ ਸਿੰਘ ਸੰਧੂ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਪੂਰੀ ਨਿਭਿਰਤਾ ਅਤੇ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾਉਣਗੇ।

## ਵਿਧਾਇਕ ਜੌੜਾਮਾਜਰਾ ਵੱਲੋਂ ਆੜ੍ਹਤੀ ਐਸੋਸੀਏਸ਼ਨ ਦੀ ਟੈਲੀਫੋਨ ਡਾਇਰੈਕਟਰੀ ਰਿਲੀਜ਼

ਸਮਾਣਾ, 15 ਅਪ੍ਰੈਲ (ਵਿਜੇ ਕੁਮਾਰ) : ਆੜ੍ਹਤੀ ਐਸੋਸੀਏਸ਼ਨ ਪ੍ਰਧਾਨ ਨਰਿੰਦਰ ਕੁਮਾਰ ਗਰਗ ਦੀ ਅਗਵਾਈ 'ਚ ਤਿਆਰ ਕੀਤੀ ਟੈਲੀਫੋਨ ਡਾਇਰੈਕਟਰੀ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਚੇਅਰਮੈਨ ਬਲਕਾਰ ਸਿੰਘ ਗੱਜੂ ਮਾਜਰਾ ਤੇ ਆਪ ਆਗੂ ਹਰਜਿੰਦਰ ਸਿੰਘ ਮਿੰਟੂ ਤੇ ਹੋਰਨਾਂ ਵੱਲੋਂ ਰਿਲੀਜ਼ ਕੀਤੀ ਗਈ। ਇਸ ਮੌਕੇ ਸ: ਜੌੜਾਮਾਜਰਾ ਨੇ ਡਾਇਰੈਕਟਰੀ ਰਿਲੀਜ਼ ਕਰਦਿਆਂ ਕਿਹਾ ਕਿ ਇਸ ਡਾਇਰੈਕਟਰੀ ਦੇ ਰਿਲੀਜ਼ ਹੋਣ ਨਾਲ ਜਿਥੇ ਹਰ ਵਰਗ ਦੇ ਵਪਾਰੀਆਂ ਨੂੰ ਸੌਖ ਹੋਵੇਗੀ, ਉਥੇ ਆਮ ਲੋਕਾਂ ਨੂੰ ਵੀ ਇਸ ਡਾਇਰੈਕਟਰੀ ਰਾਹੀਂ ਸਰਕਾਰੀ ਦਫਤਰਾਂ, ਗੈਸ ਏਜੰਸੀਆਂ, ਫਾਇਰ ਸਟੇਸ਼ਨ, ਹਸਪਤਾਲ ਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਮੋਬਾਈਲ ਨੰਬਰ ਲੈਣ ਵਿੱਚ ਕੋਈ ਦਿੱਕਤ ਨਹੀਂ ਆਵੇਗੀ। ਇਸ ਮੌਕੇ ਪ੍ਰਧਾਨ ਨਰਿੰਦਰ ਕੁਮਾਰ ਗਰਗ ਨੇ ਬਾਸਮਤੀ ਰਾਇਸ ਸੇਲਾ ਐਸੋਸੀਏਸ਼ਨ ਤੇ ਸੀ.ਏ ਅਮਿਤ ਸਿੰਗਲਾ ਦਾ ਇਸ ਡਇਰੈਕਟਰੀ ਲਈ ਸਹਿਯੋਗ ਦੇਣ 'ਤੇ ਧੰਨਵਾਦ ਕੀਤਾ। ਇਸ ਮੌਕੇ ਸੈਕਟਰੀ ਪਵਨ ਧੂਰੀ, ਖਜਾਨਚੀ ਪਵਨ ਗਰਗ, ਮੰਗਤ ਰਾਮ, ਨਾਹਰ ਸਿੰਘ, ਕੁਲਦੀਪ ਸਿੰਘ ਬੰਮਣਾ, ਸਤਪਾਲ, ਭੁਪਿੰਦਰ ਸ਼ਰਮਾ, ਗੌਰਵ ਗੋਰੀ, ਬਾਸਮਤੀ ਸੈਲਾ ਰਾਈਸ ਐਸੋਸੀਏਸ਼ਨ ਸਰਪ੍ਰਸਤ ਸੁਰੇਸ਼ ਕੁਮਾਰ ਗਰਗ, ਪ੍ਰਧਾਨ ਬਾਲ ਕ੍ਰਿਸ਼ਨ ਗੁਪਤਾ ਸੈਕਟਰੀ ਵਿਨੋਦ ਗੋਇਲ, ਖਜਾਨਚੀ ਪੁਨੀਤ ਸਿੰਗਲਾ, ਸੁਰੇਸ਼ ਕੁਮਾਰ ਗੁਪਤਾ ਹਾਜ਼ਰ ਸਨ।



## ਮਾਸਟਰ ਲੁਬਾਣਾ ਟੇਕੂ ਵੱਲੋਂ ਬੱਚਿਆਂ ਦਾ ਸਨਮਾਨ



ਭਾਦਸੋਂ, 15 ਅਪ੍ਰੈਲ ( ਭਰਪੂਰ ਸਿੰਘ ਮੱਟਰਾਂ) : ਵਿਸਾਖੀ ਅਤੇ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਨ ਦਿਹਾੜੇ ਨੂੰ ਸਮਰਪਿਤ ਹਰਜੰਟ ਸਿੰਘ ਲੁਬਾਣਾ ਟੇਕੂ ਨੇ ਵੱਖ-ਵੱਖ ਸਕੂਲਾਂ ਸੀਨੀਅਰ ਸੈਕੰਡਰੀ ਸਕੂਲ ਧੰਗੇੜਾ-ਨਵਾ ਲੁਬਾਣਾ, ਲੁਬਾਣਾ ਟੇਕੂ ਦੇ ਫਸਟ ਸੈਕੰਡ ਅਤੇ ਥਰਡ ਆਏ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਹੈ। ਇਸ ਇਸ ਸਮੇਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਅਤੇ ਹਲਕਾ ਇੰਚਾਰਜ ਪਟਿਆਲਾ ਦਿਹਾਤੀ ਜਸਪਾਲ ਬਿੱਟੂ ਚੱਠਾ ਨੇ ਇਸ ਵਿੱਚ ਆਪਣੀ ਹਾਜ਼ਰੀ ਲਗਵਾਈ ਅਤੇ ਬੱਚਿਆਂ ਨੂੰ ਵਧਾਈਆਂ ਦਿੱਤੀਆਂ ਅਤੇ ਸਨਮਾਨਿਤ ਕੀਤਾ/ 150ਲੜਕੇ ਅਤੇ ਲੜਕੀਆਂ ਨੂੰ ਸਟੇਸ਼ਨਰੀ ਵੰਡੀ ਗਈ। ਵੱਖ ਵੱਖ ਪਿੰਡਾਂ ਅਗੌਲ-ਪੇਧਨ-ਪੇਧਨੀ -ਸਮਲਾ ਖੁਰਦ-ਧੰਗੇੜਾ ਸਹੌਲੀ ਤੋਂ ਬੱਚਿਆਂ ਦੇ ਮਾਪਿਆਂ ਨੇ ਇਸ ਵਿਚ ਆਪਣੀ ਹਾਜ਼ਰੀ ਲਗਵਾਈ। ਅੰਤ ਵਿਚ ਬਿਟੂ ਚੱਠਾ ਨੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਸਾਰਿਆਂ ਨੂੰ ਲੱਡੂ ਵੰਡੇ ਗਏ।

## ਸੰਪੂਰਨ ਸਿਹਤ ਵਿਸ਼ੇ 'ਤੇ ਕਰਵਾਇਆ ਲੈਕਚਰ, ਸਰਕਾਰੀ ਬਹੁਤਕਨੀਕੀ ਕਾਲਜ ਵਿਖੇ ਵਿਸ਼ਾ ਮਾਹਿਰ ਸੰਜੀਵ ਸ਼ਰਮਾ ਨੇ ਕੀਤਾ ਸੰਬੋਧਨ



ਪਟਿਆਲਾ, 15 ਅਪ੍ਰੈਲ (ਚ.ਨ.ਸ.) : ਸਰਕਾਰੀ ਬਹੁਤਕਨੀਕੀ ਕਾਲਜ ਐਸਐਸਟੀ ਨਗਰ ਵਿਖੇ ਵਿਦਿਆਰਥੀਆਂ ਨੂੰ ਸੰਪੂਰਨ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਸਮਾਜ ਸੇਵੀ ਸੰਸਥਾ ਅੰਮ੍ਰਿਤ ਫਾਊਂਡੇਸ਼ਨ ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਸ ਮੌਕੇ ਸੰਪੂਰਨ ਸਿਹਤ ਅਤੇ ਆਹਾਰ ਮਾਹਿਰ ਸੰਜੀਵ ਸ਼ਰਮਾ ਮੁੱਖ ਵਕਤਾ ਵਜੋਂ ਪਹੁੰਚੇ, ਜਦਕਿ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਪ੍ਰਧਾਨਗੀ ਕਾਲਜ ਦੇ ਪ੍ਰਿੰਸੀਪਲ ਇੰਜੀਨੀਅਰ ਜਸਦੇਵ ਸਿੰਘ ਕਾਲੇਕਾ ਨੇ ਕੀਤੀ।ਆਪਣੇ ਸੰਬੋਧਨ ਦੌਰਾਨ ਸੰਜੀਵ ਸ਼ਰਮਾ ਨੇ ਸੰਪੂਰਨ ਸਿਹਤ ਦੇ ਮੂਲ ਭਾਵ ਨੂੰ ਸਪੱਸ਼ਟ ਕਰਦਿਆਂ ਕਿਹਾ ਕਿ ਸਿਹਤ ਸਿਰਫ਼ ਬਿਮਾਰੀ ਦੀ ਗੈਰਹਾਜ਼ਰੀ ਨਹੀਂ, ਬਲਕਿ ਸਰੀਰਕ, ਮਾਨਸਿਕ, ਭਾਵਨਾਤਮਕ ਅਤੇ ਆਤਮਿਕ ਤੌਰ 'ਤੇ ਸੰਤੁਲਿਤ ਜੀਵਨ ਜਿਉਣਾ ਹੈ। ਮੁੱਖ ਮਹਿਮਾਨ ਤੇਜਿੰਦਰ ਮਹਿਤਾ ਨੇ ਕਿਹਾ ਕਿ ਅੱਜ ਦੇ ਤੇਜ਼ ਰਫ਼ਤਾਰ ਜੀਵਨ ਵਿੱਚ ਤਤਸਿਹਤ ਨੂੰ ਅਕਸਰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ, ਇਸ ਲਈ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਸਮੇਂ ਦੀ ਲੋੜ ਹਨ। ਪ੍ਰਿੰਸੀਪਲ ਇੰਜੀਨੀਅਰ ਜਸਦੇਵ ਸਿੰਘ ਕਾਲੇਕਾ ਨੇ ਕਿਹਾ ਕਿ ਕਾਲਜ ਵਿਦਿਆਰਥੀਆਂ ਦੇ ਅਕਾਦਮਿਕ ਵਿਕਾਸ ਦੇ ਨਾਲ-ਨਾਲ ਅਤੇ ਵਿਅਕਤੀਗਤ ਵਿਕਾਸ 'ਤੇ ਵੀ ਧਿਆਨ ਕੇਂਦ੍ਰਿਤ ਕਰਦਾ ਹੈ। ਇਸ ਮੌਕੇ ਪੰਜਾਬੀ ਸਾਹਿਤ ਜਗਤ ਦੇ ਉੱਘੇ ਅਨੁਵਾਦਕ ਚਰਨ ਗਿੱਲ, ਪ੍ਰਸਿੱਧ ਨਾਟਕਕਾਰ ਬਲਰਾਮ ਬੋਧੀ, ਐਡਵੋਕੇਟ ਜਗਮੋਹਨ ਸਿੰਘ, ਹਰਪ੍ਰੀਤ ਪਾਲ ਸਿੰਘ, ਹਰਦੀਪ ਕੌਰ, ਅਮਨ ਅਰੋੜਾ, ਸੁਰਜੀਤ ਡਕਾਲਾ ਹਾਜ਼ਰ ਸਨ।